ਸ਼ਨੀਵਾਰ, 14 ਫਰਵਰੀ, 2026
3 ਫੱਗਣ { ਨਾਨਕਸ਼ਾਹੀ 557
ਬਿਕਰਮੀ 2082
ਜਿਲਦ/VOL. : 74
ਅੰਕ/NO. : 255

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 14 FEBRUARY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਜ਼ਿੰਬਾਬਵੇ ਨੇ ਆਸਟਰੇਲੀਆ ਕੀਤਾ ਚਿੱਤ

**ਕੋਲੰਬੋ** : ਟੀ-20 ਵਿਸ਼ਵ ਕੱਪ ਵਿੱਚ ਸ਼ੁੱਕਰਵਾਰ ਨੂੰ ਵੱਡਾ ਉਲਟਫੇਰ ਦੇਖਣ ਨੂੰ ਮਿਲਿਆ ਜਦੋਂ ਜ਼ਿੰਬਾਬਵੇ ਨੇ ਮਜ਼ਬੂਤ ਮੰਨੀ ਜਾਣ ਵਾਲੀ ਆਸਟਰੇਲਿਆਈ ਟੀਮ ਨੂੰ 23 ਦੌੜਾਂ ਦੇ ਫਰਕ ਨਾਲ ਹਰਾ ਦਿੱਤਾ।ਇਹ ਦੂਜੀ ਵਾਰ ਹੈ ਜਦੋਂ ਜ਼ਿੰਬਾਬਵੇ ਨੇ ਵਿਸ਼ਵ ਕੱਪ ਦੇ ਮੈਚ ਵਿਚ ਆਸਟਰੇਲੀਆ ਨੂੰ ਹਰਾਇਆ ਹੈ।ਉਨਾਂ ਨੇ 19 ਸਾਲ ਪਹਿਲਾਂ 2007 ਦੇ ਵਿਸ਼ਵ ਕੱਪ ਦੌਰਾਨ ਵੀ ਕੰਗਾਰੂ ਟੀਮ ਨੂੰ ਲੀਗ ਮੈਚ ਵਿੱਚ ਹਰਾਇਆ ਸੀ।ਕੋਲੰਬੋ ਦੇ ਆਰ ਪ੍ਰੇਮਦਾਸਾ ਸਟੇਡੀਅਮ ਵਿੱਚ ਖੇਡੇ ਗਏ ਇਸ ਮੁਕਾਬਲੇ ਵਿੱਚ ਆਸਟਰੇਲੀਆ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ ਪਰ ਜ਼ਿੰਬਾਬਵੇ ਦੇ ਬੱਲੇਬਾਜ਼ਾਂ ਨੇ ਸ਼ਾਨਦਾਰ ਖੇਡ ਦਿਖਾਉਂਦੇ ਹੋਏ ਨਿਰਧਾਰਤ 20 ਓਵਰਾਂ ਵਿੱਚ ਸਿਰਫ 2 ਵਿਕਟਾਂ ਗੁਆ ਕੇ 169 ਦੌੜਾਂ ਬਣਾਈਆਂ।ਇਸ ਦੇ ਜਵਾਬ ਵਿੱਚ 170 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਆਸਟਰੇਲਿਆਈ ਟੀਮ 19.3 ਓਵਰਾਂ ਵਿੱਚ 146 ਦੌੜਾਂ 'ਤੇ ਹੀ ਆਲ ਆਊਟ ਗਈ।

## ਕੈਪਟਨ ਨੂੰ ਤਲਬ ਕਰਨ ਵਾਲੇ ਈ ਡੀ ਅਧਿਕਾਰੀ ਦਾ ਤਬਾਦਲਾ

**ਚੰਡੀਗੜ੍ਹ** : ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਰਣਇੰਦਰ ਸਿੰਘ ਨੂੰ ਤਲਬ ਕਰਨ ਵਾਲੇ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਵਧੀਕ ਨਿਰਦੇਸ਼ਕ ਰਵੀ ਤਿਵਾੜੀ ਦਾ ਤਬਾਦਲਾ ਕਰ ਦਿੱਤਾ ਗਿਆ ਹੈ।ਤਿਵਾੜੀ ਦੀ ਥਾਂ ਹੁਣ ਵਧੀਕ ਨਿਰਦੇਸ਼ਕ ਵਜੋਂ ਦਿਨੇਸ਼ ਪਚੌਰੀ ਦੀ ਤਾਇਨਾਤੀ ਕੀਤੀ ਗਈ ਹੈ। ਉੱਚ ਅਧਿਕਾਰੀ ਨੇ ਇਸ ਨੂੰ ਰੁਟੀਨ ਦਾ ਤਬਾਦਲਾ ਦੱਸਿਆ ਹੈ ਪ੍ਰੰਤੂ ਕੈਪਟਨ ਪਰਵਾਰ ਦੀ ਤਲਬੀ ਮੌਕੇ ਇਹ ਤਬਾਦਲਾ ਕਈ ਤਰ੍ਹਾਂ ਦੇ ਸ਼ੰਕੇ ਜ਼ਾਹਿਰ ਕਰਦਾ ਹੈ।ਐਨਫੋਰਸਮੈਂਟ ਡਾਇਰੈਕਟੋਰੇਟ ਤਰਫ਼ੋਂ ਕੈਪਟਨ ਅਮਰਿੰਦਰ ਸਿੰਘ ਅਤੇ ਰਣਇੰਦਰ ਸਿੰਘ ਨੂੰ ਵਿਦੇਸ਼ੀ ਮੁਦਰਾ ਪ੍ਰਬੰਧਨ ਐਕਟ ਦੀ ਕਥਿਤ ਉਲੰਘਣਾ ਦੇ ਮਾਮਲੇ 'ਚ ਸੰਮਨ ਕੀਤਾ ਗਿਆ ਸੀ, ਪ੍ਰੰਤੂ ਦੋਵੇਂ ਪਿਤਾ-ਪੁੱਤਰ ਈ ਡੀ ਕੋਲ ਪੇਸ਼ ਹੋਣ 'ਚ ਅਸਫਲ ਰਹੇ। ਕੈਪਟਨ ਅਮਰਿੰਦਰ ਸਿੰਘ ਇਸ ਵੇਲੇ ਹਸਪਤਾਲ 'ਚ ਹਨ, ਜਿਨ੍ਹਾਂ ਦੇ ਗੋਡਿਆਂ ਦਾ ਇਲਾਜ ਚੱਲ ਰਿਹਾ ਹੈ। ਇਸੇ ਦੌਰਾਨ ਈ ਡੀ ਅਧਿਕਾਰੀ ਤਿਵਾੜੀ ਦਾ ਤਬਾਦਲਾ ਹੋਇਆ ਹੈ, ਜੋ ਸਤੰਬਰ 2023 'ਚ ਜਲੰਧਰ ਵਿਖੇ ਤਾਇਨਾਤ ਹੋਏ ਸਨ। ਈ ਡੀ ਇੱਕ ਪੁਰਾਣੇ ਮਾਮਲੇ ਦੀ ਜਾਂਚ ਕਰ ਰਹੀ ਹੈ, ਜੋ ਰਣਇੰਦਰ ਸਿੰਘ ਨਾਲ ਜੁੜੀ ਹੋਈ ਹੈ। ਈ ਡੀ ਪਹਿਲਾਂ ਵੀ ਰਣਇੰਦਰ ਸਿੰਘ ਤੋਂ ਸਵਿਟਜ਼ਰਲੈਂਡ ਵਿੱਚ ਫ਼ੰਡਾਂ ਦੀ ਕਥਿਤ ਹੇਰਾਫੇਰੀ ਅਤੇ 'ਜੈਕਾਰੰਡਾ ਟਰੱਸਟ' ਦੇ ਗਠਨ ਨੂੰ ਲੈ ਕੇ ਪੁੱਛਗਿੱਛ ਕਰ ਚੁੱਕੀ ਹੈ।

## ਲੋਕ ਸਭਾ ਦੀ ਕਾਰਵਾਈ 9 ਮਾਰਚ ਤੱਕ ਮੁਲਤਵੀ

**ਨਵੀਂ ਦਿੱਲੀ** : ਲੋਕ ਸਭਾ ਬਜਟ ਸੈਸ਼ਨ ਵਿੱਚ ਹੋਏ ਹੰਗਾਮੇ ਤੋਂ ਬਾਅਦ ਸਦਨ ਦੀ ਕਾਰਵਾਈ 9 ਮਾਰਚ ਤੱਕ ਮੁਲਤਵੀ ਕਰ ਦਿੱਤੀ ਗਈ ਹੈ।ਇਸ ਤੋਂ ਪਹਿਲਾਂ ਸਦਨ ਵਿੱਚ ਵਿਰੋਧੀ ਧਿਰ ਦੇ ਮੈਂਬਰਾਂ ਨੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਹੰਗਾਮਾ ਕੀਤਾ ਅਤੇ ਨਾਅਰੇਬਾਜ਼ੀ ਕੀਤੀ।ਇਸ ਹੰਗਾਮੇ ਕਾਰਨ ਸਦਨ ਦੀ ਕਾਰਵਾਈ ਸ਼ੁਰੂ ਹੋਣ ਤੋਂ ਸਿਰਫ਼ ਪੰਜ ਮਿੰਟ ਬਾਅਦ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ।ਉਪਰੰਤ ਜਿਵੇਂ ਹੀ ਪ੍ਰਧਾਨਗੀ ਚੇਅਰਮੈਨ ਨੇ ਪ੍ਰਸ਼ਨ ਕਾਲ ਸ਼ੁਰੂ ਕਰਵਾਇਆ, ਕਾਂਗਰਸ ਸਮੇਤ ਵਿਰੋਧੀ ਪਾਰਟੀਆਂ ਦੇ ਮੈਂਬਰਾਂ ਨੇ ਕੇਂਦਰੀ ਮੰਤਰੀ ਪੁਰੀ ਦੇ ਅਸਤੀਫ਼ੇ ਦੀ ਮੰਗ ਕਰਦਿਆਂ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ ਅਤੇ ਸਪੀਕਰ ਦੇ ਮੰਚ ਦੇ ਨੇੜੇ ਆ ਗਏ। ਇਸ ਦੌਰਾਨ ਕਾਂਗਰਸ ਸੰਸਦ ਮੈਂਬਰ ਉੱਜਵਲ ਰਮਨ ਸਿੰਘ ਨੇ ਆਪਣਾ ਪੂਰਕ ਸਵਾਲ ਪੁੱਛਿਆ, ਜਿਸ ਦਾ ਜਵਾਬ ਸਿਹਤ ਮੰਤਰੀ ਜੇ.ਪੀ. ਨੱਡਾ ਨੇ ਹੰਗਾਮੇ ਦੌਰਾਨ ਦਿੱਤਾ। ਵਧਦੇ ਹੰਗਾਮੇ ਨੂੰ ਦੇਖਦਿਆਂ ਬਜਟ ਸੈਸ਼ਨ ਨੂੰ 9 ਮਾਰਚ ਤੱਕ ਮੁਲਤਵੀ ਕਰ ਦਿੱਤਾ ਗਿਆ।

## ਪਤਨੀ ਤੇ ਪੁੱਤਰ ਨੂੰ ਗੋਲੀ ਮਾਰਨ ਤੋਂ ਬਾਅਦ ਖੁਦ ਨੂੰ ਮਾਰੀ ਗੋਲੀ



**ਫਿਰੋਜ਼ਪੁਰ** : ਨੇੜਲੇ ਪਿੰਡ ਬਜੀਦਪੁਰ ਵਿਚ ਸ਼ੁੱਕਰਵਾਰ ਪਰਿਵਾਰ ਮੁਖੀ ਨੇ ਪਤਨੀ ਤੇ ਪੁੱਤਰ ਨੂੰ ਗੋਲੀ ਮਾਰਨ ਤੋਂ ਬਾਅਦ ਆਪਣੇ ਆਪ ਨੂੰ ਗੋਲੀ ਮਾਰ ਲਈ।ਇਸ ਵੇਲੇ ਤਿੰਨਾਂ ਦੀ ਹਾਲਤ ਗੰਭੀਰ ਹੈ ਤੇ ਉਨ੍ਹਾਂ ਨੂੰ ਲੁਧਿਆਣਾ ਦੇ ਡੀ ਐਮ ਸੀ ਹਸਪਤਾਲ ਰੈਫਰ ਕੀਤਾ ਗਿਆ ਹੈ।ਕਿਸਾਨ ਜਗਜੀਤ ਸਿੰਘ ਪੁੱਤਰ ਗੁਰਮੇਜ ਸਿੰਘ ਨੇ ਲਸੰਸੀ ਰਿਵਾਲਵਰ ਨਾਲ 35 ਸਾਲਾ ਪਤਨੀ ਨਵਨੀਤ ਕੌਰ ਤੇ 4 ਸਾਲਾ ਪੁੱਤਰ ਵਾਰਿਸਦੀਪ ਸਿੰਘ ਨੂੰ ਗੋਲੀ ਮਾਰ ਦਿੱਤੀ।ਬਾਅਦ ਵਿੱਚ ਖੁਦ ਨੂੰ ਵੀ ਗੋਲੀ ਮਾਰ ਕੇ ਖੁਦਕੁਸ਼ੀ ਦੀ ਕੋਸ਼ਿਸ਼ ਕੀਤੀ।ਡਾਕਟਰਾਂ ਨੇ ਉਨਾਂ ਨੂੰ ਲੁਧਿਆਣਾ ਲਈ ਰੈਫਰ ਕਰ ਦਿੱਤਾ ਹੈ।ਪਿੰਡ ਦੇ ਲੋਕਾਂ ਅਨੁਸਾਰ ਜਗਜੀਤ ਸਿੰਘ ਇਕ ਖੁਸ਼ਹਾਲ ਕਿਸਾਨ ਹੈ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਬੰਗਲਾਦੇਸ਼ ਚੋਣਾਂ 'ਚ ਬੀ ਐੱਨ ਪੀ ਦੀ ਇਤਿਹਾਸਕ ਜਿੱਤ

**ਢਾਕਾ** : ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਨੇ ਸ਼ੁੱਕਰਵਾਰ ਨੂੰ ਆਮ ਚੋਣਾਂ ਵਿੱਚ ਦੋ-ਤਿਹਾਈ ਬਹੁਮਤ ਨਾਲ ਸ਼ਾਨਦਾਰ ਜਿੱਤ ਦਰਜ ਕੀਤੀ ਹੈ।ਇਸ ਨਤੀਜੇ ਨਾਲ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਸੱਤਾ ਤੋਂ ਬੇਦਖ਼ਲੀ ਤੋਂ ਬਾਅਦ ਪੈਦਾ ਹੋਏ ਮਹੀਨਿਆਂ ਦੇ ਤਣਾਅ ਤੋਂ ਬਾਅਦ ਦੇਸ਼ ਵਿੱਚ ਸਥਿਰਤਾ ਆਉਣ ਦੀ ਉਮੀਦ ਹੈ।ਘਰੇਲੂ ਟੀ ਵੀ ਚੈਨਲਾਂ ਅਨੁਸਾਰ ਬੀ ਐੱਨ ਪੀ ਅਤੇ ਇਸ ਦੇ ਸਹਿਯੋਗੀਆਂ ਨੇ 299 ਵਿੱਚੋਂ ਘੱਟੋ-ਘੱਟ 212 ਸੀਟਾਂ ਜਿੱਤੀਆਂ ਹਨ, ਜਦੋਂ ਕਿ ਵਿਰੋਧੀ ਜਮਾਤ-ਏ-ਇਸਲਾਮੀ ਅਤੇ ਇਸ ਦੇ ਸਹਿਯੋਗੀਆਂ ਨੇ 70 ਸੀਟਾਂ 'ਤੇ ਜਿੱਤ ਹਾਸਲ ਕੀਤੀ ਹੈ।20 ਸਾਲਾਂ ਬਾਅਦ ਸੱਤਾ ਵਿੱਚ ਵਾਪਸੀ ਕਰਨ ਵਾਲੀ ਬੀ ਐੱਨ ਪੀ ਨੇ ਲੋਕਾਂ ਦਾ ਧੰਨਵਾਦ ਕੀਤਾ ਹੈ ਅਤੇ ਦੇਸ਼ ਦੀ ਖੁਸ਼ਹਾਲੀ ਲਈ ਵਿਸ਼ੇਸ਼ ਪ੍ਰਾਰਥਨਾਵਾਂ ਦੀ ਅਪੀਲ ਕੀਤੀ ਹੈ, ਹਾਲਾਂਕਿ ਪਾਰਟੀ ਨੇ ਵੱਡੀ ਜਿੱਤ ਦੇ ਬਾਵਜੂਦ ਕਿਸੇ ਵੀ ਤਰ੍ਹਾਂ ਦੇ



ਜਸ਼ਨ ਜਾਂ ਰੈਲੀ 'ਤੇ ਰੋਕ ਲਗਾਈ ਹੈ।ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀ ਐੱਨ ਪੀ) ਦੀ ਜਿੱਤ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤਾਰਿਕ ਰਹਿਮਾਨ ਨੂੰ ਵਧਾਈ ਦਿੱਤੀ।ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਇਹ ਜਿੱਤ ਬੰਗਲਾਦੇਸ਼ ਦੇ ਲੋਕਾਂ ਦੇ ਉਨ੍ਹਾਂ ਦੀ ਅਗਵਾਈ ਵਿੱਚ ਭਰੋਸੇ ਨੂੰ ਦਰਸਾਉਂਦੀ ਹੈ।ਉਨ੍ਹਾਂ ਅੱਗੇ ਕਿਹਾ ਕਿ ਭਾਰਤ ਇੱਕ ਲੋਕਤੰਤਰੀ ਅਤੇ ਪ੍ਰਗਤੀਸ਼ੀਲ ਬੰਗਲਾਦੇਸ਼ ਦਾ ਸਮਰਥਨ ਕਰਨਾ ਜਾਰੀ ਰੱਖੇਗਾ ਅਤੇ ਦੁਵੱਲੇ ਸੰਬੰਧਾਂ ਨੂੰ ਮਜ਼ਬੂਤ ਕਰਨ ਦੀ ਉਮੀਦ ਰੱਖਦਾ ਹੈ।ਇਸ ਜਿੱਤ ਤੋਂ ਬਾਅਦ ਬੀ ਐੱਨ ਪੀ ਆਗੂ ਤਾਰਿਕ ਰਹਿਮਾਨ ਦੇ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕਣ ਦੀ ਪੂਰੀ ਸੰਭਾਵਨਾ ਹੈ।ਉਹ ਦਸੰਬਰ ਵਿੱਚ 18 ਸਾਲਾਂ ਦੀ ਜਲਾਵਤਨੀ ਤੋਂ ਬਾਅਦ ਢਾਕਾ ਵਾਪਸ ਪਰਤੇ ਸਨ।ਅਗਸਤ 2024 ਵਿੱਚ ਹਸੀਨਾ ਦੇ ਦੇਸ਼ ਛੱਡਣ ਤੋਂ ਬਾਅਦ ਨੋਬਲ ਪੁਰਸਕਾਰ ਜੇਤੂ ਮੁਹੰਮਦ ਯੂਨਸ ਅੰਤਰਿਮ ਮੁਖੀ ਵਜੋਂ ਕੰਮ ਕਰ ਰਹੇ ਸਨ। ਦੂਜੇ ਪਾਸੇ ਜਮਾਤ-ਏ-ਇਸਲਾਮੀ ਦੇ ਮੁਖੀ ਸ਼ਫੀਕੁਰ ਰਹਿਮਾਨ ਨੇ ਹਾਰ ਸਵੀਕਾਰ ਕਰਦਿਆਂ 'ਸਾਰਥਕ ਰਾਜਨੀਤੀ' ਕਰਨ ਦਾ ਵਾਅਦਾ ਕੀਤਾ ਹੈ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਲਈ ਸਾਲ ਭਰ ਦਾ ਰੋਡਮੈਪ ਤਿਆਰ : ਹਰਪਾਲ ਸਿੰਘ ਚੀਮਾ

### 4 ਵੱਡੀਆਂ ਸ਼ੋਭਾ ਯਾਤਰਾਵਾਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਹੋਣਗੀਆਂ ਨਤਮਸਤਕ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਪੰਜਾਬ ਕੈਬਨਿਟ ਦੀ ਸਬ-ਕਮੇਟੀ ਨੇ ਸ਼ੁੱਕਰਵਾਰ ਨੂੰ ਇਥੇ ਸ੍ਰੀ ਗੁਰੂ ਰਵਿਦਾਸ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸਾਲ ਭਰ ਦੇ ਵਿਸਤ੍ਰਿਤ ਰੋਡਮੈਪ ਨੂੰ ਅੰਤਿਮ ਰੂਪ ਦੇਣ ਲਈ ਆਪਣੀ ਦੂਜੀ ਮੀਟਿੰਗ ਕੀਤੀ। ਮੀਟਿੰਗ ਵਿੱਚ ਇਨ੍ਹਾਂ ਸਮਾਗਮਾਂ ਨੂੰ ਵਿਸ਼ਵ ਪੱਧਰ 'ਤੇ ਲੈ ਕੇ ਜਾਣ ਅਤੇ ਗੁਰੂ ਸਾਹਿਬ ਦੇ ਬਰਾਬਰੀ, ਮਾਨਵਤਾ ਅਤੇ ਭਗਤੀ ਦੇ ਸੰਦੇਸ਼ ਨੂੰ ਰਾਜ ਦੇ ਹਰ ਕੋਨੇ ਅਤੇ ਇਸ ਤੋਂ ਬਾਹਰ ਤੱਕ ਪਹੁੰਚਾਉਣ ਦਾ ਪੱਕਾ ਅਹਿਦ ਲਿਆ ਗਿਆ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ, ਸੈਰ ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਅਤੇ ਵਿਸ਼ੇਸ਼ ਇਨਵਾਇਟੀ ਪਵਨ ਟੀਨੂੰ ਨੇ ਮਹੀਨਾਵਾਰ ਪ੍ਰੋਗਰਾਮਾਂ ਦੇ ਪ੍ਰਬੰਧਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਨ੍ਹਾਂ ਪ੍ਰੋਗਰਾਮਾਂ ਵਿੱਚ ਅਧਿਆਤਮਿਕ ਸ਼ਰਧਾ, ਵਿਦਿਅਕ ਪ੍ਰਸਾਰ ਅਤੇ ਸਮਾਜ ਭਲਾਈ ਪਹਿਲਕਦਮੀਆਂ ਦਾ ਸੰਤੁਲਿਤ ਸੁਮੇਲ ਹੋਵੇ।ਸਮਾਗਮਾਂ ਦੇ ਅਧਿਆਤਮਿਕ ਪਹਿਲੂ 'ਤੇ ਚਾਨਣਾ ਪਾਉਂਦੇ ਹੋਏ ਵਿੱਤ ਮੰਤਰੀ ਚੀਮਾ ਨੇ ਕਿਹਾ, ਸਾਡਾ ਉਦੇਸ਼ ਇਸ ਇਤਿਹਾਸਕ ਮੌਕੇ ਨੂੰ ਅਜਿਹੇ ਪੱਧਰ 'ਤੇ ਮਨਾਉਣਾ ਹੈ ਜੋ ਸਮਾਜ 'ਤੇ ਸ੍ਰੀ ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਦੇ ਡੂੰਘੇ ਪ੍ਰਭਾਵ ਨੂੰ ਦਰਸਾਉਂਦਾ ਹੋਵੇ। ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਹਰ ਨਾਗਰਿਕ, ਖਾਸ ਕਰਕੇ ਸਾਡੇ ਨੌਜਵਾਨ, ਬੇਗਮਪੁਰਾ ਦੇ ਸੰਦੇਸ਼ - ਇੱਕ ਅਜਿਹਾ ਸਮਾਜ ਜੋ ਦੁੱਖਾਂ ਅਤੇ ਵਿਤਕਰੇ ਤੋਂ ਮੁਕਤ ਹੋਵੇ- ਨਾਲ ਜੁੜਨ। ਕੈਬਨਿਟ ਸਬ-ਕਮੇਟੀ ਨੇ ਵਾਰਾਣਸੀ, ਫਰੀਦਕੋਟ, ਜੰਮੂ ਅਤੇ ਬਠਿੰਡਾ ਤੋਂ ਚਾਰ ਵੱਡੀਆਂ ਸ਼ੋਭਾ ਯਾਤਰਾਵਾਂ ਕੱਢਣ ਦਾ ਫੈਸਲਾ ਕੀਤਾ ਹੈ, ਜੋ ਗੁਰੂ ਜੀ ਦੇ ਪਵਿੱਤਰ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣਗੀਆਂ। ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂਆਂ ਨੂੰ ਵਾਰਾਣਸੀ ਸਥਿਤ ਸ੍ਰੀ ਗੁਰੂ ਰਵਿਦਾਸ ਦੇ ਜਨਮ ਅਸਥਾਨ ਮੰਦਰ ਦੇ ਦਰਸ਼ਨਾਂ ਲਈ ਤੀਰਥ ਯਾਤਰਾਵਾਂ ਦੀ ਸਹੂਲਤ ਦੇਣ ਦਾ ਵੀ ਫੈਸਲਾ ਲਿਆ ਗਿਆ।ਗੁਰੂ ਜੀ ਦਾ ਫਲਸਫ਼ਾ ਨਵੀਂ ਪੀੜ੍ਹੀ ਤੱਕ ਸਾਰਥਕ ਤਰੀਕੇ ਨਾਲ ਪਹੁੰਚਾਉਣ ਲਈ ਸਬ-ਕਮੇਟੀ ਨੇ ਸੂਬੇ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਸੈਮੀਨਾਰ ਕਰਵਾਉਣ ਦੀ ਪ੍ਰਵਾਨਗੀ ਦਿੱਤੀ। ਇਸ • ਬਾਕੀ ਸਫਾ 2 'ਤੇ

## ਸ਼ਗਨ ਵਾਲੇ ਦਿਨ ਲਿਆ ਫਾਹਾ, ਐਤਵਾਰ ਸੀ ਵਿਆਹ

**ਕਪੂਰਥਲਾ** : ਸ਼ਗਨ ਸਮਾਗਮ ਦੌਰਾਨ ਕਥਿਤ ਤੌਰ 'ਤੇ ਲਾੜੇ ਨੇ ਘਰ ਵਿਚ ਫਾਹਾ ਲੈ ਕੇ ਜੀਵਨ ਲੀਲ੍ਹਾ ਸਮਾਪਤ ਕਰ ਲਈ। ਪ੍ਰਾਪਤ ਵੇਰਵੇ ਅਨੁਸਾਰ ਸ਼ਿਵ ਕਲੋਨੀ ਵਿਖੇ ਇਕ ਘਰ ਵਿਚ ਵਿਆਹ ਦਾ ਸਮਾਗਮ ਚੱਲ ਰਿਹਾ ਸੀ ਤੇ ਲੜਕੇ ਦਾ ਸ਼ੁੱਕਰਵਾਰ ਸ਼ਗਨ ਸੀ, ਜਿਸ ਨੇ ਕਥਿਤ ਤੌਰ 'ਤੇ ਘਰ ਵਿਚ ਪੱਖੇ ਨਾਲ ਫਾਹਾ ਲੈ ਲਿਆ। ਜਿਸ ਨੂੰ ਪਰਿਵਾਰਕ ਮੈਂਬਰਾਂ ਵਲੋਂ ਤੁਰੰਤ ਸਿਵਲ ਹਸਪਤਾਲ ਕਪੂਰਥਲਾ ਲਿਆਂਦਾ ਗਿਆ, ਜਿਥੇ ਉਸ ਨੂੰ ਮਿਤਕ ਐਲਾਨ ਦਿੱਤਾ।ਮੌਕੇ 'ਤੇ ਪਹੁੰਚੇ ਥਾਣਾ ਸਿਟੀ ਤੋਂ ਏ.ਐਸ.ਆਈ. ਬਲਦੇਵ ਸਿੰਘ ਨੇ ਦੱਸਿਆ ਕਿ ਉਨਾਂ ਨੂੰ ਸੂਚਨਾ ਮਿਲੀ ਸੀ ਕਿ ਕਰਨ ਕੁਮਾਰ ਪੁੱਤਰ ਰਮੇਸ਼ ਕੁਮਾਰ ਵਾਸੀ ਸ਼ਿਵ ਕਲੋਨੀ ਨੇ ਘਰ ਵਿਚ ਪੱਖੇ ਨਾਲ ਫਾਹਾ ਲੈ ਲਿਆ ਹੈ, ਜਿਸ ਦਾ ਅੱਜ ਸ਼ਗਨ ਸੀ ਤੇ ਐਤਵਾਰ ਨੂੰ ਵਿਆਹ ਰੱਖਿਆ ਹੋਇਆ ਸੀ।ਪਰਵਾਰਕ ਮੈਂਬਰਾਂ ਅਨੁਸਾਰ ਉਹ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਸੀ।

## ਐਂਟੀ-ਗੈਂਗਸਟਰ ਟਾਸਕ ਫੋਰਸ ਪੁਲਸ ਸਟੇਸ਼ਨ ਨੂੰ ਹਰੀ ਝੰਡੀ

**ਪਟਿਆਲਾ** : ਪੰਜਾਬ ਸਰਕਾਰ ਨੇ ਅਪਰਾਧਾਂ ਵਿਰੁੱਧ ਕਾਰਵਾਈ ਤੇਜ਼ ਕਰਨ ਲਈ ਪਟਿਆਲਾ ਜ਼ਿਲ੍ਹੇ ਦੇ ਰਾਜਪੁਰਾ ਵਿੱਚ ਪਹਿਲਾ ਐਂਟੀ-ਗੈਂਗਸਟਰ ਟਾਸਕ ਫੋਰਸ ਪੁਲਸ ਸਟੇਸ਼ਨ ਸਥਾਪਤ ਕਰਨ ਨੂੰ ਹਰੀ ਝੰਡੀ ਦੇ ਦਿੱਤੀ ਹੈ।ਗਜ਼ਟ ਨੋਟੀਫਿਕੇਸ਼ਨ ਅਨੁਸਾਰ ਇਹ ਨਵਾਂ ਪੁਲਸ ਸਟੇਸ਼ਨ ਪੂਰੇ ਪੰਜਾਬ ਵਿੱਚ ਕੰਮ ਕਰੇਗਾ।ਇਹ ਕਦਮ ਪੰਜਾਬ ਪੁਲਸ ਵੱਲੋਂ 'ਅਪਰੇਸ਼ਨ ਪ੍ਰਹਾਰ' ਤਹਿਤ ਵਿੱਢੀ ਗਈ ਮੁਹਿੰਮ ਦੌਰਾਨ ਚੁੱਕਿਆ ਗਿਆ ਹੈ। ਹਾਲਾਂਕਿ ਗੈਂਗਸਟਰ ਨੈੱਟਵਰਕਾਂ ਅਤੇ ਉਨ੍ਹਾਂ ਦੇ ਸਹਿਯੋਗੀ ਪ੍ਰਣਾਲੀਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਰਾਜ ਵਿਆਪੀ ਛਾਪੇਮਾਰੀ ਅਤੇ ਗ੍ਰਿਫਤਾਰੀਆਂ ਦੇ ਦੋ ਪੜਾਅ ਪਹਿਲਾਂ ਹੀ ਮੁਕੰਮਲ ਕੀਤੇ ਜਾ ਚੁੱਕੇ ਹਨ।ਡਾਇਰੈਕਟਰ ਜਨਰਲ ਆਫ਼ ਪੁਲਸ ਗੌਰਵ ਯਾਦਵ ਨੇ 2026 ਨੂੰ "ਗੈਂਗਸਟਰਾਂ ਵਿਰੁੱਧ ਸਾਲ" ਵਜੋਂ ਐਲਾਨਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਉਸ ਪੂਰੇ ਈਕੋਸਿਸਟਮ ਨੂੰ ਖਤਮ ਕਰਨਾ ਹੈ, ਜੋ ਸੰਗਠਿਤ ਅਪਰਾਧ ਨੂੰ ਸਮਰੱਥ ਬਣਾਉਂਦਾ ਹੈ, ਜਿਸ ਵਿੱਚ ਵਿੱਤ ਪ੍ਰਬੰਧਕ, ਹਥਿਆਰਾਂ ਦੇ ਸਪਲਾਇਰ ਅਤੇ ਸੁਰੱਖਿਅਤ ਪਨਾਹਗਾਹਾਂ ਪ੍ਰਦਾਨ ਕਰਨ ਵਾਲੇ ਸ਼ਾਮਲ ਹਨ। ਪੁਲਸ ਨੇ ਇੱਕ 'ਓਵਰਸੀਜ਼ ਫਿਊਜਿਟਿਵ ਟ੍ਰੈਕਿੰਗ ਐਂਡ ਐਕਸਟਰਾਡੀਸ਼ਨ ਸੈੱਲ' ਸਥਾਪਤ ਕੀਤਾ ਹੈ ਅਤੇ ਨਾਗਰਿਕਾਂ ਦੀ ਗੁਪਤ ਜਾਣਕਾਰੀ ਲਈ ਇੱਕ ਐਂਟੀ-ਗੈਂਗਸਟਰ ਹੈਲਪਲਾਈਨ ਸ਼ੁਰੂ ਕੀਤੀ ਹੈ।ਪਹਿਲਾ ਪੜਾਅ ਮੁਤਾਬਕ ਸਰਗਰਮ ਗਰੋਹਾਂ ਅਤੇ ਉਨ੍ਹਾਂ ਦੇ ਸਥਾਨਕ ਸਹਿਯੋਗੀਆਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਾਲਮੇਲ ਵਾਲੀ ਛਾਪੇਮਾਰੀ ਕੀਤੀ ਗਈ। ਜੇਲ੍ਹਾਂ ਵਿੱਚ ਬੰਦ ਗੈਂਗ ਲੀਡਰਾਂ ਦੇ ਨੈੱਟਵਰਕ ਨੂੰ ਰੋਕਣ ਲਈ ਚੈਕਿੰਗ ਸਖ਼ਤ ਕੀਤੀ ਗਈ, ਜਿਸ ਦੇ ਨਤੀਜੇ ਵਜੋਂ ਕਈ ਗ੍ਰਿਫਤਾਰੀਆਂ ਅਤੇ ਨਾਜਾਇਜ਼ ਹਥਿਆਰਾਂ ਤੇ ਮੋਬਾਈਲ ਫੋਨਾਂ ਦੀ ਬਰਾਮਦਗੀ ਹੋਈ, ਦੂਜੇ ਪੜਾਅ ਦੌਰਾਨ ਸ਼ੁਰੂਆਤੀ ਕਾਰਵਾਈ ਤੋਂ ਮਿਲੀ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਗੈਂਗਾਂ ਦੀ ਵਿੱਤੀ ਅਤੇ ਲੌਜਿਸਟਿਕ ਰੀੜ੍ਹ ਦੀ ਹੱਡੀ ਨੂੰ ਨਿਸ਼ਾਨਾ ਬਣਾਇਆ ਗਿਆ।ਪੁਲਸ ਨੇ ਸ਼ੂਟਰਾਂ ਅਤੇ ਹੈਂਡਲਰਾਂ ਵਿਰੁੱਧ ਕਾਰਵਾਈ ਤੇਜ਼ ਕੀਤੀ, ਫਿਰੌਤੀ ਦੇ ਪੈਸਿਆਂ ਦੇ ਸੋਰਸ ਲੱਭੇ ਅਤੇ ਅਪਰਾਧਿਕ ਕਮਾਈ ਨਾਲ ਬਣਾਈਆਂ ਜਾਇਦਾਦਾਂ ਵਿਰੁੱਧ ਕਾਰਵਾਈ ਸ਼ੁਰੂ ਕੀਤੀ।

## ਅਮਨ ਦੇ ਕਾਤਲ ਦੀ ਸੂਹ ਦੇਣ ਵਾਲੇ ਨੂੰ ਮਿਲੇਗਾ ਇਨਾਮ

**ਲੁਧਿਆਣਾ** : ਪੁਲਸ ਨੇ ਸ਼ਹਿਰ ਵਿੱਚ ਇੱਕ ਨੌਂ ਸਾਲਾ ਬੱਚੇ ਦੇ ਬੇਰਹਿਮੀ ਨਾਲ ਕੀਤੇ ਕਤਲ ਮਾਮਲੇ 'ਚ ਮੁਲਜ਼ਮ ਦੀ ਗ੍ਰਿਫ਼ਤਾਰੀ ਲਈ ਸੂਚਨਾ ਦੇਣ ਵਾਲੇ ਨੂੰ 20,000 ਰੁਪਏ ਦਾ ਨਗਦ ਇਨਾਮ ਦੇਣ ਦਾ ਐਲਾਨ ਕੀਤਾ ਹੈ।



7 ਫਰਵਰੀ ਨੂੰ ਕਾਸਾਬਾਦ ਇਲਾਕੇ ਵਿੱਚ ਇੱਕ ਖਾਲੀ ਪਲਾਟ ਦੇ ਨੇੜੇ ਝਾੜੀਆਂ ਵਿੱਚੋਂ ਅਮਨ ਦੀ ਲਾਸ਼ ਮਿਲੀ ਸੀ। ਉਸ ਦਾ ਗਲਾ ਵੱਢਿਆ ਹੋਇਆ ਸੀ। ਇੱਕ ਅਣਪਛਾਤੇ ਵਿਅਕਤੀ ਵਿਰੁੱਧ ਕਤਲ ਦਾ ਕੇਸ ਦਰਜ ਕੀਤਾ ਗਿਆ ਸੀ। ਲਾਸ਼ ਮਿਲਣ ਦੇ ਦੋ ਦਿਨ ਬਾਅਦ ਪੁਲਸ ਨੇ ਮੁਲਜ਼ਮ ਦੀ ਪਛਾਣ ਅਜੈ, ਵਾਸੀ ਕਾਸਾਬਾਦ ਵਜੋਂ ਕੀਤੀ ਹੈ। ਮੁਲਜ਼ਮ ਦੇ 'ਲੋੜੀਂਦੇ' ਪੋਸਟਰ ਵੱਖ-ਵੱਖ ਥਾਵਾਂ 'ਤੇ ਲਗਾਏ ਗਏ ਹਨ।ਮੁਲਜ਼ਮ ਦਾ ਪਹਿਲਾਂ ਵੀ ਕਈ ਅਪਰਾਧਿਕ ਮਾਮਲਿਆਂ ਵਿੱਚ ਨਾਂਅ ਸਾਹਮਣੇ ਆ ਚੁੱਕਿਆ ਹੈ। ਸਾਲ 2020 'ਚ ਸੱਤ ਸਾਲ ਦੀ ਬੱਚੀ ਨਾਲ ਜਬਰ-ਜ਼ਨਾਹ ਕਰਨ ਦੇ ਦੋਸ਼ ਵਿੱਚ ਜੋਧੇਵਾਲ ਪੁਲਸ ਸਟੇਸ਼ਨ ਵਿੱਚ ਉਸ ਵਿਰੁੱਧ ਕੇਸ ਦਰਜ ਕੀਤਾ ਗਿਆ ਸੀ। ਉਸ ਮਾਮਲੇ ਵਿੱਚ ਉਸ ਨੂੰ 20 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਸੀ।ਹਾਲਾਂਕਿ 2 ਫਰਵਰੀ ਨੂੰ ਜਦੋਂ ਉਸ ਨੂੰ ਡਾਕਟਰੀ ਜਾਂਚ ਲਈ ਸਿਵਲ ਹਸਪਤਾਲ ਲਿਜਾਇਆ ਜਾ ਰਿਹਾ ਸੀ, ਤਾਂ ਉਹ ਪੁਲਸ ਹਿਰਾਸਤ ਵਿੱਚੋਂ ਫ਼ਰਾਰ ਹੋ ਗਿਆ ਸੀ। ਪੁਲਸ ਨੇ ਕਿਹਾ ਕਿ ਸੂਚਨਾ ਦੇਣ ਵਾਲੇ ਦੀ ਪਛਾਣ ਗੁਪਤ ਰੱਖੀ ਜਾਵੇਗੀ।

## ਪੰਜਾਬ, ਹਰਿਆਣਾ ਤੇ ਹਿਮਾਚਲ 'ਚ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਕੇਸ ਵਧੇ

**ਚੰਡੀਗੜ੍ਹ** : ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਵਿੱਚ ਪਾਣੀ ਹੁਣ ਜਨਤਕ ਸਿਹਤ ਲਈ ਗੰਭੀਰ ਖਤਰਾ ਬਣ ਗਿਆ ਹੈ। ਇੰਟੀਗ੍ਰੇਟਿਡ ਹੈਲਥ ਡਾਟਾ ਦੇ ਤਾਜ਼ਾ ਵਿਸ਼ਲੇਸ਼ਣ ਤੋਂ ਪਤਾ ਲੱਗਾ ਹੈ ਕਿ ਪਿਛਲੇ 5 ਸਾਲਾਂ ਵਿੱਚ ਇਨ੍ਹਾਂ ਰਾਜਾਂ ਵਿੱਚ ਪਾਣੀ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਮਾਮਲਿਆਂ ਵਿੱਚ ਲਗਾਤਾਰ ਵਾਧਾ ਹੋਇਆ ਹੈ।ਮਾਹਰ ਇਸ ਨੂੰ 'ਸਾਇਲੈਂਟ ਹੈਲਥ ਐਮਰਜੈਂਸੀ' ਕਹਿ ਰਹੇ ਹਨ।

ਪੰਜਾਬ ਵਿੱਚ ਪਿਛਲੇ ਪੰਜ ਸਾਲਾਂ ਵਿੱਚ 38,000 ਤੋਂ ਵੱਧ ਐਕਿਊਟ ਡਾਇਰੀਅਲ ਡਿਜ਼ੀਜ਼ (ਏ ਡੀ ਡੀ) ਦੇ ਮਾਮਲੇ ਦਰਜ ਹੋਏ ਹਨ। ਹਰਿਆਣਾ ਵਿੱਚ ਟਾਈਫਾਈਡ ਦੇ ਕੇਸ ਲਗਾਤਾਰ ਵਧਦੇ ਜਾ ਰਹੇ ਹਨ, ਖਾਸ ਕਰਕੇ ਤੇਜ਼ੀ ਨਾਲ ਸ਼ਹਿਰੀਕਰਨ ਵਾਲੇ ਜ਼ਿਲ੍ਹਿਆਂ ਜਿਵੇਂ ਗੁਰੂਗ੍ਰਾਮ, ਫਰੀਦਾਬਾਦ, ਸੋਨੀਪਤ ਅਤੇ ਰੋਹਤਕ ਵਿੱਚ। ਹਿਮਾਚਲ ਪ੍ਰਦੇਸ਼ ਵਿੱਚ ਏ ਡੀ ਡੀ ਦੇ ਨਾਲ-ਨਾਲ ਹੈਪੇਟਾਈਟਿਸ-ਬੀ ਦੇ ਮਾਮਲਿਆਂ ਵਿੱਚ ਵੀ ਵਾਧਾ ਦੇਖਿਆ ਗਿਆ ਹੈ, ਜੋ ਇਹ ਸੰਕੇਤ ਦਿੰਦਾ ਹੈ ਕਿ ਪਹਾੜੀ ਜਲ ਸਰੋਤ ਹੁਣ ਸੁਰੱਖਿਅਤ ਨਹੀਂ ਰਹੇ।

ਸਿਹਤ ਮਾਹਰਾਂ ਦਾ ਕਹਿਣਾ ਹੈ ਕਿ ਇਹ ਸਿਰਫ ਮੌਸਮੀ ਕਾਰਨ ਨਹੀਂ, ਸਗੋਂ ਪਾਣੀ ਦੀ ਗੁਣਵੱਤਾ ਅਤੇ ਵੰਡ ਪ੍ਰਣਾਲੀ ਦੀਆਂ ਢਾਂਚਾਗਤ ਖਾਮੀਆਂ ਦਾ ਨਤੀਜਾ ਹੈ। ਪੰਜਾਬ ਦੇ ਕਈ ਪੇਂਡੂ ਇਲਾਕਿਆਂ ਵਿੱਚ ਦਹਾਕਿਆਂ ਪੁਰਾਣੀਆਂ ਪਾਈਪਲਾਈਨਾਂ ਅਜੇ ਵੀ ਵਰਤੀਆਂ ਜਾ ਰਹੀਆਂ ਹਨ। ਕਈ ਥਾਵਾਂ 'ਤੇ ਪਾਈਪਲਾਈਨਾਂ ਸੀਵਰੇਜ ਨੈੱਟਵਰਕ ਦੇ ਬਹੁਤ ਨੇੜੇ ਵਿਛਾਈਆਂ ਗਈਆਂ ਹਨ। ਖਰਾਬ ਪਾਈਪਾਂ ਵਿੱਚ ਮਾਮੂਲੀ ਲੀਕੇਜ ਵੀ ਦੂਸ਼ਤ ਪਾਣੀ ਨੂੰ ਸਿੱਧਾ ਸਪਲਾਈ ਵਿੱਚ ਮਿਲਾ ਦਿੰਦੀ ਹੈ।ਗਰਮੀ ਅਤੇ ਬਰਸਾਤ ਦੇ ਮੌਸਮ ਵਿੱਚ ਏ ਡੀ ਡੀ ਦੇ ਮਾਮਲਿਆਂ ਵਿੱਚ ਅਚਾਨਕ ਉਛਾਲ ਦੇਖਣ ਨੂੰ ਮਿਲਦਾ ਹੈ।ਪੰਜਾਬ ਵਿੱਚ ਪਿਛਲੇ 5 ਸਾਲਾਂ ਵਿੱਚ ਏ ਡੀ ਡੀ ਦੇ 38,000 ਤੋਂ ਵੱਧ ਮਾਮਲੇ ਸਾਹਮਣੇ ਆਏ। ਨੈਸ਼ਨਲ ਸੈਂਟਰ ਫਾਰ ਡਿਜ਼ੀਜ਼ ਕੰਟਰੋਲ ਦੀ ਰੋਗ ਨਿਗਰਾਨੀ ਪ੍ਰਣਾਲੀ ਦੱਸਦੀ ਹੈ ਕਿ ਜਲ-ਜਨਿਤ ਰੋਗਾਂ ਵਿੱਚ ਮੌਸਮੀ ਵਾਧਾ ਆਮ ਹੈ, ਪਰ ਲਗਾਤਾਰ ਉੱਚੇ ਬਣੇ ਰਹਿਣਾ ਸਪਲਾਈ ਅਤੇ ਗੁਣਵੱਤਾ ਨਿਯੰਤਰਣ ਦੀ ਕਮਜ਼ੋਰੀ ਵੱਲ ਇਸ਼ਾਰਾ ਕਰਦਾ ਹੈ।ਸੈਂਟਰਲ ਗਰਾਊਂਡ ਵਾਟਰ ਬੋਰਡ ਦੀ ਸਾਲਾਨਾ ਰਿਪੋਰਟ ਵਿੱਚ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਯੂਰੇਨੀਅਮ ਦੀ ਮਾਤਰਾ ਸੁਰੱਖਿਅਤ ਸੀਮਾ ਤੋਂ ਵੱਧ ਪਾਈ ਗਈ। ਮੀਡੀਆ ਰਿਪੋਰਟਾਂ ਵਿੱਚ ਲਗਪਗ 62.5 ਫੀਸਦੀ ਨਮੂਨਿਆਂ ਵਿੱਚ ਮਿਆਰ ਤੋਂ ਵੱਧ ਪੱਧਰ ਦਾ ਜ਼ਿਕਰ ਕੀਤਾ ਗਿਆ। ਸਿਰਫ ਯੂਰੇਨੀਅਮ ਹੀ ਨਹੀਂ, ਨਾਈਟ੍ਰੇਟ, ਫਲੋਰਾਈਡ ਅਤੇ ਆਰਸੈਨਿਕ ਵਰਗੇ ਤੱਤ ਵੀ ਕਈ ਖੇਤਰਾਂ ਵਿੱਚ ਨਿਰਧਾਰਤ ਸੀਮਾ ਤੋਂ ਵੱਧ ਦਰਜ ਕੀਤੇ ਗਏ। ਇਸ ਦਾ ਮਤਲਬ ਹੈ ਕਿ ਸਮੱਸਿਆ ਕੇਵਲ ਬੈਕਟੀਰੀਆ ਨਾਲ ਫੈਲਣ ਵਾਲੇ ਸੰਕਰਮਣ ਤੱਕ ਸੀਮਤ ਨਹੀਂ ਹੈ, ਸਗੋਂ ਰਸਾਇਣਕ ਪ੍ਰਦੂਸ਼ਣ ਵੀ ਗੰਭੀਰ ਪੱਧਰ 'ਤੇ ਮੌਜੂਦ ਹੈ।ਪਹਾੜੀ ਇਲਾਕਿਆਂ ਵਿੱਚ ਕੁਦਰਤੀ ਜਲ ਸਰੋਤਾਂ ਨੂੰ ਰਵਾਇਤੀ ਤੌਰ 'ਤੇ ਸੁਰੱਖਿਅਤ ਮੰਨਿਆ ਜਾਂਦਾ ਰਿਹਾ ਹੈ, ਪਰ ਭਾਰੀ ਵਰਖਾ, ਭੂ-ਖਿਸਕਣ ਅਤੇ ਮਿੱਟੀ ਦੇ ਬਹਾਅ ਨਾਲ ਸਰੋਤ ਦੂਸ਼ਤ ਹੋ ਰਹੇ ਹਨ। ਮਾਹਰਾਂ ਦਾ ਮੰਨਣਾ ਹੈ ਕਿ ਪਹਾੜੀ ਰਾਜਾਂ ਵਿੱਚ ਵੀ ਵਿਗਿਆਨਕ ਨਿਗਰਾਨੀ ਤੰਤਰ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਜਲ ਜੀਵਨ ਮਿਸ਼ਨ ਤਹਿਤ ਘਰ-ਘਰ ਨਲ ਕਨੈਕਸ਼ਨ ਦਿੱਤੇ ਜਾ ਰਹੇ ਹਨ।ਪਰ ਮਾਹਰਾਂ ਦਾ ਕਹਿਣਾ ਹੈ ਕਿ ਕੇਵਲ ਕਨੈਕਸ਼ਨ ਦੇਣਾ ਕਾਫੀ ਨਹੀਂ ਹੈ। ਨਿਯਮਤ ਕਲੋਰੀਨੀਕਰਨ, ਪਾਈਪਲਾਈਨ ਦਾ ਸਮੇਂ ਸਿਰ ਰੱਖ-ਰਖਾਅ, ਮਹੀਨਾਵਾਰ ਜਲ ਗੁਣਵੱਤਾ ਰਿਪੋਰਟ ਦਾ ਪ੍ਰਕਾਸ਼ਨ, ਸੁਤੰਤਰ ਪ੍ਰਯੋਗਸ਼ਾਲਾਵਾਂ ਦੁਆਰਾ ਟੈਸਟਿੰਗ ਤੋਂ ਬਿਨਾਂ ਭਰੋਸਾ ਕਾਇਮ ਨਹੀਂ ਰਹਿ ਸਕਦਾ। ਪਾਣੀ ਦਿਖਣ ਵਿੱਚ ਸਾਫ ਹੋ ਸਕਦਾ ਹੈ, ਪਰ ਤੱਥ ਸੰਕੇਤ ਦਿੰਦੇ ਹਨ ਕਿ ਚੌਕਸੀ ਅਤੇ ਸੁਧਾਰ ਦੀ ਫੌਰੀ ਲੋੜ ਹੈ।

## ਭ੍ਰਿਸ਼ਟਾਚਾਰ ਦੇ ਮਾਮਲੇ 'ਚ ਸੀ ਪੀ ਡਬਲਯੂ ਡੀ ਦਾ ਐਕਸੀਅਨ ਨਾਮਜ਼ਦ

**ਅੰਮ੍ਰਿਤਸਰ** : ਕੇਂਦਰੀ ਲੋਕ ਨਿਰਮਾਣ ਵਿਭਾਗ ਦੇ ਐਕਸੀਅਨ ਨਿਤੀਸ਼ ਕੁਮਾਰ ਵਿਰੁੱਧ ਕੇਂਦਰੀ ਜਾਂਚ ਬਿਊਰੋ ਨੇ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਐੱਫ ਆਈ ਆਰ ਦਰਜ ਕੀਤੀ।ਉਨ੍ਹਾਂ ਵਿਰੁੱਧ ਇਹ ਮਾਮਲਾ ਇੱਥੋਂ ਦੀ ਡ੍ਰੀਮ ਸਿਟੀ ਕਾਲੋਨੀ ਦੇ ਨਵਜੋਤ ਸੈਣੀ ਵੱਲੋਂ ਦਿੱਤੀ ਗਈ ਸ਼ਿਕਾਇਤ ਤੋਂ ਬਾਅਦ ਦਰਜ ਕੀਤਾ ਗਿਆ ਹੈ।ਇਸ ਮਾਮਲੇ ਦੀ ਜਾਂਚ ਇੱਕ ਐੱਸ ਆਈ ਰੈਂਕ ਦੇ ਅਧਿਕਾਰੀ ਨੂੰ ਸੌਂਪੀ ਗਈ ਸੀ, ਜਿਸ ਨੇ ਦੋਸ਼ਾਂ ਨੂੰ ਸਹੀ ਪਾਇਆ।

ਪੰਜਾਬ ਸਰਕਾਰ ਤੋਂ ਲੋੜੀਂਦੀ ਇਜਾਜ਼ਤ ਲੈਣ ਤੋਂ ਬਾਅਦ 10 ਫਰਵਰੀ ਨੂੰ ਸੀ ਬੀ ਆਈ ਵੱਲੋਂ ਭ੍ਰਿਸ਼ਟਾਚਾਰ ਰੋਕੂ ਐਕਟ ਦੀ ਧਾਰਾ 7 ਤਹਿਤ ਮਾਮਲਾ ਦਰਜ ਕੀਤਾ ਗਿਆ ਸੀ।ਇਸ ਤੋਂ ਬਾਅਦ ਅਗਲੇਰੀ ਜਾਂਚ ਲਈ ਇਹ ਮਾਮਲਾ ਇੰਸਪੈਕਟਰ ਰੈਂਕ ਦੇ ਅਧਿਕਾਰੀ ਨੂੰ ਮਾਰਕ ਕੀਤਾ ਗਿਆ। ਨਵਦੀਪ ਸੈਣੀ ਨੇ 4 ਫਰਵਰੀ ਨੂੰ ਡੀ ਆਈ ਜੀ, ਸੀ ਬੀ ਆਈ ਕੋਲ ਸ਼ਿਕਾਇਤ ਦਰਜ ਕਰਵਾਈ ਸੀ।ਆਪਣੀ ਸ਼ਿਕਾਇਤ ਵਿੱਚ ਉਸ ਨੇ ਦੋਸ਼ • ਬਾਕੀ ਸਫਾ 2 'ਤੇ

## ਫਰੀਦਕੋਟ 'ਵਰਸਿਟੀ ਫਾਰਮੇਸੀ ਤੇ ਹੈਲਥ ਕੇਅਰ ਕੋਰਸਾਂ ਲਈ ਕੰਟਰੋਲਿੰਗ ਅਥਾਰਟੀ ਬਣੀ

**ਫਰੀਦਕੋਟ** : ਸੰਭਾਲ ਸਿੱਖਿਆ ਅਤੇ ਸੇਵਾਵਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਫਰੀਦਕੋਟ ਨੂੰ ਅਧਿਕਾਰਤ ਤੌਰ 'ਤੇ ਸੂਬੇ ਦੇ ਸਾਰੇ ਫਾਰਮੇਸੀ ਅਤੇ ਹੈਲਥ ਕੇਅਰ ਕੋਰਸਾਂ ਲਈ ਕੰਟਰੋਲਿੰਗ ਅਥਾਰਟੀ ਵਜੋਂ ਨਾਮਜ਼ਦ ਕੀਤਾ ਗਿਆ ਹੈ। ਇਹ ਜ਼ਿੰਮੇਵਾਰੀ ਪਹਿਲਾਂ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਵਿਭਾਗ ਕੋਲ ਸੀ।ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਦੇ ਡਾਇਰੈਕਟਰ ਵੱਲੋਂ ਜਾਰੀ ਕੀਤੇ ਗਏ ਇੱਕ ਹੁਕਮ ਰਾਹੀਂ ਇਹ ਤਬਦੀਲੀ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤੀ ਗਈ ਹੈ, ਜੋ ਪੰਜਾਬ ਵਿੱਚ ਸਿਹਤ ਸਿੱਖਿਆ ਦੇ ਸ਼ਾਸਨ ਵਿੱਚ ਇੱਕ ਵੱਡੇ ਪੁਨਰਗਠਨ ਨੂੰ ਦਰਸਾਉਂਦੀ ਹੈ।ਨਵੀਂ ਵਿਵਸਥਾ ਦੇ ਤਹਿਤ ਪਹਿਲਾਂ ਆਈ ਕੇ ਜੀ ਪੰਜਾਬ ਟੈਕਨੀਕਲ ਯੂਨੀਵਰਸਿਟੀ ਤੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੁਆਰਾ ਪ੍ਰਬੰਧਤ ਸਿਹਤ ਨਾਲ ਸੰਬੰਧਤ ਕੋਰਸ ਹੁਣ ਬੀ ਐੱਫ ਯੂ ਐੱਚ ਐੱਸ ਦੀ ਅਕਾਦਮਿਕ ਅਤੇ ਪ੍ਰਸ਼ਾਸਨਿਕ ਦੇਖ-ਰੇਖ ਹੇਠ ਚੱਲਣਗੇ।ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਦੇ ਵਾਈਸ-ਚਾਂਸਲਰ ਡਾ. ਰਾਜੀਵ ਸੂਦ ਨੇ ਕਿਹਾ ਕਿ ਇਹ ਤਬਦੀਲੀ ਯੂਨੀਵਰਸਿਟੀ ਦੇ ਨਿਯਮਾਂ ਦੇ ਅਨੁਸਾਰ ਹੈ, ਜੋ ਕਾਨੂੰਨੀ ਤੌਰ 'ਤੇ ਇਹ ਲਾਜ਼ਮੀ ਕਰਦੇ ਹਨ ਕਿ ਸਿਹਤ ਨਾਲ ਸੰਬੰਧਤ ਸਾਰੇ ਕੋਰਸ ਇਸ ਯੂਨੀਵਰਸਿਟੀ ਦੇ ਅਧਿਕਾਰ ਖੇਤਰ ਵਿੱਚ ਆਉਣ।ਉਨ੍ਹਾ ਕਿਹਾ ਕਿ ਇਸ ਨਾਲ ਬਿਹਤਰ ਪ੍ਰਸ਼ਾਸਨ, ਉੱਚ ਅਕਾਦਮਿਕ ਮਿਆਰ ਅਤੇ ਹੈਲਥ ਕੇਅਰ, ਪੈਰਾਮੈਡੀਕਲ ਅਤੇ ਫਾਰਮੇਸੀ ਦੀ ਸਿੱਖਿਆ ਪ੍ਰਾਪਤ ਕਰ ਰਹੇ ਵਿਦਿਆਰਥੀਆਂ ਲਈ ਬਿਹਤਰ ਨਤੀਜੇ ਨਿਕਲਣਗੇ।ਇੱਕ ਹੋਰ ਅਹਿਮ ਫੈਸਲੇ ਵਿੱਚ ਪੰਜਾਬ ਸਰਕਾਰ ਨੇ ਮੈਡੀਕਲ ਸਿੱਖਿਆ ਅਤੇ ਮਿਆਰੀ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਚਾਰ ਪ੍ਰਮੁੱਖ ਸਰਕਾਰੀ ਸਿਹਤ ਸੰਸਥਾਵਾਂ ਦਾ ਪ੍ਰਬੰਧ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਨੂੰ ਸੌਂਪ ਦਿੱਤਾ ਹੈ।ਇਸ ਵਿਚ ਸਿਵਲ ਹਸਪਤਾਲ, ਬਾਦਲ (ਮੁਕਤਸਰ), ਸਿਵਲ ਹਸਪਤਾਲ, ਸ੍ਰੀ ਖਡੂਰ ਸਾਹਿਬ (ਤਰਨ ਤਾਰਨ), ਕਮਿਊਨਿਟੀ ਹੈਲਥ ਸੈਂਟਰ, ਜਲਾਲਾਬਾਦ ਤੇ ਟਰਸ਼ਰੀ ਕੈਂਸਰ ਕੇਅਰ ਸੈਂਟਰ (ਫ਼ਾਜ਼ਿਲਕਾ) ਸ਼ਾਮਲ ਹੈ।

## 'ਸੇਵਾ ਤੀਰਥ' ਤੋਂ ਪ੍ਰਧਾਨ ਮੰਤਰੀ ਨੇ ਪਹਿਲੀਆਂ ਫਾਈਲਾਂ 'ਤੇ ਸਹੀ ਪਾਈ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 'ਸੇਵਾ ਤੀਰਥ' ਤੋਂ ਆਪਣੀਆਂ ਪਹਿਲੀਆਂ ਫਾਈਲਾਂ 'ਤੇ ਹਸਤਾਖਰ ਕੀਤੇ ਜਿਨਾਂ ਵਿੱਚ ਹਾਦਸਾ ਪੀੜਤਾਂ ਲਈ 1.5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ, ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਨੂੰ ਦੁੱਗਣਾ ਕਰਨਾ ਅਤੇ ਔਰਤਾਂ ਨੂੰ ਵਿੱਤੀ ਤੌਰ 'ਤੇ ਮਜ਼ਬੂਤ ਬਣਾਉਣਾ ਸ਼ਾਮਲ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਪੀ ਐਮ ਓ ਦੇ ਨਵੇਂ ਦਫ਼ਤਰ ਕੰਪਲੈਕਸ ਤੋਂ ਇਹ ਫੈਸਲੇ ਲਏ ਹਨ। ਪੀ ਐਮ ਓ ਨੇ ਕਿਹਾ, "ਸੇਵਾ ਤੀਰਥ ਤੋਂ ਪ੍ਰਧਾਨ ਮੰਤਰੀ ਮੋਦੀ ਦੇ ਪਹਿਲੇ ਫੈਸਲੇ 'ਸੇਵਾ' ਦੀ ਭਾਵਨਾ ਨੂੰ ਦਰਸਾਉਂਦੇ ਹਨ ਅਤੇ ਸਮਾਜ ਦੇ ਹਰ ਵਰਗ ਲਈ ਨਵੀਂ ਉਮੀਦ ਹਨ। ਉਨਾਂ ਨੇ ਔਰਤਾਂ, ਨੌਜਵਾਨਾਂ ਅਤੇ ਕਮਜ਼ੋਰ ਨਾਗਰਿਕਾਂ ਲਈ ਮਹੱਤਵਪੂਰਨ ਫੈਸਲਿਆਂ ਨਾਲ ਸੰਬੰਧਤ ਫਾਈਲਾਂ 'ਤੇ ਦਸਤਖਤ ਕੀਤੇ ਹਨ।ਇਨ੍ਹਾਂ ਮਹੱਤਵਪੂਰਨ ਨਵੇਂ ਉਪਰਾਲਿਆਂ ਵਿੱਚ ਪ੍ਰਧਾਨ ਮੰਤਰੀ ਰਾਹਤ ਸਕੀਮ, ਲਖਪਤੀ ਦੀਦੀਆਂ ਦੇ ਟੀਚੇ ਨੂੰ ਦੁੱਗਣਾ ਕਰਕੇ 6 ਕਰੋੜ ਕਰਨਾ, ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਨੂੰ ਦੁੱਗਣਾ ਕਰਕੇ 2 ਲੱਖ ਕਰੋੜ ਰੁਪਏ ਕਰਨਾ ਅਤੇ 10,000 ਕਰੋੜ ਰੁਪਏ ਦੇ ਕਾਰਪਸ ਨਾਲ ਸਟਾਰਟਅੱਪ ਇੰਡੀਆ ਫੰਡ ਆਫ ਫੰਡਸ 2.0 ਸ਼ਾਮਲ ਹਨ।ਪ੍ਰਧਾਨ ਮੰਤਰੀ ਦੁਆਰਾ ਲਏ ਗਏ 4 ਮੁੱਖ ਫੈਸਲਿਆਂ ਵਿੱਚ ਪਹਿਲਾ ਪੀ ਐਮ ਰਾਹਤ ਸਕੀਮ ਹੈ ਜਿਸ ਤਹਿਤ ਪ੍ਰਧਾਨ ਮੰਤਰੀ ਨੇ ਇਸ ਸਕੀਮ ਦੀ ਸ਼ੁਰੂਆਤ ਨੂੰ ਮਨਜ਼ੂਰੀ ਦਿੱਤੀ ਜਿਸ ਤਹਿਤ ਹਾਦਸਾ ਪੀੜਤਾਂ ਨੂੰ 1.5 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਦੇਣ ਦਾ ਫੈਸਲਾ ਕੀਤਾ ਹੈ, ਤਾਂ ਜੋ ਤੁਰੰਤ ਡਾਕਟਰੀ ਸਹਾਇਤਾ ਦੀ ਘਾਟ ਕਾਰਨ ਕੋਈ ਜਾਨ ਨਾ ਜਾਵੇ।ਇਸ ਤੋਂ ਇਲਾਵਾ ਸਰਕਾਰ ਨੇ ਮਾਰਚ 2027 ਦੀ ਸਮਾਂ ਸੀਮਾ ਤੋਂ ਇੱਕ ਸਾਲ ਪਹਿਲਾਂ ਹੀ 3 ਕਰੋੜ ਲਖਪਤੀ ਦੀਦੀਆਂ ਦਾ ਅੰਕੜਾ ਪਾਰ ਕਰ ਲਿਆ ਹੈ। ਹੁਣ ਪ੍ਰਧਾਨ ਮੰਤਰੀ ਨੇ ਮਾਰਚ 2029 ਤੱਕ 6 ਕਰੋੜ ਲਖਪਤੀ ਦੀਦੀਆਂ ਦਾ ਨਵਾਂ ਟੀਚਾ ਮਿੱਥਿਆ ਹੈ।ਤੀਜਾ ਫੈਸਲੇ ਵਿੱਚ ਭਾਰਤ ਦੀ ਖੇਤੀਬਾੜੀ ਵੈਲਿਊ ਚੇਨ ਨੂੰ ਮਜ਼ਬੂਤ ਕਰਨ ਲਈ, ਪ੍ਰਧਾਨ ਮੰਤਰੀ ਨੇ ਇਸ ਫੰਡ ਨੂੰ 1 ਲੱਖ ਕਰੋੜ ਰੁਪਏ ਤੋਂ ਵਧਾ ਕੇ 2 ਲੱਖ ਕਰੋੜ ਰੁਪਏ ਕਰਨ ਦੀ ਮਨਜ਼ੂਰੀ ਦਿੱਤੀ ਹੈ।ਚੌਥੇ ਫੈਸਲੇ ਤਹਿਤ ਇਨੋਵੇਸ਼ਨ ਈਕੋਸਿਸਟਮ, ਖਾਸ ਤੌਰ 'ਤੇ ਡੀਪ ਟੈਕ ਅਤੇ ਐਡਵਾਂਸਡ ਮੈਨੂਫੈਕਚਰਿੰਗ ਨੂੰ ਹੁਲਾਰਾ ਦੇਣ ਲਈ, 10,000 ਕਰੋੜ ਰੁਪਏ ਦੇ ਫੰਡ ਨੂੰ ਮਨਜ਼ੂਰੀ ਦਿੱਤੀ ਗਈ ਹੈ।ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ ਨੇ ਆਪਣੇ ਨਵੇਂ ਦਫ਼ਤਰ ਕੰਪਲੈਕਸ ਦੇ ਨਾਂ ਦਾ 'ਸੇਵਾ ਤੀਰਥ' ਵਜੋਂ ਉਦਘਾਟਨ ਕੀਤਾ।

## ਅੱਜ-ਨਾਮਾ

ਕੈਪਟਨ ਵਾਸਤੇ ਜਦੋਂ ਕੁਝ ਆਏ ਸੰਮਣ,
ਚਰਚੇ ਕਈ ਤਰ੍ਹਾਂ ਪਏ ਫਿਰ ਚੱਲ ਬੇਲੀ।
ਕਹਿੰਦੇ ਭਾਜਪਾ ਨਾਲ ਕੁਝ ਪਿਆ ਰੱਫੜ,
ਕਹਿੰਦੇ ਈ ਲੱਭਦਾ ਕੋਈ ਨਾ ਹੱਲ ਬੇਲੀ।
ਕਾਂਗਰਸ ਆਗੂ ਸੀ ਦੌੜਦੇ ਮਿਲਣ ਪੁੱਜੇ,
ਸੁਣਿਆ ਜਾਣਾ ਸੀ ਕਾਂਗਰਸ ਵੱਲ ਬੇਲੀ।
ਭਾਜਪਾ ਦਫਤਰ ਤੱਕ ਜਦੋਂ ਸੰਕੇਤ ਪੁੱਜੇ,
ਪਲਟਾ ਮਾਰ ਗਈ ਸਾਰੀ ਸੀ ਗੱਲ ਬੇਲੀ।
ਇੱਕੋ ਈ ਖੇਡਿਆ ਦਾਅ ਜਦ ਭਾਜਪਾ ਨੇ,
ਗਿਆ ਪੈਂਤੜੇ ਤੋਂ ਕੈਪਟਨ ਥਿੜਕ ਬੇਲੀ।
ਭਾਜਪਾ ਵੱਲ ਉਹ ਸੁਣੀਂਦਾ ਮੁੜਨ ਲੱਗਾ,
ਕੰਨੋ-ਕੰਨ ਨਹੀਂ ਕਿਸੇ ਨੂੰ ਬਿੜਕ ਬੇਲੀ।

-ਤੀਸ ਮਾਰ ਖਾਂ

## 'ਆਪ' ਵੱਲੋਂ ਕਾਂਗਰਸ ਖਿਲਾਫ ਪੰਜਾਬ ਭਰ 'ਚ ਪ੍ਰੋਟੈੱਸਟ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਆਮ ਆਦਮੀ ਪਾਰਟੀ ਪੰਜਾਬ ਨੇ ਕਾਂਗਰਸੀ ਆਗੂ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵਿਰੁੱਧ ਕੀਤੀਆਂ ਗਈਆਂ ਟਿੱਪਣੀਆਂ ਨੂੰ ਲੈ ਕੇ ਕਾਂਗਰਸ ਖਿਲਾਫ ਸੂਬੇ ਭਰ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤੇ। ਪਾਰਟੀ ਨੇ ਕਿਹਾ ਕਿ ਬਾਜਵਾ ਨੇ ਸਿਰਫ ਇੱਕ ਮੰਤਰੀ ਦਾ ਹੀ ਨਹੀਂ, ਸਗੋਂ ਸਮੁੱਚੇ ਦਲਿਤ ਭਾਈਚਾਰੇ ਅਤੇ ਆਪਣੀ ਰੋਜ਼ੀ-ਰੋਟੀ ਇੱਜ਼ਤ ਨਾਲ ਕਮਾਉਣ ਵਾਲੇ ਮਿਹਨਤਕਸ਼ ਲੋਕਾਂ ਤੇ ਮਜ਼ਦੂਰਾਂ ਦਾ ਅਪਮਾਨ ਕੀਤਾ ਹੈ।

ਇਨ੍ਹਾਂ ਮੁਜ਼ਾਹਰਿਆਂ ਵਿੱਚ ਆਗੂਆਂ, ਮੰਤਰੀਆਂ, ਵਿਧਾਇਕਾਂ, ਪਾਰਟੀ ਵਰਕਰਾਂ ਅਤੇ ਸਥਾਨਕ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਪ੍ਰਦਰਸ਼ਨਕਾਰੀਆਂ ਨੇ ਦਲਿਤ-ਵਿਰੋਧੀ ਕਾਂਗਰਸ ਮੁਰਦਾਬਾਦ ਅਤੇ ਬਾਜਵਾ-ਮੁਰਦਾਬਾਦ ਦੇ ਨਾਅਰੇ ਲਗਾਏ ਅਤੇ ਮੰਗ ਕੀਤੀ ਕਿ ਬਾਜਵਾ ਅਤੇ ਕਾਂਗਰਸ ਲੀਡਰਸ਼ਿਪ ਦਲਿਤ ਭਾਈਚਾਰੇ ਅਤੇ ਸਾਰੇ ਮਿਹਨਤਕਸ਼ ਲੋਕਾਂ ਤੋਂ ਜਨਤਕ ਤੌਰ 'ਤੇ ਮੁਆਫੀ ਮੰਗਣ।ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਦਾਅਵਾ ਕੀਤਾ ਕਿ ਕਾਂਗਰਸ ਦੀ ਦਲਿਤ ਵਿਰੋਧੀ ਮਾਨਸਿਕਤਾ ਇੱਕ ਵਾਰ ਫਿਰ ਪੰਜਾਬ ਦੇ ਲੋਕਾਂ ਸਾਹਮਣੇ ਨੰਗੀ ਹੋ ਗਈ ਹੈ।ਪੰਨੂ ਨੇ ਕਿਹਾ ਕਿ ਬਾਜਵਾ ਦੀ ਟਿੱਪਣੀ ਪੰਜਾਬ ਦੇ ਉਨ੍ਹਾਂ ਮਿਹਨਤਕਸ਼ ਲੋਕਾਂ ਦਾ ਵੀ ਸਿੱਧਾ ਅਪਮਾਨ ਹੈ, ਖਾਸ ਕਰਕੇ ਬੈਂਡ-ਬਾਜਾ ਵਜਾਉਣ ਵਾਲੇ ਕਲਾਕਾਰਾਂ, ਦਿਹਾੜੀਦਾਰ ਮਜ਼ਦੂਰਾਂ ਅਤੇ ਹੋਰ ਕਲਾਕਾਰਾਂ ਦਾ, ਜੋ ਵਿਆਹਾਂ, ਧਾਰਮਕ ਸਮਾਗਮਾਂ ਅਤੇ ਸਮਾਜਕ ਪ੍ਰੋਗਰਾਮਾਂ ਦੌਰਾਨ ਅਣਥੱਕ ਮਿਹਨਤ ਕਰਦੇ ਹਨ।

'ਆਪ' ਨੇ ਹੁਸ਼ਿਆਰਪੁਰ, ਕਪੂਰਥਲਾ, ਨਵਾਂ ਸ਼ਹਿਰ, ਅੰਮ੍ਰਿਤਸਰ, ਪਠਾਨਕੋਟ, ਤਰਨਤਾਰਨ, ਫਰੀਦਕੋਟ, ਫਤਹਿਗੜ੍ਹ ਸਾਹਿਬ, ਲੁਧਿਆਣਾ, ਮੋਗਾ, ਮਲੇਰਕੋਟਲਾ, ਪਟਿਆਲਾ, ਰੂਪਨਗਰ, ਸੰਗਰੂਰ, ਬਠਿੰਡਾ, ਫਾਜ਼ਿਲਕਾ, ਫਿਰੋਜ਼ਪੁਰ, ਮਾਨਸਾ, ਸ੍ਰੀ ਮੁਕਤਸਰ ਸਾਹਿਬ, ਬਰਨਾਲਾ ਅਤੇ ਮੁਹਾਲੀ ਸਮੇਤ ਪੂਰੇ ਪੰਜਾਬ ਵਿੱਚ ਰੋਸ ਪ੍ਰਦਰਸ਼ਨ ਕੀਤੇ, ਜਿਸ ਦੌਰਾਨ ਬਾਜਵਾ ਵਿਰੁੱਧ ਆਵਾਜ਼ ਬੁਲੰਦ ਕੀਤੀ।ਪੰਨੂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਬਾਜਵਾ ਅਤੇ ਕਾਂਗਰਸ ਲੀਡਰਸ਼ਿਪ ਬਿਨਾਂ ਸ਼ਰਤ ਮੁਆਫੀ ਨਹੀਂ ਮੰਗਦੇ, ਉਦੋਂ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ।

## 180 ਈ ਟੀ ਟੀ ਅਧਿਆਪਕ ਐਸੋਸੀਏਸ਼ਨ ਦੇ ਮਸਲਿਆਂ ਦੇ ਹੱਲ ਦੀ ਪ੍ਰਕਿਰਿਆ ਤੇਜ਼

**ਚੰਡੀਗੜ੍ਹ (ਗੁਰਜੀਤ ਬਿੱਲਾ)**



ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਇੱਥੇ ਵਿੱਤ ਅਤੇ ਸਿੱਖਿਆ ਵਿਭਾਗਾਂ ਨੂੰ 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਦੇ ਮਸਲਿਆਂ ਦੇ ਹੱਲ ਲਈ ਇੱਕ ਹੰਗਾਮੀ ਸਾਂਝੀ ਮੀਟਿੰਗ ਬੁਲਾਉਣ ਦੇ ਨਿਰਦੇਸ਼ ਦਿੱਤੇ। ਇਹ ਨਿਰਦੇਸ਼ ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ ਇੱਕ ਵਿਸਤ੍ਰਿਤ ਮੀਟਿੰਗ ਤੋਂ ਬਾਅਦ ਜਾਰੀ ਕੀਤੇ ਗਏ, ਜਿੱਥੇ ਯੂਨੀਅਨ ਦੇ ਨੁਮਾਇੰਦਿਆਂ ਨੇ ਆਪਣਾ ਪੱਖ ਪੂਰੇ ਵੇਰਵੇ ਸਹਿਤ ਪੇਸ਼ ਕੀਤਾ।ਯੂਨੀਅਨ ਦੇ ਵਫ਼ਦ ਦੀਆਂ ਗੱਲਾਂ ਨੂੰ ਬੜੇ ਧੀਰਜ ਅਤੇ ਧਿਆਨ ਨਾਲ ਸੁਣਨ ਤੋਂ ਬਾਅਦ ਚੀਮਾ ਨੇ ਕਿਹਾ, 180 ਈ.ਟੀ.ਟੀ. ਅਧਿਆਪਕ ਐਸੋਸੀਏਸ਼ਨ ਵੱਲੋਂ ਉਠਾਏ ਗਏ ਮਸਲੇ ਗੰਭੀਰ ਅਤੇ ਸਮਾਂਬੱਧ ਵਿਚਾਰ ਦੇ ਹੱਕਦਾਰ ਹਨ। ਮੈਂ ਵਿੱਤ ਅਤੇ ਸਿੱਖਿਆ ਵਿਭਾਗਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਇੱਕ ਹੰਗਾਮੀ ਸਾਂਝੀ ਮੀਟਿੰਗ ਕਰਨ ਤਾਂ ਜੋ ਸਾਰੀਆਂ ਜਾਇਜ਼ ਮੰਗਾਂ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਨਿਪਟਾਇਆ ਜਾ ਸਕੇ। ਮੀਟਿੰਗ ਵਿੱਚ ਵਿੱਤ ਵਿਭਾਗ ਦੇ ਵਿਸ਼ੇਸ਼ ਸਕੱਤਰ ਸ਼ੌਕਤ ਅਹਿਮਦ ਪਰੈ, ਐਡੀਸ਼ਨਲ ਐਡਵੋਕੇਟ ਜਨਰਲ ਰਮਨਦੀਪ ਸਿੰਘ ਪੰਧੇਰ, ਵਿਸ਼ੇਸ਼ ਸਕੱਤਰ (ਪਰਸੋਨਲ) ਉਪਕਾਰ ਸਿੰਘ ਅਤੇ ਸਿੱਖਿਆ ਵਿਭਾਗ ਦੇ ਸੰਯੁਕਤ ਸਕੱਤਰ ਹਰਪ੍ਰੀਤ ਸਿੰਘ ਸਮੇਤ ਪ੍ਰਮੁੱਖ ਸਰਕਾਰੀ ਅਧਿਕਾਰੀਆਂ ਨੇ ਵਿਸਥਾਰ ਵਿੱਚ ਚਰਚਾ ਕੀਤੀ। ਵਿੱਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ, 'ਐਡਵੋਕੇਟ ਜਨਰਲ ਦਫ਼ਤਰ ਅਤੇ ਸੀਨੀਅਰ ਵਿੱਤ ਅਧਿਕਾਰੀਆਂ ਦੀ ਮੁਹਾਰਤ ਸਦਕਾ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਐਸੋਸੀਏਸ਼ਨ ਦੇ ਮਸਲੇ ਦਾ ਸੁਚੱਜਾ, ਪਾਰਦਰਸ਼ੀ ਅਤੇ ਸਥਿਰ ਹੱਲ ਕੱਢਿਆ ਜਾ ਸਕੇ।'

ਮੀਟਿੰਗ ਦੌਰਾਨ 180 ਈ.ਟੀ.ਟੀ. ਅਧਿਆਪਕ ਯੂਨੀਅਨ ਦੀ ਨੁਮਾਇੰਦਗੀ ਐਸੋਸੀਏਸ਼ਨ ਦੇ ਪ੍ਰਧਾਨ ਕਮਲ ਠਾਕੁਰ ਦੇ ਨਾਲ ਸੋਹਣ ਸਿੰਘ, ਗੁਰਮੁਖ ਸਿੰਘ ਅਤੇ ਗੌਰਵ ਕਾਂਤ ਨੇ ਕੀਤੀ।

## ਰੱਤੋਕੇ ਸਕੂਲ 'ਚ ਮਨਾਇਆ ਸਪੋਰਟਸ ਡੇਅ



**ਲੌਂਗੋਵਾਲ (ਪ੍ਰਦੀਪ ਸੱਪਲ)**-ਪੀ ਐੱਮ ਸ੍ਰੀ ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਵਿਖੇ ਸਪੋਰਟਸ ਡੇਅ ਮਨਾਇਆ ਗਿਆ, ਜਿਸ ਵਿੱਚ ਖੋ-ਖੋ, ਕਬੱਡੀ, ਦੌੜਾਂ ਦੇ ਨਾਲ-ਨਾਲ ਦੇਸੀ ਖੇਡਾਂ ਵੀ ਕਰਵਾਈਆਂ ਗਈਆਂ। ਛੋਟੇ ਬੱਚਿਆਂ ਦੀ ਬਹੁਤ ਭਾਗੀਦਾਰੀ ਵਧਾਉਣ ਲਈ ਬੋਰੀ ਦੌੜ, ਨਿੰਬੂ ਚਮਚਾ ਦੌੜ ਤੇ ਹੋਰ ਬਹੁਤ ਸਾਰੇ ਮੁਕਾਬਲੇ ਕਰਵਾਏ ਗਏ।ਸਪੋਰਟਸ ਡੇਅ ਦੀ ਖਾਸ ਗੱਲ ਇਹ ਰਹੀ ਕਿ ਬਹੁਤ ਸਾਰੇ ਬੱਚਿਆਂ ਦੇ ਮਾਤਾ-ਪਿਤਾ ਬੱਚਿਆਂ ਦੇ ਖੇਡ ਮੁਕਾਬਲੇ ਦੇਖਣ ਲਈ ਸਕੂਲ ਵਿੱਚ ਹਾਜ਼ਰ ਸਨ।ਬੱਚਿਆਂ ਦੇ ਮਾਤਾ-ਪਿਤਾ ਦੀਆਂ ਟੀਮਾਂ ਨੇ ਵੀ ਰੱਸਾ ਖਿੱਚਣ ਮੁਕਾਬਲੇ 'ਚ ਭਾਗ ਲਿਆ।ਬੱਚਿਆਂ ਦੇ ਮਾਪਿਆਂ ਨੇ ਇਹੋ ਜਿਹੇ ਮੁਕਾਬਲੇ ਸਕੂਲਾਂ ਵਿੱਚ ਕਰਨ ਲਈ ਸਕੂਲ ਮੈਨੇਜਮੈਂਟ ਕਮੇਟੀ, ਸਕੂਲ ਵੈੱਲਫੇਅਰ ਕਮੇਟੀ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ।ਬੱਚਿਆਂ ਨੂੰ ਵੱਖ-ਵੱਖ ਫਲ ਵੰਡ ਕੇ ਰਿਫਰੈਸ਼ਮੈਂਟ ਦਿੱਤੀ ਗਈ।ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਮਨਜੀਤ ਸਿੰਘ, ਗਿਆਨ ਸਿੰਘ ਭੁੱਲਰ, ਸਰਪੰਚ ਹਰਦੀਪ ਕੌਰ ਵੱਲੋਂ ਨਰਸਰੀ ਤੋਂ ਲੈ ਕੇ ਅੱਠਵੀਂ ਤੱਕ ਦੇ ਬੱਚਿਆਂ ਨੂੰ ਮੈਡਲ ਤੇ ਸਰਟੀਫਿਕੇਟ ਵੰਡੇ ਗਏ।ਸਕੂਲ ਵਿੱਚ ਖੇਡਾਂ ਦਾ ਵਧੀਆ ਪ੍ਰਬੰਧ ਕਰਨ ਲਈ ਖੇਡ ਇੰਚਾਰਜ ਕਰਮਜੀਤ ਕੌਰ ਨੇ ਬਿੱਟੂ ਸਿੰਘ, ਰਣਜੀਤ ਸਿੰਘ, ਕਾਕਾ ਸਿੰਘ, ਸੁਨੀਲ ਕੁਮਾਰ, ਚਰਨਜੀਤ ਕੌਰ, ਸਤਪਾਲ ਕੌਰ, ਰੇਨੂੰ ਸਿੰਗਲਾ ਦਾ ਵਿਸ਼ੇਸ਼ ਧੰਨਵਾਦ ਕੀਤਾ।ਬੱਚਿਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਪੰਚਾਇਤ ਵੱਲੋਂ ਰਛਪਾਲ ਸਿੰਘ, ਸੁਖਦੇਵ ਸਿੰਘ, ਲਖਵਿੰਦਰ ਸਿੰਘ, ਕੁਲਦੀਪ ਕਾਲੀ, ਰਣਜੋਧ ਸਿੰਘ, ਸਾਬਕਾ ਸਰਪੰਚ ਕੁਲਦੀਪ ਕੌਰ, ਗੁਰਚਰਨ ਸਿੰਘ, ਸਰਜਾ ਸਿੰਘ ਤੇ ਹੋਰ ਬਹੁਤ ਸਾਰੇ ਪਤਵੰਤੇ ਸੱਜਣ ਹਾਜ਼ਰ ਰਹੇ।ਇਹ ਜਾਣਕਾਰੀ ਸੁਖਪਾਲ ਸਿੰਘ ਨੇ ਸਾਂਝੀ ਕੀਤੀ।

## ਸੁਤੰਤਰਤਾ ਸੰਗਰਾਮੀ ਸ੍ਰ. ਸੰਤੋਖ ਸਿੰਘ ਮਾਰਗ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ)**-ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਨੇ ਸੁਤੰਤਰਤਾ ਸੰਗਰਾਮੀ ਸ੍ਰ. ਸੰਤੋਖ ਸਿੰਘ ਮਾਰਗ ਦਾ ਉਦਘਾਟਨ ਕੀਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਸਮਾਜਿਕ ਸੰਸਥਾਵਾਂ ਦੇ ਪ੍ਰਤੀਨਿਧੀ ਤੇ ਇਲਾਕਾ ਵਾਸੀ ਹਾਜ਼ਰ ਰਹੇ।ਰਿਬਨ ਕੱਟਣ ਦੀ ਰਸਮ ਤੋਂ ਬਾਅਦ ਸੁਤੰਤਰਤਾ ਸੰਗਰਾਮੀਆਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ।ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸ੍ਰ. ਸੰਤੋਖ ਸਿੰਘ ਵਰਗੇ ਮਹਾਨ ਯੋਧਿਆਂ ਦੀ ਯਾਦ ਨੂੰ ਸਦੀਵੀ ਬਣਾਉਣ ਲਈ ਇਹ ਇੱਕ ਛੋਟਾ ਜਿਹਾ ਯਤਨ ਹੈ।ਉਨ੍ਹਾਂ ਕਿਹਾ ਕਿ ਆਜ਼ਾਦੀ ਦੀ ਲੜਾਈ ਵਿੱਚ ਉਨ੍ਹਾਂ ਦਾ ਯੋਗਦਾਨ ਸਾਡੀ ਆਉਣ ਵਾਲੀ ਪੀੜ੍ਹੀ ਲਈ ਪ੍ਰੇਰਨਾ ਸਰੋਤ ਰਹੇਗਾ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਦੇ ਨਾਲ-ਨਾਲ ਇਤਿਹਾਸਕ ਸ਼ਖ਼ਸੀਅਤਾਂ ਨੂੰ ਸਨਮਾਨ ਦੇਣਾ ਸਾਡੀ ਜ਼ਿੰਮੇਵਾਰੀ ਹੈ।ਇਸ ਮਾਰਗ ਦੇ ਬਣਨ ਨਾਲ ਇਲਾਕਾ ਵਾਸੀਆਂ ਨੂੰ ਆਵਾਜਾਈ ਵਿੱਚ ਸੁਵਿਧਾ ਮਿਲੇਗੀ ਤੇ ਸ਼ਹਿਰ ਦੀ ਸੁੰਦਰਤਾ ਵਿੱਚ ਵੀ ਵਾਧਾ ਹੋਵੇਗਾ।ਇਸ ਮੌਕੇ ਗੁਰਪ੍ਰੀਤ ਸਿੰਘ ਕੋਹਲੀ, ਜ਼ਿਲ੍ਹਾ ਪ੍ਰਧਾਨ ਅਮਰਪ੍ਰੀਤ ਸਿੰਘ, ਸੁਤੰਤਰਤਾ ਸੰਗਰਾਮੀ ਉੱਤਰਾਧਿਕਾਰੀ ਐਸੋਸੀਏਸ਼ਨ 234 (ਰਜਿਸਟਰਡ), ਵਾਰਡ ਨੰਬਰ 46 ਤੋਂ ਐੱਮ ਸੀ ਜਗਤਾਰ ਸਿੰਘ ਤਾਰੀ, ਵਾਰਡ ਨੰਬਰ 51 ਤੋਂ ਐੱਮ ਸੀ ਕਿਰਨ ਅਹੂਜਾ ਤੇ ਜਸਬੀਰ ਸਿੰਘ ਬਿੱਟੂ ਤੋਂ ਇਲਾਵਾ ਇਲਾਕਾ ਵਾਸੀ ਮੌਜੂਦ ਸਨ।

## ਬੀ ਕੇ ਯੂ ਕਾਦੀਆਂ ਦੀ ਮਹੀਨਾਵਾਰ ਮੀਟਿੰਗ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਗੁਰਿੰਦਰ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਿਸਾਨੀ ਮਸਲਿਆਂ ਬਾਰੇ ਵਿਚਾਰ ਚਰਚਾ ਕਰਦੇ ਹੋਏ ਸਰਕਾਰ ਤੋਂ ਮੰਗ ਕੀਤੀ ਕਿ ਬਾਜ਼ਾਰ ਵਿੱਚ ਨਕਲੀ ਦੁੱਧ ਬਹੁਤ ਵੱਡੀ ਮਾਤਰਾ ਵਿੱਚ ਵਿਕ ਰਿਹਾ ਹੈ, ਜਿਸ ਨਾਲ ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ ਅਤੇ ਦੁੱਧ ਉਤਪਾਦਨ ਕਰਨ ਵਾਲੇ ਲੋਕਾਂ ਨੂੰ ਆਰਥਿਕ ਤੌਰ 'ਤੇ ਘਾਟਾ ਪੈ ਰਿਹਾ ਹੈ। ਸਰਕਾਰ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ।ਖੇਤੀ ਸੈਕਟਰ ਨੂੰ ਮਿਲਣ ਵਾਲੀ ਬਿਜਲੀ ਦੀ ਸਪਲਾਈ ਵਿੱਚ ਪਾਵਰ ਕੱਟ ਦੇ ਨਾਮ 'ਤੇ ਜੋ ਕੱਟ ਲਗਦੇ ਹਨ, ਉਹ ਬੰਦ ਕੀਤੇ ਜਾਣ ਤੇ ਕਿਸਾਨਾਂ ਨੂੰ ਨਿਰਵਿਘਨ ਸਪਲਾਈ ਦਿੱਤੀ ਜਾਵੇ।ਚਿੱਪ ਵਾਲੇ ਮੀਟਰ ਬੰਦ ਕਰ ਕੀਤੇ ਜਾਣ।2020-21 ਵਾਲੇ ਕਿਸਾਨ ਅੰਦੋਲਨ ਵਿਚ ਸ਼ਹੀਦ ਹੋਏ ਕਿਸਾਨ ਪਰਵਾਰ, ਜੋ ਨੌਕਰੀਆਂ ਤੋਂ ਰਹਿ ਗਏ ਹਨ, ਉਨ੍ਹਾਂ ਪਰਵਾਰਾਂ ਨੂੰ ਤੁਰੰਤ ਨੌਕਰੀਆਂ ਦਿੱਤੀਆਂ ਜਾਣ।ਇਸ ਸਮੇਂ ਮਨਦੀਪ ਸਿੰਘ ਮੀਤ ਪ੍ਰਧਾਨ, ਮਹਿੰਦਰ ਸਿੰਘ ਵਧਾਉਣ ਮੀਤ ਪ੍ਰਧਾਨ, ਜੋਗਾ ਸਿੰਘ ਕਮੇਟੀ ਮੈਂਬਰ, ਬਲਦੇਵ ਸਿੰਘ ਕਮੇਟੀ ਮੈਂਬਰ, ਹਰਵਿੰਦਰ ਸਿੰਘ ਵਿੱਤ ਸਕੱਤਰ, ਗੁਰਬੰਸ ਸਿੰਘ ਜੰਗ ਮੁੱਖ ਸਕੱਤਰ, ਜਰਨੈਲ ਸਿੰਘ ਖਲਚੀਆਂ ਮੀਤ ਪ੍ਰਧਾਨ, ਬਲਜੀਤ ਸਿੰਘ ਭੰਗਾਲੀ ਬਲਾਕ ਪ੍ਰਧਾਨ, ਗੁਰਮੇਲ ਸਿੰਘ ਬਲਾਕ ਪ੍ਰਧਾਨ, ਜਸਬੀਰ ਸਿੰਘ ਬਲਾਕ ਪ੍ਰਧਾਨ, ਜਰਨੈਲ ਸਿੰਘ ਮੀਤ ਪ੍ਰਧਾਨ ਆਦਿ ਕਿਸਾਨ ਆਗੂ ਹਾਜ਼ਰ ਸਨ।

## ਸਟੀਫਨ ਸਕੂਲ ਵੱਲੋਂ ਬਜਟ 'ਤੇ ਜਾਣਕਾਰੀ ਭਰਪੂਰ ਸੈਸ਼ਨ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸਟੀਫਨ ਇੰਟਰਨੈਸ਼ਨਲ ਸਕੂਲ ਵੱਲੋਂ ਕਲਾਸ +1 ਤੇ +2 ਦੇ ਵਿਦਿਆਰਥੀਆਂ ਲਈ ਯੂਨੀਅਨ ਬਜਟ ਬਾਰੇ ਇਕ ਜਾਣਕਾਰੀ ਪੂਰਨ ਸੈਸ਼ਨ ਆਯੋਜਿਤ ਕੀਤਾ ਗਿਆ।ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਦੇਸ਼ ਦੀਆਂ ਆਰਥਿਕ ਨੀਤੀਆਂ, ਵਿੱਤੀ ਯੋਜਨਾ ਬਣਾਉਣ ਤੇ ਬਜਟ ਦੇ ਵੱਖ-ਵੱਖ ਖੇਤਰਾਂ 'ਤੇ ਪ੍ਰਭਾਵ ਬਾਰੇ ਜਾਣੂ ਕਰਵਾਉਣਾ ਸੀ।ਇਹ ਸੈਸ਼ਨ ਪ੍ਰਸਿੱਧ ਚਾਰਟਰਡ ਅਕਾਊਂਟੈਂਟ ਸੀ. ਏ. ਰਾਜੀਵ ਬੰਸਲ ਵੱਲੋਂ ਪ੍ਰਸਤੁਤ ਕੀਤਾ ਗਿਆ।ਉਨ੍ਹਾਂ ਨੇ ਬਜਟ ਦੇ ਮੁੱਖ ਬਿੰਦੂਆਂ ਨੂੰ ਸਧਾਰਨ ਤੇ ਸਮਝਣਯੋਗ ਢੰਗ ਨਾਲ ਸਮਝਾਇਆ।ਉਨ੍ਹਾਂ ਕਰ ਪ੍ਰਣਾਲੀ (ਟੈਕਸੇਸ਼ਨ), ਸਰਕਾਰੀ ਖਰਚ, ਆਰਥਿਕ ਵਿਕਾਸ ਤੇ ਬਜਟ ਦੇ ਆਮ ਜਨਤਾ ਅਤੇ ਵਪਾਰ 'ਤੇ ਪੈਣ ਵਾਲੇ ਪ੍ਰਭਾਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ।ਵਿਦਿਆਰਥੀਆਂ ਨੇ ਇਸ ਸੈਸ਼ਨ ਵਿੱਚ ਬੜੀ ਰੁਚੀ ਨਾਲ ਭਾਗ ਲਿਆ।ਇਸ ਮੌਕੇ ਪ੍ਰਿੰਸਿਪਲ ਡਾਇਰੈਕਟਰ ਮੈਡਮ ਮੋਨਿਕਾ ਸ਼ਰਮਾ ਨੇ ਸੀ. ਏ. ਰਾਜੀਵ ਬੰਸਲ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਲਈ ਵਿੱਤੀ ਸਾਖਰਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਚੇਅਰਮੈਨ ਦੀਪਕ ਕੁਮਾਰ ਨੇ ਵੀ ਇਸ ਪਹਿਲ ਦੀ ਸਰਾਹਣਾ ਕੀਤੀ ਤੇ ਵਿਦਿਆਰਥੀਆਂ ਨੂੰ ਦੇਸ਼ ਦੀ ਆਰਥਿਕ ਜਾਣਕਾਰੀ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

## ਹਲਕਾ ਸਮਾਣਾ 'ਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਵੱਡੀ ਮਜ਼ਬੂਤੀ, ਦਰਜਨਾਂ ਪਰਵਾਰ ਸ਼ਾਮਲ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਹਲਕਾ ਸਮਾਣਾ ਦੇ ਪਿੰਡ ਰਣਬੀਰਪੁਰਾ ਵਿਖੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ ਜਦੋਂ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਖਾਸ ਤੌਰ 'ਤੇ ਪਹੁੰਚੇ। ਇਸ ਮੌਕੇ ਕਈ ਪ੍ਰਮੁੱਖ ਸ਼ਖ਼ਸੀਅਤਾਂ ਤੇ ਦਰਜਨਾਂ ਪਰਵਾਰਾਂ ਨੇ ਪਾਰਟੀ ਵਿੱਚ ਸ਼ਾਮਲ ਹੋ ਕੇ ਆਪਣਾ ਸਮਰਥਨ ਦਿੱਤਾ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸਾਬਕਾ ਜੀ ਐੱਮ (ਪੀ ਆਰ ਟੀ ਸੀ) ਮਨਜਿੰਦਰ ਸਿੰਘ ਹੁੰਦਲ, ਸਾਬਕਾ ਜੇ ਈ (ਬਿਜਲੀ ਬੋਰਡ) ਬਲਜਿੰਦਰ ਸਿੰਘ, ਬਾਬਾ ਅਮਰ ਸਿੰਘ ਤੇ ਹੋਰ ਕਈ ਪਰਵਾਰ ਸ਼ਾਮਲ ਸਨ।ਪਾਰਟੀ ਵਿੱਚ ਆਉਣ 'ਤੇ ਸੁਰਜੀਤ ਸਿੰਘ ਰੱਖੜਾ ਵੱਲੋਂ ਸਭ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਿੱਚ ਹਰ ਇੱਕ ਵਰਕਰ ਤੇ ਆਗੂ ਨੂੰ ਬਣਦਾ ਮਾਨ ਸਨਮਾਨ ਦਿੱਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪਾਰਟੀ ਲੋਕਾਂ ਦੀ ਆਵਾਜ਼ ਬਣ ਕੇ ਮੈਦਾਨ ਵਿੱਚ ਡੱਟੀ ਹੋਈ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਮਜ਼ਬੂਤੀ ਨਾਲ ਉੱਭਰੇਗੀ।ਇਸ ਸਮਾਗਮ ਵਿੱਚ ਸਾਬਕਾ ਚੇਅਰਮੈਨ ਜਸਪਾਲ ਸਿੰਘ ਕਲਿਆਣ, ਕੁਲਦੀਪ ਸਿੰਘ ਆੜ੍ਹਤੀਆ, ਸੁਖਵਿੰਦਰ ਸਿੰਘ ਅੰਟਾਲ, ਇਕਬਾਲ ਸਿੰਘ ਰਣਬੀਰਪੁਰਾ, ਰਘਬੀਰ ਕਲਿਆਣ, ਰਣਜੀਤ ਸਿੰਘ, ਰਵਿੰਦਰ ਸਿੰਘ ਅੰਟਾਲ, ਸੁਖਵੰਤ ਸਿੰਘ ਗਿੱਲ, ਮੋਤੀ ਲਾਲ ਸ਼ਰਮਾ, ਰਿੰਕੂ ਗਿੱਲ, ਪ੍ਰਮਜੀਤ ਸਿੰਘ ਜੇ ਈ, ਰਣਜੋਧ ਸਿੰਘ ਭਿੰਡਰ, ਗੁਰਦੇਵਜੀਤ ਸਿੰਘ ਮੈਂਬਰ, ਨਿਰਪਾਲ ਸਿੰਘ ਭਿੰਡਰ, ਗੁਰਬਖਸ਼ ਸਿੰਘ ਮੈਂਬਰ, ਸੁਖਵਿੰਦਰ ਸਿੰਘ ਮੈਂਬਰ, ਮਨਜੀਤ ਸਿੰਘ ਮੀਤਾ, ਰਾਜਵੀਰ ਸਿੰਘ ਰਿੰਕਲ, ਗਿੰਦਰ ਮੈਂਬਰ ਤੇ ਹੋਰ ਪਤਵੰਤੇ ਸੱਜਣ ਮੌਜੂਦ ਰਹੇ।

## ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਕੋਟਕਪੂਰਾ ਦੇ ਮੋਹਰ ਸਿੰਘ ਗਿੱਲ ਬਣੇ ਪ੍ਰਧਾਨ

■ ਜਲਦ ਪੱਤਰਕਾਰਤਾ ਵਿਸ਼ੇ 'ਤੇ ਸੈਮੀਨਾਰ ਕਰਵਾਉਣ ਦਾ ਫੈਸਲਾ



**ਕੋਟਕਪੂਰਾ (ਰਛਪਾਲ ਭੁੱਲਰ)**

ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਇਕਾਈ ਕੋਟਕਪੂਰਾ ਦੀ ਜਨਰਲ ਮੀਟਿੰਗ ਦੌਰਾਨ ਮੋਹਰ ਸਿੰਘ ਗਿੱਲ ਨੂੰ ਸਰਬਸੰਮਤੀ ਨਾਲ ਅਗਲੇ ਸਾਲ ਲਈ ਪ੍ਰਧਾਨ ਚੁਣ ਲਿਆ ਗਿਆ।ਉਨ੍ਹਾਂ ਦਾ ਨਾਮ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਪ੍ਰਪੋਜ਼ ਕੀਤਾ, ਜਦਕਿ ਮੇਘ ਰਾਜ ਸ਼ਰਮਾ ਵੱਲੋਂ ਤਾਈਦ ਕੀਤੀ ਗਈ, ਉਸ ਤੋਂ ਬਾਅਦ ਸਾਰਿਆਂ ਨੇ ਹੱਥ ਖੜੇ ਕਰਕੇ ਤੇ ਤਾੜੀਆਂ ਮਾਰ ਕੇ ਪ੍ਰਵਾਨਗੀ ਦਿੱਤੀ।ਹਰਪ੍ਰੀਤ ਸਿੰਘ ਚਾਨਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੀ ਸ਼ੁਰੂਆਤ ਹਰਪ੍ਰੀਤ ਸਿੰਘ ਚਾਨਾ ਦੀ ਸਤਿਕਾਰਤ ਮਾਤਾ ਜੀ ਦੀ ਯਾਦ ਵਿੱਚ ਉਨ੍ਹਾ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮੋਨ ਰੱਖਣ ਨਾਲ ਹੋਈ। ਆਪਣੇ ਸੰਬੋਧਨ ਦੌਰਾਨ ਹਰਪ੍ਰੀਤ ਸਿੰਘ ਚਾਨਾ ਨੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਨ੍ਹਾਂ ਵੱਲੋਂ ਮਿਲੇ ਸਹਿਯੋਗ ਦਾ ਮੈਂ ਹਮੇਸ਼ਾ ਰਿਣੀ ਰਹਾਂਗਾ।ਤਰਸੇਮ ਚਾਨਣਾ ਵੱਲੋਂ ਪੇਸ਼ ਕੀਤੇ ਕੁਝ ਮਤਿਆਂ ਨੂੰ ਵੀ ਸਰਬਸੰਮਤੀ ਨਾਲ ਪਾਸ ਕੀਤਾ ਗਿਆ।ਚਮਨ ਗਰਗ ਰਿੰਕੀ ਤੇ ਸੁਰਿੰਦਰ ਦਮਦਮੀ ਮੁਤਾਬਿਕ ਚਾਰ ਨਵੇਂ ਮੈਂਬਰਾਂ ਨੂੰ ਯੂਨੀਅਨ ਵਿੱਚ ਸ਼ਾਮਲ ਕਰਨ ਦੀ ਵੀ ਹਾਊਸ ਨੇ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ।ਤਰਸੇਮ ਬਿੱਟਾ, ਮਨਵਰ ਸ਼ਰਮਾ, ਗੁਰਮੀਤ ਸਿੰਘ ਮੀਤਾ ਤੇ ਚੰਦਰ ਗਰਗ ਸਮੇਤ ਕੁਝ ਮੈਂਬਰਾਂ ਵੱਲੋਂ ਮਿਲੇ ਸੁਝਾਵਾਂ ਉੱਪਰ ਵੀ ਵਿਚਾਰ ਕਰਨ ਦੀ ਸਹਿਮਤੀ ਬਣੀ।ਡਾ. ਭਾਵਿਤ ਗੋਇਲ, ਗਗਨਦੀਪ ਜਿੰਦਲ ਤੇ ਗੁਰਮੀਤ ਸਿੰਘ ਫੋਟੋਜੈਨਿਕ ਮੁਤਾਬਿਕ ਮੋਹਰ ਸਿੰਘ ਗਿੱਲ ਨੂੰ ਨਵੀਂ ਕਾਰਜਕਾਰਨੀ ਬਣਾਉਣ ਦੇ ਅਧਿਕਾਰ ਦਿੱਤੇ ਗਏ।ਹੁਕਮ ਚੰਦ ਬੀਏ ਤੇ ਗੁਰਦੀਪ ਸਿੰਘ ਗੋਲਡਨ ਨੇ ਦੱਸਿਆ ਕਿ ਯੂਨੀਅਨ ਵਿੱਚ ਹੋਰ ਨਵੇਂ ਮੈਂਬਰ ਸ਼ਾਮਲ ਕਰਨ ਲਈ ਕੁਝ ਸ਼ਰਤਾਂ ਵੀ ਰੱਖੀਆਂ ਗਈਆਂ।ਬਤੌਰ ਜਨਰਲ ਸਕੱਤਰ ਸੇਵਾਵਾਂ ਨਿਭਾਉਣ ਮੌਕੇ ਦੀਆਂ ਗਤੀਵਿਧੀਆਂ ਦਾ ਲੇਖਾ ਜੋਖਾ ਬਿਆਨ ਕਰਨ ਮੌਕੇ ਮੋਹਰ ਸਿੰਘ ਗਿੱਲ ਨੇ ਦੱਸਿਆ ਕਿ ਉਨ੍ਹਾ ਨੇ ਜਥੇਬੰਦੀ ਦਾ ਇਕ ਇਕ ਪੈਸਾ ਸਹੀ ਢੰਗ ਨਾਲ ਖਰਚਣ 'ਤੇ ਜ਼ੋਰ ਦਿੱਤਾ। ਉਨ੍ਹਾਂ ਦੱਸਿਆ ਕਿ ਜਥੇਬੰਦੀ ਦੇ ਪ੍ਰਧਾਨ ਜੈ ਸਿੰਘ ਛਿੱਬਰ, ਚੇਅਰਮੈਨ ਬਲਬੀਰ ਸਿੰਘ ਜੰਡੂ, ਰਾਸ਼ਟਰੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਤੇ ਜਨਰਲ ਸਕੱਤਰ ਸੰਤੋਖ ਗਿੱਲ ਵੱਲੋਂ ਕੋਟਕਪੂਰਾ ਵਿਖੇ ਪੱਤਰਕਾਰਤਾ ਦੇ ਵਿਸ਼ੇ 'ਤੇ ਸੈਮੀਨਾਰ ਕਰਵਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਅਗਾਮੀ ਦਿਨਾਂ ਵਿੱਚ ਵਿਚਾਰ ਕਰਕੇ ਉਕਤ ਸੈਮੀਨਾਰ ਦੀ ਤਰੀਕ ਨਿਸ਼ਚਿਤ ਕਰ ਦਿੱਤੀ ਜਾਵੇਗੀ।ਉਨ੍ਹਾ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਜਾਣ 'ਤੇ ਸਮੁੱਚੇ ਹਾਊਸ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਜਥੇਬੰਦੀ ਦੀ ਮਜ਼ਬੂਤੀ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।ਇਸ ਮੌਕੇ ਸੁਖਮੰਦਰ ਸਿੰਘ ਬਰਾੜ, ਰਾਹੁਲ ਸਿੰਗਲਾ, ਡਾ. ਰਣਜੀਤ ਸਿੰਘ ਸਿੱਧੂ ਤੇ ਬਲਜਿੰਦਰ ਸਿੰਘ ਬਰਾੜ ਨੂੰ ਨਵੇਂ ਮੈਂਬਰਾਂ ਦੇ ਤੌਰ 'ਤੇ ਸ਼ਾਮਲ ਕਰਨ ਦੀ ਪ੍ਰਵਾਨਗੀ ਮਿਲਣ ਤੋਂ ਬਾਅਦ ਉਨ੍ਹਾ ਨੂੰ ਮੁਬਾਰਕਬਾਦ ਦਿੱਤੀ ਗਈ।

## ਯੂਥ ਕਲੱਬ ਯੁਵਕ ਸੇਵਾਵਾਂ ਕਾਰਗੁਜ਼ਾਰੀ ਰਿਪੋਰਟ ਜਮ੍ਹਾਂ ਕਰਵਾਉਣ : ਡੀ ਸੀ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਯੂਥ ਕਲੱਬ ਐਫੀਲੀਏਸ਼ਨ ਪਾਲਿਸੀ 2025 ਦੇ ਮੁਤਾਬਿਕ (ਗੈਰ-ਸਰਗਰਮ) ਯੂਥ ਕਲੱਬਾਂ ਨੂੰ ਰੱਦ ਕਰਨਾ ਦਾ ਫੈਸਲਾ ਲਿਆ ਗਿਆ ਹੈ, ਜਿਸ ਦੇ ਲਈ 21 ਜਨਵਰੀ 2026 ਨੂੰ ਪਬਲਿਕ ਨੋਟਿਸ ਜਾਰੀ ਹੋ ਚੁੱਕਿਆ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦਿੱਤੀ।ਉਨ੍ਹਾਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ 487 ਦੇ ਕਰੀਬ ਰਜਿਸਟਰਡ ਯੂਥ ਕਲੱਬਾਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਫਤਿਹਗੜ੍ਹ ਸਾਹਿਬ ਦੇ ਦਫ਼ਤਰ (ਖੇਡ ਸਟੇਡੀਅਮ ਮਾਧੋਪੁਰ) ਵਿੱਚ ਪਹੁੰਚ ਕੇ ਪੰਜਾਬ ਸਰਕਾਰ ਵੱਲੋਂ ਜਾਰੀ ਨੋਟਿਸ ਦੀ ਪਾਲਣਾ ਹਿੱਤ 45 ਦਿਨ ਦੇ ਅੰਦਰ-ਅੰਦਰ ਆਪਣੇ ਕਲੱਬ ਦੀ ਪਿਛਲੇ ਤਿੰਨ ਸਾਲਾਂ (2023 ਤੋਂ 24, 2024 ਤੋਂ 25 ਤੇ 2025 ਤੋਂ 26) ਦੀ ਕਾਰਗੁਜ਼ਾਰੀ ਦਾ ਵੇਰਵਾ ਸਬੂਤਾਂ ਸਹਿਤ ਮੁਹੱਈਆ ਕਰਵਾਇਆ ਜਾਵੇ।ਉਨ੍ਹਾਂ ਦੱਸਿਆ ਕਿ ਭਵਿੱਖ ਅੰਦਰ ਨਵੀਂ ਯੂਥ ਪਾਲਿਸੀ ਤਹਿਤ ਕਲੱਬਾਂ ਵੱਲੋਂ ਕਾਰਗੁਜ਼ਾਰੀ ਰਿਪੋਰਟ ਨਿਰਧਾਰਤ ਸਮੇਂ ਅੰਦਰ ਜਮ੍ਹਾਂ ਕਰਵਾਉਣੀ ਜ਼ਰੂਰੀ ਹੋਵੇਗੀ।ਉਨ੍ਹਾਂ ਕਿਹਾ ਕਿ ਯੁਵਕ ਸੇਵਾਵਾਂ ਵਿਭਾਗ ਵੱਲੋਂ ਕਾਰਗੁਜ਼ਾਰੀ ਰਿਪੋਰਟ ਮਿਲਣ ਤੋਂ ਬਾਅਦ ਰਜਿਸਟਰਡ ਯੂਥ ਕਲੱਬਾਂ ਦੀ ਸਮੀਖਿਆ ਕੀਤੀ ਜਾਵੇਗੀ।

## ਹੋਲੀ ਹਾਰਟ ਸਕੂਲ 'ਚ ਵਿਦਾਇਗੀ ਪਾਰਟੀ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵੱਲੋਂ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਸਕੂਲੀ ਜੀਵਨ ਦੀਆਂ ਯਾਦਾਂ ਨਾਲ ਭਰਪੂਰ ਵਿਦਾਇਗੀ ਦੇਣ ਲਈ ਤਾਜ ਹੋਟਲ ਵਿੱਚ ਇੱਕ ਭਵਿਆ ਤੇ ਯਾਦਗਾਰ ਵਿਦਾਇਗੀ ਪਾਰਟੀ ਕੀਤੀ ਗਈ।ਇਸ ਵਿਦਾਇਗੀ ਸਮਾਰੋਹ ਦਾ ਮੁੱਖ ਉਦੇਸ਼ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਵੇਂ ਜੀਵਨ ਦੇ ਸਫਰ ਲਈ ਸ਼ੁੱਭ-ਕਾਮਨਾਵਾਂ ਦੇਣਾ ਤੇ ਸਕੂਲ ਵਿੱਚ ਬਿਤਾਏ ਪਲਾਂ ਨੂੰ ਯਾਦਗਾਰ ਬਣਾਉਣਾ ਸੀ।ਸਮਾਰੋਹ ਦੀ ਸ਼ੁਰੂਆਤ ਸਕੂਲ ਦੇ ਅਧਿਆਪਕਾਂ ਵੱਲੋਂ ਸਵਾਗਤੀ ਭਾਸ਼ਣ ਨਾਲ ਕੀਤੀ ਗਈ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ਼ਾਕਸੀ ਗੁਲੇਰੀਆ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬਾਰਵੀਂ ਕਲਾਸ ਦਾ ਸਮਾਂ ਵਿਦਿਆਰਥੀਆਂ ਲਈ ਜੀਵਨ ਦਾ ਸਭ ਤੋਂ ਮਹੱਤਵਪੂਰਨ ਦੌਰ ਹੁੰਦਾ ਹੈ, ਕਿਉਂਕਿ ਇਹ ਸਮਾਂ ਉਨ੍ਹਾਂ ਦੇ ਭਵਿੱਖ ਦੀ ਨੀਂਹ ਰੱਖਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸਦਾ ਮਿਹਨਤ ਕਰਨ, ਅਨੁਸ਼ਾਸਨ ਵਿੱਚ ਰਹਿਣ ਤੇ ਆਪਣੇ ਮਾਪਿਆਂ ਤੇ ਸਕੂਲ ਦਾ ਨਾਮ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ।ਵਿਦਾਇਗੀ ਪਾਰਟੀ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।ਬੱਚਿਆਂ ਨੇ ਗੀਤ, ਨਾਟਕ ਤੇ ਮਨੋਰੰਜਕ ਖੇਡਾਂ ਰਾਹੀਂ ਸਮਾਰੋਹ ਨੂੰ ਖੁਸ਼ੀਆਂ ਨਾਲ ਭਰ ਦਿੱਤਾ।ਸਾਰੇ ਵਿਦਿਆਰਥੀਆਂ ਨੇ ਆਪਣੀ ਕਲਾ ਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸਮਾਰੋਹ ਦੇ ਅੰਤ ਵਿੱਚ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸੀ ਗੁਲੇਰੀਆ ਵੱਲੋਂ ਵਿਦਿਆਰਥੀਆਂ ਨੂੰ ਯਾਦਗਾਰੀ ਤੋਹਫ਼ੇ ਤੇ ਸ਼ੁੱਭ-ਕਾਮਨਾਵਾਂ ਪੱਤਰ ਭੇਟ ਕੀਤੇ ਗਏ।ਇਸ ਤੋਂ ਇਲਾਵਾ ਸਾਰਿਆਂ ਨੇ ਇਕੱਠੇ ਹੋ ਕੇ ਯਾਦਗਾਰ ਤਸਵੀਰਾਂ ਖਿੱਚਵਾਈਆਂ ਤੇ ਖੁਸ਼ੀਆਂ ਨਾਲ ਭਰੇ ਪਲਾਂ ਨੂੰ ਸਾਂਝਾ ਕੀਤਾ।

## ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੇ ਵਿੱਤ ਸਕੱਤਰ ਦਾ ਦੇਹਾਂਤ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੇਂਡੂ ਸਾਹਿਤ ਸਭਾ ਰਜਿ. ਬਾਲਿਆਂਵਾਲੀ ਦੀ ਸ਼ੋਕ ਮੀਟਿੰਗ ਸਭਾ ਦੇ ਪ੍ਰਧਾਨ ਸੁਖਦਰਸ਼ਨ ਗਰਗ ਦੀ ਪ੍ਰਧਾਨਗੀ ਹੇਠ ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ, ਬ੍ਰਿਗੇਡੀਅਰ ਬੰਤ ਸਿੰਘ ਮੈਮੋਰੀਅਲ ਸੁਵਿਧਾ ਕੇਂਦਰ ਤੇ ਕੰਪਿਊਟਰ ਸੈਂਟਰ ਬਾਲਿਆਂਵਾਲੀ ਵਿਖੇ ਹੋਈ। ਇਸ ਦੌਰਾਨ ਸਭਾ ਦੇ ਵਿੱਤ ਸਕੱਤਰ ਮਾਸਟਰ ਦਰਸ਼ਨ ਸਿੰਘ ਸਿੱਧੂ ਦੀ ਬੇਵਕਤੀ ਮੌਤ 'ਤੇ ਦੁੱਖ ਦਾ ਇਜ਼ਹਾਰ ਕੀਤਾ ਗਿਆ ਤੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

ਮੀਟਿੰਗ ਵਿੱਚ ਸਭਾ ਦੇ ਜਨਰਲ ਸਕੱਤਰ ਮਾਸਟਰ ਜਗਨ ਨਾਥ, ਸੀਨੀਅਰ ਮੀਤ ਪ੍ਰਧਾਨ ਸੱਤਪਾਲ ਸਿੰਘ ਗਿੱਲ, ਮੀਤ ਪ੍ਰਧਾਨ ਇੰਦਰ ਸਿੰਘ, ਪ੍ਰਚਾਰ ਸਕੱਤਰ ਗੁਰਤੇਜ ਸਿੰਘ, ਮੈਂਬਰ ਗੁਰਪ੍ਰੀਤ ਕੌਰ, ਹਰਜਿੰਦਰ ਕੌਰ, ਦੇਵ ਰਾਜ ਗੋਇਲ, ਗੁਰਮੇਲ ਸਿੰਘ ਮੇਲਾ, ਕੌਰ ਖਾਂ, ਪ੍ਰੈੱਸ ਸਕੱਤਰ ਕੁਲਦੀਪ ਮਤਵਾਲਾ ਤੇ ਨਸੀਬ ਚੰਦ ਸ਼ਰਮਾ, ਮਾਸਟਰ ਸਰਿੰਦਰ ਕੁਮਾਰ ਹਨੀ, ਗੁਰਮੀਤ ਕੁਮਾਰ, ਸਭਾ ਦੇ ਸਰਪ੍ਰਸਤ ਅਜਮੇਰ ਦੀਵਾਨਾ, ਸਾਬਕਾ ਪ੍ਰਧਾਨ ਜੀਤ ਸਿੰਘ ਚਹਿਲ ਤੇ ਹਰਪ੍ਰੀਤ ਸਿੰਘ ਸ਼ਾਮਲ ਸਨ। ਸਵ: ਮਾਸਟਰ ਦਰਸ਼ਨ ਸਿੰਘ ਸਿੱਧੂ ਦੀ ਅੰਤਿਮ ਅਰਦਾਸ 20 ਫ਼ਰਵਰੀ ਸ਼ੁਕਰਵਾਰ ਨੂੰ ਗੁਰਦੁਆਰਾ ਸਤ ਸੰਗਤ ਰਾਮਪੁਰਾ ਫੂਲ (ਨੇੜੇ ਪੁਲਸ ਚੌਕੀ) ਵਿਖੇ ਦੁਪਹਿਰ ਇੱਕ ਵਜੇ ਹੋਵੇਗੀ।

## ਹਰਪਾਲ ਸਿੰਘ ਚੀਮਾ ਨੇ ਵਧੀਕ ਸੈਸ਼ਨ ਜੱਜ ਜਗਜੀਤ ਸਿੰਘ ਕਲਸੀ ਦਾ ਕੀਤਾ ਸਨਮਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**

ਪੰਜਾਬ ਦੀ ਨਿਆਂਪਾਲਿਕਾ ਵਿੱਚ ਧੂਰੀ ਦਾ ਮਾਣ ਉਸ ਸਮੇਂ ਹੋਰ ਵੱਧ ਗਿਆ, ਜਦੋਂ ਜਗਜੀਤ ਸਿੰਘ ਕਲਸੀ ਨੇ ਵਧੀਕ ਸੈਸ਼ਨ ਜੱਜ ਵਜੋਂ ਨਿਯੁਕਤ ਹੋ ਕੇ ਇੱਕ ਮਹੱਤਵਪੂਰਨ ਪ੍ਰਾਪਤੀ ਹਾਸਲ ਕੀਤੀ।ਪੰਜਾਬ ਦੇ ਵਿੱਤ, ਯੋਜਨਾ ਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ੍ਰੀ ਕਲਸੀ ਨਾਲ ਮੁਲਾਕਾਤ ਕੀਤੀ।ਉਨ੍ਹਾਂ ਸ੍ਰੀ ਕਲਸੀ ਨੂੰ ਇਸ ਨਵੀਂ ਜ਼ਿੰਮੇਵਾਰੀ ਲਈ ਦਿਲੀ ਮੁਬਾਰਕਬਾਦ ਦਿੱਤੀ ਤੇ ਉਨ੍ਹਾਂ ਦੀਆਂ ਮਿਸਾਲੀ ਸੇਵਾਵਾਂ ਤੇ ਨਿਆਂਇਕ ਪ੍ਰਾਪਤੀਆਂ ਲਈ ਉਨ੍ਹਾਂ ਦਾ ਸਨਮਾਨ ਕੀਤਾ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜਗਜੀਤ ਸਿੰਘ ਕਲਸੀ ਵਰਗੇ ਮਿਹਨਤੀ, ਲਗਨਸ਼ੀਲ ਤੇ ਇਮਾਨਦਾਰ ਇਨਸਾਨਾਂ ਦਾ ਅਜਿਹੇ ਉੱਚੇ ਅਹੁਦਿਆਂ 'ਤੇ ਪਹੁੰਚਣਾ ਨੌਜਵਾਨ ਪੀੜ੍ਹੀ ਲਈ ਇੱਕ ਵੱਡਾ ਪ੍ਰੇਰਨਾ ਸਰੋਤ ਹੈ।ਉਨ੍ਹਾਂ ਕਿਹਾ ਕਿ ਬੇਹੱਦ ਮਾਣ ਵਾਲੀ ਗੱਲ ਹੈ ਕਿ ਇੱਥੋਂ ਦੇ ਇੱਕ ਜੰਮਪਲ ਨੇ ਆਪਣੀ ਕਾਬਲੀਅਤ ਤੇ ਸਖ਼ਤ ਮਿਹਨਤ ਦੇ ਦਮ 'ਤੇ ਨਿਆਂਇਕ ਸੇਵਾਵਾਂ ਵਿੱਚ ਇਹ ਵੱਕਾਰੀ ਰੁਤਬਾ ਹਾਸਲ ਕੀਤਾ ਹੈ।ਮੰਤਰੀ ਚੀਮਾ ਨੇ ਉਮੀਦ ਪ੍ਰਗਟਾਈ ਕਿ ਸ੍ਰੀ ਕਲਸੀ ਆਪਣੀ ਨਵੀਂ ਸੰਵਿਧਾਨਕ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਨਿਰਪੱਖਤਾ ਤੇ ਪਾਰਦਰਸ਼ਤਾ ਨਾਲ ਨਿਭਾਉਂਦੇ ਹੋਏ ਸਮਾਜ ਨੂੰ ਬਰਾਬਰ ਇਨਸਾਫ਼ ਪ੍ਰਦਾਨ ਕਰਨਗੇ।ਸੰਖੇਪ ਸਮਾਗਮ ਦੌਰਾਨ ਜਿੱਥੇ ਚਾਰੇ ਪਾਸੇ ਖ਼ੁਸ਼ੀ ਦਾ ਮਾਹੌਲ ਸੀ, ਉੱਥੇ ਸ੍ਰੀ ਕਲਸੀ ਦੇ ਪਰਵਾਰਕ ਮੈਂਬਰ ਵੀ ਬੇਹੱਦ ਫ਼ਖ਼ਰ ਮਹਿਸੂਸ ਕਰ ਰਹੇ ਸਨ।ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਮਨਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਉਨ੍ਹਾਂ ਤੋਂ ਇਲਾਵਾ ਅਮਰਿੰਦਰ ਸਿੰਘ, ਵਿਕਾਸ ਕੁਰੈਸ਼ੀ ਤੇ ਸਰਬਜੀਤ ਸਿੰਘ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਵੀ ਸ਼ਿਰਕਤ ਕੀਤੀ ਅਤੇ ਸ੍ਰੀ ਕਲਸੀ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਆਪਣੀ ਖ਼ੁਸ਼ੀ ਸਾਂਝੀ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

## ਮਾਤਾ ਗੁਜਰੀ ਕਾਲਜ ਵਿਖੇ ਵਿਸ਼ੇਸ਼ ਗੈਸਟ ਲੈਕਚਰ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਮੈਨੇਜਮੈਂਟ ਸਟੱਡੀਜ਼ ਵਿਭਾਗ ਵੱਲੋਂ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਦੇ ਸਹਿਯੋਗ ਨਾਲ ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਵਿਦਿਆਰਥੀਆਂ ਲਈ 'ਸਿਹਤ ਸੰਭਾਲ ਖੇਤਰ ਵਿੱਚ ਕਰੀਅਰ ਦੇ ਮੌਕੇ' ਵਿਸ਼ੇ 'ਤੇ ਇੱਕ ਵਿਸ਼ੇਸ਼ ਗੈਸਟ ਲੈਕਚਰ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਿਹਾਰਕ ਹੁਨਰਾਂ ਦਾ ਵਿਕਾਸ ਕਰਨਾ, ਕਰੀਅਰ ਸੰਬੰਧੀ ਜਾਗਰੂਕਤਾ ਵਧਾਉਣਾ ਤੇ ਉਨ੍ਹਾਂ ਨੂੰ ਉਦਯੋਗ ਸਬੰਧੀ ਐਕਸਪੋਜ਼ਰ ਪ੍ਰਦਾਨ ਕਰਨਾ ਸੀ।ਇਸ ਮੌਕੇ ਨਾਮਵਰ ਸਿਖਲਾਈ ਸੰਸਥਾ ਟੈਕ ਮਹਿੰਦਰਾ ਫਾਊਂਡੇਸ਼ਨ ਦੇ ਆਸ਼ੀਸ਼ ਡੂਮਰਾ ਤੇ ਉਨ੍ਹਾਂ ਦੀ ਟੀਮ ਨੇ ਵਿਦਿਆਰਥੀਆਂ ਨੂੰ ਦੇਸ਼ ਵਿੱਚ ਤੇਜ਼ੀ ਨਾਲ ਵਿਕਸਤ ਹੋ ਰਹੇ ਸਿਹਤ ਸੰਭਾਲ ਤੇ ਹਸਪਤਾਲ ਪ੍ਰਬੰਧਨ ਖੇਤਰ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸਮੇਂ ਦੀ ਲੋੜ ਅਨੁਸਾਰ ਵਿਸ਼ੇਸ਼ ਹੁਨਰ ਵਿਕਸਤ ਕਰਨ ਤੇ ਸਿਹਤ ਸੰਭਾਲ ਉਦਯੋਗ ਦੀਆਂ ਵਧਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਉਤਸ਼ਾਹਤ ਕੀਤਾ।ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਤੇ ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਟੈਕ ਮਹਿੰਦਰਾ ਫਾਊਂਡੇਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਦਾ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵਿਦਿਆਰਥੀਆਂ ਵਿੱਚ ਰੁਜ਼ਗਾਰ ਤੇ ਪੇਸ਼ੇਵਰ ਯੋਗਤਾ ਨੂੰ ਵਧਾਉਣ ਲਈ ਨਿਰੰਤਰ ਯਤਨਸ਼ੀਲ ਹੈ।

## ਵਿਧਾਇਕ ਭੁੱਲਰ ਵੱਲੋਂ ਵਿਕਾਸ ਕਾਰਜਾਂ ਦਾ ਜਾਇਜ਼ਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਫਿਰੋਜ਼ਪੁਰ ਸ਼ਹਿਰ ਦੇ ਦੁਲਚੀ ਕੇ ਰੋਡ ਵਿਖੇ ਲੇਇੰਗ ਆਫ ਆਰਐੱਮਸੀ ਦੇ ਚੱਲ ਰਹੇ ਕੰਮ ਦਾ ਮੌਕੇ 'ਤੇ ਪਹੁੰਚ ਕੇ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਫਿਰੋਜ਼ਪੁਰ ਸ਼ਹਿਰ ਦੀ ਸਰਕੂਲਰ ਰੋਡ ਦੇ ਕੰਮ ਦੀ ਵੀ ਜਾਂਚ ਕੀਤੀ ਗਈ ਤੇ ਸਬੰਧਤ ਅਧਿਕਾਰੀਆਂ ਨੂੰ ਕੰਮ ਨਿਯਤ ਸਮੇਂ ਅੰਦਰ ਤੇ ਉੱਚ ਗੁਣਵੱਤਾ ਨਾਲ ਪੂਰਾ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਵਿਧਾਇਕ ਭੁੱਲਰ ਨੇ ਕਿਹਾ ਕਿ ਸ਼ਹਿਰ ਦੀਆਂ ਮੁੱਖ ਸੜਕਾਂ ਦੀ ਮਜ਼ਬੂਤੀ ਤੇ ਸੁਧਾਰ ਨਾਲ ਆਵਾਜਾਈ ਸੁਗਮ ਹੋਵੇਗੀ ਤੇ ਆਮ ਲੋਕਾਂ ਨੂੰ ਰੋਜ਼ਾਨਾ ਦੀ ਆਵਾਜਾਈ ਦੌਰਾਨ ਆਉਣ ਵਾਲੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਵਿਕਾਸ ਕਾਰਜ ਪੂਰੇ ਫਿਰੋਜ਼ਪੁਰ ਵਾਸੀਆਂ ਲਈ ਲਾਭਕਾਰੀ ਸਾਬਿਤ ਹੋਣਗੇ ਤੇ ਸ਼ਹਿਰ ਦੀ ਸੁੰਦਰਤਾ ਤੇ ਢਾਂਚਾਗਤ ਵਿਕਾਸ ਵਿੱਚ ਯੋਗਦਾਨ ਪਾਉਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੰਮ ਦੌਰਾਨ ਟ੍ਰੈਫਿਕ ਪ੍ਰਬੰਧ ਸੁਚੱਜੇ ਢੰਗ ਨਾਲ ਬਣਾਈ ਰੱਖਿਆ ਜਾਵੇ ਤਾਂ ਜੋ ਲੋਕਾਂ ਨੂੰ ਅਸੁਵਿਧਾ ਨਾ ਹੋਵੇ।

## ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ਼ ਇੰਸ. ਵਿਖੇ ਐਥਲੈਟਿਕ ਮੀਟ ਕਰਵਾਈ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਮਹਾਰਾਜ ਗਰੁੱਪ ਆਫ ਇੰਸਟੀਚਿਊਸ਼ਨਜ਼ ਲਹਿਰਾ ਮੁਹੱਬਤ ਵਿਖੇ ਸਾਲਾਨਾ ਐਥਲੈਟਿਕ ਮੀਟ ਕਰਵਾਈ ਗਈ। ਸ਼ੁਰੂਆਤ ਵਿੱਚ ਵੱਖ-ਵੱਖ ਹਾਊਸਾਂ ਦੁਆਰਾ ਮਾਰਚ ਪਾਸਟ ਤੇ ਮਸ਼ਾਲ ਜਲਾਉਣ ਦੀ ਰਸਮ ਨਾਲ ਹੋਈ। ਪ੍ਰੋ. ਜਸਕਰਨ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ ਐਥਲੈਟਿਕ ਮੀਟ ਦੌਰਾਨ ਮੰਚ ਦਾ ਸੰਚਾਲਨ ਪ੍ਰੋ. ਸੁਖਦੀਪ ਕੌਰ ਤੇ ਪ੍ਰੋ. ਕੁਲਦੀਪ ਸਿੰਘ ਨੇ ਬਾਖੂਬੀ ਨਿਭਾਇਆ। ਜੇਤੂਆਂ ਵਿੱਚੋਂ ਦੌੜ 100 ਮੀ: ਲੜਕੀਆਂ 'ਚੋਂ ਅਮਨ ਸ਼ਰਮਾ (+2) ਨੇ ਪਹਿਲਾ, ਮੁਸਕਾਨ (ਬੀ ਏ) ਨੇ ਦੂਜਾ ਤੇ ਸੁਖਵਿੰਦਰ ਕੌਰ (+2) ਨੇ ਤੀਜਾ, 200 ਮੀ: 'ਚੋਂ ਸੁਖਪ੍ਰੀਤ ਕੌਰ (ਬੀ ਸੀ ਏ) ਨੇ ਪਹਿਲਾ, ਮੁਸਕਾਨ (ਬੀ ਏ) ਨੇ ਦੂਜਾ ਤੇ ਖੁਸ਼ਦੀਪ ਕੌਰ (+2) ਨੇ ਤੀਜਾ, 400 ਮੀ: 'ਚੋਂ ਮੁਸਕਾਨ (ਬੀ ਏ) ਨੇ ਪਹਿਲਾ, ਅਰਸ਼ਦੀਪ ਕੌਰ (ਬੀ ਏ) ਨੇ ਦੂਜਾ ਤੇ ਨਵਜੋਤ ਕੌਰ (ਬੀ ਏ) ਨੇ ਤੀਜਾ, 800 ਮੀ: 'ਚੋਂ ਅਮਨ ਸ਼ਰਮਾ (+2) ਨੇ ਪਹਿਲਾ, ਮੁਸਕਾਨ (ਬੀ ਏ) ਨੇ ਦੂਜਾ ਤੇ ਖੁਸ਼ਦੀਪ ਕੌਰ (+2) ਤੀਜਾ, 200 ਮੀ: ਲੜਕਿਆਂ 'ਚੋਂ ਜਗਦੀਪ ਸਿੰਘ (ਬੀ ਏ) ਨੇ ਪਹਿਲਾ, ਜਸ਼ਨਪ੍ਰੀਤ ਸਿੰਘ (ਬੀ ਏ) ਨੇ ਦੂਜਾ ਤੇ ਹੁਸਨਦੀਪ ਸਿੰਘ (ਬੀ ਏ) ਨੇ ਤੀਜਾ, ਲੰਮੀ ਛਾਲ ਲੜਕੀਆਂ 'ਚੋਂ ਮੁਸਕਾਨ (ਬੀ ਏ) ਨੇ ਪਹਿਲਾ, ਜਸ਼ਨਦੀਪ ਕੌਰ (ਜੀ ਐੱਨ ਐੱਮ) ਨੇ ਦੂਜਾ ਤੇ ਅੰਜਲੀ ਸ਼ਰਮਾ (ਬੀ. ਐੱਡ) ਨੇ ਤੀਜਾ, ਸ਼ਾਟ-ਪੁੱਟ ਲੜਕੀਆਂ 'ਚੋਂ ਇਰਬਨਜੋਤ ਕੌਰ (+2) ਨੇ ਪਹਿਲਾ, ਰੁਪਿੰਦਰ ਕੌਰ (ਬੀ ਏ) ਨੇ ਦੂਜਾ ਤੇ ਮੁਸਕਾਨ (ਬੀ ਏ) ਨੇ ਤੀਜਾ, ਸੈਕ ਰੇਸ 'ਚੋਂ ਮੁਸਕਾਨ (ਬੀ ਏ) ਨੇ ਪਹਿਲਾ, ਰੁਪਿੰਦਰ ਕੌਰ (ਬੀ ਏ) ਨੇ ਦੂਜਾ ਤੇ ਖੁਸ਼ਦੀਪ ਕੌਰ (+2) ਨੇ ਤੀਜਾ, ਬੈਕ ਰੇਸ ਲੜਕੀਆਂ 'ਚੋਂ ਹੁਸਨਪ੍ਰੀਤ ਕੌਰ (ਬੀ ਏ) ਨੇ ਪਹਿਲਾ, ਰੁਪਿੰਦਰ ਕੌਰ (ਬੀ ਏ) ਨੇ ਦੂਜਾ ਤੇ ਅਰਸ਼ਦੀਪ ਕੌਰ (+2) ਨੇ ਤੀਜਾ, ਜੈਵਲਿਨ ਥਰੋ 'ਚੋਂ ਇਰਬਨਜੋਤ ਕੌਰ (+2) ਨੇ ਪਹਿਲਾ, ਰੁਪਿੰਦਰ ਕੌਰ (ਬੀ ਏ) ਨੇ ਦੂਜਾ ਤੇ ਮੁਸਕਾਨ (ਬੀ ਏ) ਨੇ ਤੀਜਾ, 'ਡਿਸਕਸ ਥਰੋ' ਲੜਕੀਆਂ 'ਚੋਂ ਇਰਬਨਜੋਤ (+2) ਨੇ ਪਹਿਲਾ, ਮੁਸਕਾਨ (ਬੀ ਏ) ਨੇ ਦੂਜਾ ਤੇ ਅਰਸ਼ਪ੍ਰੀਤ ਕੌਰ (+1) ਨੇ ਤੀਜਾ, ਥ੍ਰੀ ਲੈੱਗ ਰੇਸ 'ਚੋਂ ਜਸ਼ਪ੍ਰੀਤ ਕੌਰ ਤੇ ਅਮਨਦੀਪ ਕੌਰ (ਬੀ ਏ) ਨੇ ਪਹਿਲਾ, ਖੁਸ਼ਦੀਪ ਕੌਰ ਤੇ ਨਵਜੋਤ ਕੌਰ (+2) ਨੇ ਦੂਜਾ, ਅਮਨ ਸ਼ਰਮਾ ਤੇ ਖੁਸ਼ਵੀਰ ਕੌਰ (+2) ਨੇ ਤੀਜਾ ਸਥਾਨ ਹਾਸਲ ਕੀਤਾ। ਬੈਸਟ ਐਥਲੀਟ ਦਾ ਖਿਤਾਬ ਲੜਕੀਆਂ 'ਚੋਂ ਮੁਸਕਾਨ (ਬੀ ਏ ਭਾਗ-ਦੂਜਾ) ਨੇ ਹਾਸਲ ਕੀਤਾ ਤੇ ਬੈਸਟ ਹਾਊਸ ਦੀ ਪੁਜ਼ੀਸ਼ਨ ਮਹਾਰਾਜਾ ਰਣਜੀਤ ਸਿੰਘ ਹਾਊਸ ਨੇ ਹਾਸਲ ਕੀਤੀ। ਇਨਾਮ ਵੰਡ ਸਮਾਰੋਹ ਮੌਕੇ ਡਿਗਰੀ ਕਾਲਜ ਦੇ ਪ੍ਰਿੰਸੀਪਲ ਪ੍ਰੋ. ਡਾ. ਰਜਨੀ ਚੌਧਰੀ, ਨਰਸਿੰਗ ਕਾਲਜ ਦੇ ਪ੍ਰਿੰਸੀਪਲ ਮੈਰੀ ਡਾਸਨ ਫਰਾਂਸਿਸ ਤੋਂ ਇਲਾਵਾ ਡਿਗਰੀ, ਐਜੂਕੇਸ਼ਨ ਤੇ ਨਰਸਿੰਗ ਕਾਲਜ ਦੇ ਸਮੂਹ ਸਟਾਫ ਮੈਂਬਰ ਸ਼ਾਮਲ ਸਨ।

## ਬੀਕੇਯੂ ਪੰਜਾਬ ਦੇ ਸੂਬਾ ਪ੍ਰਧਾਨ ਨੇ ਰਾਜਪਾਲ ਨਾਲ ਪੰਜਾਬ ਦੇ ਸੰਜੀਦਾ ਮਸਲਿਆਂ ਬਾਰੇ ਕੀਤੀ ਚਰਚਾ



**ਮੱਖੂ (ਰਛਪਾਲ ਸਿੰਘ ਸੰਧੂ)**-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਨਸ਼ਿਆਂ ਦੇ ਖਿਲਾਫ ਫਿਰੋਜ਼ਪੁਰ ਵਿਖੇ ਕੀਤੀ ਪੈਦਲ ਯਾਤਰਾ ਦੌਰਾਨ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਵੱਲੋਂ ਪੰਜਾਬ ਦੇ ਸੰਜੀਦਾ ਮਸਲੇ ਜਿਵੇਂ ਕਿ ਪਾਣੀ, ਕਿਸਾਨੀ ਤੇ ਜਵਾਨੀ ਦੇ ਮਾਮਲਿਆਂ 'ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਵਿਚਾਰਾਂ ਸਾਂਝੀਆਂ ਕੀਤੀਆਂ ਗਈਆਂ।ਇਸ ਮੌਕੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨਾਲ ਗੁਰਵਿੰਦਰ ਸਿੰਘ ਢਿੱਲੋਂ ਮੈਂਬਰ ਕੋਰ ਕਮੇਟੀ ਪੰਜਾਬ, ਗੈਰੀ ਸਿੰਘ ਬੰਡਾਲਾ ਸੂਬਾ ਮੀਡੀਆ ਇੰਚਾਰਜ, ਹਰਦੀਪ ਸਿੰਘ ਗਿੱਲ ਪ੍ਰਧਾਨ ਜ਼ਿਲ੍ਹਾ ਫਿਰੋਜ਼ਪੁਰ, ਜੱਸੀ ਫਰੀਦਕੋਟ, ਯੂਥ ਆਗੂ ਗੁਰਪ੍ਰੀਤ ਸਿੰਘ ਹਾਜ਼ਰ ਸਨ।ਇਸ ਮੌਕੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਪੰਜਾਬ ਦੇ ਅਹਿਮ ਮੁੱਦਿਆਂ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਉਨ੍ਹਾਂ ਦੀਆਂ ਫਸਲਾਂ ਦੇ ਸਹੀ ਮੁੱਲ ਨਾ ਮਿਲਣ ਕਾਰਨ ਛੋਟੇ ਪੱਧਰ ਦੇ ਕਿਸਾਨ ਕਰਜੇ ਦੀ ਮਾਰ ਹੇਠ ਆ ਰਹੇ ਹਨ।ਇਸ ਲਈ ਕਿਸਾਨਾਂ ਦੇ ਕਰਜ਼ੇ ਮੁਆਫ ਕੀਤੇ ਜਾਣ।ਪੰਜਾਬ ਦਾ ਪਾਣੀ ਬਹੁਤ ਹੀ ਖਰਾਬ ਹੋ ਰਿਹਾ ਹੈ, ਜਿਸ ਕਾਰਨ ਲੋਕ ਕੈਂਸਰ ਵਰਗੀਆਂ ਬੀਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਪੰਜਾਬ ਵਿੱਚ ਵੱਧ ਰਹੇ ਨਸ਼ਿਆਂ ਕਾਰਨ ਨੌਜਵਾਨ ਇਨ੍ਹਾਂ ਨਸ਼ਿਆਂ ਦੇ ਸ਼ਿਕਾਰ ਹੋ ਕੇ ਆਪਣੀਆਂ ਕੀਮਤੀ ਜਾਨਾਂ ਗਵਾ ਰਹੇ ਹਨ, ਜਿਸ ਕਾਰਨ ਪੰਜਾਬ ਦੀ ਜਵਾਨੀ ਖਤਮ ਹੁੰਦੀ ਜਾ ਰਹੀ ਹੈ।ਨਸ਼ਿਆਂ ਨੂੰ ਖਤਮ ਕਰਨ ਲਈ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਪਰ ਫਿਰ ਵੀ ਪੰਜਾਬ ਵਿੱਚ ਨਸ਼ਾ ਵਿੱਕ ਰਿਹਾ ਹੈ।ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕਣ ਦੀ ਲੋੜ ਹੈ।ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਵੱਲੋਂ ਉਠਾਏ ਮੁੱਦਿਆਂ ਨੂੰ ਕੇਂਦਰ ਸਰਕਾਰ ਤੱਕ ਪਹੁੰਚਾਉਣਗੇ।

## ਚਕਰ ਦਾ ਸੱਭਿਆਚਾਰਕ ਮੇਲਾ ਹਾਕਮ ਬਖਤੜੀਵਾਲਾ ਤੇ ਬੀਬਾ ਦਲਜੀਤ ਕੌਰ ਨੇ ਲੁੱਟਿਆ



**ਹਠੂਰ (ਨਛੱਤਰ ਸੰਧੂ)**-ਪੀਰ ਬਾਬਾ ਹਜ਼ਰਤ ਮੁਹੰਮਦ ਯਾਦਗਾਰੀ ਟਰੱਸਟ ਚਕਰ ਤੇ ਲੱਖਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਭੰਡਾਰਾ ਤੇ ਸੱਭਿਆਚਾਰਕ ਮੇਲਾ ਸ਼ਾਨੋ ਸ਼ੌਕਤ ਨਾਲ ਕਰਾਇਆ ਗਿਆ।ਬਾਬਾ ਜੀ ਦੀ ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਤੋਂ ਬਾਅਦ ਗਾਇਕੀ ਦਾ ਖੁੱਲ੍ਹਾ ਅਖਾੜਾ ਲੱਗਾ, ਜਿਸ ਵਿਚ ਸਰੋਤਿਆਂ ਨੇ ਭਰਭੂਰ ਆਨੰਦ ਮਾਣਿਆ।ਪ੍ਰੋਗਰਾਮ ਦੀ ਸ਼ੁਰੂਆਤ ਪੰਡਤ ਸੋਮ ਨਾਥ ਰੋਡਿਆਂ ਵਾਲੇ ਦੇ ਕਵੀਸ਼ਰੀ ਜੱਥੇ ਨੇ ਕੀਤੀ। ਉਪਰੰਤ ਗਾਇਕੀ ਦੇ ਖੁੱਲ੍ਹੇ ਅਖਾੜੇ ਵਿੱਚ ਦਰਜਨ ਦੇ ਕਰੀਬ ਕਲਾਕਾਰਾਂ ਨੇ ਆਪੋ ਆਪਣੇ ਰੰਗ ਬੰਨ੍ਹ ਕੇ ਗਾਇਕੀ ਦਾ ਲੋਹਾ ਮਨਵਾਇਆ।ਅਖੀਰ ਵਾਰੀ ਆਈ ਪੰਜਾਬ ਦੀ ਪ੍ਰਸਿੱਧ ਦੋਗਾਣਾ ਜੋੜੀ ਹਾਕਮ ਬਖਤੜੀਵਾਲਾ ਅਤੇ ਬੀਬਾ ਦਲਜੀਤ ਕੌਰ ਦੀ, ਜਿਨ੍ਹਾਂ ਨੇ ਆਪਣੇ ਚਰਚਿਤ ਗੀਤ 'ਸਣੇ ਕਾਗਜ਼ ਗੱਡੀ ਦੀ ਫੋਟੋ ਤੇਰੀ, ਨੀਂ ਲੰਡੂ ਜਿਹਾ ਸਿਪਾਹੀ ਲੈ ਗਿਆ' ਆਦਿ ਇੱਕ ਦਰਜਨ ਗੀਤ ਪੇਸ਼ ਕਰਕੇ ਸਰੋਤਿਆਂ ਨੂੰ ਝੂੰਮਣ ਲਾ ਕੇ ਮੇਲਾ ਆਪਣੇ ਨਾਂਅ ਕਰਾ ਲਿਆ।ਇਸ ਮੌਕੇ ਉਘੇ ਕਾਮੇਡੀਅਨ ਗੁਰਚਰਨ ਗੱਪੀ ਨੇ ਹਾਸਰਸ ਸਕਿੱਟਾਂ ਪੇਸ਼ ਕਰਕੇ ਖੂਬ ਵਾਹ ਵਾਹ ਖੱਟੀ।ਕਲਾਕਾਰਾਂ ਤੇ ਆਏ ਹੋਏ ਪਤਵੰਤਿਆਂ ਨੂੰ ਸਨਮਾਨਤ ਕਰਨ ਸਮੇਂ ਟਰੱਸਟ ਦੇ ਪ੍ਰਧਾਨ ਡਾ. ਮੱਖਣ ਸਿੰਘ ਚਕਰ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਮੇਲੇ ਕਰਾਉਣੇ ਮਨੁੱਖ ਦੀ ਰੂਹ ਦੀ ਖੁਰਾਕ ਹਨ, ਜੋ ਸਾਡੇ ਵਿੱਚ ਭਾਈਚਾਰਕ ਸਾਂਝ ਵਧਾਉਂਦੇ ਹਨ।ਉਨ੍ਹਾਂ ਨਾਲ ਰਾਜੂ ਕਿੰਗਰਾ, ਜਸਵਿੰਦਰ ਸਿੰਘ ਛਿੰਦਾ, ਰਿੰਕੂ ਸਿੰਘਾਂ ਵਾਲਾ, ਦਰਸ਼ਨ ਸਿੰਘ ਦਰਸੀ ਲੱਖਾ, ਬਹਾਦਰ ਸਾਹਿਬ ਲੱਖਾ, ਡਾਕਟਰ ਬਲਜਿੰਦਰ ਸਿੰਘ ਲੱਖਾ, ਜਵਾਹਰ ਸਿੰਘ ਕਿੰਗਰਾ, ਬਲਵੀਰ ਸਿੰਘ ਬੀਰਾ ਆਦਿ ਟਰੱਸਟ ਦੇ ਮੈਂਬਰ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼...

ਰੋਡਮੈਪ ਵਿੱਚ ਹਰ ਜ਼ਿਲ੍ਹੇ ਵਿੱਚ ਡਰੋਨ ਸ਼ੋਅ ਅਤੇ ਪਿੰਡਾਂ ਵਿੱਚ ਦਸਤਾਵੇਜ਼ੀ ਫ਼ਿਲਮਾਂ ਦੀ ਸਕ੍ਰੀਨਿੰਗ ਰਾਹੀਂ ਨਵੀਨਤਾਕਾਰੀ ਪ੍ਰਚਾਰ ਵੀ ਸ਼ਾਮਲ ਹੈ, ਤਾਂ ਜੋ ਆਧੁਨਿਕ ਤਕਨਾਲੋਜੀ ਰਾਹੀਂ ਜਾਗਰੂਕਤਾ ਵਧਾਈ ਜਾ ਸਕੇ।ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਸਮਾਜ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਕੈਬਨਿਟ ਸਬ-ਕਮੇਟੀ ਨੇ 650ਵੀਂ ਸ਼ਤਾਬਦੀ ਨੂੰ ਸਮਰਪਿਤ ਹਰ ਜ਼ਿਲ੍ਹੇ ਵਿੱਚ 6.5 ਲੱਖ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ। ਸਾਲ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸਮਾਜਿਕ ਸਾਂਝ ਅਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਰਾਜ ਵਿਆਪੀ ਖ਼ੂਨਦਾਨ ਕੈਂਪ, ਮੈਰਾਥਨ, ਸਾਈਕਲ ਰੈਲੀਆਂ ਅਤੇ ਵਿਸ਼ਾਲ ਕੀਰਤਨ ਸਮਾਗਮ ਵੀ ਕਰਵਾਏ ਜਾਣਗੇ। ਮੀਟਿੰਗ ਵਿੱਚ ਮੁੱਖ ਮੰਤਰੀ ਪੰਜਾਬ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਅਤੇ ਸੈਰ-ਸਪਾਟਾ ਵਿਭਾਗ ਦੇ ਸਕੱਤਰ ਕੁਮਾਰ ਅਮਿਤ, ਸੈਰ-ਸਪਾਟਾ ਵਿਭਾਗ ਦੇ ਡਾਇਰੈਕਟਰ ਸੰਜੀਵ ਤਿਵਾੜੀ ਅਤੇ ਡਿਪਟੀ ਡਾਇਰੈਕਟਰ ਯਸ਼ਪਾਲ ਸ਼ਰਮਾ ਵੀ ਹਾਜ਼ਰ ਸਨ।

### ਭ੍ਰਿਸ਼ਟਾਚਾਰ ਦੇ ਮਾਮਲੇ 'ਚ...

ਲਾਇਆ ਕਿ ਉਹ ਮੈਸਰਜ਼ ਪਰਮ ਇਨਫਰਾ ਪ੍ਰਾਈਵੇਟ ਲਿਮਟਿਡ ਦੇ ਪੰਜਾਬ ਖੇਤਰ ਦੇ ਪ੍ਰਸ਼ਾਸਨਿਕ ਮੁਖੀ ਵਜੋਂ ਕੰਮ ਕਰ ਰਿਹਾ ਸੀ।

ਫਰਮ ਨੂੰ ਆਈ.ਆਈ.ਐੱਮ ਅੰਮ੍ਰਿਤਸਰ ਦੇ ਨਿਰਮਾਣ ਲਈ 72 ਕਰੋੜ ਰੁਪਏ ਦਾ ਨਿਰਮਾਣ ਕਾਰਜ ਦਾ ਠੇਕਾ ਦਿੱਤਾ ਗਿਆ ਸੀ।ਉਸ ਨੇ ਕਿਹਾ ਕਿ ਇਕਰਾਰਨਾਮੇ ਅਨੁਸਾਰ ਕੰਮ ਦੇ ਖਾਸ ਹਿੱਸੇ ਪੂਰੇ ਹੋਣ ਤੋਂ ਬਾਅਦ, ਅਦਾਇਗੀ ਲਈ ਰਨਿੰਗ ਬਿੱਲ ਸੀ ਪੀ ਡਬਲਯੂ ਡੀ ਨੂੰ ਜਮ੍ਹਾਂ ਕਰਵਾਏ ਜਾਣੇ ਸਨ ਅਤੇ ਵੈਰੀਫਿਕੇਸ਼ਨ ਤੋਂ ਬਾਅਦ ਇਹੀ ਬਿੱਲ ਭੁਗਤਾਨ ਦੀ ਕਲੀਅਰੈਂਸ ਲਈ ਐਕਸੀਅਨ ਨਿਤੀਸ਼ ਕੁਮਾਰ ਨੂੰ ਭੇਜੇ ਜਾਣੇ ਸਨ।ਉਸ ਨੇ ਦੋਸ਼ ਲਾਇਆ ਕਿ 25 ਕਰੋੜ ਰੁਪਏ ਦੇ ਬਿੱਲ ਜਮ੍ਹਾਂ ਕਰਵਾਏ ਗਏ ਸਨ ਅਤੇ ਭੁਗਤਾਨ ਜਾਰੀ ਕੀਤੇ ਗਏ ਸਨ, ਪਰ ਕੁਝ ਮਾਮਲਿਆਂ ਵਿੱਚ ਐਕਸੀਅਨ ਪੱਧਰ 'ਤੇ ਭੁਗਤਾਨ ਜਾਰੀ ਕਰਨ ਵਿੱਚ ਬੇਲੋੜੀ ਦੇਰੀ ਕੀਤੀ ਗਈ ਸੀ। ਸੈਣੀ ਨੇ ਦੋਸ਼ ਲਾਇਆ ਕਿ ਉਹ ਅਧਿਕਾਰੀ ਨੂੰ ਮਿਲਿਆ, ਜਿਸ ਨੇ ਹਰੇਕ ਰਨਿੰਗ ਅਤੇ ਫਾਈਨਲ ਬਿੱਲ 'ਤੇ ਬਿੱਲ ਦੀ ਰਕਮ ਦੇ 0.10 ਪ੍ਰਤੀਸ਼ਤ ਦੀ ਦਰ ਨਾਲ ਰਿਸ਼ਵਤ ਦੀ ਮੰਗ ਕੀਤੀ, ਜਿਸ ਵਿੱਚ ਪਹਿਲਾਂ ਹੀ ਜਾਰੀ ਕੀਤੇ ਗਏ ਭੁਗਤਾਨ ਅਤੇ ਭਵਿੱਖ ਦੇ ਬਿੱਲ ਵੀ ਸ਼ਾਮਲ ਸਨ।

## ਹੋਲੀ ਹਾਰਟ ਪਬਲਿਕ ਸਕੂਲ 'ਚ ਮਨਾਇਆ ਫਾਊਂਡੇਸ਼ਨ ਡੇਅ




**ਦਿੜ੍ਹਬਾ (ਜਸਵੀਰ ਲਾਡੀ)**-ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਵਿਖੇ ਸਕੂਲ ਫਾਊਂਡੇਸ਼ਨ ਡੇਅ ਮਨਾਇਆ ਗਿਆ, ਜਿਸ ਦੇ ਸਬੰਧ ਵਿੱਚ ਸਕੂਲ 'ਚ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ। ਸਕੂਲ ਦੇ ਵਿਦਿਆਰਥੀਆ ਵੱਲੋਂ ਪੰਜਾਬੀ ਭੰਗੜਾ, ਹਰਿਆਣਵੀ ਡਾਂਸ, ਚੇਅਰ ਡਾਂਸ, ਲੁੱਡੀ, ਗਿੱਧਾ ਤੇ ਹੋਰ ਕਈ ਗਤੀਵਿਧੀਆਂ ਪੇਸ਼ ਕੀਤੀਆਂ। ਪ੍ਰੋਗਰਾਮ ਦਾ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਅਨੰਦ ਮਾਣਿਆ।ਪ੍ਰੋਗਰਾਮ ਦੌਰਾਨ ਸਕੂਲ ਦੇ ਚੇਅਰਮੈਨ ਸ੍ਰੀ ਮਨਦੀਪ ਚੱਠਾ, ਡਾਇਰੈਕਟਰ ਅਮ੍ਰਿਤਪਾਲ ਚੱਠਾ ਤੇ ਪ੍ਰਿੰਸੀਪਲ ਮੈਡਮ ਕਾਮਨੀ ਸਿੰਗਲਾ ਨੇ ਪਿਛਲੇ ਸੈਸ਼ਨ ਦੇ ਦਸਵੀਂ ਤੇ ਬਾਰ੍ਹਵੀਂ ਦੀਆਂ ਪ੍ਰੀਖਿਆਵਾਂ ਵਿਚੋਂ ਪਹਿਲੀ, ਦੂਜੀ ਤੇ ਤੀਜੀ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆ ਨੂੰ ਸਨਮਾਨਤ ਕੀਤਾ।

## ਗੌਰਮਿੰਟ ਪੈਨਸ਼ਨਰਜ਼ ਫਰੰਟ ਨੇ ਦਿੱਤੇ ਮੰਗ ਪੱਤਰ

**ਲੁਧਿਆਣਾ (ਸਤੀਸ਼ ਸਚਦੇਵਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੇ ਫ਼ੈਸਲੇ ਅਨੁਸਾਰ ਪੈਨਸ਼ਨਰ ਇਨਫਰਮੇਸ਼ਨ ਸੈਂਟਰ ਪੈਨਸ਼ਨਰ ਭਵਨ ਵੱਲੋਂ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਨਾਂਅ 'ਤੇ ਡਿਪਟੀ ਕਮਿਸ਼ਨਰ ਰਾਹੀਂ ਪੈਨਸ਼ਨਰਜ਼ ਦੀਆਂ ਜਾਇਜ਼ ਤੇ ਹੱਕੀ ਮੰਗਾਂ ਜੋ ਕਾਫ਼ੀ ਸਮੇਂ ਤੋਂ ਪੈਂਡਿੰਗ ਹਨ, ਉਨ੍ਹਾਂ ਸਬੰਧੀ ਮੰਗ ਪੱਤਰ ਦਿੱਤੇ ਗਏ ਹਨ।ਪੈਨਸ਼ਨਰ ਭਵਨ ਨਾਲ ਜੁੜੀਆਂ ਹੋਈਆਂ ਵੱਖ-ਵੱਖ ਜਥੇਬੰਦੀਆਂ ਅਤੇ ਹੋਰ ਭਰਾਤਰੀ ਜਥੇਬੰਦੀਆਂ ਜਿਵੇਂ ਕਾਰਪੋਰੇਸ਼ਨਾਂ, ਬਿਜਲੀ ਬੋਰਡ ਦੇ ਆਗੂ ਤੇ ਪੈਨਸ਼ਨਰ ਸਾਹਿਬਾਨ ਭਾਰੀ ਗਿਣਤੀ ਵਿੱਚ ਮੰਗ ਪੱਤਰ ਦੇਣ ਲਈ ਪੈਨਸ਼ਨਰ ਭਵਨ ਲੁਧਿਆਣਾ ਤੋਂ ਰੋਸ ਮਾਰਚ ਕਰਦੇ ਹੋਏ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਵਿਖੇ ਪਹੁੰਚ ਕੇ ਮੰਗ ਪੱਤਰ ਦਿੱਤੇ ਗਏ।ਪੈਨਸ਼ਨਰਜ਼ ਪਿਛਲੇ ਚਾਰ ਸਾਲ ਤੋਂ ਆਪਣੀਆਂ ਜਾਇਜ਼ ਤੇ ਹੱਕੀ ਮੰਗਾਂ ਲਈ ਲਗਾਤਾਰ ਪੱਤਰ ਵਿਹਾਰ ਤੇ ਸੰਘਰਸ਼ ਕਰਦੇ ਆ ਰਹੇ ਹਨ। ਚੋਣਾਂ ਦੌਰਾਨ ਸਰਕਾਰ ਨੇ ਸਾਰੀਆਂ ਜਾਇਜ਼ ਤੇ ਹੱਕੀ ਮੰਗਾਂ ਦਾ ਸਮਰਥਨ ਕੀਤਾ ਸੀ ਤੇ ਜਲਦੀ ਪੂਰੀਆਂ ਕਰਨ ਦਾ ਵਾਅਦਾ ਕੀਤਾ ਸੀ।ਸਾਲ 2025 ਵਿੱਚ ਕੋਈ ਮਹਿੰਗਾਈ ਭੱਤੇ ਦੀ ਕਿਸ਼ਤ ਨਹੀਂ ਦਿੱਤੀ ਗਈ, ਪੈਨਸ਼ਨਰਜ਼ ਵਿੱਚ ਕਾਫ਼ੀ ਗੁੱਸਾ ਤੇ ਰੋਸ ਹੈ, ਹਰਿਆਣਾ, ਹਿਮਾਚਲ, ਰਾਜਸਥਾਨ 58% ਲੈ ਰਹੇ ਹੋਣ, ਪੰਜਾਬ ਦੇ ਪੈਨਸ਼ਨਰ 42% ਇਹ ਵਿਤਕਰਾ ਕਿਉਂ ? ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇਣ ਸਮੇਂ ਪੈਨਸ਼ਨਰ ਭਵਨ ਲੁਧਿਆਣਾ ਦੇ ਚੇਅਰਮੈਨ ਸ੍ਰੀ ਦਲੀਪ ਸਿੰਘ, ਨਿਰਮਲ ਸਿੰਘ ਲਲਤੋਂ, ਸੁਸ਼ੀਲ ਕੁਮਾਰ, ਰਜਿੰਦਰ ਕੁਮਾਰ, ਡਾਕਟਰ ਐਮ.ਕੇ.ਸ਼ਾਰਦਾ, ਦਰਸ਼ਨ ਸਿੰਘ ਉਟਾਲਾਂ, ਰਜਿੰਦਰ ਸਿੰਘ ਲਲਤੋਂ, ਸਤੀਸ਼ ਸਚਦੇਵਾ (ਪੰਜਾਬ ਸਿਹਤ ਵਿਭਾਗ), ਨਰਿੰਦਰ ਸੂਦ, ਚਰਨਜੀਵ ਪ੍ਰਕਾਸ਼, ਸ਼੍ਰੀ ਵੀ ਸੀ ਪੁਰੀ, ਰਕੇਸ਼ ਆਦਿਆ, ਸ਼੍ਰੀ ਮੇਜਰ ਸਿੰਘ ਨੱਤ, ਦੀਪਇੰਦਰ ਸਿੰਘ, ਮਦਨ ਲਾਲ, ਗੁਰਮੇਲ ਸਿੰਘ ਮੈਲਡੇ, ਗੁਰਦਿਆਲ ਸਿੰਘ, ਹਰਜੀਤ ਸਿੰਘ, ਸੁਦਾਗਰ ਸਿੰਘ, ਓ ਪੀ ਗੁਲਾਨੀ ਪਵਿੱਤਰ ਸਿੰਘ, ਕੁਲਵੰਤ ਸਿੰਘ, ਵਿਜੇ ਮਰਜਾਰਾ, ਅਨੋਖ ਸਿੰਘ, ਸ਼ਾਤਾ ਰਾਣੀ, ਹਰਜਿੰਦਰ ਸਿੰਘ ਤੇ ਹੋਰ ਪੈਨਸ਼ਨਰ ਹਾਜ਼ਰ ਸਨ।

## ਗੁਰਜੋਤ ਕੌਰ ਨੇ ਰਾਜ ਪੱਧਰੀ ਗਣਿਤ ਮਾਡਲ ਮੇਕਿੰਗ ਕੰਪੀਟੀਸ਼ਨ 'ਚ ਹਾਸਲ ਕੀਤਾ ਪਹਿਲਾ ਸਥਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੁਜਾ)**-ਰਾਜ ਪੱਧਰੀ ਗਣਿਤ ਮਾਡਲ ਮੇਕਿੰਗ ਐਂਡ ਕੰਪੀਟੀਸ਼ਨ 'ਚ ਸਰਕਾਰੀ ਹਾਈ ਸਕੂਲ ਹਰਾਜ ਦੀ ਵਿਦਿਆਰਥਣ ਗੁਰਜੋਤ ਕੌਰ ਸਪੁੱਤਰੀ ਮੰਗਲ ਸਿੰਘ (ਕਲਾਸ ਦਸਵੀਂ) ਨੇ ਸਾਰੇ ਰਾਜ ਵਿੱਚੋਂ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਪੂਰੇ ਜ਼ਿਲ੍ਹੇ ਦਾ ਨਾਂ ਰੋਸ਼ਨ ਕੀਤਾ ਹੈ। ਇਸ ਮੌਕੇ ਬੇਟੀ ਨੂੰ ਸਨਮਾਨਿਤ ਕਰਨ ਲਈ ਹਲਕੇ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਰਾਜੇਸ਼ ਗੋਰਾ ਪੱਠੇਲਾ ਤੇ ਉਨ੍ਹਾਂ ਦੇ ਨਾਲ ਭਾਜਪਾ ਦੀ ਸਮੁੱਚੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਿੰਡ ਹਰਾਜ ਸਰਦਾਰ ਮੰਗਲ ਸਿੰਘ ਦੇ ਗ੍ਰਹਿ ਵਿਖੇ ਪਹੁੰਚੀ, ਜਿਸ 'ਚ ਹਰਜਿੰਦਰ ਕਟਾਰੀਆ, ਨੀਟਾ ਤੰਵਰ, ਅਖਿਲ ਭਾਰਤੀ, ਰਾਹੁਲ ਤਰੇਜਾ, ਰਾਹੁਲ ਬਜਾਜ, ਸਾਬਕਾ ਸਰਪੰਚ ਸ਼ਮਿੰਦਰ ਸਿੰਘ ਸ਼ਾਮਲ ਸਨ। ਸਕੂਲ ਦੇ ਟੀਚਰ ਪ੍ਰਿੰਸੀਪਲ ਸਾਗਰ, ਮੈਥ ਮਾਸਟਰ ਤੇਜਿੰਦਰ ਸਿੰਘ, ਇੰਚਾਰਜ ਜਗਤਾਰ ਸਿੰਘ, ਸਮੁੱਚੇ ਸਕੂਲ ਸਟਾਫ ਤੇ ਪਿੰਡ ਹਰਾਜ ਦੇ ਸਰਪੰਚ ਲਛਮਣ ਸਿੰਘ ਤੇ ਸਮੂਹ ਪੰਚਾਇਤ ਅਤੇ ਅਕਾਲੀ ਆਗੂ ਜਗਰੂਪ ਸਿੰਘ ਹਰਾਜ ਵੀ ਹਾਜ਼ਰ ਰਹੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਕਿਰਤੀ ਲੋਕਾਂ ਹੜਤਾਲ 'ਚ ਸ਼ਾਮਲ ਹੋ ਕੇ ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ ਆਵਾਜ਼ ਉਠਾਈ

**ਵਲਟੋਹਾ (ਰਣਜੀਤ ਸਿੰਘ ਵਲਟੋਹਾ)**- ਕੇਂਦਰ ਦੀ ਮੋਦੀ ਸਰਕਾਰ ਦੀਆਂ ਦੇਸ਼ ਦੀ ਮਿਹਨਤਕਸ਼ ਜਮਾਤ ਦੇ ਸਾਰੇ ਹੱਕ-ਹਕੂਕ ਖਤਮ ਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਦਾ ਜ਼ਬਰਦਸਤ ਵਿਰੋਧ ਕਰਨ ਅਤੇ ਦੇਸ਼ ਵਿੱਚ ਕਾਰਪੋਰੇਟ ਘਰਾਣਿਆਂ ਦੇ ਪੱਖ ਵਾਲੀਆਂ ਨੀਤੀਆਂ ਧੜੱਲੇ ਨਾਲ ਲਾਗੂ ਕਰਨ ਖਿਲਾਫ਼ ਦੇਸ਼ ਦੀਆਂ 10 ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਤੇ ਪੈਨਸ਼ਨਰ ਫੈਡਰੇਸ਼ਨਾਂ, ਅਜ਼ਾਦ ਜਥੇਬੰਦੀਆਂ ਦੇ ਦੇਸ਼ ਵਿਆਪੀ ਸੱਦੇ 'ਤੇ ਅਤੇ ਸੰਯੁਕਤ ਕਿਸਾਨ ਮੋਰਚੇ ਦੀ ਡਟਵੀਂ ਹਮਾਇਤ ਪ੍ਰਾਪਤ ਇਕ ਰੋਜ਼ਾ ਹੜਤਾਲ ਵਿੱਚ ਹਿੱਸਾ ਲੈ ਕੇ ਮੁਲਾਜ਼ਮਾਂ-ਮਜ਼ਦੂਰਾਂ, ਪੈਨਸ਼ਨਰਾਂ, ਕਿਸਾਨਾਂ, ਨੌਜਵਾਨਾਂ, ਆਸ਼ਾ, ਮਿੱਡ ਡੇ ਮੀਲ ਅਤੇ ਆਂਗਣਵਾੜੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸਥਾਨਕ ਗਾਂਧੀ ਪਾਰਕ ਵਿੱਚ ਇਕੱਤਰ ਹੋ ਕੇ ਰੋਹ ਭਰਪੂਰ ਨਾਅਰੇਬਾਜ਼ੀ ਕਰਦੇ ਹੋਏ ਰੋਸ ਰੈਲੀ ਕਰਕੇ ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025, ਚਾਰ ਲੇਬਰ ਕੋਡ ਲਾਗੂ ਕਰਨ, ਮਨਰੇਗਾ ਕਾਨੂੰਨ ਖਤਮ ਕਰਕੇ ਜੀ ਰਾਮ ਜੀ ਕਾਨੂੰਨ ਬਣਾਉਣ ਸਮੇਤ ਸਾਰੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ ਆਪਣੀ ਅਵਾਜ਼ ਬੁਲੰਦ ਕੀਤੀ। ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ



ਪ੍ਰਗਟ ਸਿੰਘ ਜਾਮਾਰਾਏ, ਮਹਾਂਵੀਰ ਸਿੰਘ ਗਿੱਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਰਣਜੀਤ ਸਿੰਘ ਬਹਾਦਰਨਗਰ, ਨਛੱਤਰ ਸਿੰਘ ਮੁਗਲ ਚੱਕ, ਪੂਰਨ ਜਸਬੀਰ ਸਿੰਘ ਵੈਰੋਵਾਲ, ਦੇਵੀ ਕੁਮਾਰੀ, ਮੇਹਰ ਸਿੰਘ ਸਖੀਰਾ, ਹਰਜੀਤ ਸਿੰਘ ਰਵੀ, ਗੁਰਚਰਨ ਸਿੰਘ ਸਭਰਾ, ਭੁਪਿੰਦਰ ਸਿੰਘ ਪੰਡੋਰੀ ਤਖਤਮੱਲ, ਧਰਮ ਸਿੰਘ ਪੱਟੀ, ਪੂਰਨ ਸਿੰਘ ਮਾੜੀਮੇਘਾ, ਮਾਸਟਰ ਸਤਵਿੰਦਰ ਸਿੰਘ, ਤਰਸੇਮ ਸਿੰਘ ਲੁਹਾਰ, ਜਗਤਾਰ ਸਿੰਘ ਆਸਲ, ਕਾਰਜ ਸਿੰਘ ਕੈਰੋਂ, ਦਵਿੰਦਰ ਸੋਹਲ, ਰਣਜੀਤ ਸਿੰਘ, ਧਰਮਵੀਰ ਸਿੰਘ ਪੱਟੀ, ਲਖਬੀਰ ਸਿੰਘ ਸੰਧੂ, ਦਲਜੀਤ ਸਿੰਘ ਦਿਆਲਪੁਰਾ, ਜਸਵਿੰਦਰ ਸਿੰਘ ਮਾਣੋਚਾਹਲ, ਨਰਿੰਦਰ ਕੌਰ ਠੱਕਰਪੁਰਾ, ਇੰਦਰਜੀਤ ਸਿੰਘ ਮਰਹਾਣਾ, ਬਾਬਾ ਮਹਿੰਦਰ ਸਿੰਘ ਵੈਂਈਪੂਈ, ਦਲਵਿੰਦਰ ਸਿੰਘ ਪਨੂੰ, ਸੀਮਾ ਸੋਹਲ, ਰਾਜਵਿੰਦਰ ਕੌਰ, ਲਖਬੀਰ ਸਿੰਘ ਸੰਧੂ, ਸੁਖਦੇਵ ਸਿੰਘ ਜਵੰਦਾ, ਸੁਖਵਿੰਦਰ ਕੌਰ ਸੁਰਵਿੰਡ, ਦਵਿੰਦਰ ਸਿੰਘ, ਤਰਜੀਤ ਸਿੰਘ ਨਾਗੋਕੇ ਆਦਿ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਲਗਾਤਾਰ ਲੋਕ ਵਿਰੋਧੀ ਨੀਤੀਆਂ ਧੱਕੇ ਨਾਲ ਲਾਗੂ ਕਰਕੇ ਦੇਸ਼ ਦੀ ਮਿਹਨਤਕਸ਼ ਜਮਾਤ ਨਾਲ ਧੋਖਾ ਕਰ ਰਹੀ ਹੈ। ਆਗੂਆਂ ਨੇ ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਸਮੇਤ ਚਾਰੇ ਲੇਬਰ ਕੋਡਾਂ ਨੂੰ ਬਹੁਤ ਹੀ ਘਾਤਕ ਦੱਸਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਤਬਾਹ ਕਰਕੇ ਖੇਤੀ ਸੈਕਟਰ ਨੂੰ ਪੂੰਜੀਪਤੀਆਂ ਦੇ ਹਵਾਲੇ ਕਰਨ ਦੀ ਨੀਤੀ ਤਹਿਤ ਹੀ ਸਾਰੇ ਕਿਰਤ ਕਾਨੂੰਨ ਖਤਮ ਕਰਕੇ ਧੱਕੇ ਨਾਲ ਚਾਰ ਲੇਬਰ ਕੋਡ ਲਾਗੂ ਕਰਕੇ ਸਮੁੱਚੀ ਮਿਹਨਤਕਸ਼ ਜਮਾਤ ਨੂੰ ਹਾਸੀਏ ਤੇ ਧੱਕਣਾ ਚਾਹੁੰਦੀ ਹੈ। ਜਿਸ ਨੂੰ ਸੰਘਰਸ਼ਸ਼ੀਲ ਲੋਕ ਕਦਾਚਿਤ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਮਿਡ ਡੇ ਮੀਲ, ਆਸ਼ਾ ਅਤੇ ਆਂਗਣਵਾੜੀ ਵਰਕਰਾਂ ਨੂੰ ਬੱਝਵੀਂ ਘੱਟੋ ਘੱਟ ਤਨਖਾਹ ਦੇਣ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਜ਼ੋਰਦਾਰ ਮੰਗ ਕੀਤੀ। ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਨੀਤੀਆਂ ਨੂੰ ਲੋਕ ਵਿਰੋਧੀ ਕਰਾਰ ਦੇਂਦਿਆਂ ਦੇਸ਼ ਵਿਆਪੀ ਹੜਤਾਲ ਨੂੰ ਭਰਵਾਂ ਹੁੰਗਾਰਾ ਦੇਣ ਲਈ ਕਿਰਤੀ ਲੋਕਾਂ ਦਾ ਧੰਨਵਾਦ ਕੀਤਾ। ਅਖੀਰ ਤੇ ਸ਼ਹਿਰ ਵਿੱਚ ਟਰੈਫਿਕ ਦੀ ਮੁਸ਼ਕਿਲ ਨੂੰ ਧਿਆਨ ਵਿੱਚ ਰੱਖਦੇ ਹੋਏ ਪ੍ਰਦਰਸ਼ਨਕਾਰੀਆਂ ਨੇ ਚਾਰ ਖੰਬਾ ਚੌਂਕ ਤੋਂ ਤਹਿਸੀਲ ਚੌਂਕ ਤੱਕ ਛੋਟੇ ਰੂਟ 'ਤੇ ਹੱਥਾਂ ਵਿੱਚ ਝੰਡੇ ਅਤੇ ਮਾਟੋ ਫੜ ਕੇ ਸਰਮਾਏਦਾਰ ਪੱਖੀ ਹਾਕਮਾਂ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਰੋਹ ਭਰਪੂਰ ਮਾਰਚ ਕੀਤਾ।

# ਆਈਸੀਆਈਸੀਆਈ ਪਰੂਸਮਾਰਟ ਕਿੱਡ 360 ਨਾਲ ਆਪਣੇ ਬੱਚੇ ਦਾ ਭਵਿੱਖ ਸੁਰੱਖਿਅਤ ਕਰੋ

**ਜਲੰਧਰ** : ਆਈਸੀਆਈਸੀਆਈ ਪਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਨੇ ਆਈਸੀਆਈਸੀਆਈ ਪਰੂਸਮਾਰਟ ਕਿੱਡ 360 ਲਾਂਚ ਕੀਤਾ ਹੈ। ਲਾਂਚ ਤੇ ਟਿੱਪਣੀ ਕਰਦੇ ਹੋਏ, ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਦੇ ਮੁੱਖ ਉਤਪਾਦ ਅਧਿਕਾਰੀ ਵਿਕਾਸ ਗੁਪਤਾ ਨੇ ਕਿਹਾ, ਆਈਸੀਆਈਸੀਆਈ ਪਰੂਸਮਾਰਟ ਕਿੱਡ 360 ਨੂੰ ਮਾਪਿਆਂ ਦੀ ਆਪਣੇ ਬੱਚੇ ਦੇ ਭਵਿੱਖ ਨੂੰ ਵਿੱਤੀ ਤੌਰ ਤੇ ਸੁਰੱਖਿਅਤ ਕਰਨ ਦੀ ਜ਼ਰੂਰਤ ਨੂੰ ਪੂਰਾ ਕਰਨ ਲਈ ਤਿਆਰ ਕੀਤਾ ਗਿਆ ਹੈ।ਮਨੀਬੈਕ ਲਾਭਾਂ ਤੋਂ ਇਲਾਵਾ, ਉਤਪਾਦ ਪਾਲਿਸੀ ਦੀ ਮਿਆਦ ਦੇ ਅੰਤ ਤੇ ਇੱਕਮੁਸ਼ਤ ਭੁਗਤਾਨ ਦੇ ਰੂਪ ਵਿੱਚ ਇੱਕ ਗਾਰੰਟੀਸ਼ੁਦਾ ਪਰਿਪੱਕਤਾ ਲਾਭ ਪ੍ਰਦਾਨ ਕਰਦਾ ਹੈ, ਜੋ ਬੱਚੇ ਦੇ ਬਾਲਗਤਾ ਵਿੱਚ ਤਬਦੀਲੀ ਦਾ ਸਮਰਥਨ ਕਰ ਸਕਦਾ ਹੈ।ਆਈਸੀਆਈਸੀਆਈ ਪਰੂ ਸਮਾਰਟ ਕਿੱਡ 360, ਬੱਚੇ ਦੇ ਭਵਿੱਖ ਦੇ ਮੀਲ ਪੱਥਰ ਜਿਵੇਂ ਕਿ ਸਕੂਲ ਜਾਂ ਉੱਚ ਸਿੱਖਿਆ ਜਾਂ ਸ਼ੁਰੂਆਤੀ ਬਾਲਗਤਾ ਟੀਚਿਆਂ ਦੇ ਅਨੁਸਾਰ ਮਨੀਬੈਕ ਜਾਂ ਪਹਿਲਾਂ ਤੋਂ ਨਿਰਧਾਰਤ ਭੁਗਤਾਨ ਦਿੰਦਾ ਹੈ।ਖਾਸ ਤੌਰ ਤੇ, ਗਾਹਕ ਭੁਗਤਾਨ ਵਜੋਂ ਇੱਕ ਨਿਸ਼ਚਿਤ ਰਕਮ ਜਾਂ ਵਧਦੀ ਰਕਮ ਦੀ ਚੋਣ ਕਰ ਸਕਦੇ ਹਨ।

# ਰੰਧਾਵਾ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਲਗਾਏ ਵਿਸ਼ੇਸ਼ ਕੈਂਪਾਂ ਦਾ ਨਿਰੀਖਣ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**- ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੈਲਥ ਕਾਰਡ ਬਣਾਉਣ ਲਈ ਹਲਕਾ ਡੇਰਾ ਬਾਬਾ ਨਾਨਕ ਦੇ ਵੱਖ-ਵੱਖ ਪਿੰਡਾਂ 'ਚ ਵਿਸ਼ੇਸ਼ ਰਜਿਸਟਰੇਸ਼ਨ ਕੈਂਪ ਲਗਾਏ ਗਏ ਹਨ ਅਤੇ ਉਨ੍ਹਾਂ ਵੱਲੋਂ ਕੈਂਪਾਂ ਵਿੱਚ ਪਹੁੰਚ ਕੇ ਬਣਾਏ ਜਾ ਰਹੇ ਹੈਲਥ ਕਾਰਡਾਂ ਸਬੰਧੀ ਲੋਕਾਂ ਨਾਲ ਗੱਲਬਾਤ ਕਰਕੇ ਜਾਣਕਾਰੀ ਲਈ ਜਾ ਰਹੀ ਹੈ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਇਲਾਕਾ ਵਾਸੀਆਂ ਵੱਲੋਂ ਵੱਡੀ ਗਿਣਤੀ 'ਚ ਸ਼ਿਰਕਤ ਕਰਕੇ ਹੈਲਥ ਕਾਰਡ ਬਣਾਉਣ ਦੀ ਰਜਿਸਟ੍ਰੇਸ਼ਨ ਕਰਵਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਹੈਲਥ ਕਾਰਡ ਰਾਹੀਂ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਸਲਾਨਾ ਮੁਫ਼ਤ ਇਲਾਜ ਦੀ ਸਹੂਲਤ ਵਾਸਤੇ ਲੋਕਾਂ ਵਲੋਂ ਮਾਨ ਸਰਕਾਰ ਦੀ ਦਿਲੋਂ ਸ਼ਲਾਘਾ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਵੱਖ ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਅਤੇ ਟੈਸਟ ਮੁਫ਼ਤ ਹੋਣਗੇ।ਜਿਵੇਂ ਹੀ ਮਰੀਜ਼ ਹਸਪਤਾਲ ਵਿੱਚ ਦਾਖਲ ਹੁੰਦਾ ਹੈ, ਸਭ ਕੁਝ ਮੁਫ਼ਤ ਹੋਵੇਗਾ।ਉਨ੍ਹਾਂ ਤੋਂ ਕੁਝ ਨਹੀਂ ਪੁੱਛਿਆ ਜਾਵੇਗਾ, ਸਿਰਫ਼ ਆਪਣਾ ਹੈਲਥ ਕਾਰਡ ਲੈ ਕੇ ਜਾਣਾ ਹੋਵੇਗਾ।ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਅਤੇ ਕਿਸੇ ਨੂੰ ਵੀ ਇਸ ਤੋਂ ਬਾਹਰ ਨਹੀਂ ਰੱਖਿਆ ਗਿਆ।ਉਨ੍ਹਾਂ ਨੇ ਅੱਗੇ ਕਿਹਾ ਕਿ ਇਹ ਕਾਰਡ ਸਾਰਿਆਂ ਲਈ ਹੈ ਅਤੇ 65 ਲੱਖ ਪਰਿਵਾਰਾਂ ਨੂੰ ਸਿੱਧਾ



ਲਾਭ ਹੋਵੇਗਾ।ਸੂਬੇ ਦੇ ਸਾਰੇ 65 ਲੱਖ ਪਰਿਵਾਰਾਂ (ਕੁੱਲ ਤਿੰਨ ਕਰੋੜ ਨਾਗਰਿਕਾਂ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।ਇਹ ਪਹਿਲੀ ਵਾਰ ਹੈ ਕਿ ਇਸ ਯੋਜਨਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ ਅਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਇਸ ਯੋਜਨਾ ਤਹਿਤ 850 ਸਰਕਾਰੀ ਅਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਹਸਪਤਾਲ ਸ਼ਾਮਲ ਕੀਤੇ ਜਾਣਗੇ।

# ਐੱਨ ਆਈ ਸੀ ਪਠਾਨਕੋਟ ਨੇ ਮਨਾਇਆ ਸੁਰੱਖਿਅਤ ਇੰਟਰਨੈੱਟ ਦਿਵਸ

**ਪਠਾਨਕੋਟ (ਦਵਿੰਦਰ ਸਿੰਘ)**- ਐੱਨ ਆਈ ਸੀ ਪਠਾਨਕੋਟ ਵੱਲੋਂ ਐੱਸ ਐੱਮ ਡੀ ਆਰ ਐੱਸ ਡੀ ਕਾਲਜ ਆਫ਼ ਐਜੂਕੇਸ਼ਨ ਪਠਾਨਕੋਟ ਵਿਖੇ ਸੁਰੱਖਿਅਤ ਇੰਟਰਨੈੱਟ ਦਿਵਸ ਮਨਾਇਆ ਗਿਆ।ਇਸ ਸਮਾਗਮ



ਵਿੱਚ ਕਾਲਜ ਦੇ ਵਿਦਿਆਰਥੀ , ਸਟਾਫ ਤੇ ਹੋਰ ਲੋਕ ਸ਼ਾਮਲ ਹੋਏ। ਇਸ ਸਮਾਗਮ ਦੀ ਅਗਵਾਈ ਡਾ. ਮਿਨਾਕਸ਼ੀ ਵਿਗ, ਪ੍ਰਿੰਸੀਪਲ ਐਸ ਐਮ ਡੀ ਆਰ ਐਸ ਡੀ ਕਾਲਜ ਆਫ਼ ਐਜੂਕੇਸ਼ਨ ਨੇ ਕੀਤੀ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਕਰਨ ਸੋਨੀ, ਡੀ ਆਈ ਓ, ਐਨ ਆਈ ਸੀ ਪਠਾਨਕੋਟ ਨੇ ਇੰਟਰਨੈੱਟ ਦੀ ਵਰਤੋਂ ਦੌਰਾਨ ਸਾਈਬਰ ਸਫਾਈ ਦੀ ਬਹੁਤ ਜ਼ਰੂਰਤ 'ਤੇ ਜ਼ੋਰ ਦਿੱਤਾ। ਵਿਦਿਆਰਥੀਆਂ ਨੂੰ ਸਾਈਬਰ ਸਫਾਈ ਅਭਿਆਸਾਂ ਨੂੰ ਲਾਗੂ ਕਰਨਾ ਸ਼ੁਰੂ ਕਰਨ ਅਤੇ ਇਸ ਨੂੰ ਆਪਣੇ ਦੋਸਤਾਂ, ਪਰਿਵਾਰ ਅਤੇ ਹੋਰ ਸੋਸ਼ਲ ਨੈੱਟਵਰਕਿੰਗ ਸਾਈਟਾਂ 'ਤੇ ਵੀ ਉਤਸ਼ਾਹਿਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਨੇ ਵੱਖ-ਵੱਖ ਕਿਸਮਾਂ ਦੇ ਸਾਈਬਰ-ਹਮਲਿਆਂ ਅਤੇ ਉਨ੍ਹਾਂ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਗੱਲ ਕੀਤੀ। ਉਨ੍ਹਾਂ ਨੇ ਮਲਟੀਫੈਕਟਰ ਪ੍ਰਮਾਣੀਕਰਨ ਵਾਲੇ ਮਜ਼ਬੂਤ ਪਾਸਵਰਡਾਂ ਦੀ ਵਰਤੋਂ, ਐਂਟੀਵਾਇਰਸ ਦੀ ਵਰਤੋਂ, ਪ੍ਰਮਾਣਿਕ ਸਰੋਤਾਂ ਤੋਂ ਐਪਸ ਅਤੇ ਸਾਫਟਵੇਅਰਾਂ ਦੀ ਵਰਤੋਂ, ਸਾਫਟਵੇਅਰਾਂ ਦੇ ਨਿਯਮਤ ਅੱਪਡੇਟ, ਵਟਸਐਪ, ਫੇਸਬੁੱਕ, ਟਵਿੱਟਰ ਆਦਿ ਵਰਗੇ ਸੋਸ਼ਲ ਨੈੱਟਵਰਕਿੰਗ ਮਾਧਿਅਮਾਂ 'ਤੇ ਨਿੱਜੀ ਡੇਟਾ ਸਾਂਝਾ ਕਰਨ 'ਤੇ ਪਾਬੰਦੀ ਲਗਾਉਣ 'ਤੇ ਜ਼ੋਰ ਦਿੱਤਾ। ਸੈਸ਼ਨ ਡਾ. ਮੀਨਾਕਸ਼ੀ ਵਿਜ ਨੇ ਸ੍ਰੀ ਕਰਨ ਸੋਨੀ ਦਾ ਸਾਈਬਰ-ਹਮਲਿਆਂ ਅਤੇ ਉਨ੍ਹਾਂ ਨੂੰ ਘਟਾਉਣ ਦੇ ਤਰੀਕਿਆਂ ਬਾਰੇ ਅਨਮੋਲ ਜਾਣਕਾਰੀ ਪ੍ਰਦਾਨ ਕਰਨ ਲਈ ਧੰਨਵਾਦ ਕਰਨ ਨਾਲ ਸਮਾਪਤ ਕੀਤਾ। ਉਨ੍ਹਾਂ ਨੇ ਸਾਈਬਰ ਸਫਾਈ ਅਭਿਆਸਾਂ ਨੂੰ ਲਾਗੂ ਕਰਨ ਦੀ ਵੀ ਪੁਸ਼ਟੀ ਕੀਤੀ ਅਤੇ ਵਿਦਿਆਰਥੀਆਂ ਨੂੰ ਅਜਿਹਾ ਕਰਨ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਸ੍ਰੀ ਕਰਨ ਸੋਨੀ ਨੂੰ ਪ੍ਰਸ਼ੰਸਾ ਪੱਤਰ ਭੇਟ ਕੀਤਾ।

# ਵਿਸ਼ਵ ਬੈਂਕ ਦੀ ਟੀਮ ਨੇ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਪ੍ਰੋਜੈਕਟ ਦੀ ਪ੍ਰਗਤੀ ਦਾ ਲਿਆ ਜਾਇਜ਼ਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼ਹਿਰ ਵਿੱਚ ਲੋਕਾਂ ਨੂੰ ਲਗਾਤਾਰ ਸਾਫ ਪਾਣੀ ਦੀ ਸਪਲਾਈ ਲਈ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਨੇ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ (ਏ.ਬੀ. ਡਬਲਯੂਐੱਸਐੱਸ) ਪ੍ਰੋਜੈਕਟ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਵਿਸ਼ਵ ਬੈਂਕ ਦੀ ਟੀਮ ਵੱਲੋਂ ਸ਼ਹਿਰ ਦਾ ਦੌਰਾ ਕੀਤਾ ਗਿਆ। ਜਿਕਰ ਜੋਗ ਹੈ ਕਿ ਨਗਰ ਨਿਗਮ ਵਲੋਂ ਵਿਸ਼ਵ ਬੈਂਕ ਦੇ ਸਹਿਯੋਗ ਨਾਲ ਪੰਜਾਬ ਮਿਊਂਸਪਲ ਸਰਵਿਸਿਜ਼ ਇੰਪਰੂਵਮੈਂਟ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ ਜਿਸ ਤਹਿਤ ਆਉਣ ਵਾਲੇ ਸਮੇਂ ਵਿੱਚ ਅੱਪਰ ਬਾਰੀ ਦੁਆਬ ਨਹਿਰ ਦਾ ਪਾਣੀ ਸਾਫ਼ ਕਰਕੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ ਜਿਸ ਲਈ ਵੱਲ੍ਹਾ ਦੇ ਨੇੜੇ 44 ਕਰੋੜ ਲੀਟਰ ਪਾਣੀ ਪ੍ਰਤੀ ਦਿਨ ਸਮਰੱਥਾ ਵਾਲੇ ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਬਣਾਇਆ ਜਾ ਰਿਹਾ ਹੈ। ਇਨ੍ਹਾਂ ਦੇ ਇਲਾਵਾ ਸ਼ਹਿਰ ਵਿੱਚ 45 ਨਵੀਆਂ ਪਾਣੀ ਦੀਆਂ ਟੈਂਕੀਆਂ ਅਤੇ 112 ਕਿ.ਮੀ. ਲੰਮੀ ਪਾਈਪਲਾਈਨ ਬਿਛਾਉਣ ਦੇ ਕੰਮ ਚਲ ਰਹੇ ਹਨ, ਜਿਸ ਵਿੱਚੋਂ 95 ਕਿਲੋਮੀਟਰ ਪਾਈਪਲਾਈਨ ਵਿਛਾਈ ਜਾ ਚੁੱਕੀ ਹੈ। ਵਿਸ਼ਵ ਬੈਂਕ ਦੇ ਰੋਜਾਨਾ ਨਿੰਟੀ ਅਤੇ ਸ੍ਰੀਨਿਵਾਸ ਰਾਓ ਪੋਡੀਪੀਰੈਡੀ ਨੇ ਸੌ ਫੁੱਟੀ ਰੋਡ, ਗੋਲਬਾਗ, ਪੁਰਾਣੀ ਸਬਜ਼ੀ ਮੰਡੀ ਅਤੇ ਐੱਸਐੱਸਪੀ ਦਫ਼ਤਰ ਦੇ ਨੇੜੇ ਬਣ ਰਹੀਆਂ ਪਾਣੀ ਦੀਆਂ ਟੈਂਕੀਆਂ ਅਤੇ ਵੱਲ੍ਹਾ ਵਿੱਚ ਬਣ ਰਹੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਦੌਰਾ ਕਰਕੇ ਨਿਰਮਾਣ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਇਸ ਤੋਂ ਬਾਅਦ ਟੀਮ ਨੇ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿਲ ਨਾਲ ਪ੍ਰੋਜੈਕਟ ਦੀ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਵਿਸ਼ਵ ਬੈਂਕ ਦੀ ਟੀਮ ਨੇ ਚੱਲ ਰਹੇ ਕੰਮ ਦੀ ਗੁਣਵੱਤਾ ਦੀ ਸਰਾਹਨਾ ਕੀਤੀ ਅਤੇ ਨਿਰਮਾਣ ਵਿੱਚ ਅਪਣਾਏ ਜਾ ਰਹੇ ਮਿਆਰਾਂ 'ਤੇ ਸੰਤੁਸ਼ਟੀ ਜਤਾਈ। ਇਸ ਮੌਕੇ ਕੁਲਦੀਪ ਸਿੰਘ ਸੈਨੀ (ਪ੍ਰੋਜੈਕਟ ਮੈਨੇਜਰ), ਜੀਤਿਨ ਵਾਸੁਦੇਵਾ (ਐੱਸਈਪ੍ਰੋਜੈਕਟ), ਨਰਿੰਦਰਪਾਲ ਸਿੰਘ, ਅਸ਼ਵਨੀ ਕੁਮਾਰ ਆਦਿ ਵੀ ਮੌਜੂਦ ਸਨ।

# ਕੈਬਨਿਟ ਮੰਤਰੀ ਕਟਾਰੂਚੱਕ ਵੱਲੋਂ ਨਿਰਧਾਰਤ ਟੀਮ ਨੇ ਸੀਐੱਸਸੀ ਸੈਂਟਰ ਦਾ ਕੀਤਾ ਦੌਰਾ

**ਪਠਾਨਕੋਟ (ਦਵਿੰਦਰ ਸਿੰਘ)**- ਸ੍ਰੀ ਲਾਲ ਚੰਦ ਕਟਾਰੂ ਚੱਕ ਕੈਬਨਟ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਉਨ੍ਹਾਂ ਵੱਲੋਂ ਨਿਰਧਾਰਿਤ ਕੀਤੀ ਗਈ ਟੀਮ ਵੱਲੋਂ ਪਿੰਡ ਭੋਆ ਵਿਖੇ ਸੀਐੱਸਸੀ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ ਰਜਿਸਟ੍ਰੇਸ਼ਨ ਕਰਾਉਣ ਦੇ ਲਈ ਜਾਗਰੂਕ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਸੋਹਣ ਭਟੋਆ, ਪਵਨ ਕੁਮਾਰ ਫੌਜੀ ਮੈਂਬਰ



ਬਲਾਕ ਸੰਮਤੀ, ਨਰੇਸ਼ ਸੈਣੀ-ਸੈਣੀ ਵੈੱਲਫੇਅਰ ਮਾਝਾ ਜੋਨ ਸਕੱਤਰ, ਸਰਪੰਚ ਪ੍ਰੇਮ ਸ਼ਰਮਾ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਤੇ ਜਾਣਕਾਰੀ ਦਿੰਦਿਆਂ ਪਵਨ ਕੁਮਾਰ ਫੌਜੀ ਮੈਂਬਰ ਬਲਾਕ ਸੰਮਤੀ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਲੋਕਾਂ ਨੂੰ ਫ੍ਰੀ ਸਿਹਤ ਸੇਵਾਵਾਂ ਦੇਣ ਦੇ ਉਦੇਸ਼ ਦੇ ਨਾਲ ਜੋ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਚਲਾਈ ਜਾ ਰਹੀ ਹੈ ਉਸ ਅਧੀਨ ਵੱਖ-ਵੱਖ ਪਿੰਡਾਂ ਅੰਦਰ ਸੀਐੱਸਸੀ ਸੈਂਟਰਾਂ ਦੇ ਅੰਦਰ ਕੈਂਪ ਲਗਾ ਕੇ ਲੋਕਾਂ ਦੇ ਸਿਹਤ ਬੀਮਾ ਯੋਜਨਾ ਕਾਰਡ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਕੈਬਨਿਟ ਮੰਤਰੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਿਰਧਾਰਿਤ ਕੀਤੀਆਂ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਅੰਦਰ ਪਹੁੰਚ ਕਰਕੇ ਲੋਕਾਂ ਨੂੰ ਸਿਹਤ ਬੀਮਾ ਯੋਜਨਾ ਕਾਰਡ ਬਣਾਉਣ ਦੇ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਲੋਕਾਂ ਵਿੱਚ ਸਿਹਤ ਬੀਮਾ ਕਾਰਡ ਬਣਾਉਣ ਨੂੰ ਲੈ ਕੇ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਵਾਲੀਆਂ ਝਪਟ ਕੇ ਮੋਟਰਸਾਈਕਲ ਸਵਾਰ ਫਰਾਰ

**ਧਾਰੀਵਾਲ, (ਮਨਦੀਪ ਵਿੱਕੀ)**- ਸ਼ਹਿਰ ਧਾਰੀਵਾਲ ਦੀ ਗੋਲਡਨ ਕਲੋਨੀ ਵਿੱਚ ਘਰ ਦੇ ਗੇਟ ਲਾਗੇ ਕੁਰਸੀ 'ਤੇ ਬੈਠੀ ਇੱਕ ਔਰਤ ਦੇ ਕੰਨਾਂ ਵਿੱਚੋਂ ਵਾਲੀਆਂ ਝਪਟ ਕੇ ਮੋਟਰਸਾਈਕਲ ਸਵਾਰ ਦੋ ਨੌਜਵਾਨ ਫਰਾਰ ਹੋਏ।ਕਿਰਨ ਬਾਲਾ (ਉਮਰ 62 ਸਾਲ) ਪਤਨੀ ਸੋਮ ਨਾਥ ਵਾਸੀ ਗੋਲਡਨ ਐਵੀਨਿਉ ਕਲੋਨੀ ਧਾਰੀਵਾਲ ਨੇ ਦੱਸਿਆ ਕਿ ਉਹ ਆਪਣੇ ਘਰ ਦੇ ਗੇਟ ਦੇ ਲਾਗੇ ਕੁਰਸੀ ਤੇ ਬੈਠੀ ਸੀ ਕਿ ਦੁਪਹਿਰ ਨੂੰ ਕਰੀਬ 1 ਵਜੇ ਇੱਕ ਮੋਟਰਸਾਇਕਲ 'ਤੇ ਦੋ ਨੌਜਵਾਨ ਸਵਾਰ ਹੋ ਕੇ ਆਏ ਅਤੇ ਉਸਦੇ ਨਜ਼ਦੀਕ ਮੋਟਰਸਾਇਕਲ ਰੋਕ ਕੇ ਕਿਸੇ ਦਾ ਪਤਾ ਪੁੱਛਣ ਦੇ ਬਹਾਨੇ ਨਾਲ ਮੌਕਾ ਦੇਖ ਕੇ ਉਸ ਦੇ ਕੰਨਾਂ ਵਿੱਚ ਪਾਈਆਂ ਸੋਨੇ ਦੀਆਂ ਵਾਲੀਆਂ ਝਪਟ ਮਾਰ ਕੇ ਖੋਹ ਲਈਆਂ ਅਤੇ ਦੋਵੇਂ ਨੌਜਵਾਨ ਮੋਟਰਸਾਇਕਲ 'ਤੇ ਸਵਾਰ ਹੋ ਕੇ ਦੌੜ ਗਏ।ਇਸ ਸਬੰਧੀ ਥਾਣਾ ਧਾਰੀਵਾਲ ਨੂੰ ਸੂਚਨਾ ਦੇ ਦਿੱਤੀ ਹੈ।ਇਸ ਮਾਮਲੇ ਤੇ ਜਾਂਚ ਅਧਿਕਾਰੀ ਏਐੱਸਆਈ ਸੁਖਦੇਵ ਸਿੰਘ ਨੇ ਕਿਰਨ ਬਾਲਾ ਦੇ ਬਿਆਨਾ ਅਨੁਸਾਰ ਮੋਟਰਸਾਈਕਲ 'ਤੇ ਸਵਾਰ 2 ਅਣਪਛਾਤੇ ਨੌਜਵਾਨਾਂ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

# ਸਤੀ ਮਾਤਾ ਯੂਥ ਕਲੱਬ ਚਾਵਾ ਵੱਲੋਂ ਹੋਲੇ ਮਹੱਲੇ 'ਤੇ ਲੰਗਰ 24 ਤੋਂ



**ਗੁਰਦਾਸਪੁਰ, (ਜਨਕ ਮਹਾਜਨ)**- ਸਤੀ ਮਾਤਾ ਯੂਥ ਕਲੱਬ ਚਾਵਾ ਵੱਲੋਂ ਹੋਲੇ ਮੱਹਲੇ ਨੂੰ ਸਮਰਪਿਤ 14ਵਾਂ ਵਿਸ਼ਾਲ ਲੰਗਰ 24 ਫਰਵਰੀ ਤੋਂ ਅਰੰਭ ਕਰਕੇ ਹੋਲੇ ਮੱਹਲੇ ਦੇ ਅਖ਼ੀਰਲੇ ਦਿਨ ਤਿੰਨ ਮਾਰਚ ਤੱਕ ਚੱਲੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਮਹਿੰਦਰ ਸਿੰਘ, ਸੂਰਜ ਸਿੰਘ, ਬਲਦੇਵ ਸਿੰਘ, ਰਮਨਦੀਪ ਸਿੰਘ, ਰਣਦੀਪ ਸਿੰਘ, ਹਰਿੰਦਰ ਸਿੰਘ, ਨੀਤਿਨ, ਸ਼ਾਲੂ, ਕੁਲਵੰਤ ਸਿੰਘ, ਲੱਕੀ ਤੇ ਹੋਰ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਇਸ ਲੰਗਰ ਵਿਚ ਪਿੰਡ ਵਾਸੀ ਅਤੇ ਪ੍ਰਵਾਸੀ ਭਾਰਤੀਆਂ ਦਾ ਵੱਡਾ ਸਹਿਯੋਗ ਹੈ ਅਤੇ ਇਹ ਲੰਗਰ 24 ਘੰਟੇ ਨਿਰੰਤਰ ਚਲਦਾ ਹੈ। ਉਨ੍ਹਾਂ ਦੱਸਿਆ ਕਿ ਇਸ ਲੰਗਰ ਦੀਆਂ ਤਿਆਰੀਆਂ ਵਾਸਤੇ ਕਲੱਬ ਦੇ ਮੈਂਬਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਅਤੇ ਲੰਗਰ ਦੀ ਸਾਂਭ ਸੰਭਾਲ ਵਾਸਤੇ ਮੋਹਤਬਰ ਵਿਅਕਤੀਆਂ ਨੂੰ ਜ਼ਿੰਮੇਵਾਰੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਲੰਗਰ ਨੂੰ ਬੇਹਤਰੀਨ ਤਰੀਕੇ ਨਾਲ ਚਲਾਉਣ ਵਾਸਤੇ ਸੰਗਤਾਂ ਵਲੋਂ ਖੁੱਲ੍ਹੇ ਰੂਪ ਵਿਚ ਦਾਨ ਕੀਤਾ ਜਾ ਰਿਹਾ ਹੈ।

# ਪੂਨੇ ਤੋਂ ਆਏ ਅਧਿਆਪਕਾਂ ਦੇ ਵਫਦ ਵੱਲੋਂ ਤੁਗਲਵਾਲਾ ਕਾਲਜ 'ਚ ਯਾਦਗਾਰੀ ਫੇਰੀ

**ਧਾਰੀਵਾਲ, (ਮਨਦੀਪ ਵਿੱਕੀ)**- ਮਹਾਰਾਸ਼ਟਰ ਦੇ ਪੂਨੇ ਵਿੱਚ ਸਥਿਤ ਜਗਤਗੁਰੂ ਸੰਤ ਤੁਕਾਰਾਮ ਮਹਾਰਾਜ ਸੰਤਪੀਠ ਸਕੂਲ ਐਂਡ ਜੂਨੀਅਰ ਕਾਲਜ, ਚਿਖਲੀ (ਪਿੰਪਰੀ-ਚਿੰਚਵੜ) ਦਾ ਵਿਸ਼ੇਸ਼ ਵਫਦ ਪੰਜਾਬ ਦੇ ਇਤਿਹਾਸਕ ਪਿੰਡ ਘੁਮਾਣ ਪਹੁੰਚ ਕੇ ਇਤਿਹਾਸਿਕ ਸਥਾਨਾਂ ਦੇ ਦਰਸ਼ਨ ਕਰਨ ਦੇ ਬਾਅਦ ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਵਿਖੇ ਪਹੁੰਚਿਆ।ਇਸ ਵਿਸ਼ੇਸ਼ ਵਫਦ ਦੀ ਇਹ ਯਾਤਰਾ ਸਿਰਫ਼ ਇੱਕ ਸੈਰ ਨਹੀਂ ਸੀ, ਇਹ ਦਿਲਾਂ ਨੂੰ ਜੋੜਨ ਵਾਲੀ ਇੱਕ ਅਜਿਹੀ ਕਹਾਣੀ ਜੋ ਸੱਭਿਆਚਾਰ, ਸਿੱਖਿਆ ਅਤੇ ਭਾਈਚਾਰੇ ਦੀ ਸੁੰਦਰ ਮਿਸਾਲ ਬਣ ਗਈ।ਵਫਦ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਸੁਭਾਏਮਾਨ ਮਹਾਨ ਭਗਤ ਬਾਬਾ ਨਾਮਦੇਵ ਜੀ ਦੇ ਪਵਿੱਤਰ ਅਤੇ ਇਤਿਹਾਸਕ ਅਸਥਾਨ ਦੇ ਦਰਸ਼ਨ ਕੀਤੇ।ਇੱਥੇ ਬਾਬਾ ਨਾਮਦੇਵ ਸੁਸਾਇਟੀ ਘੁਮਾਣ ਦੇ ਆਗੂਆਂ ਵੱਲੋਂ ਉਨ੍ਹਾਂ ਦਾ ਬਹੁਤ ਹੀ ਸਤਿਕਾਰਯੋਗ ਅਤੇ ਪਿਆਰ ਭਰਿਆ ਸਵਾਗਤ ਕੀਤਾ ਗਿਆ।ਬਾਬਾ ਨਾਮਦੇਵ ਜੀ ਦੇ ਚਰਨਾਂ ਵਾਲੀ ਧਰਤੀ 'ਤੇ ਖੜ੍ਹੇ ਹੋ ਕੇ ਉਹਨਾਂ ਨੂੰ ਡੂੰਘੀ ਅਧਿਆਤਮਕ ਸ਼ਾਂਤੀ ਅਤੇ ਪ੍ਰੇਰਨਾ ਮਿਲੀ। ਦਰਸ਼ਨਾਂ ਤੋਂ ਬਾਅਦ ਉਹ ਬਾਬਾ ਆਇਆ ਸਿੰਘ ਰਿਆੜਕੀ ਕਾਲਜ, ਤੁਗਲਵਾਲਾ ਪਹੁੰਚੇ।ਇੱਥੇ ਉਨ੍ਹਾਂ ਨੇ ਸੰਸਥਾ ਦਾ ਵਿਸਥਾਰ ਵਿੱਚ ਦੌਰਾ ਕੀਤਾ, ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਸੰਸਥਾ ਦੀ ਵਿਦਿਅਕ ਪ੍ਰਣਾਲੀ, ਅਨੁਸ਼ਾਸਨ ਅਤੇ ਸੁੰਦਰ ਵਾਤਾਵਰਣ ਨੂੰ ਬਹੁਤ ਹੀ ਪ੍ਰੇਰਨਾਦਾਇਕ ਅਤੇ ਅਦੁੱਤੀ ਦੱਸਿਆ।ਇਸ ਵਫਦ ਵਿੱਚ ਸੀਈਓ ਸੰਦੀਪ ਖੋਤ., ਸਕੱਤਰ ਸੌ. ਸੰਗੀਤਾ ਬਾਂਗਰ, ਡਾਇਰੈਕਟਰ ਡਾ. ਸਵਾਤੀ ਮੂਲੇ, ਡਾਇਰੈਕਟਰ ਸ੍ਰੀ ਰਾਜੂ ਮਹਾਰਾਜ ਢੋਰੇ, ਪ੍ਰਿੰਸੀਪਲ ਡਾ. ਗਿਆਨੇਸ਼ਵਰ ਗਾਡਗੇ ਅਤੇ 35 ਅਧਿਆਪਕ ਸ਼ਾਮਲ ਸਨ। ਡਾ. ਗਿਆਨੇਸ਼ਵਰ ਗਾਡਗੇ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦੇ ਹੋਏ ਕਿਹਾ।



ਇਹ ਮੁਲਾਕਾਤ ਸਿਰਫ਼ ਇੱਕ ਦਿਨ ਲਈ ਨਹੀਂ ਸੀ ਜੋ ਪਿਆਰ, ਸਤਿਕਾਰ ਅਤੇ ਅਧਿਆਤਮਿਕਤਾ ਇੱਥੇ ਮਿਲੀ, ਉਹ ਅਸੀਂ ਕਦੇ ਨਹੀਂ ਭੁੱਲ ਸਕਦੇ।ਕਾਲਜ ਪ੍ਰਿੰ. ਸਵਰਨ ਸਿੰਘ ਵਿਰਕ ਨੇ ਆਪਣੇ ਸੰਬੋਧਨ ਵਿੱਚ ਕਿਹਾ: ਪੂਨੇ ਦੇ ਇਸ ਸਕੂਲ ਵੱਲੋਂ ਦੇਸ਼ ਭਰ ਦੇ ਸੰਤ-ਮਹਾਂਪੁਰਖਾਂ ਦੇ ਜੀਵਨ ਅਤੇ ਸਿੱਖਿਆ ਨੂੰ ਵਿਦਿਆਰਥੀਆਂ ਤੱਕ ਪਹੁੰਚਾਉਣ ਲਈ ਜੋ ਬੀੜਾ ਚੁੱਕਿਆ ਗਿਆ ਹੈ, ਉਹ ਸੱਚਮੁੱਚ ਸਲਾਹੁਣਯੋਗ ਅਤੇ ਪ੍ਰੇਰਨਾਦਾਇਕ ਹੈ। ਇਹ ਸਾਡੇ ਲਈ ਵੱਡੇ ਮਾਣ ਦੀ ਗੱਲ ਹੈ ਕਿ ਅਜਿਹੇ ਸ਼ਾਨਦਾਰ ਵਿਦਵਾਨ ਅਤੇ ਅਧਿਆਪਕ ਸਾਡੇ ਕਾਲਜ ਵਿੱਚ ਪਹੁੰਚੇ। ਅਖੀਰ ਸਾਰੇ ਮਹਿਮਾਨਾਂ ਨੂੰ ਪ੍ਰਿੰਸੀਪਲ ਸਾਹਿਬ ਅਤੇ ਸਟੂਡੈਂਟ ਕਮੇਟੀ ਵੱਲੋਂ ਦੁਸ਼ਾਲਾ ਭੇਟ ਕੀਤਾ ਗਿਆ।

# ਜੀਐੱਨਡੀਯੂ 'ਚ ਅੱਠ ਰਾਜਾਂ ਦੀਆਂ ਮਹਿਲਾ ਸਾਈਕਲ ਸਵਾਰਾਂ ਆਪਣੀ ਪ੍ਰਤਿਭਾ ਵਿਖਾਉਣਗੀਆਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਅਸਮਿਤਾ ਮਹਿਲਾ ਟ੍ਰੈਕ ਸਾਈਕਲਿੰਗ ਲੀਗ ਅਧੀਨ ਉੱਤਰੀ ਭਾਰਤ ਦੇ ਅੱਠ ਰਾਜਾਂ ਦੀਆਂ ਮਹਿਲਾ ਸਾਈਕਲ ਸਵਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੀਆਂ। ਇਹ ਮੁਕਾਬਲੇ 19 ਅਤੇ 20 ਫਰਵਰੀ ਨੂੰ ਜੀ ਐਨ ਡੀ ਯੂ, ਅੰਮ੍ਰਿਤਸਰ ਵਿੱਚ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਨਾਰਥ ਜ਼ੋਨ ਇੰਚਾਰਜ ਅਤੇ ਸਹਾਇਕ ਸਕੱਤਰ ਨੀਰਜ ਤੰਵਰ ਨੇ ਦੱਸਿਆ ਕਿ ਇਹ ਪ੍ਰਤੀਯੋਗਿਤਾ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਸਪੋਰਟਸ ਅਥਾਰਟੀ ਆਫ਼ ਇੰਡੀਆ (ਐਸਏਆਈ) ਅਤੇ ਸਾਈਕਲਿੰਗ ਫੈਡਰੇਸ਼ਨ ਆਫ਼ ਇੰਡੀਆ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਹਰਿਆਣਾ, ਪੰਜਾਬ, ਰਾਜਸਥਾਨ, ਉੱਤਰ ਪ੍ਰਦੇਸ਼, ਦਿੱਲੀ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਚੰਡੀਗੜ੍ਹ ਤੋਂ ਮਹਿਲਾ ਸਾਈਕਲ ਸਵਾਰ ਇਸ ਮੁਕਾਬਲੇ ਵਿੱਚ ਭਾਗ ਲੈਣਗੀਆਂ। ਸਬ-ਜੂਨੀਅਰ ਅਤੇ ਜੂਨੀਅਰ ਵਰਗ ਦੀਆਂ ਮਹਿਲਾ ਸਾਈਕਲ ਸਵਾਰਾਂ ਵਿਚਕਾਰ ਰੋਮਾਂਚਕ ਮੁਕਾਬਲੇ ਹੋਣਗੇ। ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਖਿਡਾਰਣਾਂ ਨੂੰ ਤਮਗਿਆਂ ਅਤੇ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਜਾਵੇਗਾ। ਨੀਰਜ ਤੰਵਰ ਨੇ ਹੋਰ ਦੱਸਿਆ ਕਿ ਜੇਤੂਆਂ ਨੂੰ ਕੁੱਲ 3,45,000 ਦੀ ਇਨਾਮੀ ਰਾਸ਼ੀ ਦਿੱਤੀ ਜਾਵੇਗੀ। ਹੋਰ ਜਾਣਕਾਰੀ ਲਈ ਰੁਚੀ ਰੱਖਣ ਵਾਲੇ ਵਿਅਕਤੀ ਜੀ ਐਨ ਡੀ ਯੂ ਅੰਮ੍ਰਿਤਸਰ ਦੇ ਸਾਈਕਲਿੰਗ ਕੋਚ ਰਾਜੇਸ਼ ਕੌਸ਼ਿਕ ਨਾਲ ਸੰਪਰਕ ਕਰ ਸਕਦੇ ਹਨ।

# ਬਹਿਰਾਮਪੁਰ ਰੋਡ 'ਤੇ ਲੱਗੇ ਕੂੜੇ ਦੇ ਵੱਡੇ-ਵੱਡੇ ਢੇਰ ਦੇ ਰਹੇ ਨੇ ਭਿਆਨਕ ਬਿਮਾਰੀਆਂ ਨੂੰ ਸੱਦਾ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ ਸੜਕ 'ਤੇ ਬਾਗਾਂ ਨਜ਼ਦੀਕ ਕੂੜੇ ਦੇ ਵੱਡੇ-ਵੱਡੇ ਢੇਰ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ ਪਰ ਇਸ ਪਾਸੇ ਨਗਰ



ਕੌਂਸਲ ਗੁਰਦਾਸਪੁਰ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਨਗਰ ਕੌਂਸਲ ਖਿਲਾਫ ਭਾਰੀ ਰੋਸ ਪਾਇਆ ਜਾ ਰਿਹਾ ਹੈ। ਗੱਲਬਾਤ ਕਰਦੇ ਹੋਏ ਕਰਦੇ ਹੋਏ ਨਜ਼ਦੀਕੀ ਲੋਕਾਂ ਨੇ ਦੱਸਿਆ ਕਿ ਰੋਜ਼ਾਨਾ ਸਵੇਰ ਅਤੇ ਰਾਤ ਵੇਲੇ ਲੋਕ ਆਪਣੇ ਘਰਾਂ ਦਾ ਕੂੜਾ ਕਰਕਟ ਇਥੇ ਸੁੱਟ ਜਾਂਦੇ ਹਨ ਜਿਸ ਕਾਰਨ ਬਦਬੂ ਜਿੱਥੇ ਇਸ ਕੂੜੇ ਕਾਰਨ ਉਠਦੀ ਹੈ ਉਥੇ ਹੀ ਰਾਹਗੀਰਾਂ ਨੂੰ ਇਥੋਂ ਲੰਘਣਾ ਵੀ ਔਖਾ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਗੁਰਦਾਸਪੁਰ ਵਲੋਂ ਇਥੇ ਕੂੜਾ ਡੰਪ ਰੱਖਿਆ ਗਿਆ ਹੈ ਜੋ ਕੇਵਲ ਸ਼ੋਅ ਪੀਸ ਬਣ ਕੇ ਰਹਿ ਚੁੱਕਾ ਹੈ। ਉਨ੍ਹਾਂ ਦੱਸਿਆ ਕਿ ਲੋਕ ਕੂੜਾ ਡੰਪ ਵਿਚ ਪਾਉਣ ਦੀ ਬਜਾਏ ਸੜਕ ਕੰਡੇ ਹੀ ਸੁੱਟ ਜਾਂਦੇ ਹਨ ਅਤੇ ਕੂੜਾ ਡੰਪ ਖਾਲੀ ਹੀ ਪਿਆ ਰਹਿੰਦਾ ਹੈ।ਉਨ੍ਹਾਂ ਕਿਹਾ ਇਸ ਕੂੜੇ ਕਰਕਟ ਵਿਚ ਜਿਆਦਾ ਪਲਾਸਟਿਕ ਦੇ ਲਿਫਾਫੇ ਦਿਖਾਈ ਦਿੰਦੇ ਹਨ ਜੋ ਕਿ ਨਾ ਗਲਣਯੋਗ ਵਸਤੂ ਹੈ ਅਤੇ ਕੂੜੇ ਦਾ ਵੱਡਾ ਢੇਰ ਪ੍ਰਸ਼ਾਸਨ 'ਤੇ ਕਈ ਤਰ੍ਹਾਂ ਦੇ ਸਵਾਲ ਖੜੇ ਕਰਦਾ ਹੈ।ਅਜਿਹੇ ਕੂੜੇ ਦੇ ਢੇਰ ਲੋਕਾਂ ਲਈ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ। ਲੋਕਾਂ ਨੇ ਕਿਹਾ ਕਿ ਆਉਣ ਵਾਲੇ ਗਰਮੀ ਦੇ ਮੌਸਮ ਵਿਚ ਇਨ੍ਹਾਂ ਕੂੜੇ ਦੇ ਢੇਰਾਂ ਤੋਂ ਮੱਛਰ ਪੈਦਾ ਹੋਵੇਗਾ। ਇਲਾਕਾ ਵਾਸੀਆਂ ਨੇ ਨਗਰ ਕੌਂਸਲ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸੜਕ ਕੰਢੇ ਕੂੜਾ ਸੁੱਟਣ ਵਾਲਿਆਂ 'ਤੇ ਸਖਤੀ ਨਾਲ ਕਾਰਵਾਈ ਕਰਕੇ ਸੜਕ ਕੰਡੇ ਲੱਗੇ ਇਸ ਕੂੜੇ ਦੇ ਢੇਰ ਨੂੰ ਪੱਕੇ ਤੌਰ 'ਤੇ ਹਟਾਇਆ ਜਾਵੇ।

# ਕਰਨਾਟਕਾ 'ਚ ਕਿਸਾਨਾਂ ਦੀ ਮਹਾਂ-ਪੰਚਾਇਤ ਨੂੰ ਸੋਨੂੰ ਔਲਖ ਨੇ ਕੀਤਾ ਸੰਬੋਧਨ

**ਧਾਰੀਵਾਲ, (ਮਨਦੀਪ ਵਿੱਕੀ)** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਆਰੰਭ ਕੀਤੀ ਗਈ ਯਾਤਰਾ ਦਾ ਵੱਖ ਵੱਖ ਸੂਬਿਆਂ ਵਿੱਚ ਪਹੁੰਚਣ ਤੇ ਕਿਸਾਨਾਂ ਵੱਲੋਂ ਭਰਵਾਂ ਸਵਾਗਤ ਕੀਤਾ ਜਾ ਰਿਹਾ ਹੈ ਅਤੇ



ਕਿਸਾਨਾਂ ਵੱਲੋਂ ਇਸ ਯਾਤਰਾ ਦੇ ਆਗੂਆਂ ਨੂੰ ਮਿਲ ਕੇ ਨਾਲ ਚੱਲਣ ਦਾ ਪੂਰਾ ਭਰੋਸਾ ਵੀ ਦਿੱਤਾ ਜਾ ਰਿਹਾ ਹੈ। ਪੰਜਾਬ ਵਿੱਚੋਂ ਇਸ ਯਾਤਰਾ ਵਿੱਚ ਸ਼ਾਮਲ ਲੋਕ ਇਨਸਾਫ ਮੋਰਚਾ ਦੇ ਸੂਬਾ ਪ੍ਰਧਾਨ ਸੋਨੂੰ ਔਲਖ ਨੇ ਇਸ ਯਾਤਰਾ ਦੇ ਕਰਨਾਟਕਾ ਵਿਖੇ ਪਹੁੰਚਣ 'ਤੇ ਲਾਮਿਸਾਲ ਇਕੱਠ ਨੂੰ ਸੰਬੋਧਨ ਕੀਤਾ। ਇਹ ਜਾਣਕਾਰੀ ਪ੍ਰਧਾਨ ਸੋਨੂੰ ਔਲਖ ਨੇ ਫੋਨ ਰਾਹੀਂ ਦਿੰਦਿਆਂ ਦੱਸਿਆ ਕਿ ਇਹ ਯਾਤਰਾ ਕੰਨਿਆ ਕੁਮਾਰੀ ਤੋਂ ਚੱਲ ਕੇ ਵੱਖ-ਵੱਖ ਸੂਬਿਆਂ ਤੋਂ ਹੁੰਦੀ ਹੋਈ ਕਰਨਾਟਕਾ ਦੇ ਸ਼ਹਿਰ ਮਸੂਰ ਵਿਖੇ ਪਹੁੰਚਣ 'ਤੇ ਮਹਾਂ-ਪੰਚਾਇਤ ਵਿੱਚ ਕਿਸਾਨਾਂ ਦੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕੀਤਾ।ਉਨ੍ਹਾਂ ਦੱਸਿਆ ਇਸ ਯਾਤਰਾ ਦੌਰਾਨ ਹਰ ਸੂਬੇ ਵਿੱਚ ਇਸੇ ਤਰ੍ਹਾਂ ਵੱਡੀਆਂ ਮਹਾਂ ਪੰਚਾਇਤਾਂ ਹੋਣਗੀਆਂ ਅਤੇ ਕਿਸਾਨਾਂ ਨੂੰ ਐੱਮਐੱਸਪੀ ਗਰੰਟੀ ਕਾਨੂੰਨ, ਕਿਸਾਨਾਂ ਦੀ ਕਰਜ ਮੁਕਤੀ ਅਤੇ ਡਾਕਟਰ ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰਾਉਣ ਬਾਰੇ ਜਾਗਰੂਕ ਕੀਤਾ ਜਾਵੇਗਾ। ਇਸ ਮੌਕੇ ਪੰਜਾਬ ਤੋਂ ਉਨ੍ਹਾਂ ਨਾਲ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਤੇਜਿੰਦਰ ਸਿੰਘ ਬਾਊ, ਖਜ਼ਾਨਚੀ ਗੁਰਪ੍ਰੀਤ ਸਿੰਘ ਗੋਪੀ ਵੀ ਮੌਜੂਦ ਰਹੇ।

# ਮਹਿਲਾਵਾਂ ਦੀ ਸਿਹਤ, ਸਫ਼ਾਈ ਤੇ ਰੋਜ਼ਗਾਰ ਨਾਲ ਸੰਬੰਧਤ ਵਿਸ਼ੇਸ਼ ਕੈਂਪ ਆਯੋਜਿਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਹਿਲਾ ਸਸ਼ਕਤੀਕਰਨ ਦੀ ਦਿਸ਼ਾ ਇਕ ਅਹਿਮ ਕਦਮ ਚੁੱਕਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਸਹਿਯੋਗ ਨਾਲ ਮਹਿਲਾਵਾਂ ਦੀ ਸਿਹਤ, ਸਫ਼ਾਈ ਅਤੇ ਰੋਜ਼ਗਾਰ ਨਾਲ ਸੰਬੰਧਤ ਜ਼ਿਲ੍ਹਾ ਪੱਧਰ 'ਤੇ ਵਿਸ਼ੇਸ਼ ਸਮਾਗਮ ਸਰੂਪ ਰਾਣੀ ਸਰਕਾਰੀ ਕਾਲਜ (ਇ.) ਵਿਖੇ ਕਰਵਾਇਆ ਗਿਆ। ਸਮਾਗਮ ਵਿੱਚ ਜੀਵਨ ਜੋਤ ਕੌਰ ਵਿਧਾਇਕਾ ਹਲਕਾ ਅੰਮ੍ਰਿਤਸਰ ਪੂਰਬੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਇਸ ਕੈਂਪ ਦਾ ਉਦੇਸ਼ ਮਹਿਲਾਵਾਂ ਦੀ ਸਿਹਤ ਨਾਲ ਜੁੜੇ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਸਸ਼ਕਤ ਬਣਾਉਣ ਲਈ ਰੋਜ਼ਗਾਰ/ਸਵੈ ਰੋਜ਼ਗਾਰ ਦੇ ਮੌਕਿਆਂ ਬਾਰੇ ਜਾਣੂ ਕਰਵਾਉਣਾ ਹੈ। ਇਸ ਦੌਰਾਨ ਉਨ੍ਹਾਂ ਔਰਤਾਂ ਲਈ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥਣਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥਣਾਂ ਨੂੰ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਹਰੇਕ ਪਰਵਾਰ ਦਾ 10 ਲੱਖ ਰੁਪਏ ਦਾ ਸਿਹਤ ਬੀਮਾ ਕੀਤਾ ਜਾ ਰਿਹਾ ਹੈ। ਉਨਾਂ ਵਿਦਿਆਥਰਣਾਂ ਨੂੰ ਕਿਹਾ ਕਿ ਉਹ ਇਸ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਤਾਂ ਜੋ ਹਰੇਕ ਪਰਵਾਰ ਆਪਣਾ ਸਿਹਤ ਬੀਮਾ ਯੋਜਨਾ ਕਾਰਡ ਬਣਾ ਸਕੇ। ਸਮਾਗਮ



ਦੌਰਾਨ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ, ਰੋਜ਼ਗਾਰ, ਸਿਹਤ, ਸਮਾਜਿਕ ਨਿਆਂ ਤੇ ਅਧਿਕਾਰਤਾ, ਖੇਤੀਬਾੜੀ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਤੇ ਹੋਰ ਵਿਭਾਗਾਂ ਵੱਲੋਂ ਵੱਖ-ਵੱਖ ਸਟਾਲ ਲਗਾਏ ਗਏ, ਜਿੱਥੇ ਮਹਿਲਾਵਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਰਕਾਰੀ ਸਕੀਮਾਂ ਸਬੰਧੀ ਜਾਣਕਾਰੀ ਤੋਂ ਇਲਾਵਾ ਇਸ ਸਬੰਧੀ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਕੈਂਪ ਦਾ ਮੁੱਖ ਆਕਰਸ਼ਣ ਰੋਜ਼ਗਾਰ ਮੇਲਾ ਰਿਹਾ, ਜਿਸ ਵਿੱਚ ਕਰੀਬ 464 ਵਿਦਿਆਰਥੀਆਂ ਨੇ ਰੋਜ਼ਗਾਰ ਦੇ ਮੌਕਿਆਂ ਲਈ ਰਜਿਸਟ੍ਰੇਸ਼ਨ ਕਰਵਾਈ। ਜਿਨ੍ਹਾ ਵਿਚ 21 ਵਿਦਿਆਰਥੀਆਂ ਨੂੰ ਮੌਕੇ ਤੇ ਹੀ ਜਾਬ ਆਫ਼ਰ ਪਤਰ ਵੰਡੇ ਗਏ ਅਤੇ 229 ਲੜਕੀਆਂ ਨੂੰ ਨੌਕਰੀ ਲਈ ਚੁਣਿਆ ਗਿਆ। ਇਸ ਕੈਂਪ ਵਿੱਚ 17 ਵੱਖ-ਵੱਖ ਕੰਪਨੀਆਂ ਨੇ ਲੜਕੀਆਂ ਨੂੰ ਰੋਜ਼ਗਾਰ ਦੇਣ ਲਈ ਕੈਂਪ ਲਗਾਏ ਸਨ, ਜਿਨ੍ਹਾਂ ਵਿਚੋਂ ਪੁਖਰਾਜ ਹੈਲਥ ਕੇਅਰ, ਐੱਲਆਈਸੀ, ਐਸਬੀਆਈ ਲਾਈਫ ਇੰਸ਼ੋਰੈਂਸ, ਨਿਧਿਆ ਵੈਲਥ, ਐਜਾਈਲ ਹਰਬਲ, ਮੈਕਸੀਕਸ ਕੋਚਰਟੈਕ, ਪੀਐੱਨਬੀ ਮੈਟਲਾਈਫ ਇੰਸ਼ੋਰੈਂਸ, ਸਟਾਰ ਹੈਲਥ ਐਂਡ ਅਲਾਈਡ ਇੰਸ਼ੋਰੈਂਸ, ਲੌਂਗ ਲਾਚੀ ਕੈਫੇ, ਸਵਾਨੀ ਮੋਟਰਜ਼, ਡੀ-ਮਾਰਟ ਅੰਮ੍ਰਿਤਸਰ, ਐਨਫਿਊਜ਼ ਸਲਿਊਸ਼ਨਜ਼, ਕੇਅਰ ਹੈਲਥ ਇੰਸ਼ੋਰੈਂਸ, ਜ਼ੂਡੀਓ ਸਟੋਰ, ਵੈਬਰਜ਼, ਏਓਐਸਸੀ, ਵਰਲਡਵਾਈਡ ਸਲਿਊਸ਼ਨਜ਼ ਆਦਿ ਕੰਪਨੀਆਂ ਨੇ ਭਾਗ ਲਿਆ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਸੀਸਇੰਦਰ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਮੀਤ ਸਿੰਘ, ਡਿਪਟੀ ਡਾਇਰੈਕਟਰ ਸੀਈਓ ਤੀਰਥਪਾਲ ਸਿੰਘ, ਪ੍ਰਿੰ. ਸਰੂਪ ਰਾਣੀ ਕਾਲਜ ਕਿਰਨਜੀਤ ਬੱਲ, ਸੀ.ਡੀ.ਪੀ.ਓ. ਮੀਨਾ ਦੇਵੀ, ਮਨਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਬਿਜਲੀ ਕਾਮਿਆਂ ਨੇ ਦੇਸ਼-ਵਿਆਪੀ ਹੜਤਾਲ 'ਚ ਕੀਤੀ ਵੱਧ-ਚੜ੍ਹ ਕੇ ਸ਼ਮੂਲੀਅਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਕੇਂਦਰ ਦੀ ਮੋਦੀ ਸਰਕਾਰ ਵੱਲੋਂ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਲਈ ਬਿਜਲੀ ਸੋਧ ਬਿੱਲ-2025 ਪਾਰਲੀਮੈਂਟ ਦੇ ਬਜਟ ਸੈਸ਼ਨ ਵਿੱਚ ਪਾਸ ਕਰਵਾਉਣ ਦੇ ਖਦਸ਼ੇ ਦੇ ਮੱਦੇਨਜ਼ਰ ਅਤੇ ਹੋਰ ਲੋਕ ਵਿਰੋਧੀ ਨੀਤੀਆਂ ਖਿਲਾਫ਼ ਕੇਂਦਰੀ ਟਰੇਡ ਯੂਨੀਅਨਾਂ ਦੇ ਦੇਸ਼ ਵਿਆਪੀ ਸੱਦੇ ਤੇ ਬਿਜਲੀ ਕਾਮਿਆਂ ਦੀਆਂ ਪ੍ਰਮੁੱਖ ਜਥੇਬੰਦੀਆਂ ਪੀਐਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ ਦੇ ਵਰਕਰਾਂ ਨੇ ਦੇਸ਼ ਵਿਆਪੀ ਇਕ ਰੋਜ਼ਾ ਹੜਤਾਲ ਵਿੱਚ ਹਿੱਸਾ ਲੈ ਕੇ ਬਿਜਲੀ ਸੋਧ ਬਿੱਲ -2025 ਦਾ ਡਟਵਾਂ ਅਤੇ ਤਿੱਖਾ ਵਿਰੋਧ ਕੀਤਾ।ਇਸੇ ਤਰ੍ਹਾਂ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ (ਸਬੰਧਤ ਏਟਕ) ਅਤੇ ਪੈਨਸ਼ਨਰ ਵੈਲਫੇਅਰ ਫੈਡਰੇਸ਼ਨ ਪਹਿਲਵਾਨ ਜਥੇਬੰਦੀਆਂ ਦੇ ਵਰਕਰਾਂ ਨੇ ਵੀ ਅਦਾਰੇ ਦੀ ਹੋਂਦ ਨੂੰ ਬਚਾਉਣ ਲਈ ਵੱਧ ਚੜ ਕੇ ਰੋਸ ਪ੍ਰਦਰਸ਼ਨਾਂ ਵਿੱਚ ਹਿੱਸਾ ਲੈ ਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ । ਇਸ ਸਬੰਧੀ ਸਾਂਝੇ ਤੌਰ 'ਤੇ ਪ੍ਰੈੱਸ ਨੋਟ ਜਾਰੀ ਕਰਦਿਆਂ ਸਾਂਝੇ ਥੜੇ ਦੇ ਆਗੂਆਂ ਰਤਨ ਸਿੰਘ ਮਜਾਰੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਬਲਦੇਵ ਸਿੰਘ ਮੰਡਾਲੀ ਨੇ ਕਿਹਾ ਕੇ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਸਮੁੱਚੇ ਪਾਵਰ ਸੈਕਟਰ ਜੋ ਪਬਲਿਕ ਸੈਕਟਰ ਦਾ ਬਹੁਤ ਵੱਡੇ ਅਕਾਰ ਦਾ ਲੋਕਾਂ ਦੇ ਟੈਕਸਾਂ ਨਾਲ ਉਸਰਿਆ ਅਦਾਰਾ ਹੈ, ਨੂੰ ਬਿਜਲੀ ਸੋਧ ਬਿੱਲ ਦੀ ਆੜ ਹੇਠ ਧੱਕੇ ਨਾਲ ਕਾਰਪੋਰੇਟ ਘਰਾਣਿਆਂ ਹਵਾਲੇ ਕਰਨ ਦੀ ਮੋਦੀ ਸਰਕਾਰ ਦੀ ਨੀਤੀ ਖਿਲਾਫ਼ ਬਿਜਲੀ ਕਾਮਿਆਂ ਨੇ ਪਹਿਲਾਂ ਬਿਜਲੀ ਬੋਰਡ ਅਤੇ ਹੁਣ ਪਾਵਰਕਾਮ ਵਿੱਚ ਇਤਿਹਾਸ ਰੱਚਦਿਆਂ ਅੱਜ ਦੀ ਦੇਸ਼ ਵਿਆਪੀ ਹੜਤਾਲ ਵਿੱਚ ਵੱਡੇ ਪੱਧਰ ਤੇ ਹਿੱਸਾ ਲੈ ਕੇ ਆਪਣੇ ਗੁੱਸੇ ਦਾ ਪ੍ਰਗਟਾਵਾ ਕੀਤਾ ।ਆਗੂਆਂ ਨੇ ਕਿਹਾ ਕਿ ਹਾਕਮਾਂ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਬਿਜਲੀ ਕਾਮਿਆਂ ਨੇ ਬਾਰਡਰ ਜ਼ੋਨ ਅੰਮ੍ਰਿਤਸਰ ਵਿੱਚ 52 ਫੀਸਦੀ, ਵੈਸਟ ਜ਼ੋਨ ਬਠਿੰਡਾ ਵਿੱਚ 69 ਫੀਸਦੀ, ਸਾਊਥ ਜ਼ੋਨ ਪਟਿਆਲਾ ਵਿੱਚ 62 ਫੀਸਦੀ, ਸੈਂਟਰਲ ਜ਼ੋਨ ਲੁਧਿਆਣਾ ਵਿੱਚ 47 ਫੀਸਦੀ, ਉੱਤਰੀ ਜ਼ੋਨ ਜਲੰਧਰ ਵਿੱਚ 38 ਫੀਸਦੀ, ਈਸਟ ਜ਼ੋਨ ਮੁਹਾਲੀ ਵਿੱਚ 55 ਫੀਸਦੀ,ਪੀਐੱਮ ਜ਼ੋਨ ਲੁਧਿਆਣਾ ਵਿੱਚ 59 ਫੀਸਦੀ ਹੜਤਾਲ ਕਰਕੇ ਦੇਸ਼ ਵਿਆਪੀ ਹੜਤਾਲ ਦਾ ਸਮਰਥਨ ਕਰਕੇ ਇਤਿਹਾਸ ਰੱਚ ਦਿੱਤਾ ਹੈ।ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ, ਸਰਿੰਦਰਪਾਲ ਲਾਹੌਰੀਆ, ਗੁਰਭੇਜ ਸਿੰਘ ਢਿੱਲੋਂ, ਰਵੇਲ ਸਿੰਘ ਸਹਾਏਪੁਰ, ਦਵਿੰਦਰ ਸਿੰਘ ਪਿਸ਼ੌਰ, ਬਲਜੀਤ ਸਿੰਘ ਮੋਦਲਾ, ਰਾਧੇਸ਼ਿਆਮ, ਬਾਬਾ ਅਮਰਜੀਤ ਸਿੰਘ, ਹਰਮਨਦੀਪ, ਕੌਰ ਸਿੰਘ ਸੋਹੀ, ਜਸਬੀਰ ਸਿੰਘ ਆਂਡਲੂ, ਦਲੀਪ ਕੁਮਾਰ, ਪਵਨਪ੍ਰੀਤ ਸਿੰਘ, ਗੁਰਪਿਆਰ ਸਿੰਘ ਆਦਿ ਨੇ ਕਿਹਾ ਕਿ ਬਿਜਲੀ ਕਾਮਿਆਂ ਨੇ ਵੱਡੇ ਖਤਰੇ ਨੂੰ ਭਾਂਪਦਿਆਂ ਪਹਿਲੀ ਵਾਰ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਲਈ ਬਹੁਤ ਉਤਸ਼ਾਹ ਨਾਲ ਹੜਤਾਲ ਵਿੱਚ ਹਿੱਸਾ ਲੈ ਕੇ ਸੂਬਾ ਪੱਧਰ ਤੇ ਮੈਨੇਜਮੈਂਟ ਵੱਲੋਂ ਅੰਕੜਿਆਂ ਨੂੰ ਘਟਾਉਣ ਦੇ ਬਾਵਜੂਦ ਵੀ 60 ਫੀਸਦੀ ਤੋਂ ਵੱਧ ਹੜਤਾਲ ਕਰਕੇ ਕੇਂਦਰ ਅਤੇ ਪੰਜਾਬ ਸਰਕਾਰ ਦੀ ਪੂੰਜੀਪਤੀਆਂ ਦੇ ਪੱਖ ਵਾਲੀ ਲੋਕ ਵਿਰੋਧੀ ਨੀਤੀ ਖਿਲਾਫ਼ ਅਵਾਜ਼ ਬੁਲੰਦ ਕੀਤੀ ਹੈ।

# ਫ਼ਾਜ਼ਿਲਕਾ ਐੱਸਐੱਸਪੀ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਪੇਸ਼

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਬੀਤੇ ਦਿਨੀਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਵਿੱਚ ਪ੍ਰਬੰਧਕਾਂ ਦੀ ਆਗਿਆ ਤੋਂ ਬਿਨਾਂ ਪੁਲਸ ਕਾਰਵਾਈ ਕਰਕੇ ਦੋ ਵਿਅਕਤੀਆਂ ਨੂੰ ਚੁੱਕਣ ਦੇ ਮਾਮਲੇ ਵਿੱਚ ਫਾਜ਼ਿਲਕਾ ਜ਼ਿਲ੍ਹੇ ਦੇ ਸੀਨੀਅਰ ਪੁਲਸ ਕਪਤਾਨ ਸ. ਗੁਰਮੀਤ ਸਿੰਘ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਇਸ ਮਾਮਲੇ ਸਬੰਧੀ ਆਪਣਾ ਪੱਖ ਰੱਖਣ ਅਤੇ ਪੁਲਸ ਵੱਲੋਂ ਹੋਈ ਗਲਤੀ ਦੀ ਖਿਮਾ ਜਾਚਨਾ ਕਰਨ



ਲਈ ਪੁੱਜੇ। ਇਸ ਮੌਕੇ ਐੱਸਐੱਸਪੀ ਗੁਰਮੀਤ ਸਿੰਘ ਨੇ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਆਪਣਾ ਸਪੱਸ਼ਟੀਕਰਨ ਦਿੱਤਾ ਅਤੇ ਹੋਈ ਭੁੱਲ ਦੀ ਖਿਮਾ ਜਾਚਨਾ ਕੀਤੀ। ਇਸ ਸਬੰਧੀ ਮੀਡੀਆ ਨਾਲ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖਾਂ ਦਾ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਸ਼ਵ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਦਿੰਦਾ ਹੈ ਅਤੇ ਇੱਥੋਂ ਦੇ ਚਾਰ ਦਰਵਾਜ਼ੇ ਹਰ ਮਨੁੱਖ ਲਈ ਖੁੱਲ੍ਹੇ ਹਨ। ਉਨ੍ਹਾਂ ਕਿਹਾ ਕਿ ਇੱਥੇ ਦੁਨੀਆ ਭਰ ਤੋਂ ਲੋਕ ਸ਼ਰਧਾ ਭਾਵਨਾ ਨਾਲ ਨਤਮਸਤਕ ਹੋਣ ਪੁੱਜਦੇ ਹਨ। ਉਨ੍ਹਾਂ ਕਿਹਾ ਕਿ ਫਾਜ਼ਿਲਕਾ ਦੇ ਐੱਸਐੱਸਪੀ ਗੁਰਮੀਤ ਸਿੰਘ ਨੇ ਆਪਣਾ ਪੱਖ ਰੱਖਿਆ ਹੈ ਅਤੇ ਉਨ੍ਹਾਂ ਨੂੰ ਲਿਖਤੀ ਰੂਪ ਵਿੱਚ ਵੀ ਇਸ ਨੂੰ ਸੌਂਪਣ ਲਈ ਆਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਗੁਰਮੀਤ ਸਿੰਘ ਨੇ ਇਸ ਗੱਲ ਨੂੰ ਮਹਿਸੂਸ ਕੀਤਾ ਹੈ ਕਿ ਜਿਵੇਂ ਬੀਤੇ ਦਿਨੀਂ ਉਨ੍ਹਾਂ ਦੇ ਜ਼ਿਲ੍ਹੇ ਦੀ ਪੁਲਸ ਦੇ ਪੰਜ ਬੰਦੇ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚ ਦਾਖਲ ਹੋਏ ਉਹ ਇਸ ਤਰ੍ਹਾਂ ਨਹੀਂ ਜਾਣੇ ਚਾਹੀਦੇ ਸਨ। ਪੁਲਸ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਭਵਿੱਖ ਵਿੱਚ ਅਜਿਹੀ ਗਲਤੀ ਦੁਬਾਰਾ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਵਿਖੇ ਕਦੇ ਵੀ ਅਜਿਹਾ ਕੁਝ ਨਹੀਂ ਵਾਪਰਨਾ ਚਾਹੀਦਾ ਜਿਸ ਨਾਲ ਇੱਥੋਂ ਦਾ ਮਾਹੌਲ ਖਰਾਬ ਹੋਵੇ ਅਤੇ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਵੱਜੇ।

# ਅਲਵਿਦਾ ! ਮਾਸਟਰ ਜਸਬੀਰ ਸਿੰਘ ਨਿਜ਼ਾਮਪੁਰ ਨੂੰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਮਾਸਟਰ ਜਸਬੀਰ ਸਿੰਘ ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰ ਜ਼ਿਲ੍ਹਾ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਦਿਹਾਤੀ ਅਤੇ ਸੂਬਾ ਸਕੱਤਰ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਪਰਵਾਰ ਦੇ ਮੁਖੀ ਸਨ।ਉਨ੍ਹਾਂ ਆਪਣੀ ਮੁੱਢਲੀ ਵਿੱਦਿਆ ਨਵਾਂ ਪਿੰਡ ਹਾਈ ਸਕੂਲ ਤੋਂ ਪੂਰੀ ਕਰਨ ਤੋਂ ਬਾਅਦ ਨਵਾਂ ਪਿੰਡ ਤੋਂ ਜੇਬੀਟੀ ਕੀਤੀ।ਉਨ੍ਹਾਂ ਦੇ ਪਿਤਾ ਪੂਰਨ ਸਿੰਘ ਕਮਿਊਨਿਸਟ ਪਾਰਟੀ 'ਚ ਕੰਮ ਕਰਦੇ ਸਨ ਜਿਨ੍ਹਾਂ ਦੀ ਵਿਚਾਰਧਾਰਾ ਦਾ ਸਾਰੇ ਪਰਵਾਰ ਉਪਰ ਅਸਰ ਸੀ ਜਿਸ ਕਾਰਨ ਭਾਅ ਜੀ ਜਸਬੀਰ ਸਿੰਘ



ਨੇ ਅਧਿਆਪਕ ਦਾ ਕੋਰਸ ਕਰਨ ਤੋਂ ਬਾਅਦ ਬੇਰੋਜ਼ਗਾਰ ਟੀਚਰ ਯੂਨੀਅਨ ਦੇ ਘੋਲ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਜਿਸ ਕਾਰਨ ਉਨ੍ਹਾਂ ਨੂੰ ਸਾਥੀਆਂ ਸਮੇਤ ਗ੍ਰਿਫ਼ਤਾਰ ਕਰਕੇ ਚੰਡੀਗੜ੍ਹ ਦੀ ਬੁੜੈਲ ਜੇਲ ਅੰਦਰ ਬੰਦ ਕਰ ਦਿੱਤਾ ਗਿਆ।ਇਹ ਘੋਲ ਆਖਿਰ ਜੇਤੂ ਰਿਹਾ ਤੇ ਉਹ ਰਿਹਾਅ ਹੋ ਗਏ। ਉਨ੍ਹਾਂ ਬੱਲੜਵਾਲ, ਕੜਿਆਲ, ਸਿਆਲਕਾ, ਅਕਾਲਗੜ੍ਹ ਟਪੱਈਆਂ ਵਿਖੇ ਫਤਿਹਗੜ੍ਹ ਸ਼ੁੱਕਰਚੱਕ ਸਕੂਲਾਂ 'ਚ ਸੇਵਾਵਾਂ ਨਿਭਾਈਆਂ ਤੇ ਸਾਲ 2007 'ਚ ਬਤੌਰ ਹੈੱਡਟੀਚਰ ਸੇਵਾ-ਮੁਕਤ ਹੋਏ। ਆਪ ਦੀ ਸਖਤ ਮਿਹਨਤ ਦੇ ਸਦਕਾ ਪਰਿਵਾਰ ਅੱਜ ਸਮਾਜ ਅੰਦਰ ਖਾਸ ਮੁਕਾਮ 'ਤੇ ਪਹੁੰਚਿਆ।ਉਨ੍ਹਾਂ ਦੇ ਪ੍ਰਭਾਵ ਸਦਕਾ ਕਾਮਰੇਡ ਲਖਬੀਰ ਸਿੰਘ ਸਮਾਜਿਕ ਅਤੇ ਰਾਜਨੀਤਿਕ ਖੇਤਰ 'ਚ ਯੋਗਦਾਨ ਪਾਉਣ ਦੇ ਸਮਰੱਥ ਹੋਇਆ। ਖਾਸ ਕਰਕੇ ਦਿੱਲੀ ਕਿਸਾਨ ਅੰਦੋਲਨ ਨੂੰ ਸਫਲ ਬਣਾਉਣ ਵਿੱਚ ਆਪਣੀ ਭੂਮਿਕਾ ਨਿਭਾ ਸਕਿਆ ।ਮਾਸਟਰ ਹੋਰਾਂ ਦਿੱਲੀ ਮੋਰਚੇ 'ਤੇ ਸੇਵਾਵਾਂ ਜਾਰੀ ਰੱਖੀਆਂ। ਉਹ ਇੱਕ ਪ੍ਰਭਾਵਸ਼ਾਲੀ ਬੁਲਾਰੇ ਸਨ। ਅਚਾਨਕ 3 ਫਰਵਰੀ ਨੂੰ ਉਨ੍ਹਾਂ ਦੀ ਸਿਹਤ ਵਿਗੜਨ ਕਾਰਨ ਉਨ੍ਹਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਉਣਾ ਪਿਆ ਜਿਥੇ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।ਉਨ੍ਹਾਂ ਦੇ ਜਾਣ ਨਾਲ ਜਿਥੇ ਉਨ੍ਹਾਂ ਦੀ ਧਰਮ ਪਤਨੀ ਗੁਰਮੀਤ ਕੌਰ, ਬੇਟੀ ਸੰਦੀਪ ਕੌਰ, ਦਮਾਦ ਭੁਪਿੰਦਰ ਸਿੰਘ ਨੂੰ ਵੱਡਾ ਘਾਟਾ ਪਿਆ ਹੈ ਉਥੇ ਜਮਹੂਰੀ ਲਹਿਰ ਅਤੇ ਕਿਰਤੀ ਜਮਾਤ ਨੂੰ ਉਨ੍ਹਾਂ ਦੀ ਘਾਟ ਸਦਾ ਮਹਿਸੂਸ ਹੁੰਦੀ ਰਹੇਗੀ।

ਨਵਾਂ ਜ਼ਮਾਨਾ
ਸ਼ਨੀਵਾਰ, 14 ਫਰਵਰੀ 2026

# ਕੋਝੀ ਹਰਕਤ

ਦਿੱਲੀ ਯੂਨੀਵਰਸਿਟੀ ਦੀ ਆਰਟਸ ਫੈਕਲਟੀ ਵਿੱਚ ਵੀਰਵਾਰ ਸਮਾਜੀ ਨਿਆਂ 'ਤੇ ਕੇਂਦਰਤ ਸਾਹਿਤਕ ਪ੍ਰੋਗਰਾਮ 'ਸਮਤਾ ਉਤਸਵ' ਆਯੋਜਿਤ ਕੀਤਾ ਗਿਆ, ਜਿਸ ਦਾ ਉਦੇਸ਼ ਯੂਨੀਵਰਸਿਟੀ ਕੈਂਪਸਾਂ ਵਿੱਚ ਜਾਤਵਾਦ ਦੇ ਖਿਲਾਫ ਆਵਾਜ਼ ਉਠਾਉਣਾ ਸੀ। ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ (ਆਇਸਾ) ਵੱਲੋਂ ਆਯੋਜਿਤ ਪ੍ਰੋਗਰਾਮ ਵਿੱਚ ਪੱਛੜੀਆਂ ਜਾਤਾਂ ਦੇ ਵਿਦਿਆਰਥੀਆਂ ਨਾਲ ਜਾਤ ਦੇ ਆਧਾਰ 'ਤੇ ਵਿਤਕਰੇ ਵਿਰੁੱਧ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਦੇ ਨਿਯਮਾਂ 'ਤੇ ਸੁਪਰੀਮ ਕੋਰਟ ਵੱਲੋਂ ਲਾਈ ਗਈ ਰੋਕ ਹਟਾਉਣ ਤੇ 'ਰੋਹਿਤ ਐਕਟ' ਲਾਗੂ ਕਰਨ ਦੀ ਮੰਗ ਵੀ ਉਠਾਈ ਗਈ। ਜਦੋਂ ਨਾਮਵਰ ਇਤਿਹਾਸਕਾਰ ਪ੍ਰੋਫੈਸਰ ਐੱਸ ਇਰਫਾਨ ਹਬੀਬ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਸਨ ਤਾਂ ਉਨ੍ਹਾ 'ਤੇ ਪਾਣੀ ਦੀ ਬਾਲਟੀ ਤੇ ਕੂੜਾਦਾਨ ਸੁੱਟਿਆ ਗਿਆ। ਆਇਸਾ ਮੁਤਾਬਕ ਇਹ ਹਮਲਾ ਆਰ ਐੱਸ ਐੱਸ ਦੀ ਵਿਦਿਆਰਥੀ ਜਥੇਬੰਦੀ ਅਖਿਲ ਭਾਰਤੀ ਵਿਦਿਆਰਥੀ ਪ੍ਰੀਸ਼ਦ ਦੇ ਕਾਰਕੁੰਨਾਂ ਨੇ ਕੀਤਾ।

ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਨੇ ਹਮਲੇ ਦੀ ਕਰੜੀ ਨਿੰਦਾ ਕਰਦਿਆਂ ਕਿਹਾ ਕਿ ਇਹ ਡਰਾਉਣ ਦੀ ਕੋਸ਼ਿਸ਼ ਸੀ। ਵਿਚਾਰਾਂ ਨਾਲ ਵਿਚਾਰਾਂ ਦਾ ਮੁਕਾਬਲਾ ਹੋਣਾ ਚਾਹੀਦਾ ਹੈ, ਹਿੰਸਾ, ਧਮਕੀ ਤੇ ਗੁੰਡਾਗਰਦੀ ਨਾਲ ਨਹੀਂ। ਅਜਿਹੇ ਕਾਰੇ ਦੱਖਣਪੰਥੀ ਤਾਕਤਾਂ ਦੀ ਡੂੰਘੀ ਅਸੁਰੱਖਿਆ ਨੂੰ ਦਰਸਾਉਂਦੇ ਹਨ, ਜਿਹੜੀਆਂ ਆਜ਼ਾਦੀ ਨਾਲ ਸੋਚਣ ਤੇ ਖੁੱਲ੍ਹੀ ਬਹਿਸ ਤੋਂ ਡਰਦੀਆਂ ਹਨ। ਪੂਰੇ ਦੇਸ਼ ਦੀਆਂ ਯੂਨੀਵਰਸਿਟੀਆਂ ਵਿੱਚ ਸੌੜੀ ਤੇ ਅਸਹਿਣਸ਼ੀਲ ਵਿਚਾਰਧਾਰਾ ਵਾਲੇ ਲੋਕਾਂ ਵੱਲੋਂ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾ ਪ੍ਰੋਫੈਸਰ ਹਬੀਬ ਨਾਲ ਪੂਰੀ ਯਕਜਹਿਤੀ ਦਾ ਪ੍ਰਗਟਾਵਾ ਕਰਦਿਆਂ ਦੁਹਰਾਇਆ ਕਿ ਵਿਚਾਰਾਂ ਦਾ ਖੁੱਲ੍ਹਾ ਪ੍ਰਵਾਹ ਲੋਕਤੰਤਰ ਲਈ ਜ਼ਰੂਰੀ ਹੈ, ਇਸ ਨੂੰ ਦਬਾਇਆ ਨਹੀਂ ਜਾ ਸਕਦਾ। ਦਿੱਲੀ ਯੂਨੀਵਰਸਿਟੀ ਦੇ ਹੀ ਪ੍ਰੋਫੈਸਰ ਅਪੂਰਵਾਨੰਦ ਦਾ ਕਹਿਣਾ ਹੈ ਕਿ ਹਿੰਦੂਤਵਵਾਦੀ ਹਿੰਸਾ ਨਾਲ ਬੁੱਧੀਜੀਵੀਆਂ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਪ੍ਰੋ. ਹਬੀਬ ਨੇ ਯੂਨੀਵਰਸਿਟੀ ਕੈਂਪਸ ਨੂੰ ਵਿਚਾਰਾਂ ਦੇ ਆਦਾਨ-ਪ੍ਰਦਾਨ ਦਾ ਖੁੱਲ੍ਹਾ ਮੰਚ ਦੱਸਦਿਆਂ ਕਿਹਾ ਕਿ ਅਸਹਿਮਤੀ ਦਾ ਜਵਾਬ ਬਹਿਸ ਨਾਲ ਦਿੱਤਾ ਜਾਣਾ ਚਾਹੀਦਾ ਹੈ, ਨਾ ਕਿ ਹਿੰਸਾ ਨਾਲ। ਯੂਨੀਵਰਸਿਟੀ ਕੈਂਪਸ ਦੁਨੀਆ ਦੀਆਂ ਵਿਭਿੰਨ ਆਵਾਜ਼ਾਂ ਦੀ ਨੁਮਾਇੰਦਗੀ ਕਰਦਾ ਹੈ। ਜੇ ਤੁਸੀਂ ਚਾਹੁੰਦੇ ਹੋ ਕਿ ਸਾਰੇ ਲੋਕ ਸਿਰਫ ਤੁਹਾਡੀ ਹੀ ਭਾਸ਼ਾ ਬੋਲਣ ਤੇ ਇੱਕ ਹੀ ਵਿਚਾਰਧਾਰਾ ਹੋਵੇ, ਤਾਂ ਇਹ ਕਿਸੇ ਲਈ ਠੀਕ ਨਹੀਂ ਹੈ, ਨਾ ਖੱਬੇ-ਪੱਖੀਆਂ ਲਈ ਤੇ ਨਾ ਸੱਜੇ-ਪੱਖੀਆਂ ਲਈ। ਜੇ ਤੁਸੀਂ ਜਵਾਬ ਦੇਣਾ ਹੈ ਤਾਂ ਬੋਲੋ, ਲਿਖੋ, ਕਾਊਂਟਰ ਕਰੋ, ਪਰ ਗੁੰਡਾਗਰਦੀ ਕੋਈ ਤਰੀਕਾ ਨਹੀਂ। ਪ੍ਰੋ. ਹਬੀਬ ਮੁਤਾਬਕ ਹਾਲੀਆ ਕੁਝ ਸਾਲਾਂ ਵਿੱਚ ਕੈਂਪਸ ਦੇ ਹਾਲਾਤ ਬਹੁਤ ਖਰਾਬ ਹੋਏ ਹਨ। ਉਨ੍ਹਾ ਕਿਹਾ ਕਿ ਉਨ੍ਹਾ ਨੂੰ ਨਹੀਂ ਲੱਗਦਾ ਕਿ ਨਿਸ਼ਾਨੇ 'ਤੇ ਉਹ ਸਨ, ਸਗੋਂ ਇੱਕ ਸੋਚ ਸੀ, ਜਿਸ ਦਾ ਉਹ ਹਿੱਸਾ ਹਨ। ਘਟਨਾ ਦੇ ਬਾਅਦ ਵੀ ਪ੍ਰੋ. ਹਬੀਬ ਨੇ ਆਪਣੀ ਗੱਲ ਜਾਰੀ ਰੱਖੀ ਤੇ ਪੂਰੀ ਕੀਤੀ। ਉਨ੍ਹਾ ਮੁਤਾਬਕ ਜੇ ਉਹ ਡਰ ਜਾਂਦੇ ਤੇ ਚੁੱਪ ਹੋ ਜਾਂਦੇ ਤਾਂ ਹਮਲਾ ਕਰਨ ਵਾਲਿਆਂ ਦੀ ਜਿੱਤ ਹੋਣੀ ਸੀ।

ਅਜਿਹੀਆਂ ਹੋਰਨਾਂ ਘਟਨਾਵਾਂ ਵਾਂਗ ਦਿੱਲੀ ਯੂਨੀਵਰਸਿਟੀ ਦੀ ਇਹ ਘਟਨਾ ਦਿਖਾਉਂਦੀ ਹੈ ਕਿ ਦੱਖਣਪੰਥੀ ਤਾਕਤਾਂ ਦਾ ਹੌਸਲੇ ਨਾਲ ਮੁਕਾਬਲਾ ਕਰਨਾ ਪੈਣਾ ਹੈ, ਜਿਵੇਂ ਪ੍ਰੋਫੈਸਰ ਹਬੀਬ ਨੇ ਕੀਤਾ। ਪ੍ਰੋਫੈਸਰ ਹਬੀਬ ਤੇ ਉਨ੍ਹਾ ਦੀ ਸੋਚ ਦੇ ਹੱਕ ਵਿੱਚ ਦੇਸ਼ ਭਰ 'ਚੋਂ ਆਵਾਜ਼ਾਂ ਉੱਠਣੀਆਂ ਚਾਹੀਦੀਆਂ ਹਨ।

## ਵਕੀਲ ਬਨਾਮ ਬਾਬੇ

ਹੋਵੇ ਨਾ 'ਸਟੈਂਡ' ਚੌਹਾਂ ਪਾਸਿਆਂ ਨੂੰ ਘੁੰਮੀ ਜਾਵੇ,
ਰਾਜਨੀਤੀ ਵਿੱਚ ਹੁਣ ਆਉਂਦਾ ਬੰਦਾ ਉਹੀ ਫਿੱਟ।
ਸੱਤਾ ਧਾਰੀ ਪਾਰਟੀ ਦਾ ਚੱਲਦਾ 'ਹੁਕਮ' ਜਾਣੋ,
ਜਨਤਾ ਹੈਰਾਨ ਹੋ ਕੇ ਦੇਖੀ ਜਾਵੇ 'ਬਿਟ ਬਿਟ',
ਕਾਇਦੇ ਕਾਨੂੰਨ ਸੰਵਿਧਾਨ ਵਾਲੇ ਪਿੱਛੇ ਰਹਿ ਗਏ,
ਏਹੀ ਮਸ਼ਹੂਰ ਹੋ ਗਏ ਸਿੱਟ ਤੇ ਕਲੀਨ-ਚਿੱਟ।
ਬਾਹਰ ਵਾਲੀ ਚਰਚਾ ਤੋਂ ਹੁੰਦੀ ਏ ਅਲੱਗ ਪੂਰੀ,
'ਬੰਦ ਕਮਰੇ' ਦੇ ਵਿੱਚ ਹੋਵੇ ਜਿਹੜੀ ਗਿੱਟ-ਮਿਟ।
ਬਲਾਤਕਾਰੀ ਕਾਤਲਾਂ ਨੂੰ ਮਿਲਦੀ 'ਪੈਰੋਲ' ਝੱਟ,
'ਪਰਚੇ' ਦੇ ਵਿੱਚ ਲਿਖੇ ਨਾਮ ਵੀ ਨੇ ਜਾਂਦੇ ਮਿਟ,
'ਚੋਣ ਗੱਠਜੋੜ' ਅਤੇ ਜ਼ਮਾਨਤਾਂ ਕਰਾਉਣ ਵਾਲੇ,
ਵੱਡਿਆਂ ਵਕੀਲਾਂ ਨਾਲੋਂ ਬਾਬੇ ਹੋ ਗਏ ਬੜੇ ਹਿੱਟ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਖੇਤੀ ਘਾਟੇ ਦਾ ਸੌਦਾ ?


ਗੁਰਪ੍ਰੀਤ

ਅੰਨ ਪੈਦਾ ਕਰਨ ਵਾਲਾ ਕਿਸਾਨ, ਦਿਨ ਪ੍ਰਤੀ ਦਿਨ ਕਰਜ਼ੇ ਦੀ ਮਾਰ ਹੇਠਾਂ ਦੱਬਿਆ ਜਾ ਰਿਹਾ। ਹਾਲਾਤ ਇਹ ਬਣ ਚੁੱਕੇ ਨੇ ਕਿ ਓਨੀ ਤਾਂ ਫ਼ਸਲ ਨਹੀਂ ਹੋ ਰਹੀ, ਜਿੰਨਾ ਕਰਜ਼ਾ ਚੜ੍ਹੀ ਜਾ ਰਿਹਾ। ਪੰਜਾਬ ਸਮੇਤ ਦੇਸ਼ ਦੇ ਆਮ ਲੋਕਾਂ ਉੱਪਰ ਜਿੱਥੇ ਕਰਜ਼ਾ ਦਿਨ ਪ੍ਰਤੀ ਦਿਨ ਵਧ ਰਿਹਾ, ਉਥੇ ਹੀ ਰਾਜਨੀਤਿਕ ਲੀਡਰਾਂ ਦੀਆਂ ਐਸ਼ੋ-ਅਰਾਮੀਆਂ ਵੀ ਵੱਧ ਰਹੀਆਂ ਹਨ ।

ਕਈ ਮੀਡੀਆ ਅਦਾਰੇ, ਲੋਕਪੱਖੀ ਪੱਤਰਕਾਰ ਅਤੇ ਹੋਰ ਬੁੱਧੀਜੀਵੀ ਵਿਦਵਾਨ ਕਰਜ਼ੇ ਨੂੰ ਲੈ ਕੇ ਹਮੇਸ਼ਾ ਹੀ ਚਰਚਾ ਕਰਦੇ ਰਹਿੰਦੇ ਹਨ, ਪਰ ਸਵਾਲ ਇਹ ਹੈ ਕਿ ਕਰਜ਼ਾ ਪੰਜਾਬ ਸਿਰ ਚੜ੍ਹਿਆ ਕਿਵੇਂ ਸੀ ਅਤੇ ਇਸ ਤੋਂ ਮੁਕਤੀ ਕਿਵੇਂ ਮਿਲੇਗੀ ? ਖੈਰ, ਅੱਜ ਅਸੀਂ ਗੱਲ ਪੰਜਾਬ ਉਪਰ ਚੜ੍ਹੇ ਕਰਜ਼ੇ ਦੀ ਨਹੀਂ, ਬਲਕਿ ਪੰਜਾਬ ਦੇ ਕਿਸਾਨਾਂ ਉਪਰ ਚੜ੍ਹੇ ਕਰਜ਼ੇ ਦੀ ਗੱਲ ਕਰਾਂਗੇ। ਪੰਜਾਬ ਉੱਪਰ ਜਿਹੜਾ ਕਰਜ਼ਾ ਹੈ, ਉਸ ਬਾਰੇ ਤਾਂ ਸਰਕਾਰ ਵੰਨ-ਸੁਵੰਨੇ ਦਾਅਵੇ ਕਰਕੇ ਅਤੇ ਪੰਜਾਬ ਵਾਸੀਆਂ ਨੂੰ ਸੁਵਿਧਾਵਾਂ ਦੇਣ ਦੇ ਨਾਂਅ 'ਤੇ ਮਸਲੇ ਵਿੱਚ ਉਲਝਾਈ ਰੱਖਦੀ ਹੈ, ਪਰ ਪੰਜਾਬ ਦੇ ਕਿਸਾਨਾਂ ਉੱਪਰ ਚੜ੍ਹਿਆ ਕਰਜ਼ਾ ਕਿਵੇਂ ਖਤਮ ਹੋਵੇਗਾ ਅਤੇ ਕਿਸਾਨਾਂ ਦੀ ਖੇਤੀ ਕਿਵੇਂ ਉਪਜਾਊ ਹੋ ਕੇ ਕਿਸਾਨਾਂ ਨੂੰ ਕਰਜ਼ੇ ਤੋਂ ਮੁਕਤੀ ਦਿਵਾਏਗੀ, ਅੱਜ ਗੱਲ ਇਸ 'ਤੇ ਕਰਨੀ ਬਣਦੀ ਹੈ।

ਪੰਜਾਬ ਦੇ ਕਿਸਾਨਾਂ ਸਿਰ ਚੜ੍ਹੇ ਕਰਜ਼ੇ ਬਾਰੇ ਪਿਛਲੇ ਸਾਲ 16 ਦਸੰਬਰ 2025 ਨੂੰ ਰਾਜ ਸਭਾ ਵਿੱਚ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਕੇਂਦਰੀ ਰਾਜ ਮੰਤਰੀ ਪੰਕਜ ਚੌਧਰੀ ਵੱਲੋਂ ਦੱਸਿਆ ਗਿਆ ਕਿ ਪੰਜਾਬ ਦੇ ਕਿਸਾਨਾਂ ਉੱਪਰ 97 ਹਜ਼ਾਰ 471 ਕਰੋੜ ਰੁਪਏ ਦਾ ਕਰਜ਼ਾ ਹੈ। ਆਪਣੇ ਲਿਖਤੀ ਜਵਾਬ ਵਿੱਚ ਰਾਜ ਮੰਤਰੀ ਨੇ ਕਿਹਾ ਕਿ ਇਹ ਕਰਜ਼ਾ 25 ਲੱਖ 23 ਹਜ਼ਾਰ ਖਾਤਾ ਧਾਰਕਾਂ ਉਪਰ ਹੈ । ਇਹ ਕਰਜ਼ਾ ਵਪਾਰਕ ਬੈਂਕਾਂ, ਸਹਿਕਾਰੀ ਬੈਂਕਾਂ ਅਤੇ ਪੇਂਡੂ ਖੇਤਰਾਂ ਦੇ ਬੈਂਕਾਂ ਦਾ ਹੈ। ਇਸ ਤੋਂ ਸਿੱਧਾ ਅਤੇ ਸਾਫ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪੰਜਾਬ ਦੇ ਕਰੀਬ ਸਵਾ 25 ਲੱਖ ਕਿਸਾਨ ਜਾਂ ਫਿਰ ਖੇਤੀ ਦੇ ਨਾਲ ਜੁੜੇ ਲੋਕ ਕਰਜ਼ੇ ਦੀ ਮਾਰ ਹੇਠਾਂ ਹਨ।

ਵੈਸੇ, ਪੰਜਾਬ ਦੀ ਕਿਸਾਨੀ ਦਿਨ ਪ੍ਰਤੀ ਦਿਨ ਏਨੀ ਸੁੰਗੜ ਕਿਉਂ ਰਹੀ ਹੈ ਕਿ ਕਿਸਾਨ ਕਰਜ਼ਾ ਲੈਣ ਲਈ ਮਜਬੂਰ ਹੋ ਚੁੱਕੇ ਹਨ ? ਇਹ ਸਵਾਲ ਹਰ ਕਿਸੇ ਦੇ ਮਨ ਅੰਦਰ ਹੈ, ਭਾਵੇਂ ਕਿ ਕੁਝ ਕੁ ਧਨਾਢ ਕਿਸਾਨਾਂ ਦੇ ਸ਼ੌਂਕ ਵੀ ਹੁੰਦੇ ਹਨ ਕਿ ਉਹ ਕਰਜ਼ਾ ਲੈ ਕੇ ਆਪਣੀ ਐਸ਼ੋ-ਅਰਾਮ ਦੀ ਜ਼ਿੰਦਗੀ ਜਿਉਣ, ਪਰ ਆਮ ਕਿਸਾਨ ਦਾ ਕੀ, ਜੇ ਸਿਰ ਕੋਈ ਦੋ ਚਾਰ ਲੱਖ ਦਾ ਕਰਜ਼ਾ ਹੋਵੇ ? ਕਿਸਾਨਾਂ ਉੱਪਰ ਚੜ੍ਹੇ ਕਰਜ਼ੇ ਬਾਰੇ ਸਰਕਾਰਾਂ ਹਮੇਸ਼ਾ ਗੱਲਾਂ ਕਰਦੀਆਂ ਹਨ । ਸੱਤਾ ਵਿੱਚ ਆਉਣ ਤੋਂ ਪਹਿਲਾਂ ਹਰ ਸਿਆਸੀ ਪਾਰਟੀ ਕਿਸਾਨਾਂ ਸਿਰੋਂ ਕਰਜ਼ਾ ਲਾਹੁਣ ਦੀ ਗੱਲ ਕਰਦੀ ਹੈ, ਪਰ ਕਿਸਾਨਾਂ ਨੂੰ ਕਰਜ਼ੇ ਤੋਂ ਪੂਰਨ ਰੂਪ ਵਿੱਚ ਮੁਕਤੀ ਕਿਵੇਂ ਦਵਾਈ ਜਾਵੇ, ਇਸ ਬਾਰੇ ਕੋਈ ਵੀ ਰਾਜਨੀਤਕ ਧਿਰ ਚਰਚਾ ਨਹੀਂ ਕਰਦੀ।

ਕਰਜ਼ੇ ਮੁਆਫ਼ ਕਰਨ ਦੇ ਨਾਲ ਕਿਸਾਨਾਂ ਸਿਰੋਂ ਕਰਜ਼ਾ ਨਹੀਂ ਲੱਥੇਗਾ, ਕਿਉਂਕਿ ਇਸ ਦੇ ਪਿੱਛੇ ਵੱਡਾ ਕਾਰਨ ਇਹ ਹੈ ਕਿ ਇੱਕ ਵਾਰ ਤਾਂ ਕਿਸਾਨ ਦੇ ਸਿਰ ਤੋਂ ਕਰਜ਼ਾ ਉੱਤਰ ਜਾਵੇਗਾ, ਪਰ ਅਗਲੀ ਵਾਰ ਜਦੋਂ ਉਸ ਨੂੰ ਪੈਸੇ-ਧੇਲੇ ਦੀ ਜ਼ਰੂਰਤ ਪਵੇਗੀ, ਤਾਂ ਉਹ ਕਿੱਥੇ ਜਾਵੇਗਾ ?

ਪੰਜਾਬ ਦੀ ਖੇਤੀ ਨੂੰ ਜਿਸ ਤਰੀਕੇ ਦੇ ਨਾਲ ਕਾਰਪੋਰੇਟ ਘਰਾਣਿਆਂ ਵੱਲੋਂ ਵੱਡੇ ਪੱਧਰ 'ਤੇ ਨਸ਼ਟ ਕਰਕੇ ਇੱਥੋਂ ਹਾਈਵੇ ਕੱਢ ਕੇ ਪਹਿਲਾਂ ਅਤੇ ਉਹਦੇ ਬਾਅਦ ਵੱਡੀਆਂ-ਵੱਡੀਆਂ ਮਹਿਲ-ਮਾੜੀਆਂ ਅਤੇ ਕਲੋਨੀਆਂ ਤੋਂ ਇਲਾਵਾ ਹੋਟਲ, ਕਾਰਖਾਨੇ ਬਣਾ ਕੇ ਪੰਜਾਬ ਦੀ ਉਪਜਾਊ ਧਰਤੀ ਨੂੰ ਉਜਾੜਿਆ ਗਿਆ, ਜਿਸ ਦੇ ਕਾਰਨ ਇੱਕ ਵਾਰ ਤਾਂ ਕਿਸਾਨ ਆਪਣੀਆਂ ਜ਼ਮੀਨਾਂ ਵੇਚ ਕੇ ਅਮੀਰ ਹੋ ਗਿਆ, ਪਰ ਹੌਲੀ-ਹੌਲੀ ਕਿਸਾਨਾਂ ਨੂੰ ਮਿਲਿਆ ਪੈਸਾ ਖਤਮ ਹੋਣ ਲੱਗਿਆ ਅਤੇ ਕਿਸਾਨ ਜ਼ਿੰਦਗੀ ਜਿਉਣ ਲਈ ਇਧਰੋਂ-ਉਧਰੋਂ ਕਰਜ਼ਾ ਫੜਨ ਲੱਗੇ । ਇਹ ਕਹਾਣੀ ਕੋਈ ਅੱਜ ਦੀ ਨਹੀਂ, ਪਿਛਲੇ ਕਰੀਬ ਤਿੰਨ-ਚਾਰ ਦਹਾਕਿਆਂ ਤੋਂ ਚਲਦੀ ਆ ਰਹੀ ਹੈ । ਪੰਜਾਬ ਨੂੰ ਵਿਕਾਸ ਦੇ ਨਾਂਅ 'ਤੇ ਜਿਸ ਤਰੀਕੇ ਦੇ ਨਾਲ ਉਜਾੜਿਆ ਗਿਆ, ਉਸ ਤੋਂ ਸਾਫ ਤੇ ਸਪੱਸ਼ਟ ਹੁੰਦਾ ਹੈ ਕਿ ਪੰਜਾਬ ਨੂੰ ਕਰਜ਼ਾਈ ਅਤੇ ਪੰਜਾਬ ਦੇ ਕਿਸਾਨਾਂ ਨੂੰ ਮਿੱਟੀ ਵਿੱਚ ਮਿਲਾਉਣ ਦਾ ਕੰਮ ਕਾਰਪੋਰੇਟ ਘਰਾਣਿਆਂ ਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਹੀ ਕੀਤਾ ਗਿਆ ਹੈ।

ਸਰਕਾਰਾਂ ਦੁਆਰਾ ਬਣਾਈਆਂ ਜਾਂਦੀਆਂ ਗਲਤ ਨੀਤੀਆਂ ਦੇ ਕਾਰਨ ਹੀ ਕਿਸਾਨ ਖੁਦਕੁਸ਼ੀਆਂ ਕਰਦੇ ਹਨ ਅਤੇ ਕਰਜ਼ੇ ਦੀ ਮਾਰ ਹੇਠ ਹਨ। ਜਾਣਕਾਰੀ ਦੇ ਮੁਤਾਬਕ ਕਿਸਾਨਾਂ ਸਿਰ ਕਰਜ਼ੇ ਚੜ੍ਹਨ ਦਾ ਸਭ ਤੋਂ ਵੱਡਾ ਕਾਰਨ ਜਿਹੜਾ ਸਾਹਮਣੇ ਆਇਆ ਹੈ, ਉਹ ਇਹ ਹੈ ਕਿ ਮਹਿੰਗੀਆਂ ਦਵਾਈਆਂ ਅਤੇ ਫਸਲਾਂ ਦੀ ਪੈਦਾਵਾਰ ਘਟਣੀ। ਇਸ ਦੇ ਨਾਲ ਹੀ ਇਹ ਵੀ ਕਾਰਨ ਪਤਾ ਲੱਗਿਆ ਹੈ ਕਿ ਸਰਕਾਰਾਂ ਦੁਆਰਾ ਜਿਹੜੀਆਂ ਨੀਤੀਆਂ ਕਿਸਾਨਾਂ ਲਈ ਬਣਾਈਆਂ ਗਈਆਂ ਸਨ ਜਾਂ ਬਣਾਈਆਂ ਜਾ ਰਹੀਆਂ ਹਨ, ਉਹਨਾਂ ਦਾ ਕਿਸਾਨਾਂ ਨੂੰ ਫਾਇਦਾ ਤੱਕ ਨਹੀਂ ਮਿਲਿਆ। ਵੱਡੇ ਅਤੇ ਧਨਾਢ ਲੋਕਾਂ ਵੱਲੋਂ ਇਹਨਾਂ ਸਕੀਮਾਂ ਦਾ ਫਾਇਦਾ ਚੁੱਕ ਲਿਆ ਗਿਆ, ਜਦੋਂ ਕਿ ਕਿਸਾਨਾਂ ਨੂੰ ਲਾਲਚ ਵਿਖਾ ਕੇ ਅਤੇ ਉਹਨਾਂ ਨੂੰ ਭਰੋਸੇ ਵਿੱਚ ਲੈ ਕੇ ਬਥੇਰਾ ਕੁਝ ਉਹਨਾਂ ਦੇ ਨਾਲ ਕੀਤਾ ਗਿਆ, ਪਰ ਅਸਲ ਕਿਸਾਨਾਂ ਨੂੰ ਕੁਝ ਵੀ ਨਹੀਂ ਮਿਲਿਆ।

ਫਸਲ ਦੀ ਪੈਦਾਵਾਰ 'ਤੇ ਹੋਣ ਵਾਲੇ ਨੁਕਸਾਨ ਬਾਰੇ ਤਾਂ ਨਾ ਕੋਈ ਕਾਰਪੋਰੇਟ ਕੰਪਨੀ ਸੋਚਦੀ ਹੈ ਅਤੇ ਨਾ ਹੀ ਸਰਕਾਰ ਸੋਚਦੀ ਹੈ। ਕਣਕ-ਝੋਨੇ ਅਤੇ ਫਲਾਂ, ਸਬਜ਼ੀਆਂ 'ਤੇ ਜਦੋਂ ਕੁਦਰਤੀ ਮਾਰ ਪੈਂਦੀ ਹੈ, ਤਾਂ ਉਸ ਵੇਲੇ ਹੀ ਕਿਸਾਨ ਕਰਜ਼ਾਈ ਹੁੰਦਾ ਹੈ।

ਜਾਣਕਾਰੀ ਇਹ ਵੀ ਹੈ ਕਿ ਪਹਿਲਾਂ ਕਿਸਾਨ ਪੰਜਾਬ ਅੰਦਰ ਵੱਡੇ ਪੱਧਰ 'ਤੇ ਗੰਨਾ, ਕਪਾਹ ਅਤੇ ਹੋਰ ਫਸਲਾਂ ਬੀਜਦੇ ਹੁੰਦੇ ਸਨ, ਪਰ ਇਹ ਹੌਲੀ-ਹੌਲੀ ਤਾਂ ਖਤਮ ਹੋਈਆਂ, ਕਿਉਂਕਿ ਕਿਸਾਨਾਂ ਨੂੰ ਇਹਨਾਂ ਦਾ ਭਾਅ ਹੀ ਚੰਗਾ ਨਹੀਂ ਮਿਲਿਆ। ਕਿਸਾਨਾਂ ਨੂੰ ਗਰੀਬੀ ਮੁਕਤ ਕਰਨ ਅਤੇ ਕਰਜ਼ਾ ਮੁਕਤ ਕਰਨ ਦੀ ਸਕੀਮ ਸੈਂਟਰ ਤੇ ਸਟੇਟ ਸਰਕਾਰ ਹਮੇਸ਼ਾ ਲੈ ਕੇ ਆਈ, ਪਰ ਨਾ ਤਾਂ ਕਿਸਾਨਾਂ ਨੂੰ ਗਰੀਬੀ ਤੋਂ ਮੁਕਤ ਕੀਤਾ ਗਿਆ ਅਤੇ ਨਾ ਹੀ ਕਰਜ਼ੇ ਤੋਂ ਮੁਕਤੀ ਦਵਾਈ ਗਈ। ਕਿਸਾਨਾਂ ਦੀ ਆਮਦਨ ਤਾਂ ਕੀ ਵਧਣੀ ਸੀ, ਸਗੋਂ ਕਿਸਾਨ ਹੋਰ ਕਰਜ਼ੇ ਦੇ ਹੇਠਾਂ ਦੱਬੇ ਗਏ।

ਜਿੱਥੇ ਮਹਿੰਗੀਆਂ ਦਵਾਈਆਂ ਨੇ ਕਿਸਾਨਾਂ ਨੂੰ ਮਾਰ ਸੁੱਟਿਆ, ਉੱਥੇ ਦੂਜੇ ਪਾਸੇ ਕਰਜ਼ੇ ਹੇਠਾਂ ਦੱਬੇ ਕਿਸਾਨ ਖੁਦਕੁਸ਼ੀਆਂ ਕਰਨ ਲਈ ਵੀ ਮਜਬੂਰ ਹੋ ਚੁੱਕੇ ਹਨ। ਕਿਸਾਨਾਂ ਨੂੰ ਲਾਲਚ ਕਾਰਪੋਰੇਟ ਕੰਪਨੀਆਂ ਅਤੇ ਸਰਕਾਰਾਂ ਵੱਲੋਂ ਹਮੇਸ਼ਾ ਹੀ ਦਿੱਤੇ ਜਾਂਦੇ ਰਹੇ ਹਨ ਅਤੇ ਹੁਣ ਵੀ ਦਿੱਤੇ ਜਾ ਰਹੇ ਹਨ, ਪਰ ਸਵਾਲ ਇਹ ਹੈ ਕਿ ਕੀ ਅਜਿਹਾ ਕੁਝ ਕਰਨ ਦੇ ਨਾਲ ਕਿਸਾਨ ਦਾ ਭਲਾ ਹੋ ਸਕਦਾ ਹੈ ?

ਭਾਰਤ ਦੇ ਬਹੁ-ਗਿਣਤੀ ਕਿਸਾਨ ਅਜਿਹੇ ਵੀ ਹਨ, ਜਿਹੜੇ ਦੂਜਿਆਂ ਲਈ ਤਾਂ ਅੰਨ ਪੈਦਾ ਕਰਦੇ ਨੇ, ਪਰ ਉਹਨਾਂ ਨੂੰ ਖੁਦ ਖਾਣ ਨੂੰ ਅੰਨ ਨਹੀਂ ਮਿਲਦਾ। ਕਿਸਾਨੀ ਦਿਨ ਪ੍ਰਤੀ ਦਿਨ ਏਨੀ ਡੁੱਬਦੀ ਅਤੇ ਨਸ਼ਟ ਹੁੰਦੀ ਜਾ ਰਹੀ ਹੈ ਕਿ ਕਿਸਾਨ ਹੁਣ ਖੇਤੀ ਛੱਡਣ ਨੂੰ ਵੀ ਮਜਬੂਰ ਹੋ ਚੁੱਕੇ ਹਨ। ਫਸਲਾਂ ਦੇ ਭਾਅ 'ਤੇ ਐਮ ਐਸ ਪੀ ਨਾ ਮਿਲਣਾ ਅਤੇ ਕਿਸਾਨਾਂ ਦੇ ਨਾਲ ਕੀਤੇ ਵਾਅਦਿਆਂ ਦੇ ਮੁਤਾਬਕ ਸਹੀ ਸਰਕਾਰੀ ਮੰਡੀਕਰਨ ਨਾ ਹੋਣ ਦੇ ਕਾਰਨ ਕਿਸਾਨ ਖੇਤੀ ਛੱਡਣ ਲਈ ਮਜਬੂਰ ਹਨ । ਪੰਜਾਬ ਵਿੱਚ ਆਏ ਸੀਜ਼ਨ ਵਿੱਚ ਹੀ ਅਸੀਂ ਦੇਖਦੇ ਹਾਂ ਕਿ ਕਿਸਾਨ ਆਲੂ, ਸ਼ਿਮਲਾ ਮਿਰਚਾਂ ਤੋਂ ਇਲਾਵਾ ਮੱਕੀ, ਕਪਾਹ ਖੇਤਾਂ ਵਿੱਚ ਹੀ ਵਾਹ ਦਿੰਦੇ ਹਨ । ਇਸ ਦਾ ਇਹ ਕਾਰਨ ਹੈ ਕਿ ਕਿਸਾਨਾਂ ਨੂੰ ਆਪਣੀ ਫਸਲ ਦਾ ਪੂਰਾ ਭਾਅ ਬਾਜ਼ਾਰ ਵਿੱਚ ਨਹੀਂ ਮਿਲ ਪਾਉਂਦਾ, ਜਿਸ ਦੇ ਕਾਰਨ ਉਹ ਫਸਲ ਨੂੰ ਵਾਹੁਣ ਲਈ ਮਜਬੂਰ ਹੋ ਜਾਂਦੇ ਹਨ।

ਕਿਸਾਨ ਕੋਲੋਂ ਸਸਤੇ ਭਾਅ ਖਰੀਦੀ ਗਈ ਚੀਜ਼ ਨੂੰ ਜਦੋਂ ਵਪਾਰੀ ਲੈ ਕੇ ਬਾਜ਼ਾਰ ਜਾਂਦਾ ਹੈ ਤਾਂ ਉਹ ਉਸੇ ਚੀਜ਼ ਨੂੰ ਚੌਗਣੇ ਭਾਅ ਵੇਚਦਾ ਹੈ। ਇਸ ਤੋਂ ਸਾਫ ਹੋ ਜਾਂਦਾ ਹੈ ਕਿ ਅੰਨ ਉਗਾਉਣ ਵਾਲਾ ਦਿਨ ਪ੍ਰਤੀ ਦਿਨ ਗਰੀਬ ਹੁੰਦਾ ਜਾ ਰਿਹਾ ਹੈ ਤੇ ਉਸ ਨੂੰ ਪੈਕ ਕਰਕੇ ਵੇਚਣ ਵਾਲਾ ਕਾਰਪੋਰੇਟ ਘਰਾਣਾ ਦਿਨ ਪ੍ਰਤੀ ਦਿਨ ਅਮੀਰ ਹੁੰਦਾ ਜਾ ਰਿਹਾ ਹੈ।

ਕਿਸਾਨਾਂ ਦੀਆਂ ਸਾਰੀਆਂ ਫਸਲਾਂ ਨੂੰ ਐੱਮ ਐੱਸ ਪੀ 'ਤੇ ਵੇਚਿਆ ਜਾਣਾ ਲਾਜ਼ਮੀ ਹੋਣਾ ਚਾਹੀਦਾ ਹੈ, ਤਾਂ ਹੀ ਕਿਸਾਨ ਦੇ ਪੱਲੇ ਕੁਝ ਪੈ ਸਕਦਾ ਹੈ । ਅਜੋਕੇ ਯੁੱਗ ਵਿੱਚ ਤਾਂ ਸਭ ਕੁਝ ਵੱਖਰਾ ਹੀ ਹੋ ਰਿਹਾ, ਫਸਲ ਉਗਾ ਕੇ ਵੱਡੀ ਕਰਕੇ ਮੰਡੀ ਵੇਚਣ ਵਾਲਾ ਕਿਸਾਨ ਆਪਣੀ ਫਸਲ ਦਾ ਖੁਦ ਭਾਅ ਵੀ ਨਹੀਂ ਲਾ ਪਾ ਰਿਹਾ, ਕਿਉਂਕਿ ਉਸ 'ਤੇ ਵੀ ਇੱਕ ਵੱਡਾ ਕਾਰਪੋਰੇਟ ਘਰਾਣਾ ਹਕੂਮਤ ਦੁਆਰਾ ਬਿਠਾਇਆ ਹੋਇਆ ਹੈ, ਜਿਸ ਦੁਆਰਾ ਕਿਸਾਨ ਦੀ ਲੁੱਟ ਕੀਤੀ ਜਾ ਰਹੀ ਹੈ ਅਤੇ ਉਸ ਦੀ ਫਸਲ ਨੂੰ ਸਸਤੇ ਭਾਅ ਖਰੀਦ ਕੇ ਮਹਿੰਗੇ ਭਾਅ ਵੇਚਿਆ ਜਾ ਰਿਹਾ ਹੈ, ਜਿਸ ਦੇ ਕਾਰਨ ਕਿਸਾਨਾਂ ਨੂੰ ਉਸ ਦੀ ਲਾਗਤ ਦਾ ਮੁੱਲ ਵੀ ਨਹੀਂ ਮਿਲ ਰਿਹਾ।

ਕਿਸਾਨਾਂ ਦੁਆਰਾ ਉਗਾਈਆਂ ਜਾਂਦੀਆਂ ਫਸਲਾਂ ਜਦੋਂ ਤੱਕ ਸਹੀ ਰੇਟ 'ਤੇ ਨਹੀਂ ਵਿਕਣਗੀਆਂ, ਉਦੋਂ ਤੱਕ ਕਿਸਾਨ ਕਰਜ਼ਾਈ ਹੁੰਦੇ ਰਹਿਣਗੇ ਅਤੇ ਕਰਜ਼ੇ ਦੀ ਮਾਰ ਹੇਠ ਦੱਬੇ ਕਿਸਾਨ ਖੁਦਕੁਸ਼ੀਆਂ ਦੇ ਰਾਹ ਪੈਂਦੇ ਰਹਿਣਗੇ। ਹਕੂਮਤਾਂ ਤੋਂ ਉਮੀਦ ਇਹੋ ਹੈ ਕਿ ਉਹ ਕਿਸਾਨਾਂ ਨੂੰ ਕਰਜ਼ੇ ਤੋਂ ਪੂਰਨ ਤੌਰ 'ਤੇ ਮੁਕਤ ਕਰਨ ਲਈ ਕੋਈ ਵਧੀਆ ਨੀਤੀ ਬਣਾਉਣ, ਤਾਂ ਜੋ ਕਿਸਾਨ ਦੀ ਆਮਦਨ ਵੀ ਵਧ ਸਕੇ ਅਤੇ ਕਿਸਾਨ ਕਰਜ਼ੇ ਦੀ ਮਾਰ ਹੇਠ ਵੀ ਨਾ ਆਵੇ।

**# ਸੰਪਰਕ : 95698-20314**

# ਏ ਆਈ ਵੀਡੀਓਜ਼ ਬਣੀਆਂ ਸਿਆਸੀ ਪਾਰਟੀਆਂ ਦਾ ਹਥਿਆਰ

**ਚਾਨਣਦੀਪ ਸਿੰਘ ਔਲਖ**

ਪੰਜਾਬ ਦੀ ਸਿਆਸਤ ਵਿੱਚ ਹਮੇਸ਼ਾ ਹੀ ਵਿਰੋਧੀਆਂ ਨੂੰ ਘੇਰਨ ਲਈ ਤਿੱਖੀ ਸ਼ਬਦਾਵਲੀ ਅਤੇ ਬਿਆਨਬਾਜ਼ੀ ਦਾ ਦੌਰ ਰਿਹਾ ਹੈ, ਪਰ ਅਜੋਕੇ ਡਿਜੀਟਲ ਯੁੱਗ ਵਿੱਚ ਇਹ ਲੜਾਈ ਹੁਣ ਸਿਰਫ਼ ਸ਼ਬਦਾਂ ਜਾਂ ਰੈਲੀਆਂ ਤੱਕ ਸੀਮਤ ਨਹੀਂ ਰਹੀ, ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਆਮਦ ਨੇ ਸਿਆਸੀ ਪਾਰਟੀਆਂ ਦੇ ਹੱਥ ਇੱਕ ਅਜਿਹਾ ਘਾਤਕ ਹਥਿਆਰ ਦੇ ਦਿੱਤਾ ਹੈ, ਜਿਸ ਦੀ ਵਰਤੋਂ ਹੁਣ ਵਿਰੋਧੀ ਆਗੂਆਂ ਦੇ ਅਕਸ ਨੂੰ ਜਨਤਾ ਦੀਆਂ ਨਜ਼ਰਾਂ ਵਿੱਚ ਵਿਗਾੜਨ ਲਈ ਬੜੀ ਬੇਰਹਿਮੀ ਨਾਲ ਕੀਤੀ ਜਾ ਰਹੀ ਹੈ। ਪੰਜਾਬ ਦਾ ਸਿਆਸੀ ਮੈਦਾਨ ਹੁਣ ਅਸਲ ਮੁੱਦਿਆਂ ਤੋਂ ਹਟ ਕੇ ਏ ਆਈ ਵੀਡੀਓਜ਼ ਅਤੇ ਡੀਪਫ਼ੇਕ ਦੀ ਇੱਕ ਅਜਿਹੀ ਖੇਡ ਬਣ ਗਿਆ ਹੈ, ਜਿੱਥੇ ਸੱਚਾਈ ਅਤੇ ਕਲਪਨਾ ਵਿਚਕਾਰਲਾ ਫ਼ਰਕ ਮਿਟਦਾ ਜਾ ਰਹੀ ਹੈ।

ਪੰਜਾਬ ਦੀ ਸਿਆਸਤ ਵਿੱਚ ਏ ਆਈ ਦੀ ਵਰਤੋਂ ਦਾ ਸਭ ਤੋਂ ਦਿਲਚਸਪ ਅਤੇ ਚਰਚਿਤ ਕਿੱਸਾ ਡਾਇਨਾਸੋਰ ਵਾਲੇ ਬਿਆਨ ਨਾਲ ਜੁੜਿਆ ਹੋਇਆ ਹੈ। ਜਦੋਂ ਵਿਰੋਧੀਆਂ ਨੇ ਅਕਾਲੀ ਦਲ 'ਤੇ ਤਨਜ਼ ਕੱਸਦਿਆਂ ਕਿਹਾ ਕਿ ਸ਼ਾਇਦ ਦੁਨੀਆ ਵਿੱਚ ਡਾਇਨਾਸੋਰ ਵਾਪਸ ਆ ਜਾਣ, ਪਰ ਅਕਾਲੀ ਦਲ ਨਹੀਂ ਆਵੇਗਾ, ਤਾਂ ਸ਼੍ਰੋਮਣੀ ਅਕਾਲੀ ਦਲ ਨੇ ਇਸ ਦਾ ਜਵਾਬ ਬਹੁਤ ਹੀ ਹਾਈ-ਟੈੱਕ ਤਰੀਕੇ ਨਾਲ ਦਿੱਤਾ।

ਸਿਆਸੀ ਪਾਰਟੀਆਂ ਇਸ ਤਕਨੀਕ ਦੀ ਵਰਤੋਂ ਸਿਰਫ਼ ਮਜ਼ਾਕ ਉਡਾਉਣ ਲਈ ਹੀ ਨਹੀਂ, ਸਗੋਂ ਸਰਕਾਰ ਦੀਆਂ ਨਾਕਾਮੀਆਂ ਨੂੰ ਉਭਾਰਨ ਲਈ ਵੀ ਕਰ ਰਹੀਆਂ ਹਨ। ਪੰਜਾਬ ਕਾਂਗਰਸ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਤਿਆਰ ਕੀਤੇ ਕਈ ਅਜਿਹੇ ਗੀਤ ਅਤੇ ਵੀਡੀਓਜ਼ ਸਾਂਝੀਆਂ ਕੀਤੀਆਂ ਹਨ, ਜਿਨ੍ਹਾਂ ਵਿੱਚ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਗਾਰੰਟੀ ਪੂਰੀ ਨਾ ਹੋਣ 'ਤੇ ਤਿੱਖੇ ਤਨਜ਼ ਕੱਸੇ ਗਏ ਹਨ। ਇਨ੍ਹਾਂ ਵੀਡੀਓਜ਼ ਵਿੱਚ ਤਕਨੀਕ ਰਾਹੀਂ ਬਣਾਈਆਂ ਗਈਆਂ ਮਹਿਲਾਵਾਂ ਨੂੰ ਸਰਕਾਰ ਨੂੰ ਸਵਾਲ ਪੁੱਛਦੇ ਅਤੇ ਵਿਅੰਗਮਈ ਗੀਤ ਗਾਉਂਦੇ ਦਿਖਾਇਆ ਜਾਂਦਾ ਹੈ। ਇਹ ਵੀਡੀਓਜ਼ ਏਨੀਆਂ ਪ੍ਰਭਾਵਸ਼ਾਲੀ ਹੁੰਦੀਆਂ ਹਨ ਕਿ ਇਹ ਆਮ ਲੋਕਾਂ ਦੇ ਜਜ਼ਬਾਤਾਂ ਨੂੰ ਜਲਦੀ ਭੜਕਾਉਂਦੀਆਂ ਹਨ।

ਅੱਜਕੱਲ੍ਹ ਹਰ ਵੱਡੀ ਪਾਰਟੀ ਨੇ ਹਾਈ-ਟੈੱਕ ਵਾਰ-ਰੂਮ ਬਣਾਏ ਹੋਏ ਹਨ, ਜਿੱਥੇ ਮਾਹਰਾਂ ਦੀਆਂ ਫ਼ੌਜਾਂ 24 ਘੰਟੇ ਵਿਰੋਧੀਆਂ ਦੇ ਭਾਸ਼ਣਾਂ ਨੂੰ ਫ਼ਰੋਲਦੀਆਂ ਹਨ। ਉਨ੍ਹਾਂ ਦਾ ਕੰਮ ਕਿਸੇ ਆਗੂ ਦੇ ਚਿਹਰੇ 'ਤੇ ਅਜਿਹੇ ਪ੍ਰਗਟਾਵੇ ਲਿਆਉਣਾ ਹੁੰਦਾ ਹੈ, ਜੋ ਉਸ ਨੇ ਕਦੇ ਕੀਤੇ ਹੀ ਨਾ ਹੋਣ। ਜਦੋਂ ਇੱਕ ਆਮ ਵੋਟਰ ਵਾਰ-ਵਾਰ ਕਿਸੇ ਆਗੂ ਦੀਆਂ ਅਜਿਹੇ ਮਜ਼ਾਕੀਆ ਜਾਂ ਨਕਾਰਾਤਮਕ ਵੀਡੀਓਜ਼ ਦੇਖਦਾ ਹੈ, ਤਾਂ ਉਸ ਦੇ ਅਵਚੇਤਨ ਮਨ ਵਿੱਚ ਉਸ ਆਗੂ ਦੀ ਗੰਭੀਰਤਾ ਖ਼ਤਮ ਹੋਣ ਲੱਗਦੀ ਹੈ। ਇਹ ਡੀਪਫ਼ੇਕ ਤਕਨੀਕ ਲੋਕਤੰਤਰ ਲਈ ਬਹੁਤ ਖ਼ਤਰਨਾਕ ਹੈ, ਕਿਉਂਕਿ ਇਹ ਸੱਚਾਈ ਨੂੰ ਪੂਰੀ ਤਰ੍ਹਾਂ ਕੁਚਲ ਦਿੰਦੀ ਹੈ।

ਸਭ ਤੋਂ ਚਿੰਤਾਜਨਕ ਪਹਿਲੂ ਇਹ ਹੈ ਕਿ ਇਸ ਡਿਜੀਟਲ ਚਿੱਕੜ-ਉਛਾਲੀ ਵਿੱਚ ਪੰਜਾਬ ਦੇ ਅਸਲ ਮੁੱਦੇ, ਜਿਵੇਂ ਕਿ ਨਸ਼ਾਖੋਰੀ, ਬੇਰੁਜ਼ਗਾਰੀ, ਸਿਹਤ ਸਹੂਲਤਾਂ ਅਤੇ ਕਿਸਾਨੀ ਕਰਜ਼ੇ ਹਾਸ਼ੀਏ 'ਤੇ ਚਲੇ ਗਏ ਹਨ। ਜਦੋਂ ਸਾਰਾ ਧਿਆਨ ਇਹ ਸਾਬਿਤ ਕਰਨ 'ਤੇ ਲੱਗ ਜਾਂਦਾ ਹੈ ਕਿ ਕਿਹੜੀ ਪਾਰਟੀ ਦੀ ਵੀਡੀਓ ਜ਼ਿਆਦਾ ਵਧੀਆ ਹੈ, ਤਾਂ ਲੋਕ-ਭਲਾਈ ਦੀਆਂ ਗੱਲਾਂ ਪਿੱਛੇ ਰਹਿ ਜਾਂਦੀਆਂ ਹਨ। ਸਿਆਸੀ ਪਾਰਟੀਆਂ ਹੁਣ ਪੋਸਟਰਾਂ ਦੀ ਬਜਾਏ ਆਪਣਾ ਮੋਟਾ ਬਜਟ ਇਨ੍ਹਾਂ ਡਿਜੀਟਲ ਟੀਮਾਂ 'ਤੇ ਖ਼ਰਚ ਕਰ ਰਹੀਆਂ ਹਨ । ਪੰਜਾਬ ਦੇ ਵੋਟਰਾਂ ਨੂੰ ਹੁਣ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਸੁਚੇਤ ਹੋਣ ਦੀ ਲੋੜ ਹੈ। ਸੋਸ਼ਲ ਮੀਡੀਆ 'ਤੇ ਆਉਣ ਵਾਲੀ ਹਰ ਵੀਡੀਓ ਸੱਚ ਨਹੀਂ ਹੁੰਦੀ। ਤਕਨੀਕ ਦੀ ਇਸ ਦੁਰਵਰਤੋਂ 'ਤੇ ਲਗਾਮ ਲਗਾਉਣ ਲਈ ਚੋਣ ਕਮਿਸ਼ਨ ਅਤੇ ਸਰਕਾਰ ਨੂੰ ਸਖ਼ਤ ਨਿਯਮ ਬਣਾਉਣੇ ਚਾਹੀਦੇ ਹਨ।

ਸਾਨੂੰ ਇਹ ਸਮਝਣਾ ਪਵੇਗਾ ਕਿ ਸਿਆਸੀ ਪਾਰਟੀਆਂ ਇਸ ਨਵੀਂ ਤਕਨੀਕ ਨੂੰ ਇੱਕ ਹਥਿਆਰ ਵਜੋਂ ਵਰਤ ਰਹੀਆਂ ਹਨ, ਤਾਂ ਜੋ ਸਾਡਾ ਧਿਆਨ ਅਸਲੀਅਤ ਤੋਂ ਭਟਕਾਇਆ ਜਾ ਸਕੇ। ਸਹੀ ਲੋਕਤੰਤਰ ਉਹੀ ਹੈ, ਜਿੱਥੇ ਫ਼ੈਸਲੇ ਵੀਡੀਓਜ਼ ਦੇਖ ਕੇ ਨਹੀਂ, ਸਗੋਂ ਆਗੂਆਂ ਦੇ ਕੰਮ ਅਤੇ ਨੀਤੀਆਂ ਨੂੰ ਦੇਖ ਕੇ ਲਏ ਜਾਣ।

**# ਸੰਪਰਕ : 98768-88177**

# ਰਾਮ ਸਰੂਪ ਅਣਖੀ ਨੂੰ ਯਾਦ ਕਰਦਿਆਂ...

**ਪ੍ਰੋ. ਨਵ ਸੰਗੀਤ ਸਿੰਘ**

ਪੰਜਾਬੀ ਦਾ ਪ੍ਰਤੀਨਿਧ ਅਤੇ ਚਰਚਿਤ ਗਲਪਕਾਰ ਰਾਮ ਸਰੂਪ ਅਣਖੀ 2013 ਵਿੱਚ 14 ਫਰਵਰੀ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਿਆ ਸੀ। ਆਖ਼ਰੀ ਸਮੇਂ ਤੱਕ ਵੀ ਉਹ ਸਾਹਿਤ ਰਚਨਾ ਨਾਲ ਜੁੜਿਆ ਰਿਹਾ ਅਤੇ ਮੌਤ ਤੋਂ ਕਰੀਬ ਦੋ ਘੰਟੇ ਪਹਿਲਾਂ ਤੱਕ ਉਹ ਆਪਣਾ ਨਵਾਂ ਨਾਵਲ ਲਿਖਣ ਵਿੱਚ ਮਸਰੂਫ਼ ਸੀ।

ਬਰਨਾਲੇ ਦੇ ਇਸ ਸ਼੍ਰੋਮਣੀ ਪੰਜਾਬੀ ਸਾਹਿਤਕਾਰ, ਸਾਹਿਤ ਅਕਾਦਮੀ ਪੁਰਸਕਾਰ ਜੇਤੂ ਲੇਖਕ ਦਾ ਜਨਮ ਬਰਨਾਲੇ ਦੇ ਨੇੜੇ ਜੱਦੀ ਪਿੰਡ ਧੌਲਾ ਵਿਖੇ 28 ਅਗਸਤ 1932 ਈ. ਨੂੰ ਹੋਇਆ। ਪਿਤਾ ਇੰਦਰ ਰਾਮ ਅਤੇ ਮਾਤਾ ਸ੍ਰੀਮਤੀ ਸੋਧਾਂ ਦੇ ਘਰ ਜਨਮਿਆ ਸਰੂਪ ਲਾਲ, ਰਾਮ ਸਰੂਪ ਅਣਖੀ ਬਣ ਕੇ ਪੰਜਾਬੀ ਸਾਹਿਤ-ਜਗਤ ਦੀਆਂ ਚਹੁੰ-ਕੂੰਟਾਂ ਨੂੰ ਰੁਸ਼ਨਾਉਂਦਾ ਰਿਹਾ।

ਚੌਥੀ ਜਮਾਤ ਤੱਕ ਉਹ ਆਪਣੇ ਪਿੰਡ ਹੀ ਪੜ੍ਹਿਆ, ਜਦਕਿ ਪੰਜਵੀਂ ਵਿਚ ਉਹ ਹੰਡਿਆਇਆ ਚਲਾ ਗਿਆ ਅਤੇ ਦਸਵੀਂ ਦੀ ਪ੍ਰੀਖਿਆ ਬਰਨਾਲੇ ਤੋਂ ਪਾਸ ਕੀਤੀ। ਨੌਵੀਂ ਵਿੱਚ ਪੜ੍ਹਦਿਆਂ ਹੀ ਉਹਨੇ ਆਪਣੇ ਮਿੱਤਰਾਂ-ਦੋਸਤਾਂ ਨਾਲ ਮਿਲ ਕੇ 'ਅਣਖੀ' ਨਾਂਅ ਦਾ ਇੱਕ ਸਾਹਿਤਕ ਰਸਾਲਾ ਕੱਢਣ ਦੀ ਸਕੀਮ ਬਣਾਈ ਸੀ। ਇਹ ਰਸਾਲਾ ਤਾਂ ਕਦੇ ਵੀ ਨਾ ਛਪ ਸਕਿਆ, ਪਰ ਅਣਖੀ ਉਪਨਾਮ ਰਾਮਸਰੂਪ ਦੇ ਨਾਂਅ ਨਾਲ ਹਮੇਸ਼ਾ ਵਾਸਤੇ ਜੁੜ ਗਿਆ। ਹੁਣ ਉਸ ਨੂੰ ਰਾਮ ਸਰੂਪ ਅਣਖੀ ਵਜੋਂ ਪੂਰਾ ਦੇਸ਼ ਹੀ ਨਹੀਂ, ਸਗੋਂ ਵਿਦੇਸ਼ ਵੀ ਜਾਣਦਾ ਹੈ।

ਬਹੁਤ ਘੱਟ ਪਾਠਕਾਂ ਨੂੰ ਪਤਾ ਹੋਵੇਗਾ ਕਿ ਸਿਰ ਉਤੇ ਕੇਸ ਰੱਖਣ ਅਤੇ ਪਗੜੀ ਬੰਨ੍ਹਣ ਕਰਕੇ ਉਹ ਸਿੱਖ ਸਟੂਡੈਂਟਸ ਫੈਡਰੇਸ਼ਨ ਦਾ ਮੈਂਬਰ ਵੀ ਰਿਹਾ ਸੀ। ਉਹਦੇ ਇਸ ਫੈਡਰੇਸ਼ਨ ਵਿੱਚ ਸ਼ਾਮਲ ਹੋਣ ਕਰਕੇ ਉਹਦੇ ਮਿੱਤਰ-ਦੋਸਤ ਉਹਨੂੰ ਰਾਮ ਸਰੂਪ ਕਹਿਣ ਦੀ ਥਾਂ ਆਰ. ਐੱਸ. ਕਿਹਾ ਕਰਦੇ ਸਨ। ਮਹਿੰਦਰਾ ਕਾਲਜ ਪਟਿਆਲਾ ਵਿਖੇ ਪੰਜਾਬੀ ਸਾਹਿਤ ਸਭਾ ਵਿੱਚ ਕਵਿਤਾ ਸੁਣਾਉਂਦਿਆਂ ਪ੍ਰਿੰ. ਤੇਜਾ ਸਿੰਘ ਨੂੰ ਵੀ ਉਹਦੇ ਸਿੱਖ ਹੋਣ ਦਾ ਭੁਲੇਖਾ ਲੱਗਿਆ ਸੀ । ਉਹਦੇ ਇਸ ਪਹਿਰਾਵੇ ਕਰਕੇ ਕਈ ਥਾਈਂ ਉਸ ਨੂੰ 'ਸਰਦਾਰ ਜੀ' ਕਹਿ ਕੇ ਸੰਬੋਧਿਤ ਕੀਤਾ ਜਾਂਦਾ ਸੀ। ਉਸ ਦੀ ਆਖ਼ਰੀ ਸ਼ਾਦੀ (ਸ੍ਰੀਮਤੀ ਸ਼ੋਭਾ ਪਾਟਿਲ ਨਾਲ) ਵੀ ਅਜਮੇਰ ਦੇ ਹਾਥੀ ਭਾਟਾ ਗੁਰਦੁਆਰਾ ਵਿਖੇ ਆਨੰਦ ਕਾਰਜ ਵਜੋਂ ਹੋਈ।

ਮਹਿੰਦਰਾ ਕਾਲਜ ਪਟਿਆਲਾ ਵਿਖੇ ਦਾਖ਼ਲ ਹੋਣ ਪਿੱਛੋਂ ਉਸ ਦੀ ਸਾਹਿਤਕ ਪ੍ਰਤਿਭਾ ਹੋਰ ਵੀ ਨਿਖਰਨੀ ਸ਼ੁਰੂ ਹੋ ਗਈ । 'ਲਲਕਾਰ' ਵਿੱਚ ਉਹਦੀਆਂ ਕਵਿਤਾਵਾਂ ਛਪਣ ਲੱਗੀਆਂ। ਇੱਥੇ ਉਹ ਵਿਸ਼ਵ ਨਾਥ ਤਿਵਾੜੀ, ਪ੍ਰੋ. ਗੁਲਵੰਤ ਸਿੰਘ, ਪ੍ਰੋ. ਜਨਕ ਸਿੰਘ, ਅਤੇ ਪ੍ਰੋ. ਸੁਜਾਨ ਸਿੰਘ ਜਿਹੇ ਸੁਝਵਾਨ ਤੇ ਪ੍ਰਤਿਭਾਵਾਨ ਅਧਿਆਪਕਾਂ ਦੀ ਸੰਗਤ ਵਿਚ ਆ ਗਿਆ। ਪ੍ਰਿੰ. ਤੇਜਾ ਸਿੰਘ, ਦਰਸ਼ਨ ਸਿੰਘ ਅਵਾਰਾ ਅਤੇ ਜਸਵੰਤ ਸਿੰਘ ਵੰਤਾ ਨੇ ਉਹਦੇ ਕਾਵਿ-ਮਨ ਨੂੰ ਹੋਰ ਥਾਪੜਾ ਦਿੱਤਾ। ਪਟਿਆਲੇ ਦੇ ਇੱਕ ਇਨਾਮੀ ਕਵੀ-ਦਰਬਾਰ ਵਿੱਚ ਉਹਨੇ ਪਹਿਲਾ ਇਨਾਮ ਜਿੱਤਿਆ ਅਤੇ ਪਟਿਆਲੇ ਦੀ ਮਹਾਰਾਣੀ ਮਹਿੰਦਰ ਕੌਰ ਨੇ ਆਪਣੇ ਹੱਥੀਂ ਉਹਨੂੰ ਇਨਾਮੀ ਕੱਪ ਅਤੇ ਸਰਟੀਫਿਕੇਟ ਪ੍ਰਦਾਨ ਕੀਤਾ ।'ਤ੍ਰਿਕਾਲਾਂ' ਅਤੇ 'ਸਵੇਰਾ' ਨਾਂ ਦੇ ਦੋ ਕਾਵਿ-ਪੈਂਫਲਟ ਪਟਿਆਲੇ ਰਹਿੰਦਿਆਂ ਹੀ ਛਪੇ । ਪ੍ਰੋ. ਮੋਹਨ ਸਿੰਘ ਨੇ ਉਸ ਅੰਦਰਲੀ ਕਹਾਣੀ-ਪ੍ਰਤਿਭਾ ਨੂੰ ਪਛਾਣ ਕੇ ਉਹਨੂੰ ਕਹਾਣੀਆਂ ਲਿਖਣ ਲਈ ਪ੍ਰੇਰਿਤ ਕੀਤਾ ਤੇ ਇਉਂ ਅਣਖੀ ਦੀਆਂ ਕਹਾਣੀਆਂ 'ਪੰਜ ਦਰਿਆ' ਵਿੱਚ ਪ੍ਰਕਾਸ਼ਤ ਹੋਣ ਲੱਗੀਆਂ।



1972 ਵਿੱਚ ਉਹਨੇ ਕਾਲਜ ਵਿਚ ਲੈਕਚਰਾਰ ਲੱਗਣ ਲਈ ਪੀ ਐੱਚ ਡੀ ਕਰਨ ਬਾਰੇ ਪੱਕਾ ਵਿਚਾਰ ਬਣਾ ਲਿਆ ਅਤੇ ਵਿਸ਼ਾ ਚੁਣਿਆ : '1947 ਤੋਂ 1972 ਤੱਕ ਪੰਜਾਬੀ ਕਹਾਣੀ ਵਿਚ ਪੇਂਡੂ ਜੀਵਨ ਚਿਤਰਣ'। ਆਪਣੀ ਦੂਜੀ ਪਤਨੀ (ਭਾਗਵੰਤੀ) ਦੀ ਨਾਮੁਰਾਦ ਬਿਮਾਰੀ ਕਰਕੇ ਅਣਖੀ ਦੀ ਇਹ ਇੱਛਾ ਪੂਰੀ ਨਾ ਹੋ ਸਕੀ ਅਤੇ ਸਕੂਲ ਮਾਸਟਰੀ ਵਿੱਚ ਹੀ ਉਹਨੂੰ ਸਬਰ ਕਰਨਾ ਪਿਆ।

ਦੋ ਪਤਨੀਆਂ (ਸੋਮਾ ਅਤੇ ਭਾਗਵੰਤੀ) ਦੀ (ਕ੍ਰਮਵਾਰ 1952 ਅਤੇ 1976 ਵਿੱਚ) ਮੌਤ ਹੋਣ ਪਿੱਛੋਂ ਉਸ ਨੇ 1977 ਵਿਚ ਆਪਣੀ ਇਕ ਮਰਾਠੀ ਪਾਠਕ ਸ਼ੋਭਾ ਪਾਟਿਲ ਨਾਲ਼ ਅਜਮੇਰ ਵਿਖੇ ਸ਼ਾਦੀ ਕਰ ਲਈ ਅਤੇ ਧੌਲੇ ਤੋਂ ਬਰਨਾਲੇ ਆ ਕੇ ਰਹਿਣਾ ਸ਼ੁਰੂ ਕਰ ਦਿੱਤਾ। ਉਸ ਦੇ ਮਾਤਾ-ਪਿਤਾ ਕ੍ਰਮਵਾਰ 1971 ਅਤੇ 1977 ਵਿੱਚ ਉਸ ਨੂੰ ਵਿਛੋੜਾ ਦੇ ਗਏ ।

31 ਅਗਸਤ 1990 ਨੂੰ ਉਹ ਕਰੀਬ ਛੱਬੀ ਸਾਲ ਦੀ ਸਰਕਾਰੀ ਅਧਿਆਪਕ ਦੀ ਨੌਕਰੀ ਤੋਂ ਸੇਵਾਮੁਕਤ ਹੋ ਗਿਆ, ਪਰ ਸਾਹਿਤ ਨਾਲ ਨਿਰੰਤਰ ਜੁੜੇ ਰਹਿਣ ਦੇ ਮੰਤਵ ਵਜੋਂ ਉਸ ਨੇ 1993 ਦੀ ਆਖ਼ਰੀ ਤਿਮਾਹੀ ਤੋਂ 'ਕਹਾਣੀ ਪੰਜਾਬ' ਨਾਂਅ ਦਾ ਤ੍ਰੈ-ਮਾਸਿਕ ਪਰਚਾ ਸ਼ੁਰੂ ਕਰ ਲਿਆ। ਇੱਕ ਵਾਰ ਅਣਖੀ ਨੇ ਇਸ ਦੀ ਸੰਪਾਦਕੀ ਵਿੱਚ ਵਿਅੰਗ ਵਜੋਂ ਇਹ ਵੀ ਲਿਖਿਆ ਸੀ: ਕਹਾਣੀ ਪੰਜਾਬ ਬੰਦ ਹੋਣ ਲਈ ਛਪਦਾ ਹੈ... ਪਰ ਇਹ ਪਰਚਾ ਅਜੇ ਵੀ ਨਿਰਵਿਘਨ (ਉਸ ਦੇ ਤੁਰ ਜਾਣ ਪਿੱਛੋਂ ਵੀ) ਛਪ ਰਿਹਾ ਹੈ, ਜਿਸ ਦੇ ਸੰਪਾਦਨ ਦੀ ਜ਼ਿੰਮੇਵਾਰੀ ਉਸ ਦੇ ਸਾਹਿਤਕ/ ਅਧਿਆਪਕ ਸਪੁੱਤਰ ਡਾ. ਕ੍ਰਾਂਤੀਪਾਲ ਦੇ ਸਿਰ ਹੈ । ਉਸ ਨੇ ਸਕੂਲਾਂ ਵਿਚ ਸਾਰੀ ਉਮਰ ਅੰਗਰੇਜ਼ੀ ਅਤੇ ਸਮਾਜਿਕ ਸਿੱਖਿਆ ਪੜ੍ਹਾਈ, ਪਰ ਸਾਹਿਤ- ਸੇਵਾ ਪੰਜਾਬੀ ਦੀ ਹੀ ਕੀਤੀ। ਸਾਹਿਤ ਦੇ ਖੇਤਰ ਵਿੱਚ ਉਸ ਦੀਆਂ ਪੁਸਤਕਾਂ ਦੀ ਲੰਮੀ-ਚੌੜੀ ਫਹਿਰਿਸਤ ਹੈ, ਜਿਨ੍ਹਾਂ ਵਿਚ 16 ਨਾਵਲ (ਸੁਲਗਦੀ ਰਾਤ, ਕੱਖਾਂ ਕਾਨਿਆਂ ਦੇ ਪੁਲ, ਜ਼ਖ਼ਮੀ ਅਤੀਤ, ਕੋਠੇ ਖੜਕ ਸਿੰਘ, ਢਿੱਡ ਦੀ ਆਂਦਰ, ਜਿਨਿ ਸਿਰਿ ਸੋਹਨਿ ਪਟੀਆਂ, ਪਰਤਾਪੀ, ਦੁੱਲੇ ਦੀ ਢਾਬ, ਜ਼ਮੀਨਾਂ ਵਾਲੇ, ਬਸ ਹੋਰ ਨਹੀਂ, ਗੇਲੋ, ਬਾਰਾਂ ਤਾਲੀ, ਕਣਕਾਂ ਦਾ ਕਤਲਾਮ, ਭੀਮਾ ਆਦਿ), 350 ਕਹਾਣੀਆਂ ਦੇ 14 ਕਹਾਣੀ ਸੰਗ੍ਰਹਿ (ਕੈਦਣ, ਕਿੱਲੇ ਨਾਲ ਬੰਨ੍ਹਿਆ ਆਦਮੀ, ਸੁਗੰਧਾਂ ਜਿਹੇ ਲੋਕ, ਸਫ਼ੈਦ ਰਾਤ ਦਾ ਜ਼ਖ਼ਮ, ਤੂੰ ਵੀ ਮੁੜ ਆ ਸਦੀਕ, ਰੇਸ਼ਮ ਦੀਆਂ ਗੰਢਾਂ, ਕਾਮਰੇਡ ਮਨਸ਼ਾ ਰਾਮ, ਚਿੱਟੀ ਕਬੂਤਰੀ ਆਦਿ), 2 ਸਵੈ-ਜੀਵਨੀ ਪੁਸਤਕਾਂ (ਮਲ੍ਹੇ ਝਾੜੀਆਂ, ਆਪਣੀ ਮਿੱਟੀ ਦੇ ਰੁੱਖ), ਸ਼ਬਦ ਚਿੱਤਰ (ਮੋਏ ਮਿੱਤਰਾਂ ਦੀ ਸ਼ਨਾਖ਼ਤ) ਅਤੇ ਇੱਕ ਖੋਜ-ਪੁਸਤਕ (ਦੇਸ਼ ਮਾਲਵਾ) ਆਦਿ ਸ਼ਾਮਲ ਹਨ। ਇਸ ਤੋਂ ਇਲਾਵਾ ਛੇ ਕਾਵਿ ਪੁਸਤਕਾਂ, ਤਿੰਨ ਲੇਖ ਸੰਗ੍ਰਹਿ, ਇਕ ਦਰਜਨ ਦੇ ਕਰੀਬ ਸੰਪਾਦਿਤ ਕਥਾ-ਪੁਸਤਕਾਂ, ਲੇਖਕਾਂ ਦੀਆਂ ਪਤਨੀਆਂ ਨਾਲ ਕੀਤੀਆਂ ਮੁਲਾਕਾਤਾਂ ਦੇ ਤਿੰਨ ਸੰਗ੍ਰਹਿ ਵੀ ਉਸ ਦੇ ਸਾਹਿਤ ਪ੍ਰਤੀ ਯੋਗਦਾਨ ਵਿੱਚ ਸ਼ਾਮਿਲ ਹਨ।

ਅਣਖੀ ਦੇ ਨਾਵਲ 'ਕੋਠੇ ਖੜਕ ਸਿੰਘ' ਲਈ ਉਸ ਨੂੰ 1987 ਦਾ ਸਾਹਿਤ ਅਕਾਦਮੀ ਪੁਰਸਕਾਰ ਦਿੱਤਾ ਗਿਆ । ਇੱਕ ਸਕੂਲ ਅਧਿਆਪਕ ਵੱਲੋਂ ਇਹ ਇਨਾਮ ਜਿੱਤਣਾ ਫ਼ਖ਼ਰਯੋਗ ਗੱਲ ਸੀ। ਪਹਿਲਾਂ ਇਹ ਨਾਵਲ ਦੋ ਜਿਲਦਾਂ ਵਿਚ ਛਪਿਆ। ਹੁਣ ਇਹ ਭਾਰਤ ਦੀਆਂ ਦਸ ਭਾਸ਼ਾਵਾਂ ਵਿਚ ਅਨੁਵਾਦ ਹੋ ਚੁੱਕਾ ਹੈ। ਇਸ ਨਾਵਲ ਦੇ ਪ੍ਰਕਾਸ਼ਨ ਦੀ ਇੱਕ ਲੰਮੀ ਤੇ ਦਿਲਚਸਪ ਗਾਥਾ ਹੈ। ਅਲਫਾ ਟੀ ਵੀ ਪੰਜਾਬੀ ਨੇ ਉਸ ਦੇ ਇੱਕ ਹੋਰ ਨਾਵਲ 'ਪਰਤਾਪੀ' ਨੂੰ 70 ਕਿਸ਼ਤਾਂ ਵਿੱਚ ਲੜੀਵਾਰ ਬਣਾ ਕੇ ਤਿੰਨ ਵਾਰ ਪ੍ਰਸਾਰਤ ਕੀਤਾ ਸੀ।

1970 ਵਿੱਚ ਹਿੰਦੀ ਦੀ ਇੱਕ ਪ੍ਰਮੁੱਖ ਕਥਾ-ਪੱਤ੍ਰਿਕਾ 'ਸਾਰਿਕਾ' ਨੇ ਉਹਦੀਆਂ ਕੁਝ ਕਹਾਣੀਆਂ ਦੇ ਅਨੁਵਾਦ ਛਾਪੇ, ਤਾਂ ਉਸ ਨੂੰ ਭਾਰਤੀ ਲੇਖਕਾਂ ਵਿੱਚ ਇੱਕ ਵਿਸ਼ੇਸ਼ ਪਹਿਚਾਣ ਮਿਲ ਗਈ। ਅਣਖੀ ਨੇ ਖ਼ੁਦ ਆਪਣੀਆਂ ਅਤੇ ਹੋਰਨਾਂ ਲੇਖਕਾਂ ਦੀਆਂ ਅਨੇਕਾਂ ਰਚਨਾਵਾਂ ਦੇ ਹਿੰਦੀ ਅਤੇ ਪੰਜਾਬੀ ਵਿੱਚ ਅਨੁਵਾਦ ਛਾਪੇ ਅਤੇ ਅਨੁਵਾਦ ਨੂੰ ਕਦੇ ਵੀ ਦੁਜੈਲਾ ਜਾਂ ਘਟੀਆ ਦਰਜੇ ਦਾ ਕੰਮ ਨਹੀਂ ਮੰਨਿਆ। ਉਸ ਨੇ ਮੌਲਿਕ ਅਤੇ ਅਨੁਵਾਦ ਨਾਲ ਜੁੜੇ ਹਰ ਨਵੇਂ-ਪੁਰਾਣੇ ਲੇਖਕ ਨੂੰ ਸਦਾ ਹੀ ਉਤਸ਼ਾਹਤ ਕੀਤਾ।

ਅਣਖੀ ਦੀ ਯਾਦ ਸ਼ਕਤੀ ਕਮਾਲ ਦੀ ਸੀ। ਨਾਂਵਾਂ, ਥਾਂਵਾਂ, ਮਿੱਤਰਾਂ, ਦੋਸਤਾਂ, ਪਿੰਡਾਂ, ਸੱਥਾਂ ਆਦਿ ਬਾਰੇ ਉਸ ਦਾ ਬਿਆਨ ਦਿਲਚਸਪੀ ਤੋਂ ਕੋਰਾ ਨਹੀਂ ਹੁੰਦਾ। ਆਪਣੇ ਪਾਤਰਾਂ ਨੂੰ ਉਹਨੇ ਇਉਂ ਚਿਤਰਿਆ, ਜਿਵੇਂ ਖੁਦ ਉਨ੍ਹਾਂ ਨਾਲ ਬਹਿੰਦਾ, ਉੱਠਦਾ, ਖਾਂਦਾ, ਪੀਂਦਾ ਤੇ ਵਿਚਰਦਾ ਰਿਹਾ ਹੋਵੇ। ਉਹਦੀ ਕੋਈ ਵੀ ਰਚਨਾ (ਨਾਵਲ, ਕਹਾਣੀ ਜਾਂ ਸਵੈਜੀਵਨੀ ਆਦਿ) ਪੜ੍ਹਨ ਬੈਠੋ ਤਾਂ ਤੁਸੀਂ ਖ਼ਤਮ ਕੀਤੇ ਬਿਨਾਂ ਅੱਧ-ਵਿਚਾਲਿਓਂ ਨਹੀਂ ਉੱਠ ਸਕਦੇ। ਉਹ ਸਾਨੂੰ ਆਪਣੀ ਉਂਗਲ ਫੜਾ ਕੇ ਪਿੰਡੋਂ-ਪਿੰਡ, ਗਲੀਓ-ਗਲੀ ਘੁਮਾਉਂਦਾ ਫਿਰਦਾ ਰਿਹਾ । ਵੱਖ-ਵੱਖ ਅਖ਼ਬਾਰਾਂ ਲਈ ਲਿਖੇ ਉਸਦੇ ਫੀਚਰਾਂ 'ਮੈਂ ਤਾਂ ਬੋਲਾਂਗੀ', 'ਹੱਡੀਂ ਬੈਠੇ ਪਿੰਡ' ਆਦਿ ਨੂੰ ਉਸ ਦੇ ਸਰੋਤੇ ਉਤਸੁਕਤਾ ਨਾਲ ਉਡੀਕਦੇ ਰਹਿੰਦੇ ਸਨ।

ਕਿਸੇ ਵੇਲੇ ਉਸ ਨੇ ਗੁਰਬਖ਼ਸ਼ ਸਿੰਘ ਪ੍ਰੀਤਲੜੀ ਦੀ ਸਲਾਹ ਨਾਲ ਵਧੀਆ ਕਿਸਾਨ ਬਣਨ ਦਾ ਸੁਪਨਾ ਲਿਆ ਸੀ, ਕਦੀ ਉਸ ਨੂੰ ਕਲਰਕ ਦਾ ਅਹੁਦਾ ਹੀ ਬਹੁਤ ਵੱਡਾ ਲੱਗਦਾ ਸੀ; ਫਿਰ ਉਹ ਡਾਕਟਰ ਨਾ ਬਣ ਸਕਣ ਕਰਕੇ ਪਛਤਾਉਂਦਾ ਰਿਹਾ, ਪਰ ਆਖ਼ਰਕਾਰ ਸਕੂਲ ਅਧਿਆਪਕ ਲੱਗ ਕੇ ਉਹਨੇ ਦੇਸ਼ ਦੇ ਭਵਿੱਖ ਨੂੰ ਵੀ ਸੰਵਾਰਿਆ ਅਤੇ ਸਾਹਿਤ ਦੀ ਵੀ ਤਨਦੇਹੀ ਨਾਲ ਸੇਵਾ ਕੀਤੀ। ਆਪਣੀ ਸਵੈਜੀਵਨੀ ਵਿੱਚ ਉਹਨੇ ਲਿਖਿਆ ਹੈ ਕਿ ਬਾਰਾਂ ਜਮਾਤਾਂ ਤੱਕ ਉਹਨੂੰ ਪਿਤਾ ਨੇ ਪੜ੍ਹਾਇਆ, ਜਦਕਿ ਐੱਮ ਏ, ਬੀ ਟੀ ਉਹਨੇ ਖੁਦ ਕੀਤੀ। ਉਹਨੇ ਇਹ ਵੀ ਇੰਕਸ਼ਾਫ ਕੀਤਾ ਕਿ ਜੇ ਉਸ ਨੂੰ ਪਿਤਾ ਨੇ ਪੜ੍ਹਨ ਨਾ ਲਾਇਆ ਹੁੰਦਾ, ਤਾਂ ਉਹ ਵੀ ਖੇਤੀ ਦੇ ਕੰਮਾਂ ਵਿੱਚ ਪਿਉ ਵਾਂਗ ਨਰਕ ਭੋਗਦਾ, ਬਲਦਾਂ ਦੇ ਪੁੜੇ ਕੁੱਟਦਾ, ਬੈਂਕਾਂ ਦਾ ਕਰਜ਼ਾਈ ਹੁੰਦਾ ਤੇ ਹੋ ਸਕਦਾ ਹੈ ਕਦੋਂ ਦਾ ਸਲਫਾਸ ਖਾ ਕੇ ਮਰ-ਮੁੱਕ ਗਿਆ ਹੁੰਦਾ, ਪਰ ਉਹਨੇ ਆਪਣੀਆਂ ਲਿਖਤਾਂ ਰਾਹੀਂ ਦੇਸ਼ ਦੀ ਸੰਸਕ੍ਰਿਤੀ ਨੂੰ ਰੇਖਾਂਕਿਤ ਕਰ ਕੇ ਰਾਸ਼ਟਰੀ ਗੌਰਵ ਹਾਸਲ ਕਰਨਾ ਸੀ, ਇਸ ਲਈ ਉਹ ਆਪਣੇ ਗਲਪ ਅਤੇ ਹੋਰ ਪੁਸਤਕਾਂ ਰਾਹੀਂ ਅੱਜ ਵੀ ਸਾਡੇ ਅੰਗਸੰਗ ਹੈ ਅਤੇ ਹਮੇਸ਼ਾ ਰਹੇਗਾ।

ਅਣਖੀ ਸਾਰੀ ਜ਼ਿੰਦਗੀ ਧਰਮ ਦੀ ਸੰਕੀਰਨਤਾ ਅਤੇ ਜਾਤ- ਪਾਤ ਦੀ ਤੰਗਦਿਲੀ ਤੋਂ ਕੋਹਾਂ ਦੂਰ ਰਿਹਾ। ਉਸ ਦੀ ਵਸੀਅਤ ਵਿਚ ਦਰਜ ਹੈ: ਸਾਰੀ ਜ਼ਿੰਦਗੀ ਕਿਸੇ ਪਰਾ-ਸਰੀਰਕ ਸ਼ਕਤੀ ਵਿੱਚ ਮੇਰਾ ਕਦੇ ਕੋਈ ਵਿਸ਼ਵਾਸ ਨਹੀਂ ਰਿਹਾ... ਮੈਂ ਧਾਰਮਕ ਨਹੀਂ ਹਾਂ, ਮੇਰੀ ਮੌਤ ਤੋਂ ਬਾਅਦ ਕੋਈ ਧਾਰਮਕ ਰਸਮ ਨਾ ਕੀਤੀ ਜਾਵੇ... ਤੇ ਬਿਲਕੁਲ ਇਵੇਂ ਹੀ ਉਹਦੀ ਮੌਤ ਪਿੱਛੋਂ ਕੋਈ ਧਾਰਮਕ ਸੰਸਕਾਰ ਨਹੀਂ ਕੀਤੇ ਗਏ ਅਤੇ ਉਹਦੇ ਮਿੱਤਰ- ਪਿਆਰਿਆਂ ਨੇ ਮਿਲ ਕੇ ਉਹਦੀਆਂ ਲਿਖਤਾਂ ਅਤੇ ਉਹਦੇ ਜੀਵਨ ਰਾਹੀਂ ਉਹਨੂੰ ਚੇਤੇ ਕੀਤਾ ਸੀ। ਮਲਵਈ ਕਥਾ-ਸ਼ੈਲੀ ਨੂੰ ਦੇਸ਼-ਵਿਦੇਸ਼ ਵਿੱਚ ਪ੍ਰਸਾਰਤ ਕਰਨ ਵਾਲੇ ਇਸ ਜ਼ਿੰਦਾਦਿਲ ਗਲਪਕਾਰ ਨੂੰ ਸਿਰਫ਼ ਪੰਜਾਬੀ ਹੀ ਨਹੀਂ, ਪੂਰੇ ਭਾਰਤੀ ਸਾਹਿਤ ਵਿੱਚ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਪੰਜਾਬੀ ਦੇ ਬਹੁਤ ਘੱਟ ਲੇਖਕ ਹੋਣਗੇ, ਜਿਨ੍ਹਾਂ ਬਾਰੇ ਗੀਤਾਂ/ ਕਵਿਤਾਵਾਂ ਵਿਚ ਜ਼ਿਕਰ ਮਿਲਦਾ ਹੋਵੇ! ਪੰਜਾਬੀ ਦੇ ਯੁਵਾ ਭਾਰਤੀ ਸਾਹਿਤ ਅਕਾਦਮੀ ਜੇਤੂ ਕਵੀ ਹਰਮਨਜੀਤ ਨੇ ਆਪਣੀ ਇਨਾਮ-ਜੇਤੂ ਪੁਸਤਕ 'ਰਾਣੀ ਤੱਤ' ਵਿਚ ਅਣਖੀ ਨੂੰ ਸਤਿਕਾਰਤ ਥਾਂ ਦਿੱਤੀ ਹੈ: ਬੈਠਕ ਵਿੱਚ ਚਿਣੇ ਪਏ ਨੇ ਅਣਖੀ ਦੇ ਨਾਵਲ ਜੀ...

**# ਸੰਪਰਕ : 94176-92015**

# ਪੁਲਸ ਨੇ ਅੰਨ੍ਹੇ ਕਤਲ ਦੀ ਗੁੱਥੀ ਸੁਲਝਾਉਂਦੇ ਹੋਏ ਕਾਤਲ ਕੀਤਾ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**



ਬਠਿੰਡਾ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਲਗਾਤਰ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਡਾ. ਜਯੋਤੀ ਯਾਦਵ ਆਈ.ਪੀ.ਐੱਸ, ਸੀਨੀਅਰ ਕਪਤਾਨ ਪੁਲਸ ਬਠਿੰਡਾ ਦੀ ਰਹਿਨੁਮਾਈ ਹੇਠ ਸ੍ਰ. ਜਸਮੀਤ ਸਿੰਘ ਪੀ.ਪੀ.ਐੱਸ, ਐੱਸ.ਪੀ (ਇੰਨਵੈਸਟੀਗੇਸ਼ਨ) ਬਠਿੰਡਾ, ਸ੍ਰ. ਹਰਵਿੰਦਰ ਸਿੰਘ ਸਰਾਂ, ਪੀ.ਪੀ.ਐੱਸ. ਡੀ.ਐੱਸ.ਪੀ. ਬਠਿੰਡਾ ਦਿਹਾਤੀ ਤੇ ਸ੍ਰ: ਸੰਦੀਪ ਸਿੰਘ ਭਾਟੀ, ਡੀ ਐੱਸ ਪੀ (ਇੰਨਵੈਸਟੀਗੇਸ਼ਨ) ਬਠਿੰਡਾ ਦੀ ਅਗਵਾਈ ਵਿੱਚ ਬੀਤੀ 11.ਫਰਵਰੀ ਨੂੰ ਉਕਤ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ ਸੀ, ਜਿਸ ਸਬੰਧੀ ਪੁਲਸ ਥਾਣਾ ਸਦਰ ਬਠਿੰਡਾ ਤੇ ਸੀ.ਆਈ.ਏ. ਸਟਾਫ-1 ਦੀ ਪੁਲਸ ਪਾਰਟੀ ਨੇ ਮੁਕੱਦਮਾ ਉਕਤ ਵਿੱਚ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾ ਕੇ ਵੱਡੀ ਸਫਲਤਾ ਹਾਸਲ ਕੀਤੀ।

ਥਾਣਾ ਸਦਰ ਬਠਿੰਡਾ ਨੂੰ ਇਤਲਾਹ ਮਿਲੀ ਸੀ ਕਿ ਪਿੰਡ ਬਹਿਮਣ ਦੀਵਾਨਾ ਕੋਲ ਇੱਕ ਸੂਟਕੇਸ ਵਿੱਚ ਇੱਕ ਨਾਮਲੂਮ ਲੜਕੀ ਦੀ ਲਾਸ਼, ਜੋ ਕਿ ਅਧਸੜੀ ਹਾਲਤ ਵਿੱਚ ਪਈ ਹੈ, ਜਿਸ ਸਬੰਧੀ ਮੁਕੱਦਮਾ ਉਕਤ ਦਰਜ ਕੀਤਾ ਗਿਆ ਸੀ।ਇਸ ਕਤਲ ਦੀ ਗੁੱਥੀ ਨੂੰ ਸੁਲਝਾਉਣ ਲਈ ਸ੍ਰ. ਜਸਮੀਤ ਸਿੰਘ ਪੀ.ਪੀ.ਐੱਸ, ਐੱਸ.ਪੀ (ਇੰਨਵੈਸਟੀਗੇਸ਼ਨ) ਬਠਿੰਡਾ, ਸ੍ਰ. ਹਰਵਿੰਦਰ ਸਿੰਘ ਸਰਾਂ, ਪੀ.ਪੀ.ਐੱਸ ਡੀ.ਐੱਸ.ਪੀ ਬਠਿੰਡਾ ਦਿਹਾਤੀ ਤੇ ਸੰਦੀਪ ਸਿੰਘ ਭਾਟੀ ਡੀ.ਐੱਸ.ਪੀ (ਇੰਨਵੈਸਟੀਗੇਸ਼ਨ) ਬਠਿੰਡਾ ਦੀ ਅਗਵਾਈ ਹੇਠ ਦੋ ਸੀ.ਸੀ.ਟੀ.ਵੀ. ਟੀਮਾਂ ਗਠਿਤ ਕੀਤੀਆਂ।ਜੋ ਉਕਤ ਟੀਮਾਂ ਥਾਣਾ ਸਦਰ ਬਠਿੰਡਾ, ਸੀ.ਆਈ.ਏ ਸਟਾਫ-1 ਬਠਿੰਡਾ ਨੇ ਟੈਕਨੀਕਲ ਸੋਰਸਾਂ ਤੇ ਹਿਊਮਨ ਇੰਟੈਲੀਜੈਂਸ ਦੀ ਮੱਦਦ ਨਾਲ 12 ਫਰਵਰੀ ਨੂੰ ਨਾਮਲੂਮ ਲਾਸ਼ ਦੀ ਪਹਿਚਾਣ ਸਪਨਾ ਉਰਫ ਮਲਿਕਾ ਪੁੱਤਰੀ ਸ਼ਿੰਦਰ ਪਾਲ ਵਾਸੀ ਬਾਘਾ ਪੁਰਾਣਾ ਜ਼ਿਲ੍ਹਾ ਮੋਗਾ ਵਜੋਂ ਕੀਤੀ ਗਈ।ਸੀ.ਸੀ.ਟੀ.ਵੀ. ਕੈਮਰੇ ਚੈੱਕ ਕਰਨ ਦੌਰਾਨ ਇਸ ਲੜਕੀ ਨੂੰ 7.ਫਰਵਰੀ ਨੂੰ ਸ਼ਾਮ 9.44 ’ਤੇ ਪਰਸਰਾਮ ਨਗਰ ਵਿੱਚ ਦੇਖਿਆ ਗਿਆ ਤੇ ਮਰਨ ਵਾਲੀ ਲੜਕੀ ਦੇ ਫੋਨ ਦੀ ਟੈਕਨੀਕਲ ਜਾਂਚ ਕਰਦੇ ਹੋਏ ਕਰੀਬ 10/15 ਸ਼ੱਕੀ ਵਿਅਕਤੀਆਂ ਨੂੰ ਸ਼ਾਮਲ ਪੜਤਾਲ ਕਰਕੇ ਪੁੱਛਗਿੱਛ ਕੀਤੀ ਗਈ, ਜਿਸ ਤੋਂ ਇੱਕ ਵੱਡੀ ਸਫਲਤਾ ਹਾਸਲ ਹੋਈ, ਜਦੋਂ ਮਹਿਲਾ ਦਾ ਕਤਲ ਕਰਨ ਵਾਲਾ ਕਾਤਲ ਪ੍ਰਿੰਸ ਕੁਮਾਰ ਪੁੱਤਰ ਸੁਰੇਸ਼ ਕੁਮਾਰ ਵਾਸੀ ਮਕਾਨ ਨੰ. 37, ਪਿੰਡ ਗੁਲਾਬਗੜ੍ਹ ਜ਼ਿਲ੍ਹਾ ਬਠਿੰਡਾ ਹਾਲ ਅਬਾਦ ਗਲੀ ਨੰਬਰ 1ਬੀ ਸੁਰਖਪੀਰ ਰੋਡ ਬਠਿੰਡਾ ਨੂੰ 13.ਫਰਵਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ।

ਪੁੱਛਗਿੱਛ ਦੌਰਾਨ ਮੁਲਜ਼ਮ ਨੇ ਦੱਸਿਆ ਕਿ ਉਹ ਉਕਤ ਲੜਕੀ ਦਾ ਦੋਸਤ ਹੈ।ਇਹ ਦੋਨੋਂ 9.ਫਰਵਰੀ ਨੂੰ ਗਲੀ ਨੰਬਰ 1ਬੀ ਸੁਰਖਪੀਰ ਰੋਡ ਬਠਿੰਡਾ ’ਤੇ ਇਕੱਠੇ ਸਨ।ਦੋਸ਼ੀ ਉਕਤ ਨੇ ਇਸ ਕਤਲ ਦੀ ਵਰਦਾਤ ਨੂੰ ਉਸੇ ਦਿਨ ਸਵੇਰੇ 9.ਫਰਵਰੀ ਨੂੰ ਅੰਜਾਮ ਦਿੱਤਾ ।ਇਸ ਨੇ ਲੜਕੀ ਦੀ ਹੱਤਿਆ ਕਰਕੇ ਉਸ ਦੀ ਲਾਸ਼ ਨੂੰ ਸਾੜ ਕੇ ਕਤਲ ਦੇ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ, ਪਰ ਇਹ ਅਸਫਲ ਰਿਹਾ।ਫਿਰ ਇਹ 10-11.ਫਰਵਰੀ ਦੀ ਰਾਤ ਨੂੰ ਲਾਸ਼ ਇੱਕ ਆਈ. 20 ਗਰੈਂਡ ਨੰਬਰੀ ਪੀ.ਬੀ.-22ਐੱਸ-3636 ਰੰਗ ਸਿਲਵਰ ਵਿੱਚ ਪਾ ਕੇ ਮਲੋਟ ਰੋਡ ਬਾਹੱਦ ਪਿੰਡ ਬਹਿਮਣ ਦੀਵਾਨਾ ਸੜਕ ਕਿਨਾਰੇ ਖੇਤਾਂ ਵਿੱਚ ਸੁੱਟ ਗਿਆ, ਜਿਸ ਤੋਂ ਤਫਤੀਸ਼ ਦੌਰਾਨ ਉਕਤ ਗੱਡੀ ਤੇ ਵਾਰਦਾਤ ਵਿੱਚ ਵਰਤਿਆ ਗਿਆ ਚਾਕੂ ਬਰਾਮਦ ਕੀਤਾ ਗਿਆ। ਮੁਲਜ਼ਮ ਨੂੰ ਅੱਜ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ।

## ਤਰਕਸ਼ੀਲ ਸੁਸਾਇਟੀ ਵੱਲੋਂ ਚੇਤਨਾ ਪਰਖ ਪ੍ਰੀਖਿਆ ’ਚੋਂ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਇਕਾਈ ਗੁਰੂ ਹਰਸਹਾਏ ਵੱਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 2025 ਵਿੱਚੋਂ ਜ਼ੋਨ ਤੇ ਇਕਾਈ ਪੱਧਰ ’ਤੇ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ, ਮੈਗਜ਼ੀਨ ਤੇ ਪੁਸਤਕਾਂ ਦੇ ਸੈੱਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਇਕਾਈ ਮੁਖੀ ਡਾ. ਅਵਤਾਰ ਦੀਪ ਨੇ ਦੱਸਿਆ ਕਿ ਜ਼ੋਨ ਫ਼ਾਜ਼ਿਲਕਾ ਵਿੱਚੋਂ ਰਜਿੰਦਰ ਕੁਮਾਰ, ਛੇਵੀਂ ਜਮਾਤ ਗੌਰਮਿੰਟ ਸਸਸ. ਸੋਹਣਗੜ੍ਹ, ਪੂਨਮ ਕੌਰ, ਸੱਤਵੀਂ ਜਮਾਤ ਗੌਰਮਿੰਟ ਮਿਡਲ ਸਕੂਲ ਗੁਰੂ ਹਰਸਹਾਏ, ਰਮਨਦੀਪ ਕੌਰ, ਬਾਰ੍ਹਵੀਂ ਲਿਟਲ ਪਰਲਜ਼ ਪਬਲਿਕ ਸਕੂਲ ਦੀਪ ਸਿੰਘ ਵਾਲਾ ਨੇ ਜ਼ੋਨ ਪੱਧਰੀ ਪੁਜ਼ੀਸ਼ਨ ਪ੍ਰਾਪਤ ਕੀਤੀ।ਇਸ ਤੋਂ ਇਲਾਵਾ ਇਕਾਈ ਗੁਰੂ ਹਰਸਹਾਏ ਵਿੱਚੋਂ ਸੋਨਮ, ਛੇਵੀਂ ਜਮਾਤ ਗੌਰਮਿੰਟ ਮਿਡਲ ਸਕੂਲ ਮੇਘਾ ਰਾਏ ਹਿਠਾੜ, ਅਲਬਖਸ਼ ਸਿੰਘ ਸੱਤਵੀਂ, ਜੈਸਮੀਨ ਅੱਠਵੀਂ, ਸੁਖਵੀਰ ਕੌਰ ਨੌਂਵੀਂ, ਅੰਸ਼ਮੀਤ ਸਿੰਘ ਦਸਵੀਂ ਲਿਟਲ ਪਰਲਜ਼ ਪਬਲਿਕ ਸਕੂਲ ਦੀਪ ਸਿੰਘ ਵਾਲਾ ਨੇ, ਮਾਨਵੀ ਸੱਤਵੀਂ, ਸੋਨਮ ਅੱਠਵੀਂ ਗੌਰਮਿੰਟ ਮਿਡਲ ਸਕੂਲ ਗੁਰੂ ਹਰਸਹਾਏ ਨੇ, ਅਨਮੋਲਪ੍ਰੀਤ ਕੌਰ ਗਿਆਰਵੀਂ, ਪ੍ਰਵੀਨ ਕੌਰ ਬਾਰ੍ਹਵੀਂ ਗੌਰਮਿੰਟ ਸਸਸਸ ਸੋਹਣਗੜ੍ਹ ਨੇ ਪੁਜ਼ੀਸ਼ਨ ਪ੍ਰਾਪਤ ਕਰਕੇ ਆਪਣੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਹਾਜ਼ਰ ਜ਼ੋਨ ਮੁਖੀ ਮਾ. ਪ੍ਰਵੀਨ ਜੰਡਵਾਲਾ ਨੇ ਸਕੂਲ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਬੱਚਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਤੇ ਸਟੇਜ ਤੋਂ ਜਾਦੂ ਦੇ ਟਰਿੱਕ ਬੱਚਿਆਂ ਨੂੰ ਦਿਖਾਏ।ਪ੍ਰਿੰਸੀਪਲ ਜਗਜੀਤ ਸਿੰਘ, ਗਗਨਦੀਪ ਨਰੂਲਾ ਤੇ ਸਮੂਹ ਸਟਾਫ਼ ਨੇ ਇਸ ਕਾਰਜ ਵਿੱਚ ਭਰਪੂਰ ਯੋਗਦਾਨ ਪਾਇਆ।

## ਚੰਡੀਗੜ੍ਹ ਤੋਂ ਮੋਟਰਸਾਈਕਲ ਚੋਰੀ ਕਰਨ ਵਾਲਾ ਗਰੋਹ ਬੇਨਕਾਬ, ਤਾਰਾਂ ਬਠਿੰਡੇ ਨਾਲ ਜੁੜੀਆਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਤਲਵੰਡੀ ਸਾਬੋ ਪੁਲਸ ਨੇ ਅੰਤਰ-ਰਾਜੀ ਮੋਟਰਸਾਈਕਲ ਚੋਰ ਗਰੋਹ ਦਾ ਪਰਦਾਫਾਸ਼ ਕਰਦਿਆਂ ਚੋਰੀ ਕੀਤੇ ਹੋਏ 20 ਮੋਟਰਸਾਈਕਲ ਬਰਾਮਦ ਕੀਤੇ ਹਨ।ਇਸ ਦੌਰਾਨ ਗਰੋਹ ਦੇ ਇੱਕ ਮੈਂਬਰ ਨੂੰ ਵੀ ਗ੍ਰਿਫਤਾਰ ਕੀਤਾ ਗਿਆ।ਜ਼ਿਕਰਯੋਗ ਹੈ ਕਿ ਉਕਤ ਗਰੋਹ ਵਹੀਕਲ ਚੋਰੀ ਦੀਆਂ ਵਾਰਦਾਤਾਂ ਨੂੰ ਚੰਡੀਗੜ੍ਹ ਤੇ ਉਸ ਦੇ ਨੇੜੇ ਲੱਗਦੇ ਇਲਾਕਿਆਂ ਵਿੱਚ ਅੰਜਾਮ ਦਿੰਦਾ ਸੀ, ਹੁਣ ਇਸ ਦੀਆਂ ਤਾਰਾਂ ਬਠਿੰਡੇ ਨਾਲ ਜੁੜ ਗਈਆਂ ਹਨ।

ਪ੍ਰਾਪਤ ਜਾਣਕਾਰੀ ਅਨੁਸਾਰ ਐੱਸ ਪੀ ਹੈੱਡਕੁਆਰਟਰ ਜਗਦੀਸ਼ ਕੁਮਾਰ ਤੇ ਡੀ.ਐੱਸ.ਪੀ. ਹਰਪ੍ਰੀਤ ਸਿੰਘ ਤਲਵੰਡੀ ਸਾਬੋ ਦੀ ਨਿਗਰਾਨੀ ਹੇਠ ਥਾਣਾ ਮੁਖੀ ਹਰਬੰਸ ਸਿੰਘ ਦੀ ਅਗਵਾਈ ਵਿੱਚ ਪੁਲਸ ਟੀਮਾਂ ਗਠਿਤ ਕੀਤੀਆਂ ਗਈਆਂ ਸਨ।ਚੌਕੀ ਸੀਂਗੋ ਦੇ ਇੰਚਾਰਜ ਸਹਾਇਕ ਥਾਣੇਦਾਰ ਕੁਲਵਿੰਦਰ ਸਿੰਘ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਧਰਮਵੀਰ ਸਿੰਘ ਉਰਫ਼ ਧਰਮੂ ਵਾਸੀ ਪਿੰਡ ਨੰਗਲਾ ਮੋਟਰਸਾਈਕਲ ਚੋਰੀ ਕਰਨ ਦੇ ਧੰਦੇ ਵਿੱਚ ਸ਼ਾਮਲ ਹੈ। ?ਪੁਲਸ ਨੇ 7 ਫਰਵਰੀ ਨੂੰ ਮੁਖ਼ਬਰੀ ਦੇ ਆਧਾਰ ’ਤੇ ਧਰਮਵੀਰ ਸਿੰਘ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ।ਪੁੱਛਗਿੱਛ ਦੌਰਾਨ ਧਰਮਵੀਰ ਨੇ ਜੋ ਖੁਲਾਸੇ ਕੀਤੇ, ਉਸ ਨੇ ਪੁਲਸ ਨੂੰ ਵੀ ਹੈਰਾਨ ਕਰ ਦਿੱਤਾ।ਉਸ ਨੇ ਕਬੂਲਿਆ ਕਿ ਉਹ ਚੰਡੀਗੜ੍ਹ ਦੇ ਡੱਡੂਮਾਜਰਾ ਦੇ ਇੱਕ ਵਿਅਕਤੀ ਨਾਲ ਰਲ ਕੇ ਚੰਡੀਗੜ੍ਹ ਤੇ ਪੰਜਾਬ ਦੇ ਹੋਰਨਾਂ ਸ਼ਹਿਰਾਂ ਤੋਂ ਮੋਟਰਸਾਈਕਲ ਚੋਰੀ ਕਰਦਾ ਸੀ।ਪੁਲਸ ਨੇ ਹੁਣ ਤੱਕ ਮੁਲਜ਼ਮ ਦੀ ਨਿਸ਼ਾਨਦੇਹੀ ’ਤੇ ਵੱਖ-ਵੱਖ ਥਾਵਾਂ ਤੋਂ 20 ਚੋਰੀ ਦੇ ਮੋਟਰਸਾਈਕਲ ਬਰਾਮਦ ਕਰ ਲਏ ਹਨ।

ਪੁਲਸ ਅਧਿਕਾਰੀਆਂ ਅਨੁਸਾਰ ਮੁਲਜ਼ਮ ਫਿਲਹਾਲ ਪੁਲਸ ਰਿਮਾਂਡ ’ਤੇ ਹੈ ਤੇ ਉਸ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।ਚੰਡੀਗੜ੍ਹ ਵਾਲੇ ਉਸ ਸਾਥੀ ਦੀ ਭਾਲ ਲਈ ਵੀ ਛਾਪੇਮਾਰੀ ਕੀਤੀ ਜਾ ਰਹੀ ਹੈ, ਜਿਸ ਦਾ ਜ਼ਿਕਰ ਮੁਲਜ਼ਮ ਨੇ ਆਪਣੇ ਬਿਆਨਾਂ ਵਿੱਚ ਕੀਤਾ ਹੈ।



## ਕਾਤਰਾਂ

### 500 ਗ੍ਰਾਮ ਹੈਰੋਇਨ ਤੇ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਸਾਂਝੇ ਅਪ੍ਰੇਸ਼ਨ ਦੌਰਾਨ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 500 ਗ੍ਰਾਮ ਹੈਰੋਇਨ ਤੇ ਇਕ ਡਰੋਨ ਬਰਾਮਦ ਕੀਤਾ ਹੈ। ਇਸ ਸਬੰਧ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਰਬਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਐਂਟੀ ਡਰੋਨ ਗੱਡੀ ਵੱਲੋਂ ਇੰਨਫਾਰਮੇਸ਼ਨ ਮਿਲਣ ’ਤੇ ਸਾਂਝੇ ਅਪ੍ਰੇਸ਼ਨ ਦੌਰਾਨ 500 ਗ੍ਰਾਮ ਹੈਰੋਇਨ ਤੇ 1 ਡਰੋਨ ਲਵਾਰਿਸ ਹਾਲਤ ਵਿੱਚ ਮਿਲਿਆ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

### ਅੱਖਾਂ ਦਾ ਚੈੱਕਅਪ ਕੈਂਪ ਅੱਜ

**ਸਮਰਾਲਾ (ਸੁਰਜੀਤ ਸਿੰਘ)**-ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਡਾ. ਭੀਮ ਰਾਓ ਅੰਬੇਡਕਰ ਮਿਸ਼ਨ ਵੈੱਲਫੇਅਰ ਸੁਸਾਇਟੀ (ਰਜਿ:) ਵੱਲੋਂ 14 ਫਰਵਰੀ ਨੂੰ ਸ਼ਰਧਾ ਤੇ ਪ੍ਰੇਮ ਨਾਲ ਮਨਾਇਆ ਜਾਵੇਗਾ। ਸੁਸਾਇਟੀ ਦੇ ਬੁਲਾਰੇ ਧਰਮਜੀਤ ਸਿੰਘ ਨੇ ਦੱਸਿਆ ਕਿ ਇਸ ਮੁਬਾਰਕ ਮੌਕੇ ਨਵੇਂ ਬਸ ਸਟੈਂਡ ਸਾਹਮਣੇ ਸੁਖਮਨੀ ਸਾਹਿਬ ਦਾ ਪਾਠ ਤੇ ਕੀਰਤਨ ਕਰਵਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਜੈਰਥ ਅੱਖਾਂ ਦੇ ਹਸਪਤਾਲ ਵੱਲੋਂ ਅੱਖਾਂ ਦੇ ਮੁਫਤ ਚੈੱਕਅਪ ਕੈਂਪ ਤੇ ਲੋੜਵੰਦ ਮਰੀਜ਼ਾਂ ਨੂੰ ਐਨਕਾਂ ਵੀ ਮੁਫਤ ਦਿੱਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਦਸਤਾਰਾਂ ਦਾ ਫਰੀ ਕੈਂਪ ਵੀ ਲਾਇਆ ਜਾਵੇਗਾ।

### ਅੱਜ ਬਿਜਲੀ ਬੰਦ ਰਹੇਗੀ

**ਭੀਖੀ (ਗੁਰਿੰਦਰ ਸਿੰਘ ਔਲਖ)**-66 ਕੇ ਵੀ ਗਰਿੱਡ ਮੱਤੀ ਤੋਂ ਚੱਲਦਾ 11 ਕੇ ਵੀ ਮੱਤੀ ਸ਼ਹਿਰੀ ਫੀਡਰ ਦੀ ਸਪਲਾਈ ਜ਼ਰੂਰੀ ਮੁਰੰਮਤ ਦੇ ਚਲਦਿਆਂ ਸ਼ਨੀਵਾਰ 14 ਫਰਵਰੀ ਨੂੰ ਸਵੇਰੇ 11 ਵਜੇ ਤੋਂ ਸ਼ਾਮ ਪੰਜ ਵਜੇ ਤੱਕ ਬੰਦ ਰਹੇਗੀ।ਇਹ ਜਾਣਕਾਰੀ ਉਪ ਮੰਡਲ ਅਫਸਰ ਜੋਗਾ ਇੰਜੀਨੀਅਰ ਜਗਜੀਵਨ ਸਿੰਘ ਤੇ ਏ ਈ ਮੱਖਣ ਲਾਲ ਨੇ ਦਿੱਤੀ।

### 32 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਤੇ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 32 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਦੋ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਦੇਵ ਰਾਜ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਸਾਜਨ ਪੁੱਤਰ ਵੱਸਣ ਸਿੰਘ ਵਾਸੀ ਅਲੀ ਕੇ ਫਿਰੋਜ਼ਪੁਰ ਸ਼ਹਿਰ ਨਾਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ। ਪਲਸ ਨੇ ਦੱਸਿਆ ਕਿ ਜਦ ਉਕਤ ਦੋਸ਼ੀ ’ਤੇ ਛਾਪੇਮਾਰੀ ਕੀਤੀ ਤਾਂ ਦੋਸ਼ੀ ਸਾਜਨ ਮੌਕੇ ਤੋਂ ਭੱਜਣ ਵਿੱਚ ਕਾਮਯਾਬ ਹੋ ਗਿਆ, ਪਰ ਮੌਕੇ ’ਤੇ 22 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦੁਲਚੀ ਕੇ ਤੋਂ ਕੱਚਾ ਬੰਨ੍ਹ ਦਰਿਆ ਨੇੜੇ ਪੀਰ ਬਾਬੇ ਦੀ ਜਗ੍ਹਾ ਕੋਲ ਪੁੱਜੀ ਤਾਂ ਇਕ ਮੋਨਾ ਆਦਮੀ ਗੱਜਣ ਸਿੰਘ ਪੁੱਤਰ ਉੱਤਮ ਸਿੰਘ ਵਾਸੀ ਅਲੀ ਕੇ ਦਾਖਲੀ ਨਿਹੰਗਾ ਵਾਲੇ ਗੱਟਾ ਬੋਰਾ ਵਿੱਚ ਕੁਝ ਚੁੱਕੀ ਆਉਂਦਾ ਵਿਖਾਈ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਅ ’ਤੇ ਕਾਬੂ ਕਰਕੇ ਉਸ ਪਾਸ ਗੱਟੇ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 10 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਅਜ਼ਾਦ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਹਾਕੀ ਟੂਰਨਾਮੈਂਟ ਸ਼ੁਰੂ

*ਸੰਨੀ ਗਿੱਲ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ*



**ਮੋਗਾ (ਇਕਬਾਲ ਸਿੰਘ ਖਹਿਰਾ)**-ਅਜ਼ਾਦ ਸਪੋਰਟਸ ਐਂਡ ਵੈੱਲਫੇਅਰ ਕਲੱਬ (ਰਜਿ:) ਮੋਗਾ ਵੱਲੋਂ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪਹਿਲਾ ਹਾਕੀ ਟੂਰਨਾਮੈਂਟ ਪਿੰਡ ਵਾਰ ਭੁਪਿੰਦਰਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮੋਗਾ ਦੇ ਖੇਡ ਮੈਦਾਨ ਵਿੱਚ 13 ਫਰਵਰੀ ਤੋਂ ਸ਼ਾਨਦਾਰ ਸ਼ੁਰੂਆਤ ਕੀਤੀ, ਜੋ 14 ਤੇ 15 ਫਰਵਰੀ ਤੱਕ ਵੱਡੇ ਪੱਧਰ ’ਤੇ ਚੱਲੇਗਾ। ਇਸ ਸ਼ਾਨਦਾਰ ਖੇਡ ਸਮਾਗਮ ਵਿੱਚ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਵਿਸ਼ੇਸ਼ ਤੌਰ ’ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਸੰਜੀਤ ਸਿੰਘ ਸੰਨੀ ਗਿੱਲ ਨੇ ਨੌਜਵਾਨ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦਾ ਹੌਸਲਾ ਅਫ਼ਜ਼ਾਈ ਵੀ ਕੀਤੀ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਲਈ ਹੀ ਨਹੀਂ, ਸਗੋਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ, ਬੁਰਾਈਆਂ ਤੇ ਗਲਤ ਰਸਤੇ ਤੋਂ ਦੂਰ ਰੱਖਣ ਦਾ ਸਭ ਤੋਂ ਮਜ਼ਬੂਤ ਸਾਧਨ ਹਨ।ਉਨ੍ਹਾਂ ਕਿਹਾ ਕਿ ਅਜਿਹੇ ਪਿੰਡ ਪੱਧਰੀ ਟੂਰਨਾਮੈਂਟ ਪੇਂਡੂ ਖੇਤਰਾਂ ਦੀ ਖੇਡ ਪ੍ਰਤਿਭਾ ਨੂੰ ਉਭਾਰਨ, ਨਿਖ਼ਾਰਨ ਤੇ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਸੰਨੀ ਗਿੱਲ ਨੇ ਕਲੱਬ ਦੇ ਪ੍ਰਧਾਨ ਕੁਲਵੰਤ ਸਿੰਘ ਵਲਮੀ, ਸਮੂਹ ਅਹੁਦੇਦਾਰਾਂ ਅਤੇ ਐਨ ਆਰ ਆਈ ਵੀਰਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਸਮਾਜ ਲਈ ਪ੍ਰੇਰਨਾਦਾਇਕ ਹਨ ਤੇ ਹੋਰ ਕਲੱਬਾਂ ਲਈ ਵੀ ਮਿਸਾਲ ਬਣਦੇ ਹਨ। ਉਨ੍ਹਾਂ ਨੇ ਟੂਰਨਾਮੈਂਟ ਦੀ ਸਫਲਤਾ ਲਈ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।ਇਸ ਮੌਕੇ ਇਲਾਕੇ ਦੀਆਂ ਵੱਡੀਆਂ ਸਖਸ਼ੀਅਤਾਂ, ਖੇਡ ਪ੍ਰੇਮੀ, ਕਲੱਬ ਦੇ ਮੈਂਬਰ ਅਤੇ ਨੌਜਵਾਨ ਖਿਡਾਰੀ ਵੱਡੀ ਗਿਣਤੀ ਵਿੱਚ ਮੌਜੂਦ ਰਹੇ, ਜਿਸ ਨਾਲ ਮੈਦਾਨ ਵਿੱਚ ਖੇਡਾਂ ਪ੍ਰਤੀ ਜੋਸ਼ ਤੇ ਉਤਸ਼ਾਹ ਦਾ ਮਾਹੌਲ ਬਣਿਆ ਨਜ਼ਰ ਆਇਆ।

## ਯੁਵਾ ਖੱਤਰੀ ਮਹਾਂਸਭਾ ਪੰਜਾਬ ਜ਼ਿਲ੍ਹਾ ਮੋਗਾ ਦੀ ਕਮਾਨ ਦੀਪਕ ਕੌੜਾ ਨੇ ਸੰਭਾਲੀ

**ਖੱਤਰੀ ਬਰਾਦਰੀ ਨਾਲ ਸੰਬੰਧਤ ਨੌਜਵਾਨਾਂ ਨੂੰ ਲਾਮਬੰਦ ਕਰਨਾ ਮੇਰਾ ਮੁਢਲਾ ਕਾਰਜ ਹੋਵੇਗਾ : ਦੀਪਕ ਕੌੜਾ**



**ਮੋਗਾ (ਇਕਬਾਲ ਸਿੰਘ ਖਹਿਰਾ)**-ਯੁਵਾ ਖਤਰੀ ਮਹਾਂ ਸਭਾ ਪੰਜਾਬ ਦੇ ਪ੍ਰਦੇਸ਼ ਚੇਅਰਮੈਨ ਸੰਦੀਪ ਹਾਂਡਾ ਤੇ ਪ੍ਰਦੇਸ਼ ਪ੍ਰਧਾਨ ਅੰਕੁਸ਼ ਭੰਡਾਰੀ ਦੀ ਸਿਫਾਰਸ਼ ’ਤੇ ਖੱਤਰੀ ਮਹਾਂਸਭਾ ਪੰਜਾਬ ਦੇ ਪ੍ਰਦੇਸ਼ ਹਾਈ ਕਮਾਂਡ ਅਸ਼ੋਕ ਥਾਪਰ ਰਾਸ਼ਟਰੀ ਪ੍ਰਧਾਨ ਅਮਰ ਸ਼ਹੀਦ ਸੁਖਦੇਵ ਥਾਪਰ ਮੈਮੋਰੀਅਲ ਟਰਸਟ ਨੌਘਰਾ ਲੁਧਿਆਣਾ ਦੀ ਮਨਜ਼ੂਰੀ ਉਪਰੰਤ ਖੱਤਰੀ ਮਹਾਂ ਸਭਾ ਪੰਜਾਬ ਦੇ ਸੂਬਾ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਅੱਜ ਇੱਥੇ ਖੱਤਰੀ ਭਵਨ ਵਿੱਚ ਖੱਤਰੀ ਸਭਾ ਮੋਗਾ ਦੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਖੱਤਰੀ ਸਭਾ, ਮਹਿਲਾ ਖੱਤਰੀ ਸਭਾ ਤੇ ਯੁਵਾ ਖੱਤਰੀ ਸਭਾ ਦੇ ਮੈਂਬਰਾਂ ਦੀ ਹਾਜ਼ਰੀ ਵਿੱਚ ਮੋਗਾ ਦੇ ਨੌਜਵਾਨ ਆਗੂ ਦੀਪਕ ਕੌੜਾ ਨੂੰ ਯੁਵਾ ਖੱਤਰੀ ਮਹਾਂਸਭਾ ਪੰਜਾਬ ਜ਼ਿਲ੍ਹਾ ਮੋਗਾ ਦਾ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਮੌਕੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਦੀਪਕ ਕੌੜਾ ਨੂੰ ਖੱਤਰੀ ਮਹਾਂ ਸਭਾ ਦਾ ਸਿਰੋਪਾਓ ਪਹਿਨਾ ਕੇ ਤੇ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਖੱਤਰੀ ਮਹਾਸਭਾ ਦੇ ਪ੍ਰਦੇਸ਼ ਚੀਫ ਪੈਟਰਨ ਬੋਧਰਾਜ ਮਜੀਠੀਆ ਐਡਵੋਕੇਟ, ਪ੍ਰਦੇਸ਼ ਆਫਿਸ ਸਕੱਤਰ ਬਲਜਿੰਦਰ ਸਿੰਘ ਸਹਿਗਲ, ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ, ਮਹਿਲਾ ਖੱਤਰੀ ਸਭਾ ਦੇ ਕਾਰਜਕਾਰੀ ਪ੍ਰਧਾਨ ਸਾਬਕਾ ਪ੍ਰਿੰਸੀਪਲ ਸੁਮਨ ਮਲੋਤਰਾ, ਯੁਵਾ ਖੱਤਰੀ ਸਭਾ ਚੇਅਰਮੈਨ ਜਗਜੀਵ ਧੀਰ ਤੇ ਪ੍ਰਧਾਨ ਹਰਪ੍ਰੀਤ ਸਿੰਘ ਸਹਿਗਲ ਵਿਸ਼ੇਸ਼ ਤੌਰ ’ਤੇ ਹਾਜ਼ਰ ਸਨ।ਇਸ ਮੌਕੇ ਖੱਤਰੀ ਮਹਾਂਸਭਾ ਦੇ ਪ੍ਰਦੇਸ਼ ਪ੍ਰਧਾਨ ਵਿਜੇ ਧੀਰ ਐਡਵੋਕੇਟ ਨੇ ਦੱਸਿਆ ਕਿ ਦੀਪਕ ਕੌੜਾ ਇਸ ਤੋਂ ਪਹਿਲਾਂ ਕਈ ਸਾਲ ਯੁਵਾ ਖੱਤਰੀ ਸਭਾ ਮੋਗਾ ਦੇ ਪ੍ਰਧਾਨ ਰਹਿ ਚੁੱਕੇ ਹਨ।ਇਸ ਮੌਕੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਦੀਪਕ ਕੌੜਾ ਨੇ ਭਰੋਸਾ ਦਿੱਤਾ ਕਿ ਉਹ ਤਨਦੇਹੀ ਨਾਲ ਜ਼ਿਲ੍ਹਾ ਭਰ ਵਿੱਚ ਖੱਤਰੀ ਬਿਰਾਦਰੀ ਨਾਲ ਸੰਬੰਧਤ ਨੌਜਵਾਨਾਂ ਨੂੰ ਲਾਮਬੰਦ ਕਰਨ ਲਈ ਕੋਈ ਕਸਰ ਨਹੀਂ ਰਹਿਣ ਦੇਣਗੇ ਤੇ ਇਨ੍ਹਾਂ ਨੌਜਵਾਨਾਂ ਨੂੰ ਲਾਮਬੰਦ ਕਰਨਾ ਉਨ੍ਹਾਂ ਦਾ ਮੁਢਲਾ ਕਾਰਜ ਹੋਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਸ਼ੀ ਰਾਕੇਸ਼ ਵਿੱਜ, ਸੁਮਨ ਕਾਂਤ ਵਿੱਜ ਬ੍ਰਾਂਡ ਅੰਬੈਸਡਰ ਰਕੇਸ਼ ਸਿਤਾਰਾ, ਸੁਰਿੰਦਰ ਵਿਨਾਇਕ, ਸੁਸ਼ੀਲ ਸਿਆਲ, ਪਵਨ ਕਪੂਰ, ਪ੍ਰੋਮਿਲਾ ਮਨਰਾਏ, ਤਰਸੇਮ ਜੈਦਕਾ, ਆਦਿ ਹਾਜ਼ਰ ਸਨ।

## ਅਰਬਨ ਅਸਟੇਟ ਭਲਾਈ ਐਸੋਸੀਏਸ਼ਨ ਵੱਲੋਂ ਡੀ ਸੀ ਨਾਲ ਮੀਟਿੰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਇੰਟ ਫੋਰਮ ਰਿਹਾਇਸ਼ੀ ਭਲਾਈ ਐਸੋਸੀਏਸ਼ਨ, ਫੇਜ਼ 1-2-3-4, ਅਰਬਨ ਅਸਟੇਟ ਫੇਜ਼-2, ਪਟਿਆਲਾ (ਪੁੱਡਾ ਨਾਲ ਰਜਿਸਟਰਡ) ਨੇ ਨਵੇਂ ਤਾਇਨਾਤ ਹੋਏ ਡਿਪਟੀ ਕਮਿਸ਼ਨਰ ਪਟਿਆਲਾ ਸ਼੍ਰੀ ਵਰਜੀਤ ਸਿੰਘ ਵਾਲੀਆ ਤੇ ਮੁੱਖ ਪ੍ਰਸ਼ਾਸਕ ਪੀ ਡੀ ਏ ਮੈਡਮ ਅਪਾਰਨਾ ਆਈ ਏ ਐੱਸ ਨਾਲ ਐਡਵੋਕੇਟ ਯੁਵਰਾਜ ਸਿੰਘ (ਪ੍ਰਧਾਨ) ਦੀ ਅਗਵਾਈ ਹੇਠ ਮੁਲਾਕਾਤ ਕੀਤੀ।ਇਸ ਮੌਕੇ ਜਾਇੰਟ ਫੋਰਮ ਦੇ ਮੈਂਬਰਾਂ ਵੱਲੋਂ ਡਿਪਟੀ ਕਮਿਸ਼ਨਰ ਸਾਹਿਬ ਤੇ ਮੁੱਖ ਪ੍ਰਸ਼ਾਸਕ ਮੈਡਮ ਸ਼੍ਰੀਮਤੀ ਅਪਾਰਨਾ ਦਾ ਫੁੱਲਾਂ ਦਾ ਗੁਲਦੱਸਾ ਭੇਟ ਕਰਕੇ ਸਵਾਗਤ ਕੀਤਾ ਗਿਆ।ਮੀਟਿੰਗ ਦੌਰਾਨ ਅਰਬਨ ਇਸਟੇਟ ਫੇਜ਼ 1, 2, 3 ਤੇ 4, ਪਟਿਆਲਾ ਦੇ ਵਸਨੀਕਾਂ ਨੂੰ ਦਰਪੇਸ਼ ਵੱਖ-ਵੱਖ ਨਾਗਰਿਕ ਤੇ ਪ੍ਰਸ਼ਾਸਕੀ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਡਿਪਟੀ ਕਮਿਸ਼ਨਰ ਪਟਿਆਲਾ ਨੇ ਜਾਇੰਟ ਫੋਰਮ ਦੀ ਗੱਲ ਧੀਰਜ ਨਾਲ ਸੁਣੀ ਤੇ ਭਰੋਸਾ ਦਿੱਤਾ ਕਿ ਅਰਬਨ ਅਸਟੇਟ ਦੇ ਵਸਨੀਕਾਂ ਦੀਆਂ ਵਾਜਬ ਸਮੱਸਿਆਵਾਂ ਨੂੰ ਤਰਜੀਹੀ ਅਧਾਰ ’ਤੇ ਹੱਲ ਕੀਤਾ ਜਾਵੇਗਾ।ਮੀਟਿੰਗ ਦੌਰਾਨ ਇਹ ਗੱਲ ਉਠਾਈ ਗਈ ਕਿ ਹਾਊਸ ਨੰਬਰ 1850, ਫੇਜ਼-2 ਦੇ ਮਾਲਕ ਵੱਲੋਂ ਕਥਿਤ ਤੌਰ ’ਤੇ ਕੁਝ ਪੁਡਾ ਅਧਿਕਾਰੀਆਂ ਨਾਲ ਮਿਲੀਭੁਗਤ ਕਰਕੇ ਪਾਰਕ ਵਿੱਚ ਬਣ ਰਹੇ ਵਾਟਰ ਰੀਚਾਰਜ ਪੁਆਇੰਟ ਦੇ ਕੰਮ ਨੂੰ ਰੋਕ ਦਿੱਤਾ ਗਿਆ ਹੈ।ਇਸ ਸਬੰਧ ਵਿੱਚ ਡਿਪਟੀ ਕਮਿਸ਼ਨਰ, ਪਟਿਆਲਾ ਅਤੇ ਮੁੱਖ ਪ੍ਰਸ਼ਾਸਕ ਨੇ ਜਾਇੰਟ ਫੋਰਮ ਨੂੰ ਭਰੋਸਾ ਦਿਵਾਇਆ ਕਿ ਉਕਤ ਕੰਮ ਬਹੁਤ ਜਲਦੀ ਮੁੜ ਸ਼ੁਰੂ ਕਰਵਾ ਦਿੱਤਾ ਜਾਵੇਗਾ।ਇਸ ਮੌਕੇ ਜਗਰੂਪ ਸਿੰਘ ਮਹਿਮਦਪੁਰ (ਜਰਨਲ ਸਕੱਤਰ), ਡਾ. ਰਣਜੀਤ ਸਿੰਘ (ਕੋ-ਆਰਡੀਨੇਟਰ), ਤੇਜਿੰਦਰ ਸਿੰਘ ਤੇਜੀ (ਸੀਨੀਅਰ ਵਾਈਸ ਪ੍ਰਧਾਨ), ਅਮਰਜੀਤ ਸਿੰਘ, ਮਨਜੀਤ ਸਿੰਘ, ਰਵੀ ਸਿੰਘ ਤੇ ਜਾਇੰਟ ਫੋਰਮ ਦੇ ਹੋਰ ਮੈਂਬਰ ਹਾਜ਼ਰ ਸਨ।

## ਕਾਂਗਰਸੀਆਂ ਦੀ ਭੈੜੀ ਸ਼ਬਦਾਵਲੀ ਦੇ ਵਿਰੋਧ ’ਚ ‘ਆਪ’ ਵੱਲੋਂ ਰੋਸ ਧਰਨਾ

**ਰੋਸ ਧਰਨਾ ਕਿਸੇ ਨਿੱਜੀ ਵਿਅਕਤੀ ਖਿਲਾਫ ਨਹੀਂ, ਕਾਂਗਰਸ ਦੀ ਸੋਚ ਖਿਲਾਫ : ਵਿਧਾਇਕ ਰਾਏ**



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਆਦਮੀ ਪਾਰਟੀ ਦੀ ਜ਼ਿਲ੍ਹਾ ਜਥੇਬੰਦੀ ਵੱਲੋਂ ਫਤਿਹਗੜ੍ਹ ਸਾਹਿਬ ਵਿਖੇ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ, ਆਪ ਦੇ ਐੱਸ ਸੀ ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਤੇ ਜ਼ਿਲ੍ਹਾ ਪ੍ਰਧਾਨ ਅਜੇ ਲਿਬੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਧਰਨਾ ਕਿਸੇ ਨਿੱਜੀ ਵਿਅਕਤੀ ਖਿਲਾਫ ਨਹੀਂ ਹੈ, ਕਾਂਗਰਸ ਦੀ ਦਲਿਤ ਵਿਰੋਧੀ ਸੋਚ ਖਿਲਾਫ ਹੈ।ਇਨ੍ਹਾਂ ਵੱਲੋਂ ਹਮੇਸ਼ਾ ਹੀ ਦਲਿਤ ਸਮਾਜ ਖਿਲਾਫ ਭੱਦੀ ਸ਼ਬਦਾਵਲੀ ਬੋਲੀ ਜਾਂਦੀ ਹੈ, ਜਿਸ ਕਾਰਨ ਦਲਿਤ ਸਮਾਜ ਦੇ ਮਨ ਨੂੰ ਠੇਸ ਲੱਗਦੀ ਹੈ।ਇਹ ਕੋਈ ਪਹਿਲੀ ਘਟਨਾ ਨਹੀਂ, ਜਦੋਂ ਕਾਂਗਰਸੀਆਂ ਨੇ ਦਲਿਤ ਸਮਾਜ ਖਿਲਾਫ ਬੋਲਿਆ ਹੋਵੇ। ਇਸ ਤੋਂ ਪਹਿਲਾਂ ਵੀ ਰਾਜਾ ਵੜਿੰਗ ਦਲਿਤ ਸਮਾਜ ਵਿਰੁੱਧ ਬੋਲ ਚੁੱਕੇ ਹਨ।ਵਿਰੋਧੀ ਧਿਰ ਦੇ ਨੇਤਾ ਤਾਂ ਆਮ ਆਦਮੀ ਪਾਰਟੀ ਦੇ ਚੁਣੇ ਹੋਏ ਵਿਧਾਇਕਾਂ ਨੂੰ ਵੀ ਮਟੀਰੀਅਲ ਦੱਸਦੇ ਸਨ, ਜਿਸ ਕਾਰਨ ਸੂਬੇ ਦੇ ਲੋਕ ਇਨ੍ਹਾਂ ਦੀਆਂ ਦਲਿਤ ਵਿਰੋਧੀ ਭਾਵਨਾਵਾਂ ਤੋਂ ਭਲੀ ਭਾਂਤੀ ਜਾਣੂ ਹਨ।ਇਨ੍ਹਾਂ ਨੂੰ ਨੀਂਦ ਤੋਂ ਜਗਾਉਣ ਦੇ ਲਈ ਆਮ ਆਦਮੀ ਪਾਰਟੀ ਵੱਲੋਂ ਸੂਬਾ ਭਰ ’ਚ ਰੋਸ ਧਰਨੇ ਦਿੱਤੇ ਜਾ ਰਹੇ ਹਨ, ਉਸੇ ਲੜੀ ਤਹਿਤ ਅੱਜ ਫਤਿਹਗੜ੍ਹ ਸਾਹਿਬ ਵਿਖੇ ਵੀ ਰੋਸ ਧਰਨਾ ਦਿੱਤਾ ਗਿਆ ਹੈ। ਇਸ ਮੌਕੇ ਐੱਸ. ਸੀ. ਵਿੰਗ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਜੀਪੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ ਦਿਨੀਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਖਿਲਾਫ ਭੱਦੀ ਸ਼ਬਦਾਵਲੀ ਬੋਲੀ ਗਈ ਸੀ, ਜਿਸ ਕਾਰਨ ਆਮ ਆਦਮੀ ਪਾਰਟੀ ਵੱਲੋਂ ਪ੍ਰਤਾਪ ਸਿੰਘ ਬਾਜਵਾ ਦੀ ਮਾੜੀ ਸ਼ਬਦਾਵਲੀ ਖਿਲਾਫ ਰੋਸ ਧਰਨਾ ਦਿੱਤਾ ਜਾ ਗਿਆ ਹੈ।ਜੇਕਰ ਇਨ੍ਹਾਂ ਨੇ ਆਪਣੀ ਜ਼ੁਬਾਨ ’ਤੇ ਲਗਾਮ ਨਾ ਲਗਾਈ ਤਾਂ ਆਉਣ ਵਾਲੇ ਸਮੇਂ ਵਿੱਚ ਵੱਡੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਪ੍ਰਤਾਪ ਬਾਜਵਾ ਵੱਲੋਂ ਜੋ ਬੈਂਡ ਵਜਾਉਣ ਵਾਲੀ ਗੱਲ ਆਖੀ ਗਈ ਸੀ, ਉਸ ਦੇ ਵਿਰੋਧ ਵਿੱਚ ਰੋਸ ਧਰਨੇ ਵਿੱਚ ਬੈਂਡ ਵੀ ਵਜਾਇਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਢਿੱਲੋਂ, ਪ੍ਰਿਤਪਾਲ ਜੱਸੀ, ਗੁਰਮੀਤ ਸਿੰਘ ਗੋਬਿੰਦਗੜ੍ਹ, ਬਲਕਾਰ ਸਿੰਘ ਨਬੀਪੁਰ, ਹਰਮੇਸ਼ ਪੁੰਨੀਆ, ਬਲਜਿੰਦਰ ਸਿੰਘ ਗੋਲਾ, ਸਤਬੀਰ ਜੱਲਾ, ਮਾਸਟਰ ਬਲਦੇਵ ਸਿੰਘ ਭੱਲ ਮਾਜਰਾ, ਮਾਸਟਰ ਸੰਤੋਖ ਸਿੰਘ, ਰਾਜੇਸ਼ ਉੱਪਲ, ਤਰਸੇਮ ਉੱਪਲ, ਜੋਨੀ ਤਲਾਣੀਆਂ, ਜੱਸਾ ਖਰੌੜਾ, ਸਰਪੰਚ ਰਜਿੰਦਰ ਖਰੌੜੀ, ਠੇਕੇਦਾਰ ਅਵਤਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ।

## ਅਗਨੀਵੀਰ ਭਰਤੀ ਲਈ ਮੁਫਤ ਸਿਖਲਾਈ ਕੈਂਪ ਸ਼ੁਰੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਸਿਖਲਾਈ ਵਿਭਾਗ ਅਧੀਨ ਚੱਲ ਰਹੇ ਸੀ-ਪਾਈਟ ਕੈਂਪ, ਪਿੰਡ ਹਕੂਮਤ ਸਿੰਘ ਵਾਲਾ ਫਿਰੋਜ਼ਪੁਰ-ਤਲਵੰਡੀ ਭਾਈ ਰੋਡ ਵੱਲੋਂ ਫਿਰੋਜ਼ਪੁਰ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਤੇ ਮੋਗਾ ਜ਼ਿਲ੍ਹਿਆਂ ਦੇ ਨੌਜਵਾਨਾਂ ਲਈ ਆਰਮੀ ਅਗਨੀਵੀਰ ਭਰਤੀ ਰੈਲੀ ਏਆਰਓ ਫਿਰੋਜ਼ਪੁਰ ਤੇ ਲੁਧਿਆਣਾ ਦੇ ਲਿਖਤੀ ਪੇਪਰ ਦੀ ਤਿਆਰੀ ਲਈ ਮੁਫਤ ਸਿਖਲਾਈ ਕੈਂਪ ਸ਼ੁਰੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਨਰੇਰੀ ਕੈਪਟਨ ਗੁਰਦਰਸ਼ਨ ਸਿੰਘ, ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ ਹਕੂਮਤ ਸਿੰਘ ਵਾਲਾ ਨੇ ਦੱਸਿਆ ਕਿ ਆਰਮੀ ਅਗਨੀਵੀਰ ਭਰਤੀ ਲਈ ਆਨਲਾਈਨ ਅਰਜ਼ੀਆਂ 13 ਫਰਵਰੀ 2026 ਤੋਂ 01 ਅਪ੍ਰੈਲ 2026 ਤੱਕ ਭਰੀਆਂ ਜਾ ਸਕਦੀਆਂ ਹਨ। ਭਰਤੀ ਦੇ ਇੱਛੁਕ ਯੁਵਕ ਵੈੱਬਸਾਈਟ ’ਤੇ ਨਿਰਧਾਰਿਤ ਮਿਤੀ ਤੱਕ ਆਪਣੀ ਅਰਜ਼ੀ ਆਨਲਾਈਨ ਜਮ੍ਹਾਂ ਕਰਵਾ ਸਕਦੇ ਹਨ। ਉਨ੍ਹਾਂ ਅਪੀਲ ਕੀਤੀ ਕਿ ਆਨਲਾਈਨ ਅਰਜ਼ੀ ਦੇਣ ਤੋਂ ਬਾਅਦ ਉਕਤ ਜ਼ਿਲ੍ਹਿਆਂ ਦੇ ਨੌਜਵਾਨ ਸੀ-ਪਾਈਟ ਕੈਂਪ, ਹਕੂਮਤ ਸਿੰਘ ਵਾਲਾ ਵਿਖੇ ਪਹੁੰਚ ਕੇ ਲਿਖਤੀ ਪੇਪਰ ਦੀ ਮੁਫਤ ਤਿਆਰੀ ਕਰਨ। ਲਿਖਤੀ ਪੇਪਰ ਦੀ ਤਿਆਰੀ ਡਿਜੀਟਲ ਸਮਾਰਟ ਕਲਾਸਰੂਮਾਂ ਵਿੱਚ ਤਜਰਬੇਕਾਰ ਇੰਸਟਰੱਕਟਰਾਂ ਵੱਲੋਂ ਕਰਵਾਈ ਜਾਵੇਗੀ। ਸਿਖਲਾਈ ਲੈਣ ਦੇ ਚਾਹਵਾਨ ਯੁਵਕ 16 ਫਰਵਰੀ 2026 ਤੋਂ ਹਰ ਰੋਜ਼ ਸਵੇਰੇ 9 ਵਜੇ ਕੈਂਪ ਵਿਖੇ ਨਿੱਜੀ ਤੌਰ ’ਤੇ ਹਾਜ਼ਰ ਹੋ ਕੇ ਦਸਵੀਂ ਕਲਾਸ ਦੇ ਸਰਟੀਫਿਕੇਟ ਦੀ ਫੋਟੋਕਾਪੀ, ਆਨਲਾਈਨ ਅਪਲਾਈ ਕੀਤੇ ਫਾਰਮ ਦੀ ਫੋਟੋਕਾਪੀ, ਆਧਾਰ ਕਾਰਡ ਦੀ ਫੋਟੋਕਾਪੀ, ਜਾਤੀ ਤੇ ਰਿਹਾਇਸ਼ ਸਰਟੀਫਿਕੇਟ ਦੀ ਫੋਟੋਕਾਪੀ, ਦੋ ਤਾਜ਼ਾ ਪਾਸਪੋਰਟ ਸਾਈਜ਼ ਫੋਟੋਆਂ ਦਸਤਾਵੇਜ਼ਾਂ ਸਮੇਤ ਰਜਿਸਟਰੇਸ਼ਨ ਕਰਵਾ ਸਕਦੇ ਹਨ। ਸਿਖਲਾਈ ਦੌਰਾਨ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੁਫਤ ਰਹਿਣ-ਸਹਿਣ ਤੇ ਖਾਣ-ਪੀਣ ਦੀ ਸੁਵਿਧਾ ਪ੍ਰਦਾਨ ਕੀਤੀ ਜਾਵੇਗੀ।

## ‘ਮੁੱਖ ਮੰਤਰੀ ਸਿਹਤ ਬੀਮਾ ਯੋਜਨਾ’ ਪ੍ਰਤੀ ਲੋਕਾਂ ’ਚ ਭਾਰੀ ਉਤਸ਼ਾਹ : ਸ਼ੇਰਮਾਜਰਾ

**ਨਾਭਾ (ਵਰਿੰਦਰ ਵਰਮਾ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ’ਚ ਲਿਆਂਦੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਪੰਜਾਬ ਦੇ ਲੋਕਾਂ ’ ਪੂਰਾ ਉਤਸਾਹ ਪਾਇਆ ਜਾ ਰਿਹਾ ਹੈ। ਸਕੀਮ ਨੂੰ ਪੂਰਾ ਕਰਨ ਲਈ ਪੂਰੇ ਪੰਜਾਬ ਵਿੱਚ ਮਸ਼ੀਨਾਂ ਦੁਆਰਾ ਰਜਿਸਟ੍ਰੇਸ਼ਨ ਕਰਨ ਦਾ ਕੰਮ ਵੱਡੇ ਪੱਧਰ ’ਤੇ ਸ਼ੁਰੂ ਹੋ ਚੁੱਕਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ‘ਆਪ’ ਦੇ ਨੈਸ਼ਨਲ ਕੌਂਸਲ ਮੈਂਬਰ ਤੇ ਹਲਕਾ ਅਬਜ਼ਰਵਰ ਮੇਘ ਚੰਦ ਸ਼ੇਰਮਾਜਰਾ ਨੇ ‘ਆਪ’ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਵੱਲੋਂ ਵਾਰਡ ਨੰਬਰ 12 ’ਚ ਕੈਂਪ ਲਾ ਕੇ ਬਣਾਏ ਜਾ ਰਹੇ ‘ਮੁੱਖ ਮੰਤਰੀ ਸਿਹਤ ਬੀਮਾ ਯੋਜਨਾ’ ਤਹਿਤ 10 ਲੱਖ ਰੁਪਏ ਵਾਲੇ ਕਾਰਡ ਬਣਾਉਣ ਸਮੇਂ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਸੀ, ਜਿਸ ਨਾਲ ਸੂਬੇ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਪੰਜਾਬ ਦੇ ਨਾਮਵਰ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਮਿਲੇਗਾ ਅਤੇ ਵੱਖ-ਵੱਖ ਬਿਮਾਰੀਆਂ ਲਈ 10 ਲੱਖ ਰੁਪਏ ਤੱਕ ਦੀਆਂ ਸਾਰੀਆਂ ਦਵਾਈਆਂ ਤੇ ਟੈਸਟ ਮੁਫ਼ਤ ਹੋਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਤਕਰੀਬਨ 65 ਲੱਖ ਪਰਵਾਰ ਹਨ ਅਤੇ ਕਿਸੇ ਵੀ ਪਰਵਾਰ ਨੂੰ ਇਸ ਸਕੀਮ ਤੋਂ ਬਾਹਰ ਨਹੀ ਰੱਖਿਆ ਗਿਆ ਤੇ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਨੇ ਦੇਸ਼ ਦੇ ਸਾਹਮਣੇ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ 850 ਸਰਕਾਰ ਤੇ ਨਿੱਜੀ ਹਸਪਤਾਲ ਪਹਿਲਾਂ ਹੀ ਸੂਚੀਬੱਧ ਕੀਤੇ ਜਾ ਚੁੱਕੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵਧੀਆਂ ਹਸਪਤਾਲ ਇਸ ਸੂਚੀ ’ਚ ਸਾਮਲ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਪੂਰੇ ਪੰਜਾਬ ਅੰਦਰ ਇਸ ਪ੍ਰਕਿਰੀਆਂ ਨੂੰ ਤੇਜ ਕਰਨ ਲਈ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਵੱਖ-ਵੱਖ ਸਹਿਰਾਂ, ਕਸਬਿਆਂ ਅਤੇ ਪਿੰਡਾ ਵਿੱਚ ਕੈਂਪ ਲਾਏ ਜਾ ਰਹੇ ਹਨ।ਬਲਾਕ ਪ੍ਰਧਾਨ ਸੰਦੀਪ ਸ਼ਰਮਾ ਨੇ ਕਿਹਾ ਕਿ ਇਸ ਪ੍ਰਕਿਰੀਆਂ ਤਹਿਤ ਹਲਕਾ ਨਾਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਵਾਰਡ ਨੰਬਰ 12 ਵਿੱਚ ਕੈਂਪ ਲਾ ਕੇ ਲੋਕਾਂ ਦੇ ਵੱਡੀ ਗਿਣਤੀ ’ਚ ‘ਮੁੱਖ ਮੰਤਰੀ ਸਿਹਤ ਬੀਮਾ ਯੋਜਨਾ’ ਤਹਿਤ ਕਾਰਡ ਬਣਾਏ ਜਾ ਰਹੇ ਹਨ ਤੇ ਇਸ ਲੜੀ ਤਹਿਤ ਵਾਰਡ ਨੰਬਰ 12 ’ਚ ਕੈਂਪ ਲਾਇਆ ਗਿਆ ਹੈ।

## ਪੰਜਾਬ ਸਖੀ ਸ਼ਕਤੀ ਮੇਲੇ ਔਰਤਾਂ ਲਈ ਮਹੱਤਵਪੂਰਨ ਕਦਮ : ਤਰੁਣਪ੍ਰੀਤ ਸੌਂਦ

**ਪੰਜਾਬ ਸਰਕਾਰ ਨੇ ਮੇਲਿਆਂ ਲਈ 70 ਕਰੋੜ ਦਾ ਬਜਟ ਰੱਖਿਆ**



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸੂਬੇ ਦੇ ਹਰੇਕ ਜ਼ਿਲ੍ਹੇ ਅੰਦਰ ਸਖੀ ਸ਼ਕਤੀ ਮੇਲੇ ਮਹਿਲਾ ਸਵੈ-ਸਹਾਇਤਾ ਸਮੂਹਾਂ ਤੇ ਮਹਿਲਾ ਉੱਦਮੀਆਂ ਨੂੰ ਸਰਕਾਰੀ ਪੱਧਰ ’ਤੇ ਮਜ਼ਬੂਤ ਪਲੇਟਫਾਰਮ ਮੁਹੱਈਆ ਕਰਵਾਉਣ ਲਈ ਲਗਾਏ ਜਾ ਰਹੇ ਹਨ, ਤਾਂ ਜੋ ਵੱਧ ਤੋਂ ਵੱਧ ਮਹਿਲਾਵਾਂ ਨੂੰ ਰੋਜ਼ਗਾਰ ਤੇ ਸਵੈਰੋਜ਼ਗਾਰ ਦੇ ਮੌਕੇ ਮਿਲ ਸਕਣ।ਪੰਜਾਬ ਸਖੀ ਮੇਲੇ-2026 ਔਰਤਾਂ ਦੀ ਆਰਥਿਕ ਤਰੱਕੀ ਵੱਲ ਇਕ ਮਹੱਤਵਪੂਰਨ ਕਦਮ ਸਾਬਿਤ ਹੋਣਗੇ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਆਮ ਖਾਸ ਬਾਗ ਵਿਖੇ ਪੰਜਾਬ ਸਖੀ ਸ਼ਕਤੀ ਮੇਲੇ ਵਿੱਚ ਸ਼ਿਰਕਤ ਕਰਨ ਮੌਕੇ ਕੀਤਾ।ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਪੰਜਾਬ ਦੀ ਅਮੀਰ ਵਿਰਾਸਤ ਤੇ ਸੱਭਿਆਚਾਰ ਅਤੇ ਪਿੰਡ ਪੱਧਰੀ ਉਦਮਿਤਾ ਨੂੰ ਉਭਾਰਨ ’ਤੇ ਘੱਟ ਧਿਆਨ ਦਿੱਤਾ ਗਿਆ, ਪਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮੇਲਿਆਂ ਲਈ ਬਜਟ 5 ਕਰੋੜ ਤੋਂ ਵਧਾ ਕੇ 70 ਕਰੋੜ ਰੁਪਏ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਰਾਜ ਦਿਹਾਤੀ ਅਜੀਵਿਕਾ ਮਿਸ਼ਨ (ਪੰਜਾਬ ਸਟੇਟ ਰੂਰਲ ਲਾਈਵਲੀਹੁੱਡ ਮਿਸ਼ਨ) ਵੱਲੋਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਅਧੀਨ, ਉਦਯੋਗ ਤੇ ਵਪਾਰ ਵਿਭਾਗ ਦੇ ਸਹਿਯੋਗ ਨਾਲ ਅਜਿਹੇ ਮੇਲੇ ਆਯੋਜਿਤ ਕੀਤੇ ਜਾ ਰਹੇ ਹਨ।ਉਨ੍ਹਾਂ ਮੇਲੇ ਵਿੱਚ ਘਰੇਲੂ ਸਮੱਗਰੀ, ਹੱਥੀਂ ਬਣਾਏ ਘਰੇਲੂ ਸਾਜ਼ੋ ਸਾਮਾਨ ਤੇ ਆਰਗੈਨਿਕ ਉਤਪਾਦਾਂ, ਆਚਾਰ, ਮੁਰੱਬੇ ਤੇ ਜੈਮ, ਸਟਾਲ, ਮਹਿੰਦੀ, ਪ੍ਰਫਿਊਮ, ਕੈਂਡਲ ਸਟਾਲ ਆਦਿ ਉਤਪਾਦਾਂ ਦੀ ਪ੍ਰਦਰਸ਼ਨੀ ਦਾ ਜਾਇਜ਼ਾ ਲਿਆ।ਉਨ੍ਹਾਂ ਮਹਿਲਾਵਾਂ ਦੇ ਹੁਨਰ ਤੇ ਹੱਥੀਂ ਤਿਆਰ ਕੀਤੀਆਂ ਵਸਤਾਂ ਤੇ ਖਾਣ ਪੀਣ ਲਈ ਬਣਾਏ ਮਿਆਰੀ ਖਾਧ ਪਦਾਰਥਾਂ ਲਈ ਹੌਸਲਾ ਅਫ਼ਜ਼ਾਈ ਕੀਤੀ।

ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ, ਏਡੀਸੀ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ, ਡੀ ਡੀ ਪੀ ਓ ਜਸਪ੍ਰੀਤ ਕੌਰ, ਅਮਰਿੰਦਰ ਸਿੰਘ ਮੰਡੋਫਲ, ਕੁਲਵਿੰਦਰ ਡੇਰਾ ਤੋਂ ਇਲਾਵਾ ਅਧਿਕਾਰੀ ਤੇ ਆਗੂ ਹਾਜ਼ਰ ਸਨ।

## ਕਲੀਨ ਐਂਡ ਗਰੀਨ ਪਾਰਕ ਕਲੱਬ ਤੇ ਯੋਗਾ ਕਲੱਬ ਵੱਲੋਂ ਤਹਿਸੀਲ ਪਾਰਕ ’ਚ ਸਫ਼ਾਈ ਮੁਹਿੰਮ

**ਸਮਾਣਾ (ਇਕਬਾਲ ਸਿੰਘ ਬੱਲ)**



ਤਹਿਸੀਲ ਦੇ ਨਾਲ ਲੱਗਦੇ ਪਾਰਕ ਦੀ ਸਫ਼ਾਈ ਦਾ ਬੁਰਾ ਹਾਲ ਹੈ। ਪਾਰਕ ਵਿੱਚ ਸਵੇਰ ਤੋਂ ਲੈ ਕੇ ਦੇਰ ਸ਼ਾਮ ਤੱਕ ਸੈਂਕੜੇ ਬੱਚੇ, ਬਜ਼ੁਰਗ ਤੇ ਨੌਜਵਾਨ ਸੈਰ ਕਰਨ ਲਈ ਆਉਂਦੇ ਹਨ, ਪਰ ਪਾਰਕ ਵਿੱਚ ਗੰਦਗੀ ਹੋਣ ਕਰਕੇ ਕਈ ਸੱਜਣ ਬਿਨਾਂ ਸੈਰ ਕੀਤੇ ਹੀ ਵਾਪਸ ਚਲੇ ਜਾਂਦੇ ਹਨ।ਇਸ ਪਾਰਕ ਦੀ ਦੇਖ-ਰੇਖ ਕਰਨ ਲਈ ਪ੍ਰਾਇਵੇਟ ਤੌਰ ਤੇ ਕਲੀਨ ਐਂਡ ਗਰੀਨ ਪਾਰਕ ਕਲੱਬ ਬਣਿਆ ਹੋਇਆ ਹੈ।ਕਲੱਬ ਦੇ ਪ੍ਰਧਾਨ ਐਡਵੋਕੇਟ ਰਾਜ ਕੁਮਾਰ ਭਾਨ ਨੇ ਦੱਸਿਆ ਕਿ ਪਾਰਕ ਦੀ ਸਫਾਈ ਸਬੰਧੀ ਉਹ ਨਗਰ ਕੌਂਸਲ ਦੇ ਅਧਿਕਾਰੀਆਂ, ਸਥਾਨਕ ਵਿਧਾਇਕ ਤੇ ਐਸ ਡੀ ਐਮ ਨੂੰ ਕਈ ਵਾਰ ਬੇਨਤੀ ਕਰ ਚੁੱਕੇ ਹਨ, ਪ੍ਰੰਤੂ ਬੇਨਤੀ ਕਰਨ ਦੇ ਬਾਵਜੂਦ ਪਾਰਕ ਦੀ ਸਫਾਈ ਵੱਲ ਪ੍ਰਸ਼ਾਸਨ ਜਾਂ ਨਗਰ ਕੌਂਸਲ ਵੱਲੋਂ ਧਿਆਨ ਨਹੀਂ ਦਿੱਤਾ ਜਾ ਰਿਹਾ।

ਜ਼ਿਕਰਯੋਗ ਹੈ ਕਿ ਨਗਰ ਕੌਂਸਲ ਵੱਲੋਂ ਪਾਰਕ ਦੀ ਨਿਗਰਾਨੀ ਕਰਨ ਲਈ ਇਕ ਮਾਲੀ ਦੀ ਪੱਕੇ ਤੌਰ ’ਤੇ ਡਿਊਟੀ ਲਾਈ ਹੋਈ ਹੈ, ਪ੍ਰੰਤੂ ਉਸ ਮਾਲੀ ਨੂੰ ਨਗਰ ਕੌਂਸਲ ਦੇ ਅਧਿਕਾਰੀਆਂ ਨੇ ਐਸ.ਡੀ.ਐਮ ਦਫ਼ਤਰ ਦੀ ਸਫਾਈ ਕਰਨ ਲਈ ਭੇਜ ਦਿੱਤਾ ਹੈ। ਹੁਣ ਉਹ ਮਾਲੀ ਇਸ ਪਾਰਕ ਵਿੱਚ ਕਦੇ ਵੀ ਸਫਾਈ ਕਰਨ ਲਈ ਨਹੀਂ ਆਉਂਦਾ।ਸਮਾਜ ਸੇਵਕ ਦਿਨੇਸ਼ ਜੈਨ, ਅਸ਼ੋਕ ਛਾਬੜਾ ਨੇ ਦੱਸਿਆ ਕਿ ਪਾਰਕ ਦੀ ਸਫਾਈ ਦਾ ਬੁਰਾ ਹਾਲ ਹੈ, ਜੋ ਕੂੜਾ ਪਾਉਣ ਲਈ ਕੂੜਾ ਦਾਨ ਰੱਖੇ ਹੋਏ ਹਨ ਉਹਨਾਂ ਵਿੱਚ ਕੀੜੇ ਚੱਲ ਰਹੇ ਹਨ।ਕਲੀਨ ਐਂਡ ਗਰੀਨ ਪਾਰਕ ਕਲੱਬ ਦੇ ਮੈਂਬਰਾਂ ਤੇ ਯੋਗਾ ਕਲੱਬ ਦੇ ਮੈਂਬਰਾਂ ਤੇ ਔਰਤਾਂ ਵੱਲੋਂ ਮਿਲ ਕੇ ਦੋ ਦਿਨਾਂ ਵਿੱਚ ਪਾਰਕ ਦੀ ਕੰਪਲੀਟ ਸਫਾਈ ਕੀਤੀ ਹੈ।ਯੋਗਾ ਕਲੱਬ ਦੇ ਮੈਂਬਰਾਂ ਨੇ ਦੱਸਿਆ ਕਿ ਇਸ ਪਾਰਕ ’ਚ ਡੰਗਰਾਂ ਦਾ ਆਉਣ-ਜਾਣ ਲੱਗਾ ਰਹਿੰਦਾ ਹੈ ਤੇ ਰਾਤ ਨੂੰ ਡੰਗਰ ਇਸੇ ਪਾਰਕ ਵਿੱਚ ਸੌਂਦੇ ਹਨ, ਜੋ ਗੋਹਾ ਕਰਕੇ ਪਾਰਕ ਵਿੱਚ ਗੰਦਗੀ ਫੈਲਾਉਂਦੇ ਹਨ। ਉਨ੍ਹਾਂ ਕਿਹਾ ਕਿ ਪਾਰਕ ਕਲੱਬ ਵਿੱਚ ਜੋ ਲਾਈਟਾਂ ਲੱਗੀਆਂ ਹੋਈਆਂ ਹਨ। ਉਨ੍ਹਾਂ ਸਾਰੀਆਂ ਲਾਇਟਾਂ ’ਚੋਂ ਇੱਕ-ਦੋ ਲਾਈਟਾਂ ਨੂੰ ਛੱਡ ਕੇ ਬਾਕੀ ਸਾਰੀਆਂ ਲਾਈਟਾਂ ਬੰਦ ਪਈਆਂ ਹਨ, ਬਾਥਰੂਮ ਗੰਦਗੀ ਦੇ ਨਾਲ ਭਰੇ ਹੋਏ ਹਨ, ਬਾਥਰੂਮਾਂ ਦੀ ਵੀ ਸਫ਼ਾਈ ਨਹੀਂ ਹੁੰਦੀ।ਕਲੀਨ ਐਂਡ ਗਰੀਨ ਪਾਰਕ ਕਲੱਬ ਤੇ ਜੋਗਾ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਪ੍ਰਸ਼ਾਸਨ ਤੇ ਨਗਰ ਕੌਂਸਲ ਨੂੰ ਬੇਨਤੀ ਕੀਤੀ ਕਿ ਉਹ ਇਸ ਪਾਰਕ ਵੱਲ ਵਿਸ਼ੇਸ਼ ਤੌਰ ’ਤੇ ਧਿਆਨ ਦੇਣ ਜਿੱਥੇ ਸੈਂਕੜੇ ਬੱਚੇ ਬਜ਼ੁਰਗ ਸਵੇਰੇ-ਸ਼ਾਮ ਸੈਰ ਕਰਨ ਲਈ ਆਉਂਦੇ ਹਨ। ਜ਼ਿਕਰਯੋਗ ਹੈ ਕਿ ਇਸੇ ਪਾਰਕ ਨੂੰ ਪਿਛਲੇ ਸਾਲ ਸੜਕ ਹਾਦਸੇ ’ਚ ਮਾਰੇ ਗਏ ਸੱਤ ਬੱਚਿਆਂ ਦੀ ਯਾਦ ਵਿੱਚ ਪਾਰਕ ਦਾ ਨਵੀਨੀਕਰਨ ਬੱਚਿਆਂ ਨੂੰ ਸਮਰਪਤ ਚਿਲਡਰਨ ਮੈਮੋਰੀਅਲ ਪਾਰਕ ਬਣਾਇਆ ਜਾਣਾ ਹੈ।ਨਗਰ ਕੌਂਸਲ ਦਾ ਪੱਖ ਜਾਨਣ ਲਈ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ ਨਾਲ ਫੋਨ ’ਤੇ ਰਾਬਤਾ ਕਾਇਮ ਕੀਤਾ ਤਾਂ ਉਨ੍ਹਾਂ ਨੇ ਫੋਨ ਚੁੱਕਣਾ ਮੁਨਾਸਬ ਨਹੀਂ ਸਮਝਿਆ।ਸਫ਼ਾਈ ਇੰਸਪੈਕਟਰ ਹਰਵਿੰਦਰ ਕੁਮਾਰ ਨੇ ਕਿਹਾ ਕਿ ਪਾਰਕ ਦੀ ਸਫ਼ਾਈ ਵੱਲ ਧਿਆਨ ਦਿੱਤਾ ਜਾਵੇਗਾ, ਪਰ ਵੇਖਣਾ ਇਹ ਹੈ ਕਿ ਨਗਰ ਕੌਂਸਲ ਪਾਰਕ ਦੀ ਸਫ਼ਾਈ ਵੱਲ ਧਿਆਨ ਦਿੰਦੀ ਹੈ ਜਾਂ ਨਹੀਂ, ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

## ਰਾਜਪਾਲ ਗੁਲਾਬ ਚੰਦ ਕਟਾਰੀਆ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ

**ਏਮਜ਼ ਬਠਿੰਡਾ ਵਿਖੇ ਮਰੀਜ਼ਾਂ ਲਈ ਬਣਾਏ ਰੈਣ ਬਸੇਰੇ ਦਾ ਕੀਤਾ ਦੌਰਾ**



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ/ਪਰਵਿੰਦਰ ਜੀਤ ਸਿੰਘ)**-ਪੰਜਾਬ ਦੇ ਗਵਰਨਰ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਨਤਮਸਤਕ ਹੋ ਕੇ ਮੱਥਾ ਟੇਕਿਆ।ਇਸ ਤੋਂ ਪਹਿਲਾਂ ਉਨ੍ਹਾਂ ਏਮਜ਼ ਬਠਿੰਡਾ ਦੇ ਬਾਹਰ ਮਰੀਜ਼ਾਂ ਲਈ ਬਣੇ ਰੈਣ ਬਸੇਰੇ ਦਾ ਦੌਰਾ ਕੀਤਾ।ਗਵਰਨਰ ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਵੇਦ ਕੁਮਾਰੀ ਮਿੱਤਲ ਮਰੀਜ਼ ਸ਼ੈਲਟਰ ਹੋਮ ਦੀ ਤਿੰਨ ਮੰਜ਼ਿਲਾ ਇਮਾਰਤ ਦਾ ਚੱਕਰ ਲਾਇਆ, ਜਿਸ ਵਿੱਚ 256 ਬੈੱਡਾਂ ਦੀ ਸੁਵਿਧਾ ਹੈ।ਮੀਡੀਆ ਨੂੰ ਸੰਬੋਧਨ ਕਰਦਿਆਂ ਗਵਰਨਰ ਸ਼੍ਰੀ ਕਟਾਰੀਆ ਨੇ ਦੁਆਰਕਾ ਦਾਸ ਮਿੱਤਲ ਚੈਰੀਟੇਬਲ ਟਰੱਸਟ ਵੱਲੋਂ ਹੋਮ ਚਲਾਉਣ ਦੇ ਯਤਨਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਸੁਵਿਧਾ ਏਮਜ਼ ਆਉਣ ਵਾਲੇ ਮਰੀਜ਼ਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਜਿਹੜੇ ਉਨ੍ਹਾਂ ਦੀ ਸਾਂਭ-ਸੰਭਾਲ ਲਈ ਨਾਲ ਆਉਂਦੇ ਹਨ, ਦੇ ਰਹਿਣ-ਸਹਿਣ ਤੇ ਭੋਜਨ ਦੀ ਲੋੜ ਪੂਰੀ ਕਰਦੀ ਹੈ।ਲੋਕਾਂ ਨੂੰ ਘੱਟ ਕੀਮਤ ’ਤੇ ਭੋਜਨ ਵੀ ਦਿੱਤਾ ਜਾਂਦਾ ਹੈ।ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਨਸ਼ੇ ਦੇ ਵਿਰੋਧ ਵਿੱਚ ਨਿੱਡਰ ਹੋ ਕੇ ਲੜ ਰਿਹਾ ਹੈ।ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਛੇੜੀ ਮੁਹਿੰਮ ’ਚ ਸਮਾਜ ਦੇ ਹਰ ਇੱਕ ਵਰਗ ਵੱਲੋਂ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ।ਮੱਥਾ ਟੇਕਣ ਉਪਰੰਤ ਰਾਜਪਾਲ ਪੰਜਾਬ ਸ਼੍ਰੀ ਗੁਲਾਬ ਚੰਦ ਕਟਾਰੀਆ ਨੂੰ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਤੇ ਨਰਿੰਦਰਜੀਤ ਸਿੰਘ ਮੈਨੇਜਰ ਤਖਤ ਸ੍ਰੀ ਦਮਦਮਾ ਸਾਹਿਬ ਵੱਲੋਂ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ।

## ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਦਾ ਵਿੱਦਿਅਕ ਦੌਰਾ ਤੇ ਫੋਟੋਗ੍ਰਾਫੀ ਮੁਕਾਬਲਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਫਾਈਨ ਆਰਟਸ ਵਿਭਾਗ ਅਤੇ ਪੱਤਰਕਾਰੀ ਤੇ ਜਨ-ਸੰਚਾਰ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਇਤਿਹਾਸਕ ਆਮ ਖਾਸ ਬਾਗ਼ ਸਰਹਿੰਦ ਵਿਖੇ ਆਯੋਜਤ 'ਪੰਜਾਬ ਸਖੀ ਸ਼ਕਤੀ ਮੇਲਾ' ਦੌਰਾਨ ਵਿਸ਼ੇਸ਼ ਵਿੱਦਿਅਕ ਦੌਰੇ ਤੇ ਫੋਟੋਗ੍ਰਾਫੀ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਫੋਟੋਗ੍ਰਾਫੀ ਹੁਨਰਾਂ ਨੂੰ ਨਿਖਾਰਨਾ, ਉਨ੍ਹਾਂ ਦੀ ਰਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਨਾ ਤੇ ਉਨ੍ਹਾਂ ਨੂੰ ਆਪਣੇ ਅਮੀਰ ਸੱਭਿਆਚਾਰਕ ਵਿਰਸੇ ਬਾਰੇ ਜਾਣੂ ਕਰਵਾਉਣਾ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਵਿੱਦਿਅਕ ਦੌਰੇ ਵਿਦਿਆਰਥੀਆਂ ਦੇ ਰਚਨਾਤਮਕ, ਬੌਧਿਕ ਤੇ ਸੱਭਿਆਚਾਰਕ ਵਿਕਾਸ ਵਿਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਫਾਈਨ ਆਰਟਸ ਵਿਭਾਗ ਦੀ ਮੁਖੀ ਡਾ. ਅਵਨੀਤ ਕੌਰ ਅਤੇ ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਦੇ ਕਲਾਤਮਕ ਹੁਨਰਾਂ ਨੂੰ ਨਿਖਾਰਨ ਅਤੇ ਉਨ੍ਹਾਂ ਦੀ ਰਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਨ ਲਈ ਇਹ ਦੌਰਾ ਆਯੋਜਤ ਕੀਤਾ ਗਿਆ ਸੀ। ਫੋਟੋਗ੍ਰਾਫੀ ਮੁਕਾਬਲਿਆਂ ਵਿੱਚ ਹੋਣਹਾਰ ਵਿਦਿਆਰਥੀਆਂ ਸਾਹਿਬਪ੍ਰੀਤ ਸਿੰਘ, ਰਮਨਦੀਪ ਸਿੰਘ, ਭਵਨੀਤ ਕੌਰ, ਦੀਕਸ਼ਾ ਸ਼ਰਮਾ, ਪਰਨੀਤ ਕੌਰ, ਮੁਸਕਾਨ, ਸੁਸ਼ਮਾ, ਸਿਮਰਜੀਤ ਕੌਰ, ਪਵਨੀ ਕੌਸ਼ਲ, ਅਕਵਿੰਦਰ ਕੌਰ, ਵੰਦਨਾ, ਸਿਮਰਨ ਚਾਨੇ, ਹਰਸਿਮਰਨ ਕੌਰ ਤੇ ਹੋਰ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕੀਤਾ।

# ਮਿਲਟਰੀ ਲਿਟਰੇਚਰ ਫੈਸਟੀਵਲ ਨੌਜਵਾਨਾਂ ਦੀ ਖਿੱਚ ਦਾ ਕੇਂਦਰ ਬਣਿਆ

### ਸਿਹਤ ਮੰਤਰੀ ਵੱਲੋਂ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਨਸ਼ਿਆਂ ਵਿਰੁੱਧ ਯੁੱਧ ਲੜਨ ਦਾ ਸੱਦਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਹੈਰੀਟੇਜ ਫੈਸਟੀਵਲ 2025 ਤਹਿਤ ਖ਼ਾਲਸਾ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਚੌਥੀ ਵਾਰ ਸਫ਼ਲਤਾ ਪੂਰਵਕ ਕਰਵਾਏ ਗਏ ਪਟਿਆਲਾ ਮਿਲਟਰੀ ਲਿਟਰੇਚਰ ਫੈਸਟੀਵਲ ਨੇ ਫ਼ੌਜੀ ਸ਼ਾਨ-ਓ-ਸ਼ੌਕਤ ਨਾਲ ਪਟਿਆਲਵੀਆਂ ਤੇ ਖਾਸ ਕਰਕੇ ਨੌਜਵਾਨਾਂ ਨੂੰ ਮਿਲਟਰੀ ਇਤਿਹਾਸ ਤੋਂ ਵਾਕਫ਼ ਕਰਵਾਇਆ।ਇਸ ਮੌਕੇ ਫ਼ੌਜੀ ਟੈਂਕਾਂ, ਤੋਪਾਂ, ਜੰਗੀ ਹਥਿਆਰਾਂ ਦੀ ਪ੍ਰਦਰਸ਼ਨੀ, ਫ਼ੌਜੀ ਇਤਿਹਾਸ ਦੀਆਂ ਦਸਤਾਵੇਜ਼ੀ ਫ਼ਿਲਮਾਂ, ਘੋੜਿਆਂ ਦੇ ਕਰਤੱਬਾਂ ਤੇ ਤੀਰਅੰਦਾਜ਼ੀ ਨੇ ਦਰਸ਼ਕਾਂ ਨੂੰ ਕੀਲ ਲਿਆ।

ਫ਼ੌਜੀ ਸਾਹਿਤ ਮੇਲੇ ਦਾ ਉਦਘਾਟਨ ਕਰਦਿਆਂ ਸਿਹਤ ਤੇ ਪਰਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਨੌਜਵਾਨਾਂ ਤੇ ਸਾਬਕਾ ਫ਼ੌਜੀਆਂ ਨੂੰ ਸੱਦਾ ਦਿੱਤਾ ਕਿ ਉਹ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਅਰੰਭੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ 'ਚ ਸ਼ਾਮਲ ਹੋ ਕੇ ਨਸ਼ਿਆਂ ਵਿਰੁੱਧ ਯੁੱਧ ਲੜਨ।ਉਨ੍ਹਾਂ ਕਿਹਾ ਕਿ ਵਾਰ ਹੀਰੋਜ਼ ਤੇ ਵੀਰ ਨਾਰੀਆਂ ਨਸ਼ਿਆਂ ਵਿਰੁੱਧ ਵੀ ਸਾਡੇ ਹੀਰੋ ਬਣਨ।

ਸਿਹਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਨੌਜਵਾਨਾਂ ਤੇ ਵਿਦਿਆਰਥੀਆਂ ਨੂੰ ਫ਼ੌਜ ਤੇ ਫ਼ੌਜੀ ਇਤਿਹਾਸ ਦੇ ਗੌਰਵ ਬਾਰੇ ਜਾਣੂ ਕਰਵਾਉਣ ਲਈ ਅਜਿਹੇ ਮੇਲੇ ਕਰਵਾਏ ਜਾ ਰਹੇ ਹਨ, ਜਿਸ ਲਈ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਵਧਾਈ ਦੇ ਪਾਤਰ ਹਨ।ਜ਼ਿਲ੍ਹੇ ਦੇ ਵੱਖ-ਵੱਖ ਫ਼ੌਜੀ ਆਪ੍ਰੇਸ਼ਨਾਂ 'ਚ ਸ਼ਹੀਦ ਹੋਏ ਸੈਨਿਕਾਂ ਦੀਆਂ 5 ਵੀਰ ਨਾਰੀ ਮਾਵਾਂ ਤੇ ਪਤਨੀਆਂ ਨੂੰ ਸਨਮਾਨਤ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇੱਕ ਜੰਗ ਸਰਹੱਦਾਂ 'ਤੇ ਹੁੰਦੀ ਹੈ ਤੇ ਦੂਜੀ ਜੰਗ ਸੈਨਿਕਾਂ ਦੇ ਪਰਵਾਰ ਲੜਦੇ ਹਨ, ਜਿਸ ਲਈ ਪੰਜਾਬ ਸਰਕਾਰ ਆਪਣੇ ਸ਼ਹੀਦਾਂ ਦੇ ਪਰਵਾਰਾਂ ਦੇ ਨਾਲ ਖੜ੍ਹੀ ਹੈ। ਮਿਲਟਰੀ ਲਿਟਰੇਚਰ ਫੈਸਟੀਵਲ ਐਸੋਸੀਏਸ਼ਨ ਦੇ ਵਾਈਸ ਚੇਅਰਮੈਨ ਲੈਫ. ਜਨ. ਚੇਤਿੰਦਰ ਸਿੰਘ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਕਰਵਾਏ ਮਿਲਟਰੀ ਲਿਟਰੇਚਰ ਫੈਸਟੀਵਲ ਕਰਵਾਉਣਾ ਸ਼ਲਾਘਾਯੋਗ ਉਪਰਾਲਾ ਹੈ।ਇਸ ਮੌਕੇ ਆਰਮਡ ਡਿਵੀਜ਼ਨ ਦੇ ਬ੍ਰਿਗੇਡੀਅਰ ਏ. ਕੇ. ਉਨਿਆਲ ਵੀ ਮੌਜੂਦ ਸਨ।

ਮੇਲੇ ਦੇ ਨੋਡਲ ਅਫ਼ਸਰ ਏ.ਡੀ.ਸੀ. ਸ਼ਹਿਰੀ ਵਿਕਾਸ ਡਾ. ਇਸਮਤ ਵਿਜੇ ਸਿੰਘ ਤੇ ਆਰ.ਟੀ.ਓ. ਬਬਨਦੀਪ ਸਿੰਘ ਨੇ ਦੱਸਿਆ ਕਿ ਮਿਲਟਰੀ ਲਿਟਰੇਚਰ ਫੈਸਟੀਵਲ ਦੀ ਸਮਾਪਤੀ ਮੌਕੇ ਪੀ.ਪੀ.ਐੱਸ. ਨਾਭਾ ਸਕੂਲ ਦੇ ਵਿਦਿਆਰਥੀਆਂ ਨੇ ਵੀ ਜਾਂਬਾਜ਼ ਖੇਡ ਘੋੜਸਵਾਰੀ ਦੇ ਕਰਤੱਬ ਦਿਖਾਏ।ਇਸੇ ਦੌਰਾਨ ਮਿਲਟਰੀ ਲਿਟਰੇਚਰ ਫੈਸਟੀਵਲ 'ਚ ਵਿਦਿਆਰਥੀਆਂ ਲਈ ਫ਼ੌਜੀ ਇਤਿਹਾਸ ਦੇ ਜੋਸ਼, ਜਜ਼ਬੇ ਤੇ ਬਹਾਦਰੀ ਦਾ ਵਰਨਣ ਕਰਦੀਆਂ ਦਸਤਾਵੇਜ਼ੀ ਫ਼ਿਲਮਾਂ ਵੀ ਦਿਖਾਈਆਂ ਗਈਆਂ, ਜਿਸ ਦਾ ਵੱਡੀ ਗਿਣਤੀ ਪਟਿਆਵਲੀਆਂ ਅਤੇ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਆਨੰਦ ਮਾਣਿਆ।

## ਪੈਨਸ਼ਨਰਾਂ ਨੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਨੂੰ ਭੇਜਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਸੂਬੇ ਦੇ ਸਮੁੱਚੇ ਪੈਨਸ਼ਨਰ ਵਰਗ ਦੀਆਂ ਲਟਕਦੀਆਂ ਮੰਗਾਂ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਇਕ ਮੰਗ ਪੱਤਰ ਭੇਜਿਆ ਗਿਆ ਹੈ। ਫਿਰੋਜ਼ਪੁਰ ਦੇ ਪੈਨਸ਼ਨਰ ਆਗੂਆਂ ਨੇ ਸਰਕਾਰ ਉੱਤੇ ਦੋਸ਼ ਲਾਇਆ ਹੈ ਕਿ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ 6ਵੇਂ ਪੇ-ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਪੂਰਨ ਰੂਪ ਵਿੱਚ ਲਾਗੂ ਨਹੀਂ ਕੀਤਾ ਗਿਆ, ਜਿਸ ਕਾਰਨ ਬਜ਼ੁਰਗ ਪੈਨਸ਼ਨਰਾਂ ਵਿੱਚ ਭਾਰੀ ਨਿਰਾਸ਼ਾ ਤੇ ਗੁੱਸਾ ਪਾਇਆ ਜਾ ਰਿਹਾ ਹੈ। ਆਇੰਟ ਫਰੰਟ ਦੇ ਆਗੂਆਂ ਨੇ ਕਿਹਾ ਕਿ ਪੈਨਸ਼ਨਰਾਂ ਦੀਆਂ ਮੰਗਾਂ ਪੂਰੀ ਤਰ੍ਹਾਂ ਜਾਇਜ਼, ਹੱਕੀ ਤੇ ਸੰਵਿਧਾਨਕ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੰਗਾਂ ਦਾ ਨਿਪਟਾਰਾ ਕਰਨ ਵਿੱਚ ਕੀਤੀ ਜਾ ਰਹੀ ਦੇਰੀ ਕਾਰਨ ਪੈਨਸ਼ਨਰਾਂ ਵਿੱਚ ਬੇਚੈਨੀ ਵੱਧ ਰਹੀ ਹੈ। ਪੈਨਸ਼ਨਰਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣੀ ਜ਼ਿੰਦਗੀ ਦਾ ਵੱਡਾ ਹਿੱਸਾ ਸਰਕਾਰੀ ਸੇਵਾ ਵਿੱਚ ਲਗਾਇਆ ਹੈ, ਪਰ ਹੁਣ ਆਪਣੇ ਹੱਕਾਂ ਲਈ ਉਨ੍ਹਾਂ ਨੂੰ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪੈ ਰਹੀਆਂ ਹਨ। ਪੈਨਸ਼ਨਰਜ਼ ਆਗੂਆਂ ਨੇ ਮੰਗ ਪੱਤਰ ਰਾਹੀਂ ਅਪੀਲ ਕੀਤੀ ਗਈ ਹੈ ਕਿ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਦਾ ਸਾਰਥਕ ਹੱਲ ਕੱਢਣ ਲਈ ਜੁਆਇੰਟ ਫਰੰਟ ਦੇ ਨੁਮਾਇੰਦਿਆਂ ਨੂੰ ਜਲਦੀ ਮੀਟਿੰਗ ਦਾ ਸਮਾਂ ਦਿੱਤਾ ਜਾਵੇ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਤਾਂ ਪੈਨਸ਼ਨਰਾਂ ਕੋਲ ਸੰਘਰਸ਼ ਦਾ ਰਾਹ ਅਖਤਿਆਰ ਕਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਬਚੇਗਾ।

## ਅੱਖਾਂ ਦੇ ਮੁਫ਼ਤ ਕੈਂਪ 'ਚ 250 ਮਰੀਜ਼ਾਂ ਦੀ ਜਾਂਚ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਚਰਨ ਕੰਵਲ ਸਾਹਿਬ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਸੰਗਰਾਂਦ ਦੇ ਪਵਿੱਤਰ ਦਿਹਾੜੇ 'ਤੇ ਅੱਖਾਂ ਦਾ ਮੁਫ਼ਤ ਕੈਂਪ ਲਾਇਆ ਗਿਆ। ਕਲੱਬ ਦੇ ਪ੍ਰਧਾਨ ਜਸਪਾਲ ਸਿੰਘ ਜੱਜ ਨੇ ਦੱਸਿਆ ਕਿ ਸ਼ੰਕਰਾ ਹਸਪਤਾਲ ਲੁਧਿਆਣਾ ਤੋਂ ਆਈ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 250 ਤੋਂ ਵੱਧ ਮਰੀਜ਼ਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਦੱਸਿਆ ਕਿ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਤੇ ਮੁਫ਼ਤ ਐਨਕਾਂ ਵੀ ਦਿੱਤੀਆਂ। ਡਾਕਟਰਾਂ ਵਲੋਂ ਮਰੀਜ਼ਾਂ ਨੂੰ ਅੱਖਾਂ ਦੀ ਸੰਭਾਲ ਪ੍ਰਤੀ ਜਾਗਰੂਕ ਵੀ ਕੀਤਾ ਗਿਆ। ਪ੍ਰਧਾਨ ਜੱਜ ਅਨੁਸਾਰ ਕੈਂਪ ਦੌਰਾਨ 42 ਮਰੀਜ਼ ਨੂੰ ਅੱਖਾਂ ਦੇ ਆਪ੍ਰੇਸ਼ਨ ਲਈ ਚੁਣਿਆ ਗਿਆ ਜਿਨ੍ਹਾਂ ਦਾ ਮੁਫ਼ਤ ਇਲਾਜ ਹੋਵੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਲੱਬ ਵਲੋਂ ਲਗਾਤਾਰ ਮੈਡੀਕਲ ਕੈਂਪ ਲਾਏ ਜਾ ਰਹੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਪਵਾਤ, ਹਰਿੰਦਰ ਸਿੰਘ ਪੱਪੀ ਵੀ ਹਾਜ਼ਰ ਸਨ।

## ਗਿੱਦੜਬਾਹਾ 'ਚ ਐੱਮ ਐੱਸ ਆਨੰਦਾ ਗਲੋਬਲ ਸਕੂਲ ਦੀ ਸ਼ੁਰੂਆਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਵਿਖੇ ਐੱਮ. ਐੱਸ. ਆਨੰਦਾ ਗਲੋਬਲ ਸਕੂਲ ਦੀ ਸ਼ੁਰੂਆਤ ਹੋਈ। ਇਸ ਮੌਕੇ ਸਕੂਲ ਪ੍ਰਬੰਧਕਾਂ ਡਾ. ਐੱਚ. ਐੱਚ. ਸਿੰਘ ਤੇ ਡਾ. ਭਰਤਦੀਪ ਗਰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਫਿਲਹਾਲ ਐੱਮ. ਐੱਸ. ਆਨੰਦਾ ਗਲੋਬਲ ਸਕੂਲ ਦੀ ਪ੍ਰਾਇਮਰੀ ਬਰਾਂਚ ਨੂੰ ਉਨ੍ਹਾਂ ਦੇ ਪ੍ਰੀ-ਨਰਸਰੀ ਸਕੂਲ ਲਿਟਿਲ ਬੱਡੀ ਵਿਖੇ ਸ਼ੁਰੂ ਕੀਤਾ ਗਿਆ ਹੈ, ਜਦੋਂਕਿ ਐੱਮ. ਐੱਸ. ਆਨੰਦਾ ਗਲੋਬਲ ਸਕੂਲ ਦੀ ਨਵੀਂ ਬਿਲਡਿੰਗ ਦਾ ਕੰਮ ਪੂਰਾ ਹੋਣ 'ਤੇ ਸੀਨੀਅਰ ਕਲਾਸਿਜ਼ ਲਈ ਸਕੂਲ ਅਗਲੇ ਸੈਸ਼ਨ ਤੋਂ ਸ਼ੁਰੂ ਹੋ ਜਾਵੇਗਾ।ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਪੜ੍ਹਾਈ ਲਈ ਜਿੱਥੇ ਵਿਦਿਆਰਥੀਆਂ ਨੂੰ ਅਨੁਕੂਲ ਵਾਤਾਵਰਣ ਦਿੱਤਾ ਜਾਵੇਗਾ, ਉਥੇ ਹੀ ਸਕੂਲ ਦੇ 80 ਫੀਸਦੀ ਹਿੱਸੇ ਵਿੱਚ ਵੱਖ ਵੱਖ ਖੇਡ ਮੈਦਾਨ ਤੇ ਹੋਰਨਾਂ ਗਤੀਵਿਧੀਆਂ ਲਈ ਕੰਪਲੈਕਸ ਤਿਆਰ ਕੀਤੇ ਜਾਣਗੇ, ਜਿੱਥੇ ਬੱਚਿਆਂ ਦਾ ਸਰਵਪੱਖੀ ਵਿਕਾਸ ਹੋਵੇਗਾ।ਡਾ. ਭਰਤਦੀਪ ਗਰਗ ਨੇ ਦੱਸਿਆ ਕਿ ਬਤੌਰ ਡਾਕਟਰ ਉਨ੍ਹਾਂ ਇਹ ਮਹਿਸੂਸ ਕੀਤਾ ਹੈ ਕਿ ਸੰਗੀਤ ਵਿਦਿਆਰਥੀਆਂ ਦੇ ਜੀਵਨ 'ਤੇ ਬਹੁਤ ਵਧੀਆ ਪ੍ਰਭਾਵ ਪਾਉਂਦਾ ਹੈ, ਜਿਸ ਕਾਰਨ ਉਨ੍ਹਾਂ ਸਕੂਲ ਵਿਖੇ ਉਚੇਚੇ ਤੌਰ 'ਤੇ ਸੰਗੀਤ ਤੇ ਡਾਂਸ ਦੇ ਮਾਹਰਾਂ ਦੀ ਨਿਯੁਕਤੀ ਕੀਤੀ ਹੈ, ਤਾਂ ਜੋ ਵਿਦਿਆਰਥੀ ਪੜ੍ਹਾਈ ਤੇ ਹੋਰਨਾਂ ਗਤੀਵਿਧੀਆਂ ਦੇ ਨਾਲ ਨਾਲ ਸੰਗੀਤ ਰਾਹੀਂ ਆਪਣੇ ਮਨ ਨੂੰ ਹਮੇਸ਼ਾ ਤਰੋਤਾਜ਼ਾ ਰੱਖ ਸਕਣ।ਇਸ ਮੌਕੇ ਐੱਮ. ਐੱਸ. ਆਨੰਦਾ ਗਲੋਬਲ ਸਕੂਲ ਦੀ ਪ੍ਰਬੰਧਕ ਬੇਲਾ ਗੁਪਤਾ, ਮੈਡਮ ਮੰਜੂ ਬਾਲਾ, ਡਾ. ਰੇਣੂ ਗਰਗ, ਪ੍ਰਿੰ. ਅੰਜੂ ਗਰਗ, ਸੁਮਿਤ ਬਾਂਸਲ ਚੀਨੂੰ, ਸੁਨੀਲ ਗੋਇਲ ਸੰਨੀ ਤੇ ਇਕਬਾਲ ਸਿੰਘ ਆਦਿ ਮੌਜੂਦ ਸਨ।

## ਪੰਜਾਬੀ ਸਾਹਿਤ ਅਕਾਦਮੀ ਵੱਲੋਂ ਮਾਸਟਰ ਬਹਾਦਰ ਸਿੰਘ ਦੇ ਦੇਹਾਂਤ 'ਤੇ ਅਫ਼ਸੋਸ ਦਾ ਪ੍ਰਗਟਾਵਾ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਦੇ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਅਕਾਦਮੀ ਦੇ ਜੀਵਨ ਮੈਂਬਰ ਰਣਜੀਤ ਸਿੰਘ ਹਠੂਰ ਦੇ ਸਤਿਕਾਰਯੋਗ ਪਿਤਾ ਮਾਸਟਰ ਬਹਾਦਰ ਸਿੰਘ ਦੇ ਦੇਹਾਂਤ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ, ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਾਸਟਰ ਜੀ ਬਹੁਤ ਹੀ ਮਿਲਾਪੜੇ ਸੁਭਾਅ ਦੇ ਮਿਲਣਸਾਰ ਇਨਸਾਨ ਸਨ।ਸੀਨੀ. ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਮਾਸਟਰ ਬਹਾਦਰ ਸਿੰਘ ਜੀ ਦੇ ਦੇਹਾਂਤ ਨਾਲ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ।ਇਸ ਦੁੱਖ ਦੀ ਘੜੀ ਅਕਾਦਮੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਪਾਲ ਕੌਰ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਨਮੇਜਾ ਸਿੰਘ ਜੌਹਲ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਦੀਪ ਜਗਦੀਪ ਸਿੰਘ, ਪ੍ਰੋ. ਬਲਵਿੰਦਰ ਸਿੰਘ ਚਹਿਲ, ਕਰਮਜੀਤ ਸਿੰਘ ਗਰੇਵਾਲ ਤੇ ਵਰਗਿਸ ਸਲਾਮਤ ਸਮੇਤ ਸਮੂਹ ਮੈਂਬਰ ਸ਼ਾਮਲ ਹਨ।

# ਈ-ਰਿਕਸ਼ਾ ਚਾਲਕਾਂ ਨੂੰ ਪੁਲਸ ਵੱਲੋਂ ਹਦਾਇਤਾਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਨਿਯਮਾਂ ਦੇ ਉਲਟ ਸ਼ਹਿਰ ਵਿੱਚ ਵੱਡੀ ਗਿਣਤੀ 'ਚ ਦੌੜ ਰਹੇ ਈ-ਰਿਕਸ਼ਾ ਚਾਲਕਾਂ ਵਿਰੁੱਧ ਅਖੀਰ ਪੁਲਸ ਪ੍ਰਸ਼ਾਸਨ ਨੇ ਸਖਤੀ ਵਾਲਾ ਰਵੱਈਆ ਅਪਣਾਉਣਾ ਸ਼ੁਰੂ ਕਰ ਦਿੱਤਾ ਹੈ।ਡੀ.ਐੱਸ.ਪੀ. ਅਰੁਣ ਮੁੰਡਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਹਿਰ ਦੇ ਹੁਸਨਰ ਚੌਕ ਵਿਖੇ ਈ-ਰਿਕਸ਼ਾ ਸਟੈਂਡ 'ਤੇ ਐੱਸ.ਐੱਚ.ਓ. ਹਰਗੋਬਿੰਦ ਸਿੰਘ ਮਾਨ ਨੇ ਗਿੱਦੜਬਾਹਾ ਵਿਖੇ ਚੱਲਦੇ ਈ-ਰਿਕਸ਼ਾ ਚਾਲਕਾਂ ਨਾਲ ਮੀਟਿੰਗ ਕਰਦੇ ਉਨ੍ਹਾਂ ਨੂੰ ਹਦਾਇਤਾਂ ਜਾਰੀ ਕੀਤੀਆਂ।ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐੱਸ.ਐੱਚ.ਓ. ਨੇ ਦੱਸਿਆ ਕਿ ਪੁਲਸ ਵੱਲੋਂ ਇਕ ਰਜਿਸਟਰ ਮੇਨਟੇਨ ਕੀਤਾ ਜਾਵੇਗਾ, ਜਿਸ ਵਿੱਚ ਗਿੱਦੜਬਾਹਾ ਵਿਖੇ ਚੱਲਣ ਵਾਲੇ ਈ-ਰਿਕਸ਼ਾ ਦੀ ਗਿਣਤੀ ਲੜੀਵਾਰ ਲਿਖੀ ਜਾਵੇਗੀ ਤੇ ਇਸ ਲੜੀ ਅਨੁਸਾਰ ਹਰ ਈ-ਰਿਕਸ਼ਾ ਦੇ ਅੱਗੇ ਤੇ ਪਿੱਛੇ ਰਜਿਸਟਰ ਅਨੁਸਾਰ ਜਾਰੀ ਈ-ਰਿਕਸ਼ਾ ਨੰਬਰ ਲਿਖਿਆ ਜਾਵੇਗਾ ਅਤੇ ਬਰੈਕਟ ਵਿੱਚ ਜੀ.ਡੀ.ਬੀ. (ਗਿੱਦੜਬਾਹਾ) ਲਿਖਿਆ ਜਾਵੇਗਾ, ਜਦੋਂਕਿ ਹੇਠਾਂ ਈ-ਰਿਕਸ਼ਾ ਦੇ ਮਾਲਿਕ ਦਾ ਮੋਬਾਇਲ ਨੰਬਰ ਦਰਜ ਕਰਨਾ ਜ਼ਰੂਰੀ ਹੋਵੇਗਾ।ਅਜਿਹਾ ਕਰਨ ਨਾਲ ਈ-ਰਿਕਸ਼ਾ ਦੇ ਗਿੱਦੜਬਾਹਾ ਨਾਲ ਸੰਬੰਧਤ ਹੋਣ ਬਾਰੇ ਪਹਿਲੀ ਨਜ਼ਰੇ ਹੀ ਪਤਾ ਲੱਗ ਸਕੇਗਾ।ਇਸ ਮੌਕੇ ਈ-ਰਿਕਸ਼ਾ ਚਾਲਕਾਂ ਪਾਸ ਡਰਾਈਵਿੰਗ ਲਾਇਸੈਂਸ ਹੋਣ ਤੇ ਚਾਲਕ ਦੇ ਡਰੈੱਸ ਪਾਏ ਹੋਣ ਸੰਬੰਧੀ ਹਦਾਇਤਾਂ ਕੀਤੇ ਜਾਣ ਤੋਂ ਇਲਾਵਾ ਈ-ਰਿਕਸ਼ਾ ਨੂੰ ਇਕ ਕਤਾਰ ਵਿੱਚ ਖੜੇ ਕਰਨ, ਪਿੱਛੇ ਆਉਂਦੇ ਵਾਹਨ ਨੂੰ ਦੇਖਣ ਲਈ ਜ਼ਰੂਰੀ ਬੈਕ ਮਿਰਰ ਲਗਾਉਣ, ਹੈੱਡ ਲਾਈਟਸ, ਇੰਡੀਗੇਟਰ ਆਦਿ ਦਰੁਸਤ ਰੱਖਣ ਅਤੇ ਸੜਕ 'ਤੇ ਜਾਂਦੇ ਸਮੇਂ ਟ੍ਰੈਫਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵੀ ਈ-ਰਿਕਸ਼ਾ ਚਾਲਕ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਏ.ਐੱਸ.ਆਈ. ਜਗਸੀਰ ਪੁਰੀ ਵੀ ਮੌਜੂਦ ਸਨ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਟੈਂਡਰ ਸੂਚਨਾ ਨੰ: 433-ਸਿਗ-ਟੀ-75-25-26 — ਬੰਦ ਹੋਣ ਦੀ ਮਿਤੀ/ਸਮਾਂ:
ਮਿਤੀ : 12.02.2026 — ਨੂੰ 27.02.2026, 11:00 ਵਜੇ

ਸੀਨੀਅਰ ਡਵੀਜਨ ਸਾਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫ਼ਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਟੈਂਡਰ ਨੰ: 433-ਸਿਗ-ਟੀ-75-25-26 ਈ-ਟੈਂਡਰਿੰਗ ਦੁਆਰਾ ਤੋਂ ਮਿਤੀ 27.02.2026 11.00 ਵਜੇ ਤਕ https://www.ireps.gov.in ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੀ ਟੈਂਡਰਾਂ ਅਸਲੀ/ਸੰਸ਼ੋਧਿਤ ਨਿਸ਼ਚਿਤ ਕੀਤੇ ਗਏ ਸਮੇਂ ਅਤੇ ਮਿਤੀ ਤਕ ਜ਼ਰੂਰ ਜਮਾਂ ਕਰਵਾਏ। ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਵਾਰਾ ਟੈਂਡਰ ਡਾਕਯੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੁਵਾਰਾ ਹੀ ਸਵੀਕਾਰ ਕੀਤੀ ਜਾਵੇਗੀ ਇਸਦੇ ਅਤਿਰਿਕਤ ਡਿਮਾਂਡ ਡਰਾਫਟ, ਬੈਂਕਰ ਚੈੱਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਵਾਰਾ ਜਮਾਂ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

ਐਨ ਆਈ ਟੀ

| | | | |
|---|---|---|---|
| ਕੰਮ ਦਾ ਨਾਮ : | ਫ਼ਿਰੋਜ਼ਪੁਰ ਡਵੀਜਨ ਵਿਚ SNL-ASR ਸੈਕਸ਼ਨ ਦੇ ਸਲਾਨਾ GM/NR ਨਿਰੀਖਸ਼ਣ ਦੇ ਸਬੰਧ ਵਚ। (ii) DEN-III/ZR ਦੇ ਤਹਿਤ ASR-VKA ਸੈਕਸ਼ਨ ਉਤੇ ਕਿਮੀ 0.00 ਤੋਂ 9.00 ਤਕ ਮੌਜੂਦਾ ਟ੍ਰੈਕ ਲੀਡ ਦੇ CTR(P)-9.00Tkm ਦਾ ਕੰਮ, ਜਿਸ ਵਿਚ 52kg ਰੇਲ ਵਾਲੀ PSC-5 ਸਲੀਪਰ (1540/ਕਿਮੀ) ਨੂੰ 60kg (90/110 UTS) ਨਵੀ ਰੇਲ ਵਾਲੀ PSC ਚੌੜੀ ਸੀਟ ਸਲੀਪਰ 1660 ਨਗ/ਕਿਮੀ (LWR) ਤੋਂ ਬਦਲਿਆ ਜਾਵੇਗਾ ਅਤੇ ਗਿੱਟਟੀ ਕੁਸ਼ਨ ਨੂੰ 25 cm ਤੋਂ 35 cm ਤਕ ਵਧਾਇਆ ਜਾਵੇਗਾ ਇਨ੍ਹਾਂ ਦੇ ਸਬੰਧ ਵਿਚ ਸਿਗਨਲ ਅਤੇ ਟੇਲੀਕਾਮ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਸਮਾਂ | 27.02.2026 11:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 12.02.2026 17:54 |
| ਅਨੁਮਾਨਿਤ ਕੀਮਤ | 9593865.05 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 13.02.2026 |
| ਬਿਆਨਾ ਰਾਸ਼ੀ (ਰੁ:) | 191900.00 | ਕੰਮ ਪੂਰਾ ਕਰਨ ਦਾ ਸਮਾਂ | 4 ਮਹੀਨੇ |

ਨੋਟ : ਟੈਂਡਰਕਰਤਾ ਨਿਯਮਿਤ ਰੂਪ ਤੋਂ ਵੈੱਬਸਾਈਟ ਦੇ ਸੰਪਰਕ ਵਿਚ ਰਹਿਕੇ ਟੈਂਡਰ ਸੰਸ਼ੋਧਨਾਂ, ਸ਼ੁੱਧੀਪੱਤਰ ਆਦਿ ਬਾਰੇ ਵਿਚ ਖੁਦ ਨੂੰ ਅਪਡੇਟ ਰੱਖੇ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ — 487/26


# ਮੁਰਤਜਾ ਹਨੀਫ ਨੇ ਨੈਸ਼ਨਲ ਸਕੂਲ ਖੇਡਾਂ 'ਚ ਜਿੱਤਿਆ ਸੋਨ ਤਮਗਾ




**ਮਾਲੇਰਕੋਟਲਾ (ਅਸਗਰ ਪਰਿਹਾਰ)**-ਇਸ ਸਾਲ 69ਵੀਆਂ ਨੈਸ਼ਨਲ ਸਕੂਲ ਖੇਡਾਂ ਦਾ ਆਯੋਜਨ ਬੈਂਗਲੌਰ 'ਚ ਕੀਤਾ ਗਿਆ, ਜਿਸ 'ਚ ਦੇਸ਼ ਦੇ ਵੱਖ-ਵੱਖ ਸੂਬਿਆਂ ਦੇ ਖਿਡਾਰੀਆਂ ਨੇ ਖੇਡ ਮੁਕਾਬਲਿਆਂ 'ਚ ਭਾਗ ਲਿਆ। ਬਾਕਸਿੰਗ ਅੰਡਰ 19 ਸਾਲ ਵਰਗ 'ਚ ਪੰਜਾਬ ਦੀ ਪ੍ਰਤੀਨਿਧਤਾ ਅਲ ਫਲਾਹ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਮਾਲੇਰਕੋਟਲਾ ਦੇ ਵਿਦਿਆਰਥੀ ਮੁਰਤਜਾ ਹਨੀਫ ਪੁੱਤਰ ਮੁਹੰਮਦ ਹਨੀਫ ਨੇ ਕੀਤੀ।ਇਨ੍ਹਾਂ ਖੇਡਾਂ 'ਚ ਮੁਰਤਜਾ ਹਨੀਫ ਗੋਲਡ ਮੈਡਲ ਜਿੱਤ ਕੇ ਕੌਮੀ ਚੈਂਪੀਅਨ ਬਣਿਆ ਤੇ ਪੰਜਾਬ ਦਾ ਨਾਂ ਰੌਸ਼ਨ ਕੀਤਾ।ਮੁਰਤਜਾ ਹਨੀਫ ਦੇ ਮਾਲੇਰਕੋਟਲਾ ਪਹੁੰਚਣ 'ਤੇ ਅਲ ਫਲਾਹ ਸਕੂਲ ਵੱਲੋਂ ਇੱਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ, ਜਿਸ 'ਚ ਜ਼ਿਲ੍ਹਾ ਸਪੋਰਟਸ ਅਧਿਕਾਰੀ, ਕੋਚ ਮੁਹੰਮਦ ਹਬੀਬ, ਕੋਚ ਸਨੀ ਤੋਂ ਇਲਾਵਾ ਹੋਰ ਵੀ ਪਤਵੰਤੇ ਵਿਸ਼ੇਸ਼ ਤੌਰ 'ਤੇ ਪਹੁੰਚੇ।ਅਲ ਫਲਾਹ ਐਜੂਕੇਸ਼ਨਲ ਟਰੱਸਟ ਵੱਲੋਂ ਮੁਰਤਜਾ ਹਨੀਫ ਨੂੰ ਟਰਾਫੀ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਮੈਡਮ ਰਿਹਾਨਾ ਨਕਵੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਮੁਰਤਜਾ ਹਨੀਫ ਦਾ ਇਹ ਮਾਅਰਕਾ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ 'ਚ ਹਿੱਸਾ ਲੈਣ ਲਈ ਪ੍ਰੇਰਿਤ ਕਰੇਗਾ।ਉਨ੍ਹਾਂ ਵਿਦਿਆਰਥੀਆਂ ਨੂੰ ਹਰ ਖੇਤਰ 'ਚ ਲਗਨ ਤੇ ਮਿਹਨਤ ਨਾਲ ਅੱਗੇ ਵਧਣ ਲਈ ਕਿਹਾ ਅਤੇ ਉਮੀਦ ਪ੍ਰਗਟ ਕੀਤੀ ਕਿ ਅਲ ਫਲਾਹ ਸਕੂਲ ਬੀਤੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਖੇਡਾਂ ਦੇ ਨਾਲ ਨਾਲ ਸਿੱਖਿਆ ਵਿੱਚ ਆਪਣੀ ਸਰਦਾਰੀ ਕਾਇਮ ਰੱਖੇਗਾ।ਇਸ ਮੌਕੇ ਸਕੂਲ ਦੇ ਵਾਈਸ ਪ੍ਰਿੰਸੀਪਲ ਡਾਕਟਰ ਮੁਹੰਮਦ ਸ਼ਫੀਕ, ਅਲ-ਫਲਾਹ ਐਜੂਕੇਸ਼ਨਲ ਟਰੱਸਟ ਦੇ ਚੇਅਰਮੈਨ ਸਾਬਿਰ ਅਲੀ ਜੁਬੈਰੀ, ਮੈਨੇਜਰ ਅਸ਼ਰਫ ਢਿੱਲੋਂ, ਰਿਟਾਇਰਡ ਡੀ.ਈ.ਓ ਮੁਹੰਮਦ ਖਲੀਲ, ਚੌਧਰੀ ਉਮਰਦੀਨ, ਅਬਦੁਲ ਸ਼ਕੂਰ, ਇਕਬਾਲ ਰਸ਼ੀਦ, ਮੁਹੰਮਦ ਯਾਮੀਨ, ਡਾਕਟਰ ਮੁਹੰਮਦ ਰਮਜ਼ਾਨ ਵੈਟਰਨਰੀ ਅਫਸਰ, ਜ਼ਿਲ੍ਹਾ ਰੈਸਲਿੰਗ ਐਸੋਸੀਏਸ਼ਨ ਦੇ ਪ੍ਰਧਾਨ ਖਾਲਿਦ ਥਿੰਦ, ਮਾਸਟਰ ਅਬਦੁਲ ਹਮੀਦ, ਮੁਹੰਮਦ ਹਨੀਫ ਕਿਲ੍ਹਾ, ਮੁਹੰਮਦ ਇਸਹਾਕ, ਮੁਹੰਮਦ ਨਦੀਮ, ਅਬਦੁਲ ਹਮੀਦ (ਤਿੰਨੋਂ ਡੀ.ਪੀ.) ਹਾਜ਼ਰ ਸਨ।

## ਐੱਸ ਕੇ ਐੱਮ ਗੈਰ-ਸਿਆਸੀ ਵੱਲੋਂ 17 ਨੂੰ ਮੁੱਖ ਮੰਤਰੀ ਤੇ ਪ੍ਰਧਾਨ ਮੰਤਰੀ ਦੇ ਪੁਤਲੇ ਫੂਕੇ ਜਾਣਗੇ : ਖੋਸਾ ਤੇ ਰਣਸੀਂਹ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸ਼ੇਰੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਕੁਲਵੰਤ ਸਿੰਘ ਫੌਜੀ ਖੋਸਾ ਰਣਧੀਰ, ਜ਼ਿਲ੍ਹਾ ਪ੍ਰਧਾਨ ਆਤਮਾ ਸਿੰਘ ਧੂੜਕੋਟ ਰਣਸੀਂਹ ਵੱਲੋਂ ਸਾਂਝੇ ਤੌਰ 'ਤੇ ਪ੍ਰੈੱਸ ਨੋਟ ਜਾਰੀ ਕੀਤਾ ਗਿਆ, ਜਿਸ ਵਿੱਚ ਪਿਛਲੇ ਦਿਨੀਂ ਸੰਯੁਕਤ ਕਿਸਾਨ ਮੋਰਚੇ ਗੈਰ-ਸਿਆਸੀ ਦੀ ਹੋਈ ਮੀਟਿੰਗ ਵਿੱਚ ਅਹਿਮ ਫੈਸਲੇ ਲਏ ਗਏ, ਜਿਵੇਂ ਕਿ 2025 ਸੋਧ ਬਿਲ ਬਿਜਲੀ ਨਿੱਜੀਕਰਨ, ਸੈਂਟਰ ਸਰਕਾਰ ਵੱਲੋਂ ਬਾਹਰਲੇ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤੇ, ਸੀਡ ਬਿੱਲ ਦੇ ਨਾਲ ਜਿੱਥੇ ਭਾਰਤ ਦੇ ਖੇਤੀ ਸੈਕਟਰ ਨੂੰ ਖਤਮ ਕੀਤਾ ਜਾ ਰਿਹਾ, ਉੱਥੇ ਸਹਾਇਕ ਧੰਦੇ ਜਿਵੇਂ ਕਿ ਡੇਅਰੀ ਫਾਰਮ, ਪੋਲਟਰੀ ਫਾਰਮ ਤੇ ਵੀ ਬਹੁਤ ਵੱਡਾ ਅਸਰ ਪਵੇਗਾ ਉਸ ਤੇ ਵਿਰੋਧ ਵਿੱਚ 17 ਫਰਵਰੀ ਨੂੰ ਡੀ ਸੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਜਾਣਗੇ।ਸੂਬਾ ਪ੍ਰਧਾਨ ਗੁਰਿੰਦਰ ਸਿੰਘ ਭੰਗੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪਿੰਡ ਪਿੰਡ ਜਾ ਕੇ ਬਾਹਰਲੇ ਦੇਸ਼ਾਂ ਨਾਲ ਕਰ ਮੁਕਤ ਸਮਝੌਤੇ ਨਾਲ ਕਿਸਾਨਾਂ ਤੇ ਸਹਾਇਕ ਧੰਦੇ ਜਿਵੇਂ ਕਿ ਡੇਅਰੀ ਫਾਰਮ, ਪੋਲਟਰੀ ਫਾਰਮ ਨੂੰ ਬਹੁਤ ਵੱਡੀ ਸੱਟ ਵੱਜੇਗੀ, ਬਾਰੇ ਅਵਾਮ ਨੂੰ ਜਾਗਰੂਕ ਕੀਤਾ ਜਾਵੇਗਾ ਤੇ 17 ਫਰਵਰੀ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਡੀ ਸੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕੇ ਜਾਣਗੇ। ਹਾਜ਼ਰ ਆਗੂ ਸਾਹਿਬਾਨ ਸੀਨੀਅਰ ਆਗੂ ਜਗਜੀਤ ਸਿੰਘ ਖੋਸਾ ਰਣਧੀਰ ਆਦਿ ਹਾਜ਼ਰ ਸਨ।


**AXIS BANK**

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana 141001., Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**ਅੰਤਿਕਾ-IV [ਹਵਾਲਾ ਰੂਲ-8(1)]**
**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਾਈ ਕਿਰਪਾ ਬਿਲਡਰਜ਼ ਰਾਹੀਂ ਇਸ ਦੇ ਮਾਲਕ ਰਿਚਾ ਢੀਂਗਰਾ ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 33,42,650/- (ਤੇਤੀ ਲੱਖ ਬਤਾਲੀ ਹਜ਼ਾਰ ਛੇ ਸੌ ਪੰਜਾਹ ਰੁਪਏ ਕੇਵਲ) ਮਿਤੀ 01/04/2025 ਨੂੰ ਇਸ ਉੱਪਰ ਹੋਰ ਅਣਲਾਗੂ ਵਿਆਜ ਅਤੇ ਲਾਗਤਾਂ ਦੇ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ 24 ਅਪ੍ਰੈਲ 2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਉਕਤ ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਸਹਿ ਕਰਜ਼ਦਾਰ/ਰਹਿਣਕਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 10 ਫਰਵਰੀ 2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਲੈਣ ਦੇਣ ਐਕਸਿਸ ਬੈਂਕ ਲਿਮਟਿਡ ਨੂੰ ਰਕਮ ਰੁਪਏ 33,42,650/- (ਤੇਤੀ ਲੱਖ ਬਤਾਲੀ ਹਜ਼ਾਰ ਛੇ ਸੌ ਪੰਜਾਹ ਰੁਪਏ ਕੇਵਲ) ਇਸ ਰਕਮ 'ਤੇ 01/04/2025 ਨੂੰ ਹੋਰ ਵਿਆਜ ਅਦਾਇਗੀ ਦੀ ਮਿਤੀ ਤੱਕ ਹੋਰ ਵਿਆਜ, ਵਿਆਜ ਦੀ ਠੇਕਾ ਦਰ ਅਤੇ ਇਸ 'ਤੇ ਖਰਚੇ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਦਾ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਧਿਆਨ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਬੈਨਾਮਾ ਨੰ. 2023-24/187/1/5784 ਮਿਤੀ 21/09/2023 ਅਨੁਸਾਰ ਰਿਚਾ ਢੀਂਗਰਾ ਪਤਨੀ ਸਮਰਾਟ ਢੀਂਗਰਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ ਰਕਬਾ 1068 ਵਰਗ ਗਜ਼, ਫਲੈਟ ਨੰ. 604, ਬਲਾਕ-ਡੀ-2 ਬੀ ਐੱਚ ਕੇ, ਸਿਲਵਰ ਪਾਮ ਅਪਾਰਟਮੈਂਟ, ਪਿੰਡ ਵਰਿਆਣਾ, ਜਲੰਧਰ, ਪੰਜਾਬ-144013 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਬਲਾਕ-ਡੀ, ਪੱਛਮ : ਸੜਕ, ਉੱਤਰ : ਖੁੱਲ੍ਹਾ ਖੇਤਰ, ਦੱਖਣ : ਫਲੈਟ ਨੰ. 603

ਮਿਤੀ : 10.02.2026 — ਸਹੀ/- (ਅਧਿਕਾਰਤ ਅਫਸਰ)
ਸਥਾਨ : ਜਲੰਧਰ — ਐਕਸਿਸ ਬੈਂਕ ਲਿਮਟਿਡ


## ਕੋਟਕਪੂਰਾ ਦੇ ਨਵੇਂ ਤਹਿਸੀਲ ਕੰਪਲੈਕਸ ਤੇ ਬੱਸ ਸਟੈਂਡ ਸੰਬੰਧੀ ਮੀਟਿੰਗ



**ਕੋਟਕਪੂਰਾ (ਰਛਪਾਲ ਭੁੱਲਰ)**-ਸ਼ਹਿਰ ਕੋਟਕਪੂਰਾ ਦੇ ਨਵੇਂ ਤਹਿਸੀਲ ਕੰਪਲੈਕਸ ਤੇ ਨਵੇਂ ਬੱਸ ਸਟੈਂਡ ਦੇ ਪ੍ਰਸਤਾਵਿਤ ਪ੍ਰੋਜੈਕਟਾਂ ਸਬੰਧੀ ਇੱਕ ਅਹਿਮ ਮੀਟਿੰਗ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਦੇ ਗ੍ਰਹਿ ਪਿੰਡ ਸੰਧਵਾਂ ਵਿਖੇ ਕੀਤੀ ਗਈ।ਮੀਟਿੰਗ ਦੌਰਾਨ ਗੁਰਮੀਤ ਸਿੰਘ ਆਰੇ ਵਾਲੇ, ਮਨਪ੍ਰੀਤ ਸਿੰਘ ਮਣੀ ਧਾਲੀਵਾਲ, ਗੈਰੀ ਵੜਿੰਗ ਤੇ ਸ਼੍ਰੀ ਐੱਸ. ਆਰ. ਕੁਸ਼ਲਾ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਗਿਆ ਕਿ ਜਗ੍ਹਾ ਦੀ ਨਿਸ਼ਾਨਦੇਹੀ, ਐਸਟੀਮੇਟ ਤਿਆਰ ਕਰਨ ਤੇ ਹੋਰ ਜ਼ਰੂਰੀ ਕਾਗਜ਼ੀ ਕਾਰਵਾਈ ਪੰਦਰਾਂ ਦਿਨਾਂ ਦੇ ਅੰਦਰ ਮੁਕੰਮਲ ਕੀਤੀ ਜਾਵੇ, ਤਾਂ ਜੋ ਅਗਲੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾ ਸਕੇ।ਮੀਟਿੰਗ ਦੌਰਾਨ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਇਸ ਸਬੰਧੀ ਅਗਲੀ ਮੀਟਿੰਗ ਸਪੀਕਰ ਸਾਹਿਬ ਵੱਲੋਂ ਚੰਡੀਗੜ੍ਹ ਵਿਖੇ ਸਬੰਧਤ ਮੰਤਰੀ ਤੇ ਸੈਕਟਰੀ ਸਾਹਿਬਾਨ ਨਾਲ ਕਰਕੇ ਪ੍ਰੋਜੈਕਟਾਂ ਨੂੰ ਤੀਵਰ ਗਤੀ ਨਾਲ ਅੱਗੇ ਵਧਾਇਆ ਜਾਵੇਗਾ।ਇਸ ਮੌਕੇ ਐਕਸੀਅਨ ਮੰਡੀ ਬੋਰਡ ਬਿਕਰਮਜੀਤ ਸਿੰਘ, ਐਕਸੀਅਨ ਪੀ.ਡਬਲਯੂ.ਡੀ. ਨਵੀਂਨ ਕੁਮਾਰ, ਈ.ਓ. ਅੰਮ੍ਰਿਤ ਲਾਲ, ਸੈਕਟਰੀ ਮਾਰਕੀਟ ਕਮੇਟੀ ਯੁਗਵੀਰ ਕੁਮਾਰ, ਡੀ.ਐੱਫ.ਓ. ਚਮਕੌਰ ਸਿੰਘ, ਐੱਸ.ਡੀ.ਓ. ਇਕਬਾਲ ਸਿੰਘ, ਐੱਸ.ਡੀ.ਓ. ਨਰਿੰਦਰ ਸਿੰਘ, ਸਰਬਜੀਤ ਸਿੰਘ (ਜੰਗਲਾਤ ਵਿਭਾਗ) ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਰਾਗੀ ਪਾਠੀ ਯੋਜਨਾ ਤਹਿਤ ਮੁਕਾਬਲਾ, ਸੱਭਿਆਚਾਰ ਤੇ ਦੇਸ਼ ਭਗਤੀ 'ਚ ਰੰਗਿਆ ਪੂਰਾ ਮਾਹੌਲ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਏਕਲ ਅਭਿਆਨ ਸੰਭਾਗ ਪੂਰਵ ਪੰਜਾਬ ਅੰਚਲ ਫ਼ਿਰੋਜ਼ਪੁਰ ਦੀ ਰਾਗੀ ਪਾਠੀ ਯੋਜਨਾ ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਾ ਮਾਤਾ ਨਹਿਰਾਂ ਵਾਲੀ ਮੰਦਰ ਵਿਖੇ ਕਰਾਈ ਗਈ, ਜਿਸ ਵਿੱਚ ਵੱਡੀ ਗਿਣਤੀ 'ਚ ਜ਼ਿਲ੍ਹੇ ਭਰ ਦੇ ਵਿਦਿਆਰਥੀਆਂ ਨੇ ਭਾਗ ਲਿਆ।ਇਸ ਪ੍ਰਤੀਯੋਗਤਾ ਵਿੱਚ ਮੁੱਖ ਮਹਿਮਾਨ ਵਜੋਂ ਵਿਪਨ ਸ਼ਾਹ ਸੰਘ ਪ੍ਰਚਾਰਕ, ਅੰਗਰੇਜ਼ ਸਿੰਘ ਵਾਰਵਲ ਫੌਜੀ, ਬਲਰਾਜ ਸਿੰਘ ਸੰਧੂ ਸਚ ਪ੍ਰਧਾਨ, ਸੁਰਿੰਦਰ ਕੁਮਾਰ ਸੋਨੂੰ ਸੇਠੀ ਉਪ ਪ੍ਰਧਾਨ, ਡਾਕਟਰ ਦਲਜੀਤ ਸਿੰਘ ਜੋਸਨ ਸਚ ਸਚਿਵ, ਲੇਖਰਾਜ ਸਚ ਪ੍ਰਧਾਨ, ਮੰਦਰ ਦੇ ਪ੍ਰਧਾਨ ਨਰਿੰਦਰ ਕੁਮਾਰ ਸੇਠੀ, ਕੰਵਰਜੀਤ ਜੇਟੀ ਫ਼ਿਰੋਜ਼ਪੁਰ ਸੰਭਾਗ ਸਚਿਵ, ਵੀਨਾ ਰਾਣੀ ਸੰਭਾਗ ਮਹਿਲਾ ਪ੍ਰਧਾਨ, ਸਤੀਸ਼ ਧਵਨ ਭਾਗ ਪ੍ਰਧਾਨ, ਨਿਰਮਲ ਕੌਰ ਸੰਭਾਗ ਹਰੀ ਕਥਾ ਪ੍ਰਮੁੱਖ, ਕੁਲਵਿੰਦਰ ਕੌਰ ਭਾਗ ਪ੍ਰਸ਼ਿਕਸ਼ਨ ਪ੍ਰਮੁੱਖ, ਬਲਕਾਰ ਸਿੰਘ ਭਾਗ ਗਤੀਵਿਧੀ ਪ੍ਰਮੁੱਖ, ਹਰਪ੍ਰੀਤ ਕੌਰ ਅੰਚਲ ਅਭਿਆਨ ਪ੍ਰਮੁੱਖ, ਮਨਜੀਤ ਕੌਰ ਅੰਚਲ ਗਤੀਵਿਧੀ ਪ੍ਰਮੁੱਖ ਅਤੇ ਅਲੱਗ-ਅਲੱਗ ਪਿੰਡਾਂ ਤੋਂ ਸਾਬਕਾ ਫੌਜੀ ਵੀਰ ਪਹੁੰਚੇ।ਪ੍ਰੋਗਰਾਮ ਵਿੱਚ ਪੰਜਾਬੀ ਸੱਭਿਆਚਾਰ, ਦੇਸ਼ ਭਗਤੀ ਗੀਤ, ਕੀਰਤਨ ਪ੍ਰਤੀਯੋਗਤਾ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਭਾਗ ਲਿਆ ਤੇ ਆਪਣੀ ਕਲਾ ਦੇ ਜੌਹਰ ਦਿਖਾਏ।

## ਹੈਰੋਇਨ ਤੇ ਸਮੱਗਰੀ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲ ਖੁਰਦ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 2 ਗ੍ਰਾਮ ਹੈਰੋਇਨ ਤੇ ਹੈਰੋਇਨ ਦੀ ਸਮੱਗਰੀ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਅਮਨਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਮੁੱਦਕੀ ਲਈ ਰਵਾਨਾ ਸੀ ਤਾਂ ਪਿੰਡ ਚੰਦੜ ਨੂੰ ਜਾਂਦੇ ਕੱਚੇ ਰਸਤੇ 'ਤੇ ਮੋਟਰ 'ਤੇ ਧੂੰਆਂ ਉੱਡ ਰਿਹਾ ਸੀ ਤਾਂ ਸ਼ੱਕ ਦੀ ਬਿਨਾਅ 'ਤੇ ਚੈੱਕ ਕੀਤਾ ਤਾਂ ਮੁਲਜ਼ਮ ਹਰਵਿੰਦਰ ਸਿੰਘ ਉਰਫ ਹਨੀ ਪੁੱਤਰ ਗੁਰਤੇਜ ਸਿੰਘ ਵਾਸੀ ਵਾਰਡ ਨੰਬਰ 7 ਮੁੱਦਕੀ ਗ੍ਰਿਫਤਾਰ ਕੀਤਾ ਗਿਆ, ਜਿਸ ਦੀ ਤਲਾਸ਼ੀ ਲਈ ਤਾਂ ਉਸ ਕੋਲੋਂ 2 ਗ੍ਰਾਮ ਹੈਰੋਇਨ, 1 ਲਾਈਟਰ, 1 ਪੰਨੀ ਤੇ 10 ਰੁਪਏ ਦਾ ਨੋਟ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਕੈਂਟ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਅਤੇ ਉਨ੍ਹਾਂ ਦੇ ਲਈ ਉੱਤਰ ਰੇਲਵੇ ਦੇ ਅੰਬਾਲਾ ਮੰਡਲ ਦੇ ਰੇਲਵੇ ਸਟੇਸ਼ਨਾਂ ਉਤੇ ਅਨੁਬੰਧਾਂ ਦੇ ਅਲਾਟਮੈਂਟ ਦੇ ਲਈ IREPS ਵੈੱਬਸਾਈਟ ਉਤੇ ਈਆਕਸ਼ਨ ਦੇ ਦੁਆਰਾ ਤੋਂ ਬੋਲੀਆਂ ਮੰਗ ਕਰਦੇ ਹਨ।

| S. No. | Lot No | Description | Auction Start Date Time |
|---|---|---|---|
| 1. | ADVT-UMB-NLDM-OH-347-26-1 | ਸਾਇਟ ਪਲਾਨ ਦੇ ਅਨੁਸਾਰ, ਨੰਗਲ ਡੈਮ (NLDM) ਰੇਲਵੇ ਸਟੇਸ਼ਨ ਉਤੇ ਯੂਨਿਪੋਲ/ਹੋਰਡਿੰਗ ਦੇ ਦੁਆਰਾ ਤੋਂ ਵਿਗਿਆਪਨ ਦੇ ਲਈ ਕੁਲ 02 ਸਾਇਟਾ ਹੈ, ਜਿਨ੍ਹਾਂ ਦਾ ਕੁਲ ਖੇਤਰਫਲ 870 ਵਰਗ ਫੁਟ ਹੈ। | 23.02.2026 15:00:00 hrs. |
| 2. | ADVT-Int-250749-2-26-1 | ਟ੍ਰੇਨ ਨੰਬਰ 20493/94 (ਸੀਡੀਜੀ-ਐਮਡੀਯੂ-ਸੀਡੀਜੀ) ਵਿਚ ਟ੍ਰੇਨ ਕੋਚਾਂ ਦੇ ਆਂਤਰਿਕ ਭਾਗ ਵਿਚ ਡਿਸਪਲੇ ਬੋਰਡ ਦਾ ਉਪਯੋਗ ਕਰਕੇ ਵਾਣਿਜਿਯਕ ਵਿਗਿਆਪਨ ਜਗ੍ਹਾਂ (ਵਿਗਿਆਪਨ ਦੇ ਲਈ ਕੋਚ ਸੰਰਚਨਾ ਅਤੇ ਆਯਾਮ ਦੇ ਅਨੁਸਾਰ)। | 27.02.2026 12:00:00 hrs. |
| 3. | ADVT-EFF-141603-6-25-1 | ਟ੍ਰੇਨ ਨੰਬਰ 14521/14522 (ਡੀਐਲਆਈ-ਯੂਐਮਬੀ ਐਕਸਪ੍ਰੈਸ) ਅਤੇ 14507/14508 (ਡੀਐਲਆਈ-ਐਫਕੇਡੇ ਐਕਸਪ੍ਰੈਸ) ਦੇ ਪੂਰੇ ਬਾਹਰੀ ਹਿੱਸੇ ਉਤੇ ਵਿਗਿਆਪਨ ਰੈਪਿੰਗ ਦੇ ਦੁਆਰਾ ਤੋਂ ਵਾਣਿਜਿਯਕ ਵਿਗਿਆਪਨ ਦੇ ਲਈ ਜਗ੍ਹਾਂ। | 27.02.2026 12:00:00 hrs. |

ਈ-ਨੀਲਾਮੀ ਲੀਜਿੰਗ ਮੰਗ ਸੂਚਨਾ, ਨੀਲਾਮੀ ਪ੍ਰਪੱਤਰ, ਇਕ ਵਾਰ ਰਜਿਸਟ੍ਰੇਸ਼ਨ ਤੇ ਜ਼ਿਆਦਾ ਜਾਣਕਾਰੀ ਲਈ, ਰੇਲਵੇ ਵੈੱਬਸਾਈਟ www.ireps.gov.in ਉਤੇ ਜਾਉਂ। 492/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਅਲੂਣਾ ਪੱਲਾ ਤੋਂ ਵੱਖ-ਵੱਖ ਪਾਰਟੀਆਂ ਦੇ ਵਰਕਰ 'ਆਪ' 'ਚ ਸ਼ਾਮਲ



**ਦੋਰਾਹਾ (ਹਰਮਿੰਦਰ ਸੇਠ)**-ਹਲਕਾ ਪਾਇਲ ਦੇ ਪਿੰਡ ਅਲੂਣਾ ਪੱਲਾ ਤੋਂ ਮੇਜਰ ਸਿੰਘ ਜਗਤਾਰ ਸਿੰਘ, ਜੰਗ ਸਿੰਘ, ਹਰਮੀਤ ਸਿੰਘ, ਹਰਵਿੰਦਰ ਸਿੰਘ, ਸ਼ੇਰ ਸਿੰਘ, ਭਿੰਦਰ ਸਿੰਘ ਸਮੇਤ ਵੱਖ-ਵੱਖ ਪਾਰਟੀ ਨਾਲ ਸੰਬੰਧਤ ਵਰਕਰ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ। ਇਸ ਮੌਕੇ ਪਾਰਟੀ ਵਿੱਚ ਇਨ੍ਹਾਂ ਨੂੰ ਸ਼ਾਮਲ ਕਰਾਉਣ ਲਈ ਹਲਕੇ ਦੇ ਐੱਮਐੱਲਏ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਐੱਮ ਐੱਲ ਏ ਹਲਕਾ ਪਹਿਲ ਹਾਜ਼ਰ ਸਨ। ਇਸ ਮੌਕੇ ਇੰਜੀ. ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ ਹਲਕਾ ਪਾਇਲ ਨੇ ਆਮ ਆਦਮੀ ਪਾਰਟੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਵਰਕਰਾਂ ਦਾ ਭਰਵਾਂ ਸਵਾਗਤ ਕੀਤਾ ਤੇ ਕਿਹਾ ਕਿ ਆਮ ਆਦਮੀ ਪਾਰਟੀ ਇਨ੍ਹਾਂ ਵਰਕਰਾਂ ਨੂੰ ਬਣਦਾ ਮਾਣ ਸਨਮਾਨ ਦੇਵੇਗੀ।

## ਨੌਜਵਾਨਾਂ ਨੂੰ ਖ਼ੂਨਦਾਨ ਸੇਵਾ ਨਾਲ ਜੋੜਨਾ ਅਹਿਮ ਕਾਰਜ : ਸੋਹਲ, ਜੌਲੀ, ਚਹਿਲ, ਬਿਰੜਵਾਲ



**ਪਟਿਆਲਾ (ਰਾਜਿੰਦਰ ਥਿੰਦ)**-ਮਨੁੱਖੀ ਜ਼ਿੰਦਗੀਆਂ ਬਚਾਉਣ ਲਈ ਸਰਗਰਮ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਦੇ ਮੋਹਰੀ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਤੇ ਖ਼ੂਨਦਾਨ ਸੇਵਾ ਨਾਲ ਜੋੜਨਾ ਅਹਿਮ ਕਾਰਜ ਹੈ, ਜਿਸ ਵਿੱਚ ਮਿਸ਼ਨਰੀ ਆਗੂ ਆਪਣੀ ਭੂਮਿਕਾ ਨਿਭਾਅ ਰਹੇ ਹਨ।ਇਸ ਮੌਕੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਸੀਨੀਅਰ ਆਗੂ ਜਥੇਦਾਰ ਕਰਨ ਸਿੰਘ ਜੌਲੀ, ਚਾਚਾ ਜਗਰਾਜ ਸਿੰਘ ਚਹਿਲ, ਹਰਦੀਪ ਕੁਮਾਰ ਬਿਰੜਵਾਲ, ਅਵਤਾਰ ਸਿੰਘ ਬਲਬੇੜਾ ਤੇ ਭਾਈ ਜਰਨੈਲ ਸਿੰਘ ਝੰਡੀ ਨੇ ਦੱਸਿਆ ਕਿ ਗਰੁੱਪ ਵੱਲੋਂ ਪਿਛਲੇ 14 ਸਾਲਾਂ ਤੋਂ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿੱਚ ਲੜੀਵਾਰ ਖ਼ੂਨਦਾਨ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਮਿਲ ਸਕੇ ਤੇ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।ਉਨ੍ਹਾਂ ਕਿਹਾ ਕਿ ਸਮੁੱਚੀ ਟੀਮ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਦੀ ਅਗਵਾਈ ਹੇਠ ਮਨੁੱਖਤਾ ਦੀ ਸੇਵਾ ਵਿੱਚ ਜੁਟੀ ਹੋਈ ਹੈ, ਪਰ ਜੇ ਕੋਈ ਝੋਲਾ ਚੁੱਕ ਕਿਸਮ ਦੇ ਵਿਅਕਤੀ ਆਪਣੇ ਆਪ ਨੂੰ ਕੈਂਪ ਪ੍ਰਬੰਧਕ ਜਾਂ ਕਲੱਬ ਪ੍ਰਧਾਨ ਦੱਸ ਕੇ ਮਰੀਜ਼ ਦੇ ਵਾਰਸਾਂ ਤੋਂ 'ਡੋਨਰ ਕਾ ਖਰਚਾ ਲਗਾ' ਆਖ ਕੇ ਪੈਸਿਆਂ ਦੀ ਮੰਗ ਕਰਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਬਲੱਡ ਬੈਂਕ ਇੰਚਾਰਜ ਜਾਂ ਪੁਲਸ ਨੂੰ ਦਿਓ ਤਾਂ ਜੋ ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਈ ਜਾ ਸਕੇ।ਉਨ੍ਹਾਂ ਕਿਹਾ ਕਿ ਖ਼ੂਨਦਾਨ ਸੇਵਾ ਵਿਖੇ ਵਿਲੱਖਣ ਕਾਰਜ ਕਰਨ ਵਾਲਿਆਂ ਦਾ ਸਨਮਾਨ ਸਮਾਗਮ ਜਲਦ ਹੀ ਕਰਵਾਇਆ ਜਾਵੇਗਾ।

# ਕਿਸਾਨ ਮਜ਼ਦੂਰ ਜਥੇਬੰਦੀ ਜ਼ੋਨ ਮੱਖੂ ਦੀ ਨਵੀਂ ਟੀਮ ਦਾ ਐਲਾਨ



**ਮੱਖੂ (ਰਛਪਾਲ ਸਿੰਘ ਸੰਧੂ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਜ਼ੋਨ ਮਖੂ ਦੀ ਭਰਵੀਂ ਮੀਟਿੰਗ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਨੇੜੇ ਮੱਲਾਂਵਾਲਾ ਮੋੜ ਦੇ ਅਸਥਾਨਾਂ 'ਤੇ ਜ਼ਿਲ੍ਹਾ ਪ੍ਰਧਾਨ ਇੰਦਰਜੀਤ ਸਿੰਘ ਬਾਠ ਤੇ ਜ਼ਿਲ੍ਹਾ ਟੀਮ ਦੀ ਅਗਵਾਈ ਹੇਠ ਹੋਈ।ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਪੁਰਾਣੀ ਜ਼ੋਨ ਟੀਮ ਨੂੰ ਭੰਗ ਕਰਕੇ ਸੰਚਾਲਿਤ ਕਮੇਟੀ ਬਣਾਈ ਗਈ।ਇਸ ਮੌਕੇ ਆਗੂਆਂ ਵੱਲੋਂ ਪਿਛਲੇ 3 ਸਾਲਾਂ ਦੌਰਾਨ ਜ਼ੋਨ ਆਗੂਆਂ ਦੇ ਕਾਰਜਕਾਲ ਦੌਰਾਨ ਕੀਤੇ ਕੰਮਾਂ, ਘਾਟਾਂ, ਕਮਜ਼ੋਰੀਆਂ 'ਤੇ ਵਿਸ਼ਲੇਸ਼ਣ ਕੀਤਾ ਗਿਆ।

ਮੀਟਿੰਗ ਵਿੱਚ ਵੱਖ-ਵੱਖ ਇਕਾਈਆਂ ਦੇ ਚੁਣੇ ਹੋਏ ਡੈਲੀਗੇਟਾਂ ਵੱਲੋਂ ਸੰਵਿਧਾਨ ਮੁਤਾਬਕ ਸਰਬਸੰਮਤੀ ਨਾਲ ਨਵੀਂ ਟੀਮ ਦਾ ਗਠਨ ਕਰਦਿਆਂ ਜ਼ੋਨ ਪ੍ਰਧਾਨ ਵੀਰ ਸਿੰਘ ਨਿਜਾਮਦੀਨ ਵਾਲਾ, ਜ਼ੋਨ ਸਕੱਤਰ ਬਲਜਿੰਦਰ ਸਿੰਘ ਤਲਵੰਡੀ ਨਿਪਾਲਾਂ, ਖਜ਼ਾਨਚੀ ਲਖਵਿੰਦਰ ਸਿੰਘ, ਸੀਨੀ: ਮੀਤ ਪ੍ਰਧਾਨ ਸਵਰਨ ਸਿੰਘ ਸਰਫਲੀ, ਮੀਤ ਪ੍ਰਧਾਨ ਗੁਰਭੇਜ ਸਿੰਘ ਫੇਮੀਵਾਲਾ, ਪਿਆਰਾ ਸਿੰਘ ਘੁੱਦੂਵਾਲਾ, ਪ੍ਰੈੱਸ ਸਕੱਤਰ ਸੂਰਤ ਸਿੰਘ ਖਡੂਰ, ਮੀਤ ਸਕੱਤਰ ਹਰਵਿੰਦਰ ਸਿੰਘ ਮੰਨੂ ਮਾਛੀ, ਗੁਰਮੀਤ ਸਿੰਘ ਠੇਕੇਦਾਰ, ਮੀਤ ਖਜ਼ਾਨਚੀ ਸਾਹਿਬ ਸਿੰਘ ਤਲਵੰਡੀ, ਲਖਬੀਰ ਸਿੰਘ ਟਿੱਬੀ ਅਰਾਈਆਂ, ਸਲਾਹਕਾਰ ਇੰਦਰਜੀਤ ਸਿੰਘ ਬਾਠ, ਜਰਨੈਲ ਸਿੰਘ ਵਾਲਾ ਵਾਲਾ ਜੱਟਾਂ, ਕੁਲਦੀਪ ਸਿੰਘ ਖਡੂਰ, ਸ਼ਮਸ਼ੇਰ ਸਿੰਘ, ਦਿਆਲ ਸਿੰਘ ਕਿੱਲੀ ਬੋਦਲਾਂ, ਫੌਜੀ ਬੂਹ, ਬਾਜ ਸਿੰਘ ਫੇਮੀਵਾਲਾ, ਲੰਗਰ ਕਮੇਟੀ ਇੰਚਾਰਜ ਬਲਕਾਰ ਸਿੰਘ ਸ਼ਾਮੇ ਵਾਲਾ, ਬੱਗਾ ਸਿੰਘ ਨਿਜਾਮਦੀਨ, ਹਰਬੰਸ ਸਿੰਘ ਚੱਕੀਆਂ, ਵਲੰਟੀਅਰ ਭਜਨ ਸਿੰਘ ਜੋਗੇਵਾਲਾ, ਹਰਚਰਨ ਸਿੰਘ ਤਲਵੰਡੀ, ਤਰਸੇਮ ਸਿੰਘ ਬਾਹਰਵਾਲੀ, ਜਗਰੂਪ ਸਿੰਘ ਟਿੱਬੀ, ਸੁਖਚੈਨ ਸਿੰਘ ਲੱਲ੍ਹੇ, ਗੁਰਮੀਤ ਸਿੰਘ ਠੇਕੇਦਾਰ, ਨਿਰਮਲ ਸਿੰਘ ਮਹਿਮੂਦਵਾਲਾ ਟੀਮ ਦਾ ਗਠਨ ਕੀਤਾ ਗਿਆ ਤੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਤਨ ਮਨ ਨਾਲ ਜਥੇਬੰਦੀ ਦੇ ਸੰਵਿਧਾਨ ਅਨੁਸਾਰ ਕੰਮ ਕਰਨ ਦਾ ਵਿਸ਼ਵਾਸ ਦਿਵਾਇਆ।ਇਸ ਮੌਕੇ ਜ਼ੋਨ ਦੀਆਂ ਸਾਰੀਆਂ ਹੀ ਇਕਾਈਆਂ ਦੇ ਚੁਣੇ ਹੋਏ ਡੈਲੀਗੇਟ ਤੇ ਹੋਰ ਆਗੂ ਹਾਜ਼ਰ ਸਨ।


**SARUP INDUSTRIES LIMITED**

SIL — Web: www.sarupindustries.com, E-mail: shareholders@bawastl.com, Ph: 0181-5021037

31 ਦਸੰਬਰ 2025 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ (ਰੁਪਏ ਲੱਖਾਂ 'ਚ)

| ਵੇਰਵੇ | ਤਿਮਾਹੀ ਖਤਮ | | | ਮਿਆਦ ਖਤਮ | | ਸਾਲ ਖਤਮ |
|---|---|---|---|---|---|---|
| | 31.12.25 (ਅਣ-ਪੜਤਾਲੇ) | 30.09.25 (ਅਣ-ਪੜਤਾਲੇ) | 31.12.24 (ਅਣ-ਪੜਤਾਲੇ) | 31.12.25 (ਅਣ-ਪੜਤਾਲੇ) | 31.12.24 (ਅਣ-ਪੜਤਾਲੇ) | 31.03.25 (ਪੜਤਾਲੇ) |
| ਕਾਰੋਬਾਰਾਂ ਤੋਂ ਕੁੱਲ ਆਮਦਨ | 353.85 | 427.61 | 468.58 | 1173.96 | 1112.06 | 1602.53 |
| ਮਿਆਦ ਲਈ ਸ਼ੁੱਧ ਲਾਭ/(ਹਾਨੀ) (ਟੈਕਸ ਤੋਂ ਪਹਿਲਾਂ, ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ #) | 5.41 | 12.61 | 12.63 | 29.63 | 436.33 | 45.16 |
| ਮਿਆਦ ਲਈ ਸ਼ੁੱਧ ਲਾਭ/(ਹਾਨੀ) ਟੈਕਸ ਤੋਂ ਪਹਿਲਾਂ, (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ #) | 5.41 | 12.61 | 12.63 | 29.63 | 436.33 | 45.15 |
| ਮਿਆਦ ਲਈ ਸ਼ੁੱਧ ਲਾਭ/(ਹਾਨੀ) ਟੈਕਸ ਤੋਂ ਬਾਅਦ (ਖਾਸ ਅਤੇ/ਜਾਂ ਅਸਧਾਰਨ ਆਈਟਮਾਂ ਮਗਰੋਂ #) ਕੰਪਨੀ ਦੇ ਮਾਲਕਾਂ ਦੇ ਫਲਸਰੂਪ | 5.41 | 12.61 | 12.63 | 29.63 | 436.33 | 45.41 |
| ਮਿਆਦ ਲਈ ਕੁੱਲ ਵਿਆਪਕ ਆਮਦਨ [(ਸ਼ਾਮਲ ਲਾਭ/(ਹਾਨੀ) ਮਿਆਦ ਵਾਸਤੇ (ਟੈਕਸ ਤੋਂ ਬਾਅਦ) ਅਤੇ ਹੋਰ ਵਿਆਪਕ ਆਮਦਨ (ਟੈਕਸ ਤੋਂ ਬਾਅਦ)] | 5.41 | 12.61 | 12.63 | 29.63 | 436.33 | 45.41 |
| ਇਕੁਇਟੀ ਸ਼ੇਅਰ ਕੈਪੀਟਲ | 325.24 | 325.24 | 325.24 | 325.24 | 325.24 | 325.24 |
| ਰਿਜ਼ਰਵਜ਼ (ਰੀਵੈਲੂਏਸ਼ਨ ਰਿਜ਼ਰਵ ਤੋਂ ਬਿਨਾਂ) ਜਿਵੇਂ ਕਿ ਪਿਛਲੇ ਸਾਲ ਦੀ ਪੜਤਾਲੀ ਬੈਲੈਂਸ ਸ਼ੀਟ 'ਚ ਦਰਸਾਇਆ ਗਿਆ | -626.42 | -626.42 | -900.49 | -626.42 | -900.49 | -626.42 |
| ਪ੍ਰਤੀ ਸ਼ੇਅਰ ਕਮਾਈ (ਰੁਪਏ 10/- ਹਰੇਕ) (ਚਾਲੂ ਅਤੇ ਬੰਦ ਕਾਰੋਬਾਰਾਂ ਲਈ) (1) ਬੇਸਿਕ | 0.17 | 0.39 | 0.39 | 0.91 | 13.42 | 13.51 |
| (2) ਡਲਿਊਟਿਡ | 0.17 | 0.39 | 0.39 | 0.91 | 13.42 | 13.51 |

(ਏ) ਉਪਰੋਕਤ 31 ਦਸੰਬਰ 2025 ਨੂੰ ਖਤਮ ਹੋਈ ਤਿਮਾਹੀ ਦੇ ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਸਾਰ, ਜੋ ਸੇਬੀ (ਲਿਸਟਿੰਗ ਅਤੇ ਹੋਰ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੇ ਰੈਗੂਲੇਸ਼ਨ 33 ਅਧੀਨ ਸਟਾਕ ਐਕਸਚੇਂਜ ਕੋਲ ਦਾਇਰ ਕੀਤਾ ਗਿਆ ਹੈ। ਅਣ-ਪੜਤਾਲੇ ਵਿੱਤੀ ਨਤੀਜਿਆਂ ਦਾ ਮੁਕੰਮਲ ਫਾਰਮੈਟਸ ਸਟਾਕ ਐਕਸਚੇਂਜ ਦੀ ਵੈੱਬਸਾਈਟ (www.bseindia.com) ਅਤੇ ਸੂਚੀਬੱਧ ਇਕਾਈ (www.sarupindustries.com) 'ਤੇ ਉਪਲੱਬਧ ਹੈ।
(ਬੀ) ਉਪਰੋਕਤ ਵਿੱਤੀ ਨਤੀਜੇ ਆਡਿਟ ਕਮੇਟੀ ਵੱਲੋਂ ਨਜ਼ਰਸ਼ਾਨੀ ਕੀਤੇ ਜਾ ਚੁੱਕੇ ਹਨ ਅਤੇ ਬੋਰਡ ਦੇ ਡਾਇਰੈਕਟਰਾਂ ਵੱਲੋਂ 13 ਫਰਵਰੀ 2026 ਨੂੰ ਹੋਈ ਮੀਟਿੰਗ 'ਚ ਅਪਣਾਇਆ ਗਿਆ ਹੈ।
(ਸੀ) ਕੰਪਨੀ ਸਿੰਗਲ ਖੰਡ 'ਚ ਕੰਮ ਕਰ ਰਹੀ ਹੈ, ਜੋ ਕਿ ਬੂਟ/ਬੂਟ ਅਪਰਜ਼ ਦੀ ਮੈਨੂਫੈਕਚਰਿੰਗ ਹੈ।
(ਡੀ) ਉਪਰੋਕਤ ਵਿੱਤੀ ਨਤੀਜੇ ਇੰਡੀਅਨ ਅਕਾਊਂਟਿੰਗ ਸਟੈਂਡਰਜ਼ (ਇੰਡ-ਏ ਐੱਸ) ਦੇ ਅਨੁਸਾਰ ਤਿਆਰ ਕੀਤੇ ਗਏ ਹਨ ਅਤੇ ਕੰਪਨੀਜ਼ ਐਕਟ 2013 ਦੇ ਸੈਕਸ਼ਨ 133 ਅਨੁਸਾਰ ਨਿਰਧਾਰਤ ਕੰਪਨੀਜ਼ (ਇੰਡੀਅਨ ਅਕਾਊਂਟਿੰਗ ਸਟੈਂਡਰਜ਼) ਰੂਲਜ਼ 2015 ਅਧੀਨ ਨੋਟੀਫਾਈਡ ਹਨ।

ਸਥਾਨ : ਜਲੰਧਰ
ਮਿਤੀ : 13.02.2026

ਵਾਸਤੇ ਸਰੂਪ ਇੰਡਸਟਰੀਜ਼ ਲਿਮਟਿਡ
ਸਹੀ/-
ਸਿਮਰਜੀਤ ਸਿੰਘ ਬਾਵਾ
ਮੈਨੇਜਿੰਗ ਡਾਇਰੈਕਟਰ ਡੀ ਆਈ ਐੱਨ : 00851651

# ਮਹਾਂਸ਼ਿਵਰਾਤਰੀ 'ਤੇ 55ਵਾਂ ਖੂਨਦਾਨ ਕੈਂਪ

ਆਦਮਪੁਰ (ਪਰਮਜੀਤ ਸਿੰਘ)-ਦਸਵੰਧ ਗਰੀਬਾਂ ਲਈ ਵੈਲਫੇਅਰ ਸੋਸਾਇਟੀ ਰਜਿ: ਪੰਜਾਬ ਪਿੰਡ ਡਰੋਲੀ ਕਲਾਂ ਵੱਲੋਂ ਮਹਾਂ ਸ਼ਿਵਰਾਤਰੀ ਦੇ ਸ਼ੁਭ ਦਿਹਾੜੇ ਤੇ 55ਵਾਂ ਸਵੈ ਇੱਛੁਕ ਖੂਨਦਾਨ ਕੈਂਪ 15 ਫਰਵਰੀ ਨੂੰ ਬਾਬਾ ਮੰਡੀਪੁਰਾ ਮੱਠ ਧਾਮ ਵਿਖੇ ਲਗਾਇਆ ਜਾ ਰਿਹਾ। ਇਸ ਬਾਰੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਭਾਈ ਸੁਖਜੀਤ ਸਿੰਘ ਸੇਵਾਦਾਰ ਸ਼ਹੀਦ ਬਾਬਾ ਮਤੀ ਜੀ ਨੇ ਦੱਸਿਆ ਕਿ ਸਵੇਰੇ 9 ਵਜੇ ਤੋਂ ਸ਼ਾਮ ਚਾਰ ਵਜੇ ਤੱਕ ਇਹ ਖੂਨਦਾਨ ਕੈਂਪ ਲੱਗੇਗਾ ਇਸ ਖੂਨਦਾਨ ਕੈਂਪ ਵਿੱਚ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਡਰੋਲੀ ਕਲਾਂ ਅਤੇ ਦਰਮਨ ਸਿੰਘ, ਪੰਡਿਤ ਸਚਿਨ ਸ਼ਾਸਤਰੀ ਦੇ ਵਿਸ਼ੇਸ਼ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।

# ਪਿੰਡ ਲੱਡਾ-ਬਾਲੀਆਂ ਸੜਕ 'ਤੇ ਇੰਟਰਲਾਕ ਟਾਇਲਾਂ ਲਾਉਣ ਦੀ ਕਰਾਈ ਸ਼ੁਰੂਆਤ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ ਪਿੰਡ ਕਾਂਝਲਾ ਵਿੱਚ 89 ਲੱਖ ਰੁਪਏ ਦੀ ਲਾਗਤ ਨਾਲ ਲਗਭਗ 18 ਕਿ ਮੀ ਲੱਡਾ-ਬਾਲੀਆਂ ਸੜਕ ਦੇ ਦੋਵੇਂ ਪਾਸੇ 5-5 ਫੁੱਟ ਇੰਟਰਲਾਕ ਟਾਇਲਾਂ ਲਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਤੇ ਬਲਾਕ ਸੰਮਤੀ ਮੈਂਬਰ ਰਣਜੋਧ ਸਿੰਘ ਯੋਧਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਪਿੰਡ ਵਾਸੀ ਵੀ ਮੌਜੂਦ ਸਨ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਪਿੰਡ ਕਿਲਾ ਹਕੀਮਾਂ, ਕਾਂਝਲਾ ਤੇ ਬਾਲੀਆਂ ਦੀਆਂ 18 ਫੁੱਟ ਚੌੜੀਆਂ ਸੜਕਾਂ ਦੇ ਦੋਵੇਂ ਪਾਸਿਆਂ 5-5 ਫੁੱਟ ਇੰਟਰਲਾਕ ਟਾਇਲਾਂ ਲਾਈਆਂ ਜਾ ਰਹੀਆਂ ਹਨ, ਜਿਸ ਨਾਲ ਸੜਕਾਂ ਦੇ ਕਿਨਾਰਿਆਂ ਦੀ ਮਜ਼ਬੂਤੀ ਯਕੀਨੀ ਬਣੇਗੀ ਤੇ ਬਰਸਾਤੀ ਮੌਸਮ ਦੌਰਾਨ ਸੜਕਾਂ ਦੇ ਕਟਾਅ ਦੀ ਸਮੱਸਿਆ ਤੋਂ ਵੀ ਨਿਜਾਤ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਪੈਦਲ ਜਾਣ ਵਾਲਿਆਂ ਤੇ ਦੋ ਪਹੀਆ ਵਾਹਨਾਂ ਲਈ ਆਵਾਜਾਈ ਹੋਰ ਸੁਖਾਲੀ ਤੇ ਸੁਰੱਖਿਅਤ ਹੋਵੇਗੀ। ਉਨ੍ਹਾਂ ਦੱਸਿਆ ਕਿ ਪਿੰਡ ਕਿਲਾ ਹਕੀਮਾਂ ਵਿੱਚ 40.24 ਲੱਖ ਰੁਪਏ, ਪਿੰਡ ਕਾਂਝਲਾ 'ਚ 36.31 ਲੱਖ ਰੁਪਏ ਅਤੇ ਪਿੰਡ ਬਾਲੀਆਂ ਵਿੱਚ 12.51 ਲੱਖ ਰੁਪਏ ਦੀ ਲਾਗਤ ਨਾਲ ਇਹ ਵਿਕਾਸ ਕਾਰਜ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੰਮ ਨੂੰ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ। ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਧੂਰੀ ਹਲਕੇ ਦੇ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਯੋਜਨਾਬੱਧ ਤਰੀਕੇ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

# ਬਾਲ ਮਜ਼ਦੂਰੀ ਐਕਟ ਦੀਆਂ ਧਾਰਾਵਾਂ ਸੰਬੰਧੀ ਜਾਗਰੂਕਤਾ ਰੈਲੀ




ਮੋਗਾ, (ਇਕਬਾਲ ਸਿੰਘ ਖਹਿਰਾ)- ਜ਼ਿਲ੍ਹਾ ਟਾਸਕ ਫੋਰਸ ਕਮੇਟੀ ਮੋਗਾ ਦੇ ਮੈਂਬਰਾਂ ਨੇ ਤਹਿਸੀਲ ਬਾਘਾ ਪੁਰਾਣਾ ਵਿੱਚ ਬਾਲ ਤੇ ਕਿਸ਼ੋਰ ਮਜ਼ਦੂਰੀ ਨੂੰ ਖਤਮ ਕਰਨ ਲਈ ਇੱਕ ਪੂਰੇ ਭਾਰਤ ਵਿੱਚ ਬਚਾਅ ਅਤੇ ਪੁਨਰਵਾਸ ਮੁਹਿੰਮ ਸ਼ੁਰੂ ਕੀਤੀ। ਉਨ੍ਹਾਂ ਨੇ ਬਾਘਾਪੁਰਾਣਾ ਵਿੱਚ ਵੱਖ-ਵੱਖ ਥਾਵਾਂ 'ਤੇ ਅਚਾਨਕ ਛਾਪੇਮਾਰੀ ਕੀਤੀ, ਜਿੱਥੇ ਉਨ੍ਹਾਂ ਨੂੰ 18 ਸਾਲ ਤੋਂ ਘੱਟ ਉਮਰ ਦੇ ਬੱਚੇ ਤੇ ਕਿਸ਼ੋਰ ਕੰਮ ਕਰਦੇ ਮਿਲੇ। ਛਾਪੇਮਾਰੀ ਦੌਰਾਨ, ਮੇਨ ਬਾਜ਼ਾਰ, ਬਾਘਾ ਪੁਰਾਣਾ ਵਿੱਚ ਵੱਖ-ਵੱਖ ਦੁਕਾਨਾਂ ਤੇ ਹੋਰ ਵਪਾਰਕ ਅਦਾਰਿਆਂ ਦਾ ਨਿਰੀਖਣ ਕੀਤਾ ਗਿਆ। ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਦੇ ਆਦੇਸ਼ਾਂ ਤੇ ਵਿਕਾਸ ਕੁਮਾਰ, ਸਹਾਇਕ ਲੇਬਰ ਕਮਿਸ਼ਨਰ ਮੋਗਾ, ਲੇਬਰ ਇੰਸਪੈਕਟਰ ਸ਼੍ਰੀਮਤੀ ਮਨਰੀਤ ਕੌਰ, ਡਾ. ਵਿਨੋਦ ਕੁਮਾਰ, ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਹਰਪ੍ਰੀਤ ਸਿੰਘ, ਸਮਾਜ ਸੇਵਕ, ਯੂ.ਐੱਚ.ਯੂ. ਮੈਂਬਰ ਭਾਵਨਾ ਬਾਂਸਲ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਵਕੀਲ ਗੁਰਪ੍ਰੀਤ ਸਿੰਘ ਦੇ ਪੀ.ਐੱਲ.ਵੀ. ਜਸਵਿੰਦਰ ਕੌਰ ਤੇ ਏ.ਐੱਸ.ਆਈ. ਬਲਵੀਰ ਸਿੰਘ ਮੌਜੂਦ ਸਨ। ਇਸ ਮੌਕੇ ਟੀਮਾਂ ਨੇ ਦੁਕਾਨਦਾਰਾਂ ਨੂੰ ਬਾਲ/ਕਿਸ਼ੋਰ ਮਜ਼ਦੂਰੀ ਕਰਵਾਉਣ ਲਈ ਤਾੜਨਾ ਕੀਤੀ ਤੇ ਉਨ੍ਹਾਂ ਨੂੰ ਅਜਿਹਾ ਅਪਰਾਧ ਨਾ ਦੁਹਰਾਉਣ ਦੀ ਚੇਤਾਵਨੀ ਦਿੱਤੀ ਅਤੇ ਇਸ ਅਪਰਾਧ ਲਈ ਸਜ਼ਾ ਤੇ ਜੁਰਮਾਨੇ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਹੋਰ ਦੁਕਾਨਾਂ ਤੇ ਵਪਾਰਕ ਥਾਵਾਂ ਦੇ ਮਾਲਕਾਂ ਨੂੰ ਬਾਲ ਮਜ਼ਦੂਰੀ ਐਕਟ ਦੇ ਨਿਯਮਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਬਾਲ ਮਜ਼ਦੂਰੀ ਨਾ ਕਰਨ ਸਬੰਧੀ ਇੱਕ ਰੈਲੀ ਵੀ ਕੱਢੀ ਗਈ।

## ਜਨਤਕ ਸੂਚਨਾ

ਇੰਡੀਅਨ ਬੈਂਕ ਸੁਸ਼ਾਂਤ ਲੋਕ, ਸ਼ਾਖਾ, ਗੁਰੂਗ੍ਰਾਮ ਨੇ ਗਿਰਵੀ ਜਾਇਦਾਦ ਅਪਾਰਟਮੈਂਟ ਨੰਬਰ ਬੀ-3/1603, 15ਵੀਂ ਮੰਜ਼ਲ, ਟਾਵਰ ਬੀ-3, ਪ੍ਰੋਜੈਕਟ ਅਰਬਨ ਐਸਕੇਪ ... ਸੈਕਟਰ-82, ਗੁਰੂਗ੍ਰਾਮ, ਹਰਿਆਣਾ, ਜਿਸ ਦੀ ਮੌਜੂਦਾ ਮਾਲਕ ਸ੍ਰੀਮਤੀ ਪੂਜਾ ਨਾਰੰਗ ਪੁੱਤਰੀ ... ਸੁਨੀਤਾ ... [illegible] ... ਨਿਤਿਨ ਨੁਕਰਾਲ ਪੈਨਲ ਐਡਵੋਕੇਟ ਇੰਡੀਅਨ ਬੈਂਕ ... ਮੰਜ਼ਲ 105, ਸੈਕਟਰ-15, ਭਾਗ-1, ਗੁਰਗਾਓਂ-122001, ਮੋਬਾਇਲ : 96540-00091

# ਕਲਾਸੀਫਾਈਡ ਇਸ਼ਤਿਹਾਰ

## Change of Name

I, Baoo Masih S/O Majha Ram R/O VPO Dhainpur , Teh. Dera Baba Nanak, District Gurdaspur Punjab Have changed my name from Baoo Masih to Bau Khokhar. All Concerned May Please Note.

I, PARMINDER W/o PREM DAS R/o Village Bhadon, Distt. Jalandhar Have add the surname of my minor son from ASHISH to ASHISH DAS. Please Note.

I, Chhatarpal Singh S/o Charan Singh R/o Village Jaur Singh Wala, Tehsil Patti, District Tarn Taran have declare that my father was known by two names Charan Singh and Charn Singh one and same person.

I, Navjot Kaur W/o Sandeep Singh R/o H.No. 231, Anand Nagar, Palle Da Bagh, Distt. Hoshiarpur Pin 146001 Punjab, India. Declare that my name is Navjot Kaur. My surname is Kaur and my given name is Navjot. Concerned note.

I, Farhan Jassal Son of Sh. Jaswant Ram, Resident of Village Bhakhriana, Post Office Kotli Than Singh, Tehsil Phagwara, District Kapurthala, Punjab change my name from Farhan to Farhan Jassal. Please note. (13044)

I, Khushinder Singh Panesar S/O Karnail Singh, R/o Village Kakar Kalan, Tehsil Shahkot, District Jalandhar-144629, Punjab, India declare that I have changed my name Khushinder Singh to Khushinder Singh Panesar. Note Please.

I, Kamaljeet Kaur Panesar W/O Khushinder Singh Panesar, Resident of Village Kakar Kalan, Tehsil Shahkot, District Jalandhar-144629, Punjab, India declare that I have changed my name Kamaljeet Kaur to Kamaljeet Kaur Panesar. Note Please.

I, Sandip Kaur W/o Rachpal Singh R/o VPO Tarsikka, Tehsil Baba Bakala, Amritsar, Punjab have changed my name from Sandip Kaur to Sandeep Kaur.

I, Mukhtar Singh S/O Narain Singh R/O 1370, Gali No.3, Guru Nanak Nagar, Verka, Amritsar, Punjab have changed my name from Mukhtar Singh to Mukhtiar Singh. Concerned note.

I, Jeevan Singh S/O Sukhwinder Singh R/O VPO Chakoki, Distt. Kapurthala - 144624, Punjab have changed my name from Jeevan Singh to Jeevan as given name and Singh as Surname. All note.

I Harpreet Singh Being Father of Prabhkirat Kaur D/o Harpreet Singh R/o Vill. Salarpur PO. Raipur Pharala Jalandhar Punjab India, Have changed my minor Daughter's name from Prabhkirat Kaur To Kaur Prabhkirat (Surname as Kaur).

I Harpreet Singh Being Father of Gurmanpreet Kaur D/o Harpreet Singh R/o Vill. Salarpur Jalandhar Punjab India, Have changed my Minor Daughter's name from Gurmanpreet Kaur to Kaur Gurmanpreet (Surname as Kaur).

I Arshdeep Singh S/o Baldev Singh R/o House No. 65 Tilak Nagar Jalandhar Punjab India, Have changed my name from Arshdeep Singh to Singh Arshdeep (Surname as Singh).

I Baldev Singh S/o Hazara Singh R/o H.No. 65 Near S.P. Prime Public School Tilak Nagar Jalandhar Punjab India, Have changed my name from Baldev Singh to Singh Baldev (Surname as Singh).

I, Manjinder Singh S/o Satnam Singh R/o VPO Jiobala Tehsil and Distt Tarn Taran have changed my name from Manjinder Singh to Given name Manjinder Surname Singh

I, Mandeep Kaur D/o Gian Singh R/o Village Mehnian Brahmana PO Raipur Kalan District Amritsar have changed my name from Mandeep Kaur to Mandeep Kaur Sandhu

## Change of Name

I,Gurwinder Singh S/O Dilbag Singh R/O VPO Dhun Dhai Wala Tehsil & Distt. Tarn Taran,Punjab have changed my name from Gurwinder Singh to Gurwinder as my Given name and Singh as my Surname. Concerned note.

I, Kulvir Kaur wife of Satwant Singh resident of Vill. Nazamdinpur, PO. Kala Bakra, Jalandhar, Punjab have changed my name to Kulvir Kaur Lally. All concerned please note.

I, Paavan S/O Gautam Kumar, R/o PL-18, Chandigarh Road, Near Fortis Hospital, Vardhman Park, Mundian Khurd, Sahibana, Ludhiana Punjab-141123, have changed my name and shall hereafter be Known as Paavan Aggarwal.

I, Amardeep S/O Resham Singh, R/o Village Kasabad, Bhattian, Ludhiana, Punjab- 141008, have changed my name and shall hereafter be Known as Amardeep Singh.

I, Parkash S/O Ram Phool, R/o #52 Vaishali Enclave Baltana SAS Nagar (Mohali) Punjab- 140604, have changed my name and shall hereafter be Known as Parkash Singh.

I, Paramjit Kaur W/O Sehajpal Singh, R/o Ward NO 1, Budhlada Road, Bareta, Mansa, Punjab-151501. have changed my name and shall hereafter be Known as Paramjeet Kaur.

I, Jaspinder Kaur D/o Sukhsarwan Singh R/o Vill. Karnail Ganj, PO. Jaid, District Kapurthala, Punjab-144621, Punjab, have changed my name from Jaspinder Kaur to Given Name Jaspinder & Surname as Kaur. All concerned please note.

I, Karamjit Kaur wife of Harjinder Singh resident of H.No. 149/1, Santokh Pura, Sarabha Nagar, Jalandhar, PO Industrial Town, Jalandhar-144004, Punjab have changed my name from Karamjit Kaur to Karamjeet Kaur. All concerned please note.

I, Paras S/o Rakesh Kumar R/o House No. NJ-501, Balmiki Gate, Jalandhar-144001 Punjab have changed my name from Paras to Paras Paras and declare that Paras as well as Paras Paras is one and the same person. All concerned please note.

I, hitherto known as Sunina Devi W/o Sunil Kumar residing at H.No. 48/9, Bhargo Camp, Jalandhar, Punjab-144003 , have changed my name and shall hereafter be known as Sunaina Devi.

I, Tarsem Kaur w/o Mehnga Ram r/o P.O Tanda Ram Sahai, Teh.Mukerian, Sulehrian Khurd, Hoshiarpur, Punjab-144214 have changed my name as Kaur Tarsem. All Please Note.

I, Kulwinder Kaur d/o Raj Mall r/o Bhardwaji Bhardwajian, Jalandhar Punjab-144034 have changed my name as Kulwinder Kumari. All Please Note.

I, Charanjit s/o Santokh Singh r/o VPO. Isharwal, Distt. Jalandhar-144102, Punjab have changed my name from Charanjit to Charanjit Singh. All Please Note.

I, Sakshi w/o Manish Gill r/o H.No.186, St. No.7, Nijatam Nagar, Basti Nau, Po. Basti Guzan, Jalandhar have changed my name from Sakshi to Sakshi Gill. All Please Note.

I, Jyoti w/o Ram Chander Yadav r/o 7/268, Bheem Rao Colony, Banga, (Rural) Shaheed Bhagat Singh Nagar have changed my name from Jyoti to Jyoti Yadav. All Please Note.

I, Sarabjit W/o Lubhaiya, R/o Baje Chak, PO. Babri Jiwan Wal, Distt. Gurdaspur,Punjab, India. Have Changed my Name From Sarabjit to Sarbjeet.

## Change of Name

I, Mehak W/o Kartik Sharma R/o H.No.48, Bedian Mohalla, Khalwara Gate, Phagwara, Distt. Kapurthala, Punjab have changed my name from Mehak to Mehak Sharma, after marriage. All Please Note.

I, Lubhiaya S/o Bira, R/o Baje Chak, PO. Babri Jiwan Wal, Distt. Gurdaspur,Punjab, India. Have Changed my Name From Lubhiaya to Lubhaiya.

I, Ram Chander s/o Badri Parshad Yadav r/o 7/268, Bheem Rao Colony, Banga, (Rural) Shaheed Bhagat Singh Nagar have changed my name from Ram Chander to Ram Chander Yadav. All Please Note.

## ਨਾਂਅ ਦੀ ਬਦਲੀ

ਮੈਂ ਪਿੰਕੀ ਪੁੱਤਰੀ ਸੰਤੋਖ ਕੁਮਾਰ, ਵਾਸੀ ਮਕਾਨ ਨੰਬਰ B9-517/1, ਸੰਤੋਖ ਪੁਰਾ, VPO ਇੰਡਸਟਰੀਅਲ ਟਾਊਨ, ਜਲੰਧਰ ਨੇ ਆਪਣਾ ਨਾਮ ਪਿੰਕੀ ਤੋਂ ਬਦਲ ਕੇ ਪਿੰਕੀ ਸੰਧੀ ਰੱਖ ਲਿਆ ਹੈ।

## ਆਮ ਸੂਚਨਾ

ਅਸੀਂ, ਸੋਮੇਸ਼ ਕਪੂਰ ਪੁੱਤਰ ਦੇਵ ਰਾਜ ਅਤੇ ਨੀਲਮ ਕਪੂਰ ਪਤਨੀ ਸੋਮੇਸ਼ ਕਪੂਰ, ਵਾਸੀਆਨ ਯੂਨੀਵਰਸਲ ਇਨਕਲੇਵ, ਜੀ. ਟੀ. ਰੋਡ ਛੇਹਰਟਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਓਜਸ ਕਪੂਰ ਨੂੰ ਕਹਿਣੇ-ਸੁਣਨੇ ਤੋਂ ਬਾਹਰ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਸਾਡਾ ਲੜਕਾ ਓਜਸ ਸਾਡੇ ਕਹਿਣੇ ਵਿਚ ਹੈ ਅਤੇ ਸਾਡੀ ਹਰ ਗੱਲ ਨਾਲ ਸਹਿਮਤ ਹੈ। ਹੁਣ ਅਸੀਂ ਆਪਣੇ ਲੜਕੇ ਦੀ ਦਿੱਤੀ ਹੋਈ ਬੇਦਖਲੀ ਰੱਦ ਕਰਦੇ ਹਾਂ। ਹੁਣ ਇਹ ਸਾਡੀ ਚੱਲ ਵਾ ਅਚੱਲ ਜਾਇਦਾਦ ਦਾ ਬਰਾਬਰ ਦਾ ਹੱਕਦਾਰ ਹੋਵੇਗਾ।

ਮੈਂ, ਗੁਰਦਿਆਲ ਸਿੰਘ ਪੁੱਤਰ ਗੁਰਮੇਜ ਸਿੰਘ, ਵਾਸੀ ਪਿੰਡ ਗਾਂਧਰਾ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੈਨੂੰ ਗੁਰਦਿਆਲ ਸਿੰਘ ਅਤੇ ਦਿਆਲ ਸਿੰਘ ਦੋਵਾਂ ਨਾਵਾਂ ਨਾਲ ਜਾਣਿਆ ਜਾਵੇ। ਮਾਲ ਰਿਕਾਰਡ ਅਨੁਸਾਰ ਮੇਰੇ ਦੋਵੇਂ ਨਾਂਅ ਚੱਲ ਰਹੇ ਹਨ।

ਮੈਂ, ਸੁਦਰਸ਼ਨ ਕੁਮਾਰ ਪੁੱਤਰ ਬਖਸ਼ੀ ਰਾਮ ਅਤੇ ਰਵਿੰਦਰ ਕੁਮਾਰੀ ਪਤਨੀ ਸੁਦਰਸ਼ਨ ਕੁਮਾਰ ਵਾਸੀਆਨ ਮਕਾਨ ਨੰਬਰ 2151, ਨੇੜੇ ਬਿਜਲੀ ਘਰ, ਟਾਂਡਾ, ਡਾਲਾ, ਤਹਿਸੀਲ ਟਾਂਡਾ, ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਅਸੀ ਆਪਣੇ ਪੁੱਤਰ ਹਤੀਸ਼ ਕੁਮਾਰ ਅਤੇ ਉਸਦੀ ਪਤਨੀ ਕਵਿਤਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਅਖਬਾਰ ਵਿੱਚ ਇਸ਼ਤਿਹਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਉਕਤ ਪੁੱਤਰ ਅਤੇ ਉਸਦੀ ਪਤਨੀ ਸਾਡੇ ਕਹਿਣੇ ਵਿੱਚ ਹਨ। ਇਸ ਲਈ ਅਸੀਂ ਇਨ੍ਹਾਂ ਦੀ ਬੇਦਖਲੀ ਵਾਪਿਸ ਲੈਂਦੇ ਹਾਂ। ਹੁਣ ਮੇਰਾ ਪੁੱਤਰ ਅਤੇ ਉਸਦੀ ਪਤਨੀ ਦੋਵੇਂ ਸਾਡੀ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਿਤ ਨੋਟ ਕਰਨ।

ਅਸੀਂ ਬਸੰਤ ਸਿੰਘ ਪੁੱਤਰ ਸਵਰਨ ਸਿੰਘ ਅਤੇ ਨਵਰੀਤ ਕੌਰ ਪਤਨੀ ਬਸੰਤ ਸਿੰਘ ਵਾਸੀਆਨ ਮਹਿਤਾ ਕਾਲੋਨੀ, ਧਾਰੀਵਾਲ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਪੁੱਤਰ ਜਗਮੀਤ ਸਿੰਘ ਅਤੇ ਨੂੰਹ ਕੁਦਰਤਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 12-11-2024 ਨੂੰ ਨਵਾਂ ਜਮਾਨਾ ਅਖਬਾਰ ਰਾਹੀਂ ਬੇਦਖਲ ਕੀਤਾ ਸੀ। ਹੁਣ ਸਾਡਾ ਉਕਤ ਪੁੱਤਰ ਵਾ ਨੂੰਹ ਸਾਡੇ ਕਹਿਣੇ ਵਿੱਚ ਹਨ। ਇਸ ਲਈ ਅਸੀਂ ਆਪਣੀ ਦਿੱਤੀ ਹੋਈ ਉਕਤ ਬੇਦਖਲੀ ਵਾਪਿਸ ਲੈਂਦੇ ਹਾਂ ਅਤੇ ਹੁਣ ਸਾਡਾ ਲੜਕਾ ਅਤੇ ਨੂੰਹ ਸਾਡੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਹੋਣਗੇ। ਸੰਬੰਧਿਤ ਨੋਟ ਕਰਨ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰਬਰ AP 47-1579 (12.5 BHP) ਜੋ ਜਗਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਭਿੱਖੀਵਿੰਡ ਦੇ ਨਾਮ ਤੇ ਹੈ ਅਤੇ ਇਸ ਟਿਊਬਵੈੱਲ ਕੁਨੈਕਸ਼ਨ ਨੂੰ ਭੁਪਿੰਦਰ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਮਾੜੀਮੇਘਾ ਨੇ ਆਪਣੇ ਨਾਂਅ ਤੇ ਤਬਦੀਲ ਕਰਾਉਣਾ ਹੈ। ਜੇਕਰ ਇਸ ਨਾਂ ਦੀ ਤਬਦੀਲੀ ਸਬੰਧੀ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ 30 ਦਿਨਾਂ ਅੰਦਰ ਉਪਮੰਡਲ ਦਫ਼ਤਰ PSPCL ਭਿੱਖੀਵਿੰਡ ਵਿਖੇ ਆਪਣੇ ਇਤਰਾਜ਼ ਦੇ ਸਕਦਾ ਹੈ। ਇਸ ਤੋਂ ਬਾਅਦ ਮਿਲੇ ਕਿਸੇ ਵੀ ਇਤਰਾਜ਼ ਉਪਰ ਗੌਰ ਨਹੀਂ ਕੀਤਾ ਜਾਵੇਗਾ।

## PUBLIC NOTICE

I, Rajan Kumar S/o Shamsher Singh R/o Village Purowal Araian, PO. Chor Sidhwan Punjab, India. Declare that my given name as Rajan and my Surname as Kumar.

Sub - Contract Agreement dated 07.11.2025 between Jaswan Furnishers & Infrastructure Developers, Amritsar and GMG Builders, Amritsar regarding Improvement Trust works (WO 3601/SE, 3672/SE, 3678/SE) Stands cancelled w.e.f 06.02.2026. Jaswal Furnishers has no concern of liability. Any dealing with GMG Builders regarding Said works shall be at own risk

I, Harjit Singh S/o S. Balwant Singh Teji R/o H.No. 38, SAS Nagar, Jalandhar, Punjab declare that my son Gurchetanbir Singh @ Charul and his wife Tannu Solanki are out of my control. I disinherit them from my moveable and immovable properties. I and my family shall not be held responsible for any of their acts, deeds and things.

## ਬੇਦਖਲੀ ਨੋਟਿਸ

ਮੈਂ, ਰਮੇਸ਼ ਕੁਮਾਰ ਪੁੱਤਰ ਚੰਦਗੀ ਰਾਮ, ਵਾਸੀ ਗੁੱਜਰਾਂ ਵਾਲਾ ਮੁਹੱਲਾ, ਧੂਰੀ (ਸੰਗਰੂਰ) ਆਪਣੇ ਲੜਕੇ ਰੋਹਿਤ, ਨੂੰਹ ਮਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖ਼ੁਦ ਜ਼ਿੰਮੇਵਾਰ ਹੋਣਗੇ।

ਮੈਂ ਬਲਵਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਪਿੰਡ ਅਰਜਨ ਮਾਂਗਾ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਹਾਂ। ਮੇਰਾ ਲੜਕਾ ਰਜਿੰਦਰ ਸਿੰਘ ਅਤੇ ਨੂੰਹ ਕੁਲਬੀਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਦੋਵਾਂ ਨੂੰ ਆਪਣੀ ਚੱਲ /ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਆਪ ਜ਼ਿੰਮੇਵਾਰ ਹੋਵੇਗਾ।

ਮੈਂ, ਹੁਕਮ ਚੰਦ ਪੁੱਤਰ ਭਜਨ ਲਾਲ, ਵਾਸੀ ਪੱਤੀ ਸੁੱਖਾ, ਬੀੜ ਰਾਊਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਨੂੰਹ ਸਿਮਰਨ ਪਤਨੀ ਹਰਪ੍ਰੀਤ ਸਿੰਘ ਅਤੇ ਪੋਤੀਆਂ ਰੀਤ, ਵੀਰਾ ਅਤੇ ਪੋਤਾ ਅਵੀ, ਜੋ ਕਹਿਣੇ ਤੋਂ ਬਾਹਰ ਹਨ। ਮੇਰੇ ਲੜਕੇ ਹਰਪ੍ਰੀਤ ਸਿੰਘ ਦੀ ਮੌਤ ਹੋ ਚੁੱਕੀ ਹੈ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

ਮੈਂ, ਬਲਵਿੰਦਰ ਸਿੰਘ ਪੁੱਤਰ ਸੰਗਾਰਾ ਸਿੰਘ, ਵਾਸੀ ਪਿੰਡ ਚੰਬਾ ਕਲਾਂ, ਤਹਿਸੀਲ/ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਹਰਮਨ ਕੌਰ, ਜੋ ਸ਼ਾਦੀਸ਼ੁਦਾ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸੁਖਵਿੰਦਰ ਕੌਰ ਪਤਨੀ ਸੋਢੀ ਰਾਮ ਵਾਸੀ ਪਿੰਡ ਤਲਵਾੜਾ ਡਾਕਖਾਨਾ ਆਦਮਪੁਰ ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਤਪਾਲ ਉਰਫ ਸ਼ੰਮੀ ਤੇ ਉਸ ਦੀ ਪਤਨੀ ਹਰਜੀਤ ਕੌਰ ਉਰਫ ਰੀਤੂ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਉਪਰੋਕਤ ਦੋਵਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਜੋ ਕਿ ਭਾਰਤ ਵਿੱਚ ਕਿਤੇ ਵੀ ਹੋਵੇ ਉਸ ਤੋਂ ਬੇਦਖਲ ਕਰਦੀ ਹਾਂ। ਜੋ ਵੀ ਇਨ੍ਹਾਂ ਨਾਲ ਲੈਣ-ਦੇਣ ਕਰੇਗਾ ਉਹ ਉਸ ਦਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੰਦੀਪ ਕੌਰ ਪਤਨੀ ਪਰਸ਼ੋਤਮ ਲਾਲ ਪੁੱਤਰ ਸਬੋਧ ਕੁਮਾਰ ਵਾਸੀ ਪਿੰਡ ਪਾਰੋਵਾਲ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਪਤੀ ਪਰਸ਼ੋਤਮ ਲਾਲ ਪੁੱਤਰ ਸਬੋਧ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਆਪਣੇ ਪਤੀ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰੇ ਪਤੀ ਨਾਲ ਕਿਸੇ ਵੀ ਤਰ੍ਹਾ ਦਾ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਨਿਰਮਲ ਕੌਰ ਪਤਨੀ ਲਹਿੰਬਰ ਸਿੰਘ ਵਾਸੀ ਪਿੰਡ ਬਿੱਲੀ ਚਾਓ, ਡਾਕਖਾਨਾ ਖਾਨਪੁਰ ਢੱਡੇ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਜਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਹਿਰਾਜ ਆਲਮ ਪੁੱਤਰ ਹੁਸੈਨ ਸਰੀਫ ਵਾਸੀ 52, ਵਾਰਡ ਨੰ. 22, ਡਾਂਗੀ ਬਸਤੀ, ਤਗਰੀਆ, ਕਿਸ਼ਨਗੰਜ, ਬਿਹਾਰ ਹਾਲਵਾਸੀ ਮਕਾਨ ਨੰ. 11, ਤਾਰਾ ਚੰਦ ਕਲੋਨੀ, ਗੜ੍ਹਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਸੋਨਮ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਮਲਕੀਤ ਸਿੰਘ ਪੁੱਤਰ ਦਿਲਬਾਗ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਤਲਵੰਡੀ ਡੱਡੀਆਂ, ਤਹਿਸੀਲ ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਸੰਦੀਪ ਸਿੰਘ (26 ਸਾਲ), ਜੋ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ, ਹੁਣ ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਰਿਸ਼ਤਾ ਨਹੀਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕਿਸੇ ਪ੍ਰਕਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਮੁਖਤਾਰ ਸਿੰਘ ਪੁੱਤਰ ਜੋਗਾ ਸਿੰਘ ਅਤੇ ਹਰਜੀਤ ਕੌਰ ਪਤਨੀ ਮੁਖਤਾਰ ਸਿੰਘ ਵਾਸੀਆਨ ਪਿੰਡ ਤਲਵੰਡੀ, ਦਸੌਂਦਾ ਸਿੰਘ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜਸ਼ਨਦੀਪ ਸਿੰਘ (ਕੁਆਰਾ) ਸਾਡੇ ਕਹਿਣੇ-ਸੁਣਨੇ ਤੋਂ ਬਾਹਰ ਹੈ ਅਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀਂ ਅਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵੇਗਾ। ਉਹ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ, ਸਾਡੇ ਬੇਟੇ ਅਕਾਸ਼ਦੀਪ ਅਤੇ ਸਾਡੇ ਪਰਵਾਰ ਦਾ ਉਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਗੁਰਮੀਤ ਸਿੰਘ ਪੁੱਤਰ ਨਰਿੰਜਨ ਸਿੰਘ ਵਾ ਰਣਜੀਤ ਕੌਰ ਪਤਨੀ ਗੁਰਮੀਤ ਸਿੰਘ ਵਾਸੀ ਮਕਾਨ ਨੰ: 1059/9, ਰਣਜੀਤ ਐਵੀਨਿਊ, ਹਰਦੋਛੰਨੀ ਰੋਡ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਪੁੱਤਰ ਸਿਮਰਨਜੀਤ ਸਿੰਘ ਅਤੇ ਸਾਡੀ ਨੂੰਹ ਰਮਨਪ੍ਰੀਤ ਕੌਰ ਅਤੇ ਉਨ੍ਹਾਂ ਦਾ ਇਕ ਪੁੱਤਰ ਅਗਮਜੋਤ ਸਿੰਘ, ਜੋ ਸਾਡੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਉਤਰ ਰੇਲਵੇ

### ਦਿਲਚਸਪੀ ਦਾ ਪ੍ਰਗਟਾਵਾ


ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਚੀਫ ਮੈਡੀਕਲ ਸੁਪਰਟੈਂਡੈਂਟ ਉਤਰ ਰੇਲਵੇ, ਫਿਰੋਜਪੁਰ ਨਿਰਧਾਰਿਤ ਫਾਰਮੈਟ ਤੇ ਹੇਠਾਂਲਿਖਤ ਮੁਹਰਬੰਦ ਦਿਲਚਸਪੀ ਦਾ ਪ੍ਰਗਟਾਵਾ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1 | ਕੰਮ ਦਾ ਵੇਰਵਾ: ਮੰਡਲ ਹਸਪਤਾਲ ਫਿਰੋਜਪੁਰ, ਉਪ-ਮੰਡਲ ਹਸਪਤਾਲ ਅੰਮ੍ਰਿਤਸਰ ਸਿਹਤ ਕੇਂਦਰ ਲੁਧਿਆਣਾ, ਸਿਹਤ ਕੇਂਦਰ ਜਲੰਧਰ ਸਿਟੀ, ਜਲੰਧਰ ਕੈਂਟ, ਕੋਟਕਪੁਰਾ ਦੇ ਲਈ ਨੇਦਾਨਿਕ ਸੇਵਾਵਾਂ ਉਪਲਬਧ ਕਰਾਉਣ ਦੇ ਲਈ ਪੇਨਲ ਵਿਚ ਸ਼ਾਮਲ ਕਰਨ ਲਈ ਪ੍ਰਸਿਧ ਰਜਿਸਟਰਡ ਅਤੇ ਲਾਈਸੈਂਸ ਹੋਲਡਰ ਨੇਦਾਨਿਕ ਕੇਂਦਰਾਂ ਵਿਚ ਦਿਲਚਸਪੀ ਦਾ ਪ੍ਰਗਟਾਵਾ। | |
| 2 | ਸਮਾਂ | ਕੰਮ ਸ਼ੁਰੂ ਹੋਣ ਦੀ ਮਿਤੀ ਤੋਂ ਦੋ ਸਾਲ |
| 3 | ਕੰਮ ਦੀ ਅੰਦਾਜਨ ਲਾਗਤ | ਕੋਈ ਨਹੀਂ |
| 4 | ਬਿਆਨਾ ਰਾਸ਼ੀ | ਕੋਈ ਨਹੀਂ |
| 5 | ਟੈਂਡਰ ਫਾਰਮ ਦੀ ਲਾਗਤ | ਕੋਈ ਨਹੀਂ |
| 6 | ਟੈਂਡਰ ਫਾਰਮ ਨੂੰ ਪ੍ਰਾਪਤ ਕਰਨ ਲਈ ਮਿਤੀ ਅਤੇ ਸਮਾਂ: ਚੀਫ ਮੈਡੀਕਲ ਸੁਪਰਟੈਂਡੈਂਟ ਦਫਤਰ, ਮੰਡਲ ਚਿਕਿਤਸਾਲਯ ਫਿਰੋਜਪੁਰ ਤੋਂ ਕਿਸੇ ਵੀ ਕੰਮ ਵਾਲੇ ਦਿਨ ਨੂੰ ਮਿਤੀ 13.02.2026 ਤੋਂ 11.03.2026 ਤਕ 11:00 ਵਜੇ ਤਕ ਪ੍ਰਾਪਤ ਕੀਤੇ ਜਾ ਸਕਦੇ ਹਨ। | |
| 7 | ਟੈਂਡਰ ਬਾਕਸ ਦਾ ਸਥਾਨ | ਚੀਫ ਮੈਡੀਕਲ ਸੁਪਰਟੈਂਡੈਂਟ ਦਫਤਰ, ਉਤਰ ਰੇਲਵੇ,ਫਿਰੋਜਪੁਰ |
| 8 | ਟੈਂਡਰ ਦਸਤਾਵੇਜਾਂ ਨੂੰ ਭੇਜਣ ਦੇ ਲਈ ਮਿਤੀ ਅਤੇ ਸਮਾਂ | 11.03.2026 ਨੂੰ 11:00 ਵਜੇ ਤਕ। ਟੈਂਡਰ ਬਾਕਸ ਨੂੰ 11.03.2026 ਨੂੰ 11:30 ਵਜੇ ਖੋਹਲਿਆ ਜਵੇਗਾ। |

ਟਿਪਣੀ: ਉਪਰੋਕਤ ਕੰਮ ਦੇ ਸਮਾਨ ਹੋਰ ਤਰ੍ਹਾਂ ਦੇ ਕੰਮ ਦੀ ਪਰਿਭਾਸ਼ਾ: ਲਾਗੂ ਨਹੀਂ।
ਪੱਤਰ ਨੰਬਰ: 15-ਮੇਡ/ਇਨਵੇਸਟੀਗੇਸ਼ਨ ਮਿਤੀ: 13.02.2026    494/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਅਦਾਲਤੀ ਇਸ਼ਤਿਹਾਰ




ਬਾ ਅਦਾਲਤ ਮੈਰਿਜ ਅਫਸਰ, ਪਠਾਨਕੋਟ
ਸਪੈਸ਼ਲ ਮੈਰਿਜ ਐਕਟ ਅਧੀਨ ਮੈਰਿਜ ਸਾਲਮਨਾਈਜ਼ ਕਰਵਾਉਣ ਸੰਬੰਧੀ ਨੋਟਿਸ
ਬਨਾਮ
ਜਨਰਲ ਪਬਲਿਕ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਹਕਸ਼ਨ ਹਾਸ਼ਮੀ ਪੁੱਤਰੀ ਰੀਜਵਾਨਉਲ ਹੱਸਣ ਵਾਸੀ H. No. 110 Gali No. 2 NEHRU NAGAR DHAKKI ROAD, Pathankot, Pathankot, Punjab ਨੇ ਇਸ ਅਦਾਲਤ ਵਿਚ ਸਪੈਸ਼ਲ ਮੈਰਿਜ ਐਕਟ 1954 ਅਧੀਨ ਸੁਮਿਤ ਸ਼੍ਰੀਵਾਸਤਵ ਪੁੱਤਰ ਧੀਰੇਂਦਰ ਸ਼੍ਰੀਵਾਸਤਵ, ਵਾਸੀ 24 A VINDVASNI NAGAR GORAKHPUR 273001 ਨਾਲ ਮੈਰਿਜ ਸਾਲਮਨਾਈਜ਼ ਕਰਵਾਉਣ ਲਈ ਦਰਖਾਸਤ ਦਿੱਤੀ ਹੈ।

ਜੇਕਰ ਕਿਸੇ ਵਿਅਕਤੀ ਨੂੰ ਇਸ ਮੈਰਿਜ ਸਾਲਮਨਾਈਜ਼ ਹੋਣ ਵਿਚ ਕੋਈ ਇਤਰਾਜ਼ ਹੋਵੇ ਤਾਂ ਉਹ ਖੁਦ ਜਾਂ ਵਕੀਲ ਰਾਹੀਂ ਆਪਣਾ ਇਤਰਾਜ਼ ਇਸ ਇਸ਼ਤਿਹਾਰ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਅਦਾਲਤ ਵਿਚ ਪੇਸ਼ ਕਰ ਸਕਦਾ ਹੈ। ਇਸ ਤੋਂ ਬਾਅਦ ਆਏ ਇਸ਼ਤਿਹਾਰ 'ਤੇ ਗੌਰ ਨਹੀਂ ਕੀਤਾ ਜਾਵੇਗਾ।

ਨੰਬਰ : 09/ ਰੀਡਰ    ਮਿਤੀ : 29 Jan. 2026    ਜ਼ਿਲ੍ਹਾ ਮੈਰਿਜ ਅਫਸਰ, ਪਠਾਨੋਕਟ

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001,.Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025., Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006.

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੀਆਂ ਤਾਕਤਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।
ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੀਆਂ ਸ਼ਕਤੀਆਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ।
ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।
ਉਪਲਬਧ ਸਮੇਂ 'ਚ ਕਰਜ਼ਦਾਰ ਦਾ ਧਿਆਨ ਸੁਰੱਖਿਅਤ ਐਸੇਟਸ ਦੇ ਪੁਨਰ ਗ੍ਰਹਿਣ ਲਈ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਮਿਤੀ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਕਮ (ਰੁਪਏ) |
|---|---|---|---|---|---|
| 1. | 1. ਸ੍ਰੀ ਗੁਨਰਾਜ ਸਿੰਘ ਸਿੰਘ ਹਰਬਿੰਦਰ ਸਿੰਘ (ਕਰਜ਼ਦਾਰ ਅਤੇ ਰਹਿਣਕਾਰ) 2. ਸ੍ਰੀਮਤੀ ਹਰਜੀਤ ਕੌਰ ਪਤਨੀ ਸਵਿੰਦਰ ਸਿੰਘ (ਸਹਿ-ਕਰਜ਼ਦਾਰ) 3. ਸ੍ਰੀ ਹਰਬਿੰਦਰ ਸਿੰਘ ਪੁੱਤਰ ਨਰੰਜਣ ਸਿੰਘ (ਸਹਿ-ਕਰਜ਼ਦਾਰ) 4. ਸ੍ਰੀਮਤੀ ਕੁਲਦੀਪ ਕੌਰ ਪਤਨੀ ਜਬੀਰ ਸਿੰਘ (ਸਹਿ-ਕਰਜ਼ਦਾਰ) | 01st Nov-2025 | 10th November, 2025 | 11th-Feb-2026 | ਰੁਪਏ 1,52,82,493.93/- (ਇੱਕ ਕਰੋੜ ਬਵੰਜਾ ਲੱਖ ਬਿਆਸੀ ਹਜ਼ਾਰ ਚਾਰ ਸੌ ਤਿਰੰਨਵੇਂ ਰੁਪਏ ਅਤੇ ਤਿਰੰਨਵੇਂ ਪੈਸੇ ਕੇਵਲ) |
| | **ਰਹਿਣ ਕੀਤੀ ਜਾਇਦਾਦ ਦਾ ਵੇਰਵਾ:** 2420 ਵਰਗ ਗਜ਼ 04 ਕਨਾਲ 00 ਮਰਲਾ, ਜ਼ਮੀਨ ਰਕਬਾ 06 ਕਨਾਲ 17 ਮਰਲਾ ਚੋਂ 80/137 ਹਿੱਸਾ, ਖਸਰਾ ਨੰ. 424 [6-17], ਖੱਤਾ ਖਤੌਨੀ ਨੰ. 46/1/109/1, ਗੰਡੀਵਿੰਡ ਵਿਖੇ ਸਥਿਤ, ਤਹਿਸੀਲ ਝਬਾਲ ਕਲਾਂ, ਜ਼ਿਲ੍ਹਾ ਤਰਨ ਤਾਰਨ, ਜਮ੍ਹਾਂਬੰਦੀ ਸਾਲ 2017-18, ਸ੍ਰੀ ਗੁਨਰਾਜ ਸਿੰਘ ਪੁੱਤਰ ਹਰਬਿੰਦਰ ਸਿੰਘ ਦੇ ਨਾਂਅ ਜਾਇਦਾਦ ਦਾ ਉਚਿਤ ਗਿਰਵੀਨਾਮਾ। ਹੱਦਾਂ :- ਉੱਤਰ : ਗਲੀ ਅਤੇ ਹੋਰ ਦਾ ਮਕਾਨ, ਪੱਛਮ : ਗਲੀ, ਦੱਖਣ : ਸੜਕ, ਪੂਰਬ : ਗਲੀ | | | | |
| 2. | 1. ਸ੍ਰੀ ਗੁਰਿੰਦਰਬੀਰ ਸਿੰਘ ਪੁੱਤਰ ਕਰਤਾਰ ਸਿੰਘ (ਕਰਜ਼ਦਾਰ ਅਤੇ ਰਹਿਣਕਾਰ) 2. ਸ੍ਰੀ ਨੇਤਰਪਾਲ ਸਿੰਘ ਪੁੱਤਰ ਗੁਰਿੰਦਰਬੀਰ ਸਿੰਘ (ਸਹਿ-ਕਰਜ਼ਦਾਰ) | 01st May-2025 | 10th November, 2025 | 12th-Feb-2026 | ਰੁਪਏ 29,65,271.24/- (ਉਨੱਤੀ ਲੱਖ ਪੈਂਹਠ ਹਜ਼ਾਰ ਦੋ ਸੌ ਇਕੱਤਰ ਰੁਪਏ ਅਤੇ ਚੌਵੀ ਪੈਸੇ ਕੇਵਲ) |
| | **ਰਹਿਣ ਕੀਤੀ ਜਾਇਦਾਦ ਦਾ ਵੇਰਵਾ:** ਇੰਤਕਾਲ ਬੈਨਾਮਾ ਨੰ. 206 ਮਿਤੀ 06.04.2018 ਅਨੁਸਾਰ ਗੁਰਿੰਦਰਬੀਰ ਸਿੰਘ ਪੁੱਤਰ ਕਰਤਾਰ ਸਿੰਘ ਦੇ ਨਾਂਅ ਵਪਾਰਕ ਜਾਇਦਾਦ ਦਾ ਉਚਿਤ ਗਿਰਵੀਨਾਮਾ ਦੁਕਾਨ/ਪਲਾਟ ਨੰ. 353, ਰਕਬਾ 10x30-4 1/2 (33-75 ਵਰਗ ਗਜ਼) ਭਗਤਾ ਵਾਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ । ਹੱਦਾਂ : ਉੱਤਰ : ਸੜਕ, ਪੱਛਮ : ਦੁਕਾਨ ਨੰ. 354, ਦੱਖਣ : ਖੁੱਲ੍ਹਾ ਖੇਤਰ ਅਤੇ ਉੱਪਰ ਡੰਪ, ਪੂਰਬ : ਸੜਕ | | | | |

ਮਿਤੀ 14.02.2026    ਸਹੀ/- (ਅਧਿਕਾਰਤ ਅਫ਼ਸਰ)
ਸਥਾਨ : ਪੰਜਾਬ    ਐਕਸਿਸ ਬੈਂਕ ਲਿਮਟਿਡ

## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 24.09.2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਹਰਜੋਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਪੱਤੀ-ਬੂੜਾ, ਦਾਖਾ, ਲੁਧਿਆਣਾ, ਪੰਜਾਬ-141102 2. ਸ੍ਰੀ ਦਰਸ਼ਨ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪੱਤੀ-ਬੂੜਾ, ਦਾਖਾ, ਲੁਧਿਆਣਾ, ਪੰਜਾਬ-141102 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਸਤਨਾਮ ਸਿੰਘ ਪੁੱਤਰ ਗੁਰਦੇਵ ਸਿੰਘ ਵਾਸੀ ਵੀ ਟੀ ਸੀ ਹਸਨਪੁਰ, ਡਾਕ. ਹਸਨਪੁਰ, ਜ਼ਿਲ੍ਹਾ ਲੁਧਿਆਣਾ, ਪੰਜਾਬ-141102 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਐੱਲ ਏ ਪੀ/131602000037 'ਚ ਬਕਾਇਆ ਰਕਮ ਰੁਪਏ 24,23,340.45 ਦਸਰਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।
ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।
ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।
ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਲ ਏ ਪੀ/131602000037 ਵਿੱਚ ਬਕਾਇਆ ਰਾਸ਼ੀ ਰੁਪਏ 24,23,340.45 ਸਮੇਤ ਮਿਤੀ 01.09.2025 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

### ਅਚੱਲ ਜਾਇਦਾਦ ਦਾ ਵੇਰਵਾ

ਪ੍ਰਾਇਮਰੀ ਸਕਿਉਰਟੀ : ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 1145 ਮਿਤੀ 07.02.2002 ਅਨੁਸਾਰ ਸ੍ਰੀ ਦਰਸ਼ਨ ਸਿੰਘ ਪੁੱਤਰ ਜੋਗਿੰਦਰ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 0 ਬਿੱਘਾ 1 ਬਿਸਵਾ 13-1/3 ਬਿਸਵਾਸੀ, ਪਿੰਡ ਦਾਖਾ 1 ਵਿਖੇ ਸਥਿਤ, ਹੱਦਬਸਤ ਨੰ. 142, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ।
ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਤਬਾਦਲਾ ਬੈਨਾਮਾ ਦਸਤਾਵੇਜ਼ ਨੰ. 2022-23/23/1/5488 ਮਿਤੀ 03.08.2022 ਅਨੁਸਾਰ ਸ੍ਰੀ ਹਰਜੋਤ ਸਿੰਘ ਪੁੱਤਰ ਦਰਸ਼ਨ ਸਿੰਘ ਦੀ ਮਲਕੀਅਤ ਜਾਇਦਾਦ ਰਕਬਾ 0 ਬਿੱਘਾ, 2 ਬਿਸਵੇ ਜਾਂ 100 ਵਰਗ ਗਜ਼, ਪੱਤੀ ਝੂਟੀ ਵਿਖੇ ਸਥਿਤ, ਗਲੀ ਨੰ. 13, ਪ੍ਰਤਾਪ ਨਗਰ, ਬਠਿੰਡਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ ਨਾਲ ਸੰਬੰਧਤ ਸਭ ਕੁੱਝ।

ਮਿਤੀ : 10.02.2026    (ਅਧਿਕਾਰਤ ਅਫ਼ਸਰ)
ਸਥਾਨ : ਬਠਿੰਡਾ    ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਉਪ ਮੁੱਖ ਬਿਜਲੀ ਇੰਜੀਨੀਅਰ/ਜੀਐਸਯੂ ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ.) | ਬਿਆਨਾ ਰਾਸ਼ੀ (ਰੁ.) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬ ਸਾਈਟ |
|---|---|---|---|---|---|---|
| 27-ਬਿਜਲੀ/ ਜੀਐਸਯੂ-T-03-2026-27 | ਲੁਧਿਆਣਾ ਆਊਟਪਿਟ ਵਿਚ ਈਐਲਐਸ/ ਐਲਡੀਐਚ ਆਧਾਰਿਤ ਬਿਜਲੀ ਇੰਜਨਾਂ ਦੇ ਨਿਰਧਾਰਿਤ / ਐਮਰਜੈਂਸੀ ਨਿਰੀਖਣ ਲਈ ਅਵਸੰਰਚਨਾ ਸਿਰਜਨ ਦੇ ਸਬੰਧ ਵਿਚ ਬਿਜਲੀ ਕੰਮ। | 47,17,755.80p | 94,400/- | 06 Months | 09.03.2026 after 15:00 Hrs. | www.ireps.gov.in |

ਖੁਲ੍ਹੀ ਨਿਵਿਦਾ ਸੂਚਨਾ ਸੰਖਿਆ: ਐਨਆਈਟੀ-03/2026-27 ਮਿਤੀ: 13.02.2026    501/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀ.ਮੰਡਲ ਬਿਜਲੀ ਇੰਜੀਨੀਅਰ/ਸਾ./, ਉੱਤਰ ਰੇਲਵੇ/ਜੰਮੂ ਤਵੀ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ । ਟੈਂਡਰਕਾਰ ਆਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੇਬਸਾਈਟ |
|---|---|---|---|---|---|---|
| 251-J-ਬਿਜਲੀ-T-25-2025-26 | ਪਠਾਨਕੋਟ ਵਿਚ ਪੁਰਾਨੇ ਜਰਜਰ ਅਤੇ ਪਰਿਤਯਕਤ ਸਟਾਫ ਕਵਾਟਰਸ ਦੀ ਜਗ੍ਹਾਂ ਨਵੇ 10 ਪ੍ਰਕਾਰ-II-ਕਵਾਟਰਸ ਦੇ ਨਿਰਮਾਣ ਤੋਂ ਸਬੰਧਿਤ ਬਿਜਲੀ ਕੰਮ । | Rs. 21,85,225.84 | 43,700.00 | 06 ਮਹੀਨੇ | 09.03.2026 15:00 ਵਜੇ ਦੇ ਬਾਦ | www.ireps.gov.in |

ਨੰ:- 251- J-ਬਿਜਲੀ/ਬਿਜਲੀ-ਟੈਂਡਰ ਨੋਟਿਸ ਨੰ: /25/2025-26 ਮਿਤੀ : 12.02.2026    484/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਦਫ਼ਤਰ, ਨਗਰ ਕੌਂਸਲ ਡੇਰਾ ਬਾਬਾ ਨਾਨਕ

Email :- eomcdbn02@gmail.com

ਸ੍ਰੀ ਚੋਲਾ ਸਾਹਿਬ ਜੀ ਦਾ ਮੇਲਾ ਹਰ ਸਾਲ ਦੀ ਤਰ੍ਹਾਂ ਡੇਰਾ ਬਾਬਾ ਨਾਨਕ ਵਿਖੇ ਇਸ ਸਾਲ ਵੀ ਮਿਤੀ 04.03.2026 ਤੋਂ ਲੈ ਕੇ 10.03.2026 ਤੱਕ ਲਗਾਇਆ ਜਾ ਰਿਹਾ ਹੈ। ਇਸ ਮੇਲੇ ਦੌਰਾਨ ਸ਼ਹਿਰ ਵਿਚ ਵੱਖ-ਵੱਖ ਥਾਵਾਂ 'ਤੇ ਲੱਗਣ ਵਾਲੀਆਂ ਆਰਜ਼ੀ ਦੁਕਾਨਾਂ ਦੀ ਫੀਸ ਸੰਬੰਧੀ ਪਰਚੀਆਂ ਮਿਤੀ 19.02.2026 ਨੂੰ ਸਮਾਂ 12.00 ਵਜੇ ਦੁਪਹਿਰ ਸਥਾਨ ਦਫ਼ਤਰ ਨਗਰ ਕੌਂਸਲ ਡੇਰਾ ਬਾਬਾ ਨਾਨਕ ਵਿਖੇ ਕੱਟੀਆਂ ਜਾਣਗੀਆਂ। ਇਸ ਸੰਬੰਧੀ ਚਾਹਵਾਨ ਵਿਅਕਤੀ/ਦੁਕਾਨਦਾਰ ਉਕਤ ਦੱਸੀ ਮਿਤੀ ਨੂੰ ਨਿਰਧਾਰਤ ਸਥਾਨ 'ਤੇ ਹਾਜ਼ਰ ਹੋ ਕੇ ਪਰਚੀ ਕਟਵਾ ਸਕਦੇ ਹਨ। ਹੋਰ ਜਾਣਕਾਰੀ ਲਈ ਕਿਸੇ ਵੀ ਕੰਮਕਾਜ ਵਾਲੇ ਦਿਨ ਦਫ਼ਤਰ ਨਗਰ ਕੌਂਸਲ ਡੇਰਾ ਬਾਬਾ ਨਾਨਕ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਕਾਰਜ ਸਾਧਕ ਅਫਸਰ
ਨਗਰ ਕੌਂਸਲ ਡੇਰਾ ਬਾਬਾ ਨਾਨਕ।

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰਬਰ :— 233-2025-26-DEN-HQ-FZR    ਤਾਰੀਕ : 12.02.2026

ਮੰਡਲ ਇੰਜੀਨੀਅਰ-ਹੈਡਕੁ. ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 09.03.2026 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 11.02.2026 | 23.02.2026 | 09.03.2026 15:00 ਵਜੇ |

| ਲ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ | | |
|---|---|---|---|---|
| 1 | 233-2025-26-DEN-HQ-FZR | ਮੰਡਲ ਇੰਜੀਨੀਅਰ-ਹੈਡਕੁਆਟਰ/ਫਿਰੋਜਪੁਰ ਦੇ ਤਹਿਤ ਖੇਤਰ ਵਿਚ ਟਰੈਫਿਕ ਵਿਭਾਗ ਦੇ 11 ਲੇਵਲ-ਕ੍ਰਾਸਿੰਗ ਦੇ ਬੁਨਿਆਦੀ ਢਾਂਚੇ ਵਿਚ ਸੁਧਾਰ ਅਤੇ ਫਿਰੋਜਪੁਰ ਮੰਡਲ ਦੇ ਤਹਿਤ ਟਰੈਫਿਕ ਵਿਭਾਗ ਦੇ 33 ਲੇਵਲ-ਕ੍ਰਾਸਿੰਗ ਦੇ ਬੁਨਿਆਦੀ ਢਾਂਚੇ ਵਿਚ ਸੁਧਾਰ | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
| | 1,03,11,205.97 | 2,01,600.00 | 60 ਦਿਨ | 12 ਮਹੀਨੇ |
| | ਸਮਾਨ ਨੇਚਰ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜੀ ਵਰਜਨ ਹੀ ਮਾਨਯ ਹੋਣਗੇ।    474/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉਤਰ ਰੇਲਵੇ

### ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਅਤੇ ਉਨ੍ਹਾਂ ਦੇ ਲਈ ਜੰਮੂ ਤਵੀ ਸਥਿਤ ਮੁੱਖ ਇੰਜੀਨੀਅਰ/ਬ੍ਰਿਜ ਲਾਈਨ, ਦੇ ਦੁਆਰਾ ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| ਲ. ਨੰ. | ਨਿਵਿਦਾ ਸੂਚਨਾ ਨੰ. | ਕੰਮ ਦਾ ਨਾਮ | ਲਗਭਗ ਲਾਗਤ (ਰੁ) | ਬੀਮਾ ਧਨਰਾਸ਼ੀ | ਖੋਹਲਣ ਦੀ ਮਿਤੀ | IREPS 'ਤੇ ਬੋਲੀ ਸ਼ੁਰੂ ਹੋਣ ਦੀ ਮਿਤੀ | ਨਿਵਿਦਾ ਫਾਰਮ ਦੀ ਲਾਗਤ (ਰੁ) | ਪੂਰਾ ਸਮਾਂ |
|---|---|---|---|---|---|---|---|---|
| 1. | OT-03/ JAT/ 25-26 | JAT-SVDK ਸੈਕਸ਼ਨ ਵਿਚ ਬ੍ਰ. ਨੰ. 85 (ਗਾਂਬੀਰ ਬ੍ਰਿਜ) ਅਤੇ ਬ੍ਰ. ਨੰ. 186 (ਜੱਜਰ ਖਡ) ਦੇ ਟਾਪ ਕਾਰਡ ਨਿਰੀਖਣ ਪ੍ਰਬੰਧ ਦੇ ਫੈਬ੍ਰਿਕੇਸ਼ਨ ਅਤੇ ਇਰੀਕੇਸ਼ਨ | ₹94,28,428.96 | ₹1,88,600/- | 09.03.2026 | 23.02.2026 | 0 | 06 Months |
| 2. | OT-09/ JAT/ 25-26 | ਐਸਐਸਈ/ਬ੍ਰਿਜ/ਐਮ/ਪਠਾਨਕੋਟ ਦੇ ਅਧਿਕਾਰ ਖੇਤਰ ਦੇ ਤਹਿਤ BHRL-JAT, ASR-PTK, JUC-PTK ਅਤੇ PTK-JDNX ਸੈਕਸ਼ਨਾਂ ਵਿਚ ਵਖ-ਵਖ ਪੁਲਾਂ ਦਾ ਪੇਂਟਿੰਗ ਕੰਮ। | ₹98,89,393.53 | ₹1,97,800/- | 09.03.2026 | 23.02.2026 | 0 | 06 Months |

| | |
|---|---|
| ਨਿਵਿਦਾ ਪੇਸ਼ ਕਰਨ ਅਤੇ ਨਿਵਿਦਾ ਖੋਹਲਣ ਦੀ ਮਿਤੀ ਤੇ ਸਮਾਂ | ਹਰੇਕ ਦੇ ਖਿਲਾਫ ਦਿਖਾਈਆਂ ਗਈਆਂ ਮਿਤੀਆਂ ਤੇ 15.00 ਵਜੇ ਤਕ ਉਸੇ ਸਮੇਂ 15:00 ਵਜੇ ਦੇ ਬਾਅਦ ਨਿਵਿਦਾ ਖੋਹਲੀ ਜਾਏਗੀ। |
| ਵੈਬਸਾਈਟ ਵੇਰਵਾ ਜਿਥੇ ਨਿਵਿਦਾ ਦਾ ਪੂਰਾ ਵੇਰਵਾ ਵੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ। | ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰ ਰੇਲਵੇ ਦੀ ਵੈਬਸਾਈਟ ਯਾਨੀ www.nr.indianrailways.gov.in, (http//www.nr.indianrailways.gov.in)'ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ (www.ireps.gov.in) (http://www.ireps.gov.in) 'ਤੇ ਉਪਲਬਧ ਹੈ। |

No.: 2-DYCEBLJAT-2025/26 ਤਾਰੀਕ : 12.02.2026    481/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## COURT NOTICE

(U/o 5 Rule 20 CPC)
In The Court of
Ms. Upasna Goyal
Civil Judge (Junior Division), Ludhiana
CNR No. PBLD02-010730-2024
Next Date:- 24-02-2026
Harnek Singh
Vs.
Charan Singh
Publication Issued To :
Charan Singh
Father: Waryam Singh
Vill. Sasrali Colony Rahon Road, Teh. and Distt. Ludhiana

In above titled case, the defendant(s)/respondent(s) could not be served. It is ordered that defendant(s) /respondent(s) should appear in person or through counsel on 24-02-2026 at 10:00 a.m.

For details logon to https://highcourtchd.gov.in/?mod=district_notice&district=mogacourt

Civil Judge (Junior Division) Ludhiana
Dated, this day of 12-02-2026

## COURT NOTICE

(U/o 5 Rule 20 CPC)
In the Court of
Ms. Prabhjot Kaur
Additional Civil Judge (Senior Division), Pathankot
CNR No. PBPO02-000051-2025
Next Date:- 03-04-2026
Jasbir Singh
Vs.
General Public

Application under section 372 of the Indian Succession Act for grant of succession certificate in respect of Late Geeta Smt. Devi W/o Sh. Bua Ditta R/o House No. W-17/C-228, Near Hanuman Mandir, Arun Nagar, Sujanpur (Rural), Tehsil and District Pathankot.

Publication Issued To:
General Public

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 03-04-2026 at 10:00 a.m.

For details logon to https://highcourtchd.gov.in/?mod=district_notice&district=Pathankot

Additional Civil Judge (Senior Division) Pathankot
Dated, this day of 11-02-2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਮੂਨਕ ਜ਼ਿਲ੍ਹਾ ਸੰਗਰੂਰ
ਵਿਸ਼ਾ :- ਤਕਸੀਮ ਕੇਸ

1. ਪ੍ਰੇਮ ਕੌਰ ਪਤਨੀ ਜਾਗਰ ਸਿੰਘ, ਲੀਲਾ ਸਿੰਘ ਪੁੱਤਰ ਕਰਤਾ ਸਿੰਘ ਵਾਸੀਆਨ ਮਕੋਰੜ੍ਹ ਸਾਹਿਬ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ। ਸਾਇਲਾਨ

ਬਨਾਮ

1. ਉਜਾਗਰ ਸਿੰਘ 2. ਨਿੱਕਾ ਸਿੰਘ ਪੁੱਤਰਾਨ ਰਾਮ ਚੰਦ 3. ਤਰਸੇਮ ਸਿੰਘ 4. ਭਗਵਾਨ ਸਿੰਘ ਪੁੱਤਰਾਨ ਸੁੱਚਾ ਸਿੰਘ 5. ਨਿਰਮਲ ਸਿੰਘ 6. ਗੁਰਨਾਮ ਸਿੰਘ ਪੁੱਤਰਾਨ ਚਰਨ ਸਿੰਘ 7. ਅਮਰੀਕ ਸਿੰਘ 8. ਮੱਖਣ ਸਿੰਘ ਪੁੱਤਰਾਨ ਛੋਟਾ ਸਿੰਘ 9. ਬਿਕਰਮਜੀਤ ਸਿੰਘ ਪੁੱਤਰ ਤਰਸੇਮ ਸਿੰਘ 10. ਪਰਮਜੀਤ ਕੌਰ ਵਿਧਵਾ ਵਾ 11. ਬਲਵਿੰਦਰ ਕੌਰ ਪੁੱਤਰੀ ਵਾ 12. ਸੋਹਣ ਸਿੰਘ 13. ਗੁਰਸੇਵਕ ਸਿੰਘ ਪੁੱਤਰਾਨ ਲੇਟ ਤੇਜਾ ਸਿੰਘ ਪੁੱਤਰ ਰਾਮ ਚੰਦ ਵਾਸੀਆਨ ਪਿੰਡ ਮਕੋਰੜ੍ਹ ਸਾਹਿਬ, ਤਹਿਸੀਲ ਮੂਨਕ, ਜ਼ਿਲ੍ਹਾ ਸੰਗਰੂਰ 14. ਦੀ ਸੰਗਰੂਰ ਕੋਆ-ਬੈਂਕ ਬਰਾਂਚ ਮੰਡਵੀਂ ਰਾਹੀਂ ਮੈਨੇਜਰ ਮਸੂਲ ਨੰ. 2 ਦੇ ਵਾਰਸ ੳ. ਪਿੰਕੀ ਦੇਵੀ ਪਤਨੀ ਨੇਕ ਸਿੰਘ ਅ. ਇਕਬਾਲ ਸਿੰਘ ਪੁੱਤਰ ਨੇਕ ਸਿੰਘ ੲ. ਮਨਪ੍ਰੀਤ ਕੌਰ ਪੁੱਤਰੀ ਨੇਕ ਸਿੰਘ ਵਾਸੀਆਨ ਮਕੋਰੜ੍ਹ ਸਾਹਿਬ। ਮਸੂਲਾਨ

ਉਕਤ ਮੁਕੱਦਮੇ ਵਿੱਚ ਸਾਇਲ ਵੱਲੋਂ ਪੇਸ਼ ਹੋਈ ਦਰਖਾਸਤ ਅਨੁਸਾਰ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਮੁਦਾਇਲਾ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਲ ਹੈ, ਇਸ ਲਈ ਮਿਤੀ 18.02.2026 ਨੂੰ ਸਵੇਰੇ 11:00 ਵਜੇ ਦੀ ਤਾਰੀਖ ਪੇਸ਼ੀ ਨਿਸ਼ਚਿਤ ਕਰਕੇ ਇਸ ਇਸ਼ਤਿਹਾਰ ਰਾਹੀਂ ਮੁਦਾਇਲਾ ਨੂੰ ਵਿਦਿਤ (ਸੂਚਿਤ) ਕੀਤਾ ਜਾਂਦਾ ਹੈ ਕਿ ਉਕਤ ਤਾਰੀਖ ਪੇਸ਼ੀ 'ਤੇ ਆਪ ਜਾਂ ਵਕੀਲ ਰਾਹੀਂ ਅਦਾਲਤ ਵਿੱਚ ਪੇਸ਼ ਹੋਣ, ਨਹੀਂ ਤਾਂ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਇਹ ਇਸ਼ਤਿਹਾਰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਹੇਠ ਮਿਤੀ 11.02 .2026 ਨੂੰ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ-ਕਮ-ਤਹਿਸੀਲਦਾਰ ਮੂਨਕ
ਨੰਬਰ SPL-1/ਰੀਡਰ-1 ਮਿਤੀ 11.02.2026

# ਹੜਤਾਲ ਦੇ ਸਮਰਥਨ ਵਿਚ ਜੇ ਪੀ ਐੱਮ ਓ ਵੱਲੋਂ ਮੁਜ਼ਾਹਰਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਜਨਤਕ ਜਥੇਬੰਦੀਆਂ ਦਾ ਸਾਂਝੇ ਮੋਰਚੇ (ਜੇ ਪੀ ਐੱਮ ਓ) ਵੱਲੋਂ 12 ਦੀ ਰਾਸ਼ਟਰ ਵਿਆਪੀ ਹੜਤਾਲ ਦੇ ਸਮਰਥਨ 'ਚ ਰੋਸ ਮੁਜ਼ਾਹਰਾ ਕੀਤਾ ਗਿਆ। ਸਥਾਨਕ ਮਹਾਰਾਣਾ ਪ੍ਰਤਾਪ ਚੌਕ ਵਿਖੇ ਜੇ ਪੀ ਐੱਮ ਓ ਦੇ ਬੈਨਰ ਹੇਠਾਂ ਮਨਰੇਗਾ, ਮਿਡ ਡੇ ਮੀਲ, ਆਸ਼ਾ ਵਰਕਰਾਂ, ਜੀ ਟੀ ਯੂ,ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ, ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਯੂਨੀਅਨ, ਪਸਸਫ਼, ਪੰਜਾਬ ਪਾਵਰਕਾਮ ਆਊਟ ਸੋਰਸ ਯੂਨੀਅਨ, ਪੈਨਸ਼ਨਰ, ਕਿਸਾਨ ਜਥੇਬੰਦੀਆਂ ਆਦਿ ਤੋਂ ਵੱਡੀ ਗਿਣਤੀ ਕਾਰਕੁੰਨ ਸ਼ਾਮਲ ਹੋਏ। ਬੁਲਾਰਿਆਂ ਨੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਕਿਸਾਨ, ਮੁਲਾਜ਼ਮ, ਮਜ਼ਦੂਰ ਅਤੇ ਛੋਟੀ ਦੁਕਾਨਦਾਰੀ ਵਿਰੋਧੀ ਨੀਤੀਆਂ ਦੀ ਨਿਖੇਧੀ ਕੀਤੀ। ਪੈਨਸ਼ਨਰ ਆਗੂ ਸਾਥੀ ਸ਼ਿਵ ਕੁਮਾਰ ਨੇ ਹੜਤਾਲ ਦੀ ਮਹੱਤਤਾ ਉੱਤੇ ਵਿਸਥਾਰ ਪੂਰਵਕ ਚਰਚਾ ਕੀਤੀ।



ਇਕੱਤਰ ਮੁਲਾਜ਼ਮਾਂ, ਕਿਸਾਨਾਂ, ਮਜ਼ਦੂਰਾਂ ਆਦਿ ਨੂੰ ਹੁਕਮਰਾਨਾਂ ਦੀਆਂ ਵੰਡ ਪਾਊ ਨੀਤੀਆਂ ਤੋਂ ਸੁਚੇਤ ਰਹਿ ਕੇ ਏਕਤਾ ਨੂੰ ਵਿਸ਼ਾਲ ਕਰਨ ਤੇ ਸੰਘਰਸ਼ ਨੂੰ ਤੇਜ਼ ਕਰਨ ਦੀ ਗੱਲ ਕਹੀ।ਜਸਵੀਰ ਤਲਵਾੜਾ ਨੇ ਕਿਹਾ ਕਿ ਪੰਜ ਸਾਲ ਲਈ ਦੇਸ਼ ਸੇਵਾ ਦੇ ਨਾਂ 'ਤੇ ਸੱਤਾ 'ਤੇ ਬੈਠੇ ਸਿਆਸੀ ਲੋਕ ਇੱਕ ਤੋਂ ਵਧ ਪੈਨਸ਼ਨਾਂ ਲੈ ਰਹੇ ਹਨ, ਜਦਕਿ ਆਪਣੀ ਉਮਰ ਦੇਸ਼ ਦੇ ਵਿਕਾਸ ਦੇ ਲੇਖੇ ਲਾਉਣ ਵਾਲੇ ਮੁਲਾਜ਼ਮਾਂ ਨੂੰ ਨਿਗੂਣੀ ਜਿਹੀ ਪੈਨਸ਼ਨ ਦਿੱਤੀ ਜਾ ਰਹੀ ਹੈ। ਮੁਜ਼ਾਹਰੇ ਦੇ ਸਮਰਥਨ 'ਚ ਪਹੁੰਚੇ ਕੌਂਸਲਰ ਮੁਨੀਸ਼ ਚੱਢਾ ਨੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਨੀਤੀਆਂ ਦੀ ਨਿੰਦਾ ਕੀਤੀ। ਦੇਸ਼ 'ਚ ਬੇਰੁਜ਼ਗਾਰੀ, ਗਰੀਬੀ, ਭ੍ਰਿਸ਼ਟਾਚਾਰ ਆਦਿ ਅਲਾਮਤਾਂ 'ਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਮੌਕੇ ਸ਼ਾਮ ਸਿੰਘ, ਜਗਦੀਸ਼ ਸਿੰਘ, ਅਮਰੀਕ ਸਿੰਘ, ਗਿਆਨ ਸਿੰਘ ਗੁਪਤਾ, ਯੁਗਰਾਜ ਸਿੰਘ, ਸੁਸ਼ਮਾ ਦੇਵੀ, ਸੁਮਨ ਬਾਲਾ, ਸ਼ਵੇਤਾ ਸ਼ਰਮਾ, ਰਣਜੀਤ ਕੌਰ, ਬਖਤਾਵਰ ਸਿੰਘ, ਸੀਮਾ ਦੇਵੀ, ਨਰੇਸ਼ ਮਿੱਡਾ, ਰਾਜੇਸ਼ ਕੁਮਾਰ, ਵਿਜੈ ਕੁਮਾਰ ਆਦਿ ਨੇ ਸੰਬੋਧਨ ਕੀਤਾ।ਉਪਰੰਤ ਸ਼ਹਿਰ 'ਚ ਮਾਰਚ ਕੱਢਿਆ।

# ਵਿਦਿਆਰਥੀਆਂ ਨੂੰ ਕਾਪੀਆਂ ਵੰਡੀਆਂ

**ਦਸੂਹਾ (ਕਰਨੈਲ ਮਾਂਗਟ)**- ਕੇ ਐੱਮ ਐੱਸ ਕਾਲਜ ਆਫ ਆਈ ਟੀ ਐਂਡ ਮੈਨੇਜਮੈਂਟ ਚੌ. ਬੰਤਾ ਸਿੰਘ ਕਲੋਨੀ ਦਸੂਹਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸੰਗਰਾਂ ਦੇ ਸਾਰੇ ਵਿਦਿਆਰਥੀਆਂ ਨੂੰ ਮੁਫ਼ਤ ਕਾਪੀਆਂ ਵੰਡੀਆਂ ਅਤੇ ਵਿਦਿਆਰਥੀਆਂ ਨੂੰ ਹੋਣ ਵਾਲੀਆਂ ਪ੍ਰੀਖਿਆਵਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਡਾ. ਸ਼ਬਨਮ ਕੌਰ ਨੇ ਵਿਦਿਆਰਥੀਆਂ ਨੂੰ



ਪ੍ਰੇਰਿਤ ਕਰਦਿਆਂ ਕਿਹਾ ਕਿ ਸਿੱਖਿਆ ਇੱਕ ਅਜਿਹੀ ਚਾਬੀ ਹੈ ਜੋ ਹਰ ਇੱਕ ਵਿਅਕਤੀ ਨੂੰ ਅੱਗੇ ਵਧਣ ਅਤੇ ਸਮਾਜ ਵਿੱਚ ਆਪਣਾ ਯੋਗਦਾਨ ਪੇਸ਼ ਕਰਨ ਦੇ ਯੋਗ ਬਣਾਉਂਦੀ ਹੈ। ਉਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਨੂੰ ਅਧਿਐਨ ਵਿੱਚ ਸੁਵਿਧਾਵਾਂ ਮਿਲਣਗੀਆਂ ਅਤੇ ਉਨ੍ਹਾਂ ਦਾ ਭਵਿੱਖ ਬਿਹਤਰ ਹੋ ਸਕਦਾ ਹੈ। ਉਹਨਾਂ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਕਿਹਾ ਕਿ ਅੱਜ ਦੇ ਸਮੇਂ ਵਿੱਚ ਤਕਨੀਕੀ ਸਿੱਖਿਆ ਦੀ ਬਹੁਤ ਮੰਗ ਤੇ ਮਹੱਤਤਾ ਹੈ ਅਤੇ ਕੇ.ਐਮ.ਐਸ ਕਾਲਜ ਇਲਾਕੇ ਦਾ ਪਹਿਲਾ ਤਕਨੀਕੀ ਕਾਲਜ ਹੈ, ਜਿੱਥੇ ਵੱਖ ਵੱਖ ਤਕਨੀਕੀ ਕੋਰਸ ਉਪਲਬੱਧ ਹਨ। ਉਹਨਾਂ ਕਿਹਾ ਕਿ ਕੇ.ਐਮ.ਐਸ ਕਾਲਜ ਸਦਾ ਹੀ ਸਿੱਖਿਆ ਦੇ ਖੇਤਰ ਵਿੱਚ ਸਮਾਜਿਕ ਜ਼ਿੰਮੇਦਾਰੀ ਨਿਭਾਉਣ 'ਚ ਵਿਸ਼ਵਾਸ ਰੱਖਦਾ ਹੈ ਅਤੇ ਉਹ ਭਵਿੱਖ ਵਿੱਚ ਵੀ ਐਸੇ ਕਈ ਮੰਚ ਪੇਸ਼ ਕਰੇਗਾ, ਜਿਨ ਾਂ ਨਾਲ ਵਿਦਿਆਰਥੀਆਂ ਨੂੰ ਤਰੱਕੀ ਅਤੇ ਵਿਕਾਸ ਦੇ ਨਵੇਂ ਮੌਕੇ ਮਿਲਣਗੇ। ਇਸ ਮੌਕੇ ਤੇ ਕਾਲਜ ਦੇ ਡਾਇਰੈਕਟਰ ਡਾ. ਮਾਨਵ ਸੈਣੀ ਨੇ ਸਕੂਲ ਦੇ ਪ੍ਰਿੰਸੀਪਲ ਅਮਨਦੀਪ ਸਿੰਘ ਅਤੇ ਸਮੂਹ ਸਟਾਫ ਦਾ ਕੀਮਤੀ ਸਮਾਂ ਦੇਣ ਲਈ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਜੇਕਰ ਭਵਿੱਖ ਵਿੱਚ ਸਕੂਲ ਨੂੰ ਕਿਸੇ ਤਰ੍ਹਾਂ ਦੀ ਲੋੜ ਹੋਈ ਤਾਂ ਕੇ ਐੱਮ ਐੱਸ ਕਾਲਜ ਸੰਗਰਾਂ ਸਕੂਲ ਦੀ ਸਹਾਇਤਾ ਲਈ ਹਮੇਸ਼ਾ ਤਿਆਰ ਰਹੇਗਾ ਅਤੇ ਵਿਦਿਆਰਥੀਆਂ ਦੇ ਚੰਗੇ ਭਵਿੱਖ ਲਈ ਕੰਮ ਕਰੇਗਾ। ਇਸ ਉਪਰੰਤ ਸੰਗਰਾਂ ਸਕੂਲ ਦੇ ਪ੍ਰਿੰਸੀਪਲ ਸ੍ਰੀ ਅਮਨਦੀਪ ਸਿੰਘ ਨੇ ਕੇ.ਐਮ.ਐਸ ਕਾਲਜ ਦੀ ਮੈਨੇਜਮੈਂਟ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਐੱਚ ਓ ਡੀ ਡਾ. ਰਾਜੇਸ਼ ਕੁਮਾਰ, ਪਰਦੀਪ ਕੁਮਾਰ, ਰਜਨੀ ਬਾਲਾ, ਮਨਜੀਤ ਸਿੰਘ, ਬਲਵੀਰ ਸਿੰਘ, ਗੌਰਵ ਸ਼ਰਮਾ, ਅਨੀਤਾ ਰਾਣੀ, ਵੀਨਾ ਕੁਮਾਰੀ, ਭਾਰਤੀ ਅਤੇ ਵਿਦਿਆਰਥੀ ਹਾਜ਼ਰ ਸਨ।

# ਐੱਸ ਕੇ ਐੱਮ, ਮਜ਼ਦੂਰ ਜੱਥੇਬੰਦੀਆਂ ਵੱਲੋਂ ਧਰਨਾ

**ਮੋਹਾਲੀ (ਗੁਰਜੀਤ ਬਿੱਲਾ)**- ਕੇਂਦਰ ਸਰਕਾਰ ਵੱਲੋਂ ਜੋ ਲੋਕ ਵਿਰੋਧੀ ਨੀਤੀਆਂ ਲਿਆਂਦੀਆਂ ਜਾ ਰਹੀਆਂ ਹਨ ਜਿਨ੍ਹਾਂ ਵਿੱਚ ਪਬਲਿਕ ਅਦਾਰਿਆਂ ਦਾ ਨਿੱਜੀਕਰਨ ਕਰਨ, ਮੁਕਤ ਵਿਉਪਾਰ ਸਮਝੌਤਾ, ਬਿਜਲੀ ਐਕਟ 2025, ਸੀਡ ਬਿਲ, ਚਾਰ ਲੇਬਰ ਕੋਡ ਲਾਗੂ ਕਰਨ ਤੇ ਮਨਰੇਗਾ ਵਰਗੇ ਕਾਨੂੰਨ ਰੱਦ ਕਰਨ ਦੀਆਂ ਨੀਤੀਆਂ ਦੇ ਖਿਲਾਫ ਪੂਰੇ ਦੇਸ਼ ਵਿੱਚ ਟਰੇਡ ਜੱਥੇਬੰਦੀਆਂ ਜਿਨ੍ਹਾਂ ਵਿੱਚ ਐੱਸ ਕੇ ਐੱਮ ਪੰਜਾਬ, ਮਜ਼ਦੂਰ



ਜੱਥੇਬੰਦੀਆਂ, ਸਨਅਤੀ ਤੇ ਵਿਦਿਆਰਥੀ ਜੱਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਧਰਨਾ ਬਿਜਲੀ ਬੋਰਡ ਦੇ ਫੇਜ਼-1 ਦੇ ਕੰਪਲੈਕਸ ਵਿੱਚ ਦਿੱਤਾ ਗਿਆ।ਇਸ ਉਪਰੰਤ ਹੜਤਾਲੀ ਕਰਮਚਾਰੀਆਂ ਵੱਲੋਂ ਵੇਰਕਾ ਚੌਕ ਤੱਕ ਪੈਦਲ ਮਾਰਚ ਕੀਤਾ ਗਿਆ ਤੇ ਇਸ ਉਪਰੰਤ ਮੋਦੀ, ਟਰੰਪ, ਭਗਵੰਤ ਸਿੰਘ ਮਾਨ ਦੇ ਪੁਤਲੇ ਵੀ ਸਾੜੇ ਗਏ।

# ਸ਼ਹਿਰੀ ਖੇਤਰਾਂ ਵਿੱਚ ਸਕੂਲ ਖੋਲ੍ਹਣ ਤਹਿਤ ਕੀਤਾ ਜਾਵੇਗਾ ਸਰਵੇ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸ਼ਹਿਰੀ ਖੇਤਰਾਂ ਵਿੱਚ ਵੱਧਦੀ ਹੋਈ ਆਬਾਦੀ ਤੇ ਖੇਤਰ ਦੇ ਮੱਦੇਨਜਰ ਬੱਚਿਆਂ ਦੀ ਸਿਖਿਆ ਮਹੁਇਆ ਕਰਵਾਉਣ ਲਈ ਸਕੂਲ ਖੋਲਣ ਤਹਿਤ ਸਰਵੇ ਕੀਤਾ ਜਾਵੇ ਤਾਂ ਜੋ ਸ਼ਹਿਰਾਂ ਵਿੱਚ ਬੱਚਿਆਂ ਨੂੰ ਲੰਬੀ ਦੂਰੀ ਤੈਅ ਕਰ ਕੇ ਸਕੂਲ ਨਾ ਜਾਣਾ ਪਵੇ।ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਰਾਜ ਪੱਧਰੀ ਦਿਸ਼ਾ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਵਿਕਾਸ ਅਤੇ ਪੰ ਚਾਇਤ ਮੰਤਰੀ ਕ੍ਰਿਸ਼ਣ ਲਾਲ ਪੰਵਾਰ, ਸਾਂਸਦ ਧਰਮਬੀਰ ਸਿੰਘ, ਨਵੀਨ ਜਿੰਦਲ ਸਮੇਤ ਕਈ ਵਿਧਾਇਕ ਵੀ ਮੌਜੂਦ ਰਹੇ। ਮੀਟਿੰਗ ਤੋਂ ਸਾਰੇ ਜਿਲ੍ਹਾ ਦੇ ਅਧਿਕਾਰੀ ਵੀ ਆਨਲਾਇਨ ਜੁੜੇ।

# ਟਰੇਡ ਜਥੇਬੰਦੀਆਂ ਦੇ ਮੁਲਾਜ਼ਮਾਂ ਅਤੇ ਠੇਕਾ ਕਾਮਿਆਂ ਨੇ ਵੀ ਹੜਤਾਲ 'ਚ ਲਿਆ ਹਿੱਸਾ

**ਜਲੰਧਰ (ਰਾਜੇਸ਼ ਥਾਪਾ)**- ਕੇਂਦਰੀ ਟਰੇਡ ਜਥੇਬੰਦੀਆਂ ਵੱਲੋਂ ਐਲਾਨੀ ਗਈ ਦੇਸ਼ ਵਿਆਪੀ ਹੜਤਾਲ ਵਿੱਚ ਕੇਂਦਰੀ ਅਤੇ ਪੰਜਾਬ ਦੇ ਲਗਭਗ ਸਾਰੇ ਸਰਕਾਰੀ ਅਤੇ ਅਰਧ ਸਰਕਾਰੀ, ਮਹਿਕਮਿਆਂ ਦੇ ਮੁਲਾਜ਼ਮਾਂ ਨੇ ਅਤੇ ਵੱਖ ਵੱਖ ਕੈਟੇਗਰੀਆਂ ਦੇ ਕਾਮਿਆਂ ਨੇ ਕੰਮ ਠੱਪ ਕਰ ਕੇ ਮੁਕੰਮਲ ਤੌਰ 'ਤੇ



ਹੜਤਾਲ ਕੀਤੀ। ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੀਆਂ ਵੱਖ ਵੱਖ ਟ੍ਰੇਡ ਜਥੇਬੰਦੀਆਂ ਦੇ ਮੁਲਾਜ਼ਮਾਂ ਅਤੇ ਠੇਕਾ ਕਾਮਿਆਂ ਨੇ ਵੀ ਹੜਤਾਲ ਕਰਕੇ ਦਫ਼ਤਰਾਂ ਅੱਗੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ। ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪੈਨਸ਼ਨਰਾਂ ਵੱਲੋਂ ਵੀ ਇਹਨਾਂ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕੀਤੀ ਗਈ । ਜਲੰਧਰ ਸਰਕਲ ਅਧੀਨ ਮਾਡਲ ਟਾਊਨ, ਲਾਂਬੜਾ, ਬਸਤੀਆਂ,ਮਕਸੂਦਾਂ, ਕੈਂਟ,ਆਦਮਪੁਰ ਅਤੇ ਲਗਭਗ ਸਾਰੇ ਹੀ ਦਫ਼ਤਰਾਂ ਵਿੱਚ ਬਿਜਲੀ ਮੁਲਾਜ਼ਮਾਂ ਨੇ ਵੱਡੀ ਪੱਧਰ 'ਤੇ ਹੜਤਾਲ ਕੀਤੀ।ਸਰਕਾਰ ਲੋਕਾਂ ਦੀ ਅੰਨ੍ਹੀ ਲੁੱਟ ਕਰਨ ਲਈ ਲੋਕਾਂ 'ਤੇ ਨਵੇਂ ਕਿਰਤ ਕਾਨੂੰਨ, ਬਿਜਲੀ ਸੋਧ ਬਿੱਲ 2025, ਬੀਜ ਬਿੱਲ 2025, ਵਿਕਾਸ ਭਾਰਤ ਜੀ ਰਾਮ ਜੀ ਜਬਰੀ ਲਾਗੂ ਕਰਨ ਜਾ ਰਹੀ ਹੈ। ਇਹਨਾਂ ਕਨੂੰਨਾਂ ਦਾ ਵਿਰੋਧ ਹਿੰਦੁਸਤਾਨ ਦੇ ਕਿਸਾਨਾਂ ਮਜ਼ਦੂਰਾਂ ਅਤੇ ਵੱਖ ਵੱਖ ਵਰਗਾਂ ਨੇ ਹੜਤਾਲ ਦਾ ਸਮਰਥਨ ਕਰਕੇ ਪੂਰੇ ਜ਼ੋਰ ਸ਼ੋਰ ਨਾਲ ਕੀਤਾ । ਰੋਸ ਪ੍ਰਦਰਸ਼ਨਾਂ ਦੇ ਭਾਰੀ ਇਕੱਠਾਂ ਨੂੰ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜਲੰਧਰ ਸਰਕਲ ਦੇ ਪ੍ਰਧਾਨ ਮਿਸਟਰ ਸ਼ਿਰੀ ਰਾਮ ਜੱਗੀ,ਸਰਕਲ ਆਗੂ ਪ੍ਰੇਮ ਲਾਲ, ਥੋੜੂ ਰਾਮ, ਅਵਤਾਰ ਸਿੰਘ, ਸੁਰਿੰਦਰ ਸਿੰਘ, ਸੁੰਮਨ,ਪੂਰਨ ਚੰਦ, ਹਰਦੀਪ ਸਿੰਘ, ਸ਼ੰਗਾਰਾ ਸਿੰਘ, ਕੰਵਲਜੀਤ, ਭੁਪਿੰਦਰ ਕੁਮਾਰ, ਨਰਿੰਦਰ ਸਿੰਘ ਤੋਂ ਇਲਾਵਾ ਕਈ ਹੋਰ ਬੁਲਾਰਿਆਂ ਨੇ ਸੰਬੋਧਨ ਕੀਤਾ ਅਤੇ ਸਰਕਾਰ ਤੋਂ ਇਹਨਾਂ ਲੋਕ ਵਿਰੋਧੀ ਕਾਨੂੰਨਾਂ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਅਤੇ ਪੰਜਾਬ ਸਰਕਾਰ ਤੋਂ ਸਰਕਾਰੀ ਜਾਇਦਾਦਾਂ ਨੂੰ ਕੌਡੀਆਂ ਦੇ ਭਾਅ ਵੇਚਣ ਦੇ ਫੈਸਲੇ ਨੂੰ ਰੱਦ ਕਰਨ ਦੀ ਵੀ ਮੰਗ ਕੀਤੀ।

# ਨਸਰਾਲਾ 'ਚ ਸਿਹਤ ਕਾਰਡ ਬਣਾਉਣ ਲਈ ਲਗਾਇਆ ਵਿਸ਼ੇਸ਼ ਕੈਂਪ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਪਿੰਡ ਨਸਰਾਲਾ ਵਿਖੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਸਿਹਤ ਕਾਰਡ ਬਣਾਉਣ ਲਈ ਲਗਾਏ ਗਏ ਇੱਕ ਵਿਸ਼ੇਸ਼ ਕੈਂਪ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਮੌਜੂਦ ਨਾਗਰਿਕਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਨੂੰ ਇਸ ਯੋਜਨਾ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਅਤੇ ਵੱਧ ਤੋਂ ਵੱਧ ਯੋਗ ਪਰਿਵਾਰਾਂ ਨੂੰ ਇਸ ਦਾ ਲਾਭ ਲੈਣ ਲਈ ਉਤਸ਼ਾਹਿਤ ਕੀਤਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਮੁੱਖ ਉਦੇਸ਼ ਸੂਬੇ ਦੇ ਹਰ ਲੋੜਵੰਦ ਪਰਿਵਾਰ ਨੂੰ ਬਿਹਤਰ, ਸੁਖਾਲੀ ਅਤੇ ਮੁਫ਼ਤ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ। ਇਸ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਕੈਸ਼ਲੈਸ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ, ਤਾਂ ਜੋ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਵਿੱਤੀ ਬੋਝ ਤੋਂ ਰਾਹਤ ਮਿਲ ਸਕੇ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਕੈਂਪਾਂ ਰਾਹੀਂ ਲੋਕਾਂ ਨੂੰ ਸਿਹਤ ਕਾਰਡ ਬਣਵਾਉਣ ਲਈ ਕਿਸੇ ਪ੍ਰਕਾਰ ਦੀ ਪ੍ਰੇਸ਼ਾਨੀ ਨਾ ਹੋਵੇ, ਇਸ ਲਈ ਪ੍ਰਸ਼ਾਸਨ ਵੱਲੋਂ ਸਾਰੇ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਸਿਹਤ ਸੇਵਾਵਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਆਉਣ ਵਾਲੇ ਸਮੇਂ ਵਿੱਚ ਪੇਂਡੂ ਖੇਤਰਾਂ ਵਿੱਚ ਹੋਰ ਸਿਹਤ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ, ਤਾਂ ਜੋ ਮਿਆਰੀ ਡਾਕਟਰੀ ਸੇਵਾਵਾਂ ਹਰ ਵਿਅਕਤੀ ਤੱਕ ਪਹੁੰਚ ਸਕਣ।

# ਨੇਚਰ ਫੈਸਟ ਦੀਆਂ ਤਿਆਰੀਆਂ ਮੁਕੰਮਲ : ਡਿਪਟੀ ਕਮਿਸ਼ਨਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 17 ਫਰਵਰੀ ਤੱਕ ਸਥਾਨਕ ਲਾਜਵੰਤੀ ਸਪੋਰਟਸ ਸਟੇਡੀਅਮ ਵਿਖੇ ਆਯੋਜਿਤ ਕੀਤੇ ਜਾ ਰਹੇ ਪੰਜ ਦਿਨਾਂ 'ਨੇਚਰ ਫੈਸਟ' ਲਈ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਫੈਸਟੀਵਲ ਦਾ ਉਦੇਸ਼ ਜ਼ਿਲ੍ਹੇ ਦੀ ਅਮੀਰ ਕੁਦਰਤੀ ਵਿਰਾਸਤ, ਸੈਰ-ਸਪਾਟਾ ਸਥਾਨਾਂ, ਸੱਭਿਆਚਾਰਕ ਵਿਰਾਸਤ ਅਤੇ ਵਾਤਾਵਰਣ ਸੰਭਾਲ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਨੇਚਰ ਫੈਸਟ ਜਨਤਾ ਨੂੰ ਜ਼ਿਲ੍ਹੇ ਦੇ ਕੁਦਰਤੀ ਸਰੋਤਾਂ ਤੋਂ ਜਾਣੂ ਕਰਵਾਏਗਾ ਅਤੇ ਸੈਰ-ਸਪਾਟਾ ਗਤੀਵਿਧੀਆਂ ਨੂੰ ਉਤਸ਼ਾਹਿਤ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਫੈਸਟੀਵਲ ਦੌਰਾਨ ਕਈ ਆਕਰਸ਼ਕ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ, ਜਿਨ੍ਹਾਂ ਵਿੱਚ ਪੰਜਾਬ ਦਾ ਲੋਕ ਸੱਭਿਆਚਾਰ, ਰਵਾਇਤੀ ਨਾਚ, ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰਦਰਸ਼ਨ, ਦਸਤਕਾਰੀ ਪ੍ਰਦਰਸ਼ਨੀਆਂ, ਸਵੈ-ਸਹਾਇਤਾ ਸਮੂਹਾਂ ਵੱਲੋਂ ਬਣਾਏ ਗਏ ਉਤਪਾਦਾਂ ਦੀ ਪ੍ਰਦਰਸ਼ਨੀ, ਭੋਜਨ ਬਾਜ਼ਾਰ, ਕਿਸਾਨ ਬਾਜ਼ਾਰ, ਪਤੰਗ ਉਡਾਉਣ, ਸੰਗੀਤਕ ਸ਼ਾਮਾਂ ਅਤੇ ਹਾਟ ਏਅਰ ਬੈਲੂਨਿੰਗ ਸ਼ਾਮਲ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 17 ਫਰਵਰੀ ਨੂੰ ਇੱਕ ਵਿਸ਼ੇਸ਼ ਸਿੰਗਰ ਨਾਈਟ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪ੍ਰਸਿੱਧ ਪੰਜਾਬੀ ਗਾਇਕ ਗੁਰਦਾਸ ਮਾਨ ਆਪਣੇ ਪ੍ਰਦਰਸ਼ਨ ਨਾਲ ਦਰਸ਼ਕਾਂ ਨੂੰ ਮੋਹਿਤ ਕਰਨਗੇ।

# 'ਸਾਡੇ ਬਜ਼ੁਰਗ-ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਕੈਂਪ

**ਹੁਸ਼ਿਆਰਪੁਰ (ਓ ਪੀ ਰਾਣਾ)**- 'ਸਾਡੇ ਬਜ਼ੁਰਗ-ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਹੁਸ਼ਿਆਰਪੁਰ ਵੱਲੋਂ ਡਾ. ਅੰਬੇਡਕਰ ਭਵਨ, ਰਾਮ ਕਲੋਨੀ, ਕੈਂਪ ਵਿਚ ਇਕ ਜ਼ਿਲ੍ਹਾ ਪੱਧਰੀ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬਜ਼ੁਰਗ ਨਾਗਰਿਕਾਂ ਦੀ ਭਲਾਈ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਇਸ ਦੌਰਾਨ ਉਨ੍ਹਾਂ ਨਾਲ ਪੀ.ਸੀ.ਐਸ. (ਅੰਡਰ ਟ੍ਰੇਨਿੰਗ) ਗੁਰਪ੍ਰੀਤ ਕੌਰ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।



ਇਸ ਮੌਕੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਸਮਾਜ ਦੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਦੀ ਦੇਖ-ਭਾਲ ਕਰਨਾ ਸਾਡੀ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਜ਼ੁਰਗ ਨਾਗਰਿਕਾਂ ਨੂੰ ਬਿਹਤਰ ਸਿਹਤ ਸਹੂਲਤਾਂ, ਸਮਾਜਿਕ ਸੁਰੱਖਿਆ ਅਤੇ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਅਜਿਹੇ ਕੈਂਪ ਬਜ਼ੁਰਗਾਂ ਨੂੰ ਇੱਕੋ ਥਾਂ 'ਤੇ ਕਈ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਤ ਹੁੰਦੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਏ ਗਏ ਇਸ ਕੈਂਪ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 67 ਬਜ਼ੁਰਗਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦਾਂ ਨੂੰ ਮੁਫ਼ਤ ਐਨਕਾਂ ਵੰਡੀਆਂ ਗਈਆਂ। ਇਸ ਤੋਂ ਇਲਾਵਾ 40 ਬਜ਼ੁਰਗਾਂ ਦੇ ਨੱਕ, ਕੰਨ ਅਤੇ ਗਲੇ ਦੀ ਜਾਂਚ ਕੀਤੀ ਗਈ। 431 ਬਜ਼ੁਰਗ ਨਾਗਰਿਕਾਂ ਦੀ ਆਮ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫਤ ਆਯੁਰਵੈਦਿਕ, ਹੋਮਿਓਪੈਥਿਕ ਅਤੇ ਆਮ ਦਵਾਈਆਂ ਦਿੱਤੀਆਂ ਗਈਆਂ।ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਾਰੇ ਵਿਭਾਗਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਯਤਨ ਬਜ਼ੁਰਗਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# 'ਆਪ' ਨੇ ਪ੍ਰਤਾਪ ਸਿੰਘ ਬਾਜਵਾ ਦਾ ਫੂਕਿਆ ਪੁਤਲਾ



**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)** ਹਲਕਾ ਵਿਧਾਇਕ ਬੰਗਾ ਸੁਖਵਿੰਦਰ ਕੁਮਾਰ ਸੁੱਖੀ, ਚੇਅਰਮੈਨ ਯੋਜਨਾ ਬੋਰਡ ਸਤਨਾਮ ਸਿੰਘ ਜਲਾਲਪੁਰ, ਚੇਅਰਮੈਨ ਇੰਪਰੂਵਮੈਂਟ ਟਰੱਸਟ ਸਤਨਾਮ ਸਿੰਘ ਜਲਵਾਹਾ, ਚੇਅਰਮੈਨ ਮਾਰਕੀਟ ਕਮੇਟੀ ਗਗਨ ਅਗਨੀਹੋਤਰੀ, ਚੇਅਰਮੈਨ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਲਲਿਤ ਮੋਹਨ ਪਾਠਕ ਅਤੇ ਸ਼ਹੀਦ ਭਗਤ ਸਿੰਘ ਨਗਰ ਦੀ ਸਮੁੱਚੀ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਵਲੋਂ ਕਾਂਗਰਸ ਪਾਰਟੀ ਦੇ ਆਗੂ ਅਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵਲੋਂ ਸੂਬੇ ਦੇ ਮੌਜੂਦਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਦੇ ਸਤਿਕਾਰਯੋਗ ਪਿਤਾ ਜੋ ਕਿ ਦਲਿਤ ਭਾਈਚਾਰੇ ਨਾਲ ਸਬੰਧ ਰੱਖਦੇ ਹਨ ਪ੍ਰਤੀ ਅਤਿ ਨਿੰਦਨਯੋਗ ਸ਼ਬਦਾਵਲੀ ਵਰਤਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪ੍ਰਤਾਪ ਸਿੰਘ ਬਾਜਵਾ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਵੱਖ-ਵੱਖ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਸੀਨੀਅਰ ਆਗੂਆਂ ਵਲੋਂ ਦਲਿਤ ਭਾਈਚਾਰੇ ਪ੍ਰਤੀ ਵਰਤੀ ਗਈ ਭੱਦੀ ਸ਼ਬਦਾਵਲੀ ਨੇ ਦਲਿਤ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਆਮ ਆਦਮੀ ਪਾਰਟੀ ਪ੍ਰਤਾਪ ਸਿੰਘ ਬਾਜਵਾ ਵਲੋਂ ਦਲਿਤ ਭਾਈਚਾਰੇ ਪ੍ਰਤੀ ਵਰਤੀ ਗਈ ਭੱਦੀ ਸ਼ਬਦਾਵਲੀ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਸ.ਬਾਜਵਾ ਸਮੁੱਚੇ ਦਲਿਤ ਭਾਈਚਾਰੇ ਤੋਂ ਮੁਆਫ਼ੀ ਮੰਗਣ।

# ਵਾਲੀਬਾਲ ਟੂਰਨਾਮੈਂਟ ਕਰਵਾਇਆ

**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂੰਮਤ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਨੇ ਕਾਲਜ ਕੈਂਪਸ ਵਿੱਚ ਅੰਤਰ-ਵਿਭਾਗੀ ਵਾਲੀਬਾਲ ਮੈਚ ਦਾ ਸਫਲਤਾਪੂਰਵਕ ਆਯੋਜਨ ਕੀਤਾ, ਜਿਸ ਨਾਲ ਵਿਦਿਆਰਥੀਆਂ ਵਿੱਚ ਏਕਤਾ, ਖੇਡ ਭਾਵਨਾ ਅਤੇ ਸਿਹਤਮੰਦ ਮੁਕਾਬਲੇ ਦੀ



ਭਾਵਨਾ ਨੂੰ ਉਤਸ਼ਾਹਿਤ ਕੀਤਾ ਗਿਆ। ਇਹ ਪ੍ਰੋਗਰਾਮ (ਐੱਸ ਐੱਚ ਆਈ ਐੱਮ ਟੀ) ਦੀ ਖੇਡ ਕਮੇਟੀ ਦੁਆਰਾ ਆਯੋਜਿਤ ਕੀਤਾ ਗਿਆ ਸੀ।ਮੈਚ ਦਾ ਰਸਮੀ ਉਦਘਾਟਨ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਕੀਤਾ, ਜਿਨ੍ਹਾਂ ਨੇ ਖੇਡ ਤੋਂ ਪਹਿਲਾਂ ਸਾਰੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਤੇ ਨਿਰਪੱਖ ਖੇਡ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੇ ਉਤਸ਼ਾਹਜਨਕ ਸ਼ਬਦਾਂ ਨੇ ਸਾਰੇ ਭਾਗੀਦਾਰਾਂ ਦਾ ਮਨੋਬਲ ਵਧਾਇਆ। ਖੇਡ ਕੋਆਰਡੀਨੇਟਰ ਤਰੁਣ ਸ਼ਰਮਾ ਨੇ ਖੇਡ ਟੀਮ ਦੇ ਮੈਂਬਰਾਂ ਸਿਮਰਨਜੀਤ ਸਿੰਘ, ਰੋਹਨ ਸ਼ਰਮਾ ਤੇ ਪੁਲਕਿਤ ਗੌਤਮ ਨਾਲ ਮਿਲ ਕੇ ਪੂਰੇ ਟੂਰਨਾਮੈਂਟ ਦਾ ਸਫਲਤਾਪੂਰਵਕ ਪ੍ਰਬੰਧ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਵਿਭਾਗਾਂ ਦੀਆਂ ਚਾਰ ਟੀਮਾਂ ਨੇ ਹਿੱਸਾ ਲਿਆ। ਇਹ ਮੈਚ ਤਿੰਨ ਰੋਮਾਂਚਕ ਗੇੜਾਂ ਵਿੱਚ ਕਰਵਾਏ ਗਏ, ਜਿੱਥੇ ਵਿਦਿਆਰਥੀਆਂ ਨੇ ਸ਼ਾਨਦਾਰ ਟੀਮ ਵਰਕ, ਤਾਲਮੇਲ ਤੇ ਉਤਸ਼ਾਹ ਦਾ ਪ੍ਰਦਰਸ਼ਨ ਕੀਤਾ। ਸਖ਼ਤ ਮੁਕਾਬਲੇ ਤੋਂ ਬਾਅਦ, ਚੰਦਨ ਦੀ ਅਗਵਾਈ ਵਾਲੀ ਬੀ ਬੀ ਏ ਟੀਮ ਜੇਤੂ ਵਜੋਂ ਉੱਭਰੀ, ਜਿਸ ਨੇ ਪੂਰੇ ਟੂਰਨਾਮੈਂਟ ਦੌਰਾਨ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਹੋਟਲ ਮੈਨੇਜਮੈਂਟ (ਐੱਚ ਐੱਮ) ਦੀ ਟੀਮ ਨੇ ਫਾਈਨਲ ਗੇੜ ਵਿੱਚ ਸਖ਼ਤ ਮੁਕਾਬਲਾ ਦਿੰਦੇ ਹੋਏ ਉਪ ਜੇਤੂ ਦੀ ਸਥਿਤੀ ਹਾਸਲ ਕੀਤੀ।ਟੂਰਨਾਮੈਂਟ ਦੀ ਸਮਾਪਤੀ 'ਤੇ ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਐੱਚ ਓ ਡੀ ਪ੍ਰਬੰਧਨ ਵਿਭਾਗ, ਕਸ਼ੀਸ਼ ਮਿਗਲਾਨੀ ਨੂੰ ਵਧਾਈ ਦਿੱਤੀ ਕਿਉਂਕਿ ਉਨ੍ਹਾਂ ਦੇ ਵਿਭਾਗ ਨੇ ਟੂਰਨਾਮੈਂਟ ਜਿੱਤਿਆ। ਉਨ੍ਹਾਂ ਆਪਣੀ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਹੋਟਲ ਪ੍ਰਬੰਧਨ ਵਿਭਾਗ ਦੇ ਮੁਖੀ ਸ੍ਰੀ ਦੀਪਕ ਠਾਕੁਰ ਨੂੰ ਵੀ ਵਧਾਈ ਦਿੱਤੀ।

# 'ਦੌਰ-ਏ-ਮੁਹੱਬਤ' ਨੇ ਬਿਖੇਰਿਆ ਸੂਫ਼ੀਆਨਾ ਸੁਰਾਂ ਦਾ ਜਾਦੂ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਦੇ ਸਰਦਾਰਨੀ ਮੰਜੀਤ ਕੌਰ ਆਡੀਟੋਰੀਅਮ ਵਿੱਚ ਵੈਲੇਂਟਾਈਨ ਵੀਕ ਦੇ ਮੌਕੇ 'ਤੇ ਆਯੋਜਿਤ ਇੱਕ ਵਿਸ਼ੇਸ਼ ਸਮਾਗਮ 'ਦੌਰ-ਏ-ਮੋਹੱਬਤ' ਵਿਦਿਆਰਥੀਆਂ ਨੂੰ ਕਲਾ, ਭਾਵਨਾਵਾਂ ਅਤੇ ਵਿਚਾਰਾਂ ਦੀ ਇੱਕ ਰੂਹਾਨੀ ਯਾਤਰਾ 'ਤੇ ਲੈ ਗਿਆ। ਇਸ ਸਮਾਗਮ ਵਿੱਚ ਪ੍ਰਸਿੱਧ ਲੇਖਿਕਾ, ਕਵਿੱਤਰੀ , ਸ਼ਾਇਰਾ ਤੇ ਗਾਇਕਾ ਰੂਪ ਕੌਰ ਕੂਨਰ ਨੇ ਸੂਫ਼ੀ ਸੰਗੀਤ, ਸ਼ਾਇਰੀ ਅਤੇ ਪ੍ਰੇਰਨਾਦਾਇਕ ਵਿਚਾਰਾਂ ਰਾਹੀਂ ਸਮਾਗਮ ਵਿੱਚ ਮੌਜੂਦ ਸਭ ਦੇ ਦਿਲ ਜਿੱਤੇ।ਸਮਾਗਮ ਸਿਰਫ਼ ਮਨੋਰੰਜਨ ਤੱਕ ਸੀਮਿਤ ਨਾ ਰਹਿੰਦਿਆਂ, ਪ੍ਰੇਮ, ਜੀਵਨ-ਦਰਸ਼ਨ, ਪਛਾਣ ਅਤੇ ਸਮਾਜਕ ਸੰਵੇਦਨਸ਼ੀਲਤਾ ਵਰਗੇ ਗੰਭੀਰ ਵਿਸ਼ਿਆਂ 'ਤੇ ਕੇਂਦਰਿਤ ਰਿਹਾ। ਆਪਣੀਆਂ ਪ੍ਰਸਿੱਧ ਰਚਨਾਵਾਂ 'ਅਕੀਦਾ' ਅਤੇ 'ਮਿਰਾਕੀ' ਦੀ ਸਾਹਿਤਕ ਗਹਿਰਾਈ ਨੂੰ ਮੰਚ 'ਤੇ ਉਤਾਰਦੇ ਹੋਏ, ਸ਼ਾਇਰਾ ਰੂਪ ਕੌਰ ਕੂਨਰ ਨੇ ਗਾਇਕੀ ਤੇ ਕਵਿਤਾ ਦੇ ਮਿਲਾਪ ਨਾਲ ਵਿਦਿਆਰਥੀਆਂ ਨੂੰ ਬੁੱਧਿਕ ਤੇ ਆਤਮਿਕ ਤੌਰ 'ਤੇ ਪ੍ਰੇਰਿਤ ਕੀਤਾ। ਇਸ ਮੌਕੇ ਸੀ ਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਡਾਇਰੈਕਟਰ ਸਟੂਡੈਂਟ ਵੈਲਫੇਅਰ ਦਵਿੰਦਰ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਸਮੇਤ ਵੱਖ-ਵੱਖ ਸੰਸਥਾਵਾਂ ਦੇ ਮੁਖੀ




ਹਾਜ਼ਰ ਰਹੇ। ਡਾ. ਮਨਬੀਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ, ਸਾਡਾ ਮਕਸਦ ਅਜਿਹੇ ਵਿਦਿਆਰਥੀ ਤਿਆਰ ਕਰਨਾ ਹੈ, ਜੋ ਤਕਨੀਕੀ ਗਿਆਨ ਦੇ ਨਾਲ-ਨਾਲ ਭਾਵਨਾਤਮਕ ਤੌਰ 'ਤੇ ਮਜ਼ਬੂਤ ਅਤੇ ਸੱਭਿਆਚਾਰਕ ਤੌਰ 'ਤੇ ਜਾਗਰੂਕ ਹੋਣ। ਰੂਪ ਕੌਰ ਕੂਨਰ ਵਰਗੀ ਸਾਹਿਤਕ ਸ਼ਖਸੀਅਤ ਦਾ ਸਾਥ ਵਿਦਿਆਰਥੀਆਂ ਨੂੰ ਆਪਣੀ ਵਿਰਾਸਤ ਤੇ ਪੰਜਾਬੀਅਤ ਨਾਲ ਜੋੜਦਾ ਹੈ।

# ਵਿਕਸਿਤ ਉਦਯੋਗ-ਵਿਕਸਿਤ ਕਾਮਿਆਂ 'ਤੇ ਰਹੇਗਾ ਸਰਕਾਰ ਦਾ ਫੋਕਸ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਫੋਕਸ ਵਿਕਸਿਤ ਉਦਯੋਗ, ਵਿਕਸਿਤ ਕਾਮਿਆਂ 'ਤੇ ਰਹੇਗਾ ਤਾਂ ਜੋ ਰਾਜ ਦੀ ਤਰੱਕੀ ਹੋਰ ਵੱਧ ਤੇਜੀ ਨਾਲ ਹੋ ਸਕੇ।ਮੁੱਖ ਮੰਤਰੀ ਬੁੱਧਵਾਰ ਨੂੰ ਚੰਡੀਗੜ੍ਹ ਵਿੱਚ ਇੰਡਸਟਰੀ-ਲੇਬਰ ਫ੍ਰੈਂਡਲੀ ਕਾਉਂਸਿਲ ਦੀ ਪਹਿਲੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਇਸ ਮੌਕੇ 'ਤੇ ਮੁੱਖ ਮੰਤਰੀ ਦੇ ਪ੍ਰਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਉਦਯੋਗ ਅਤੇ ਵਣਜ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ, ਕਿਰਤ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਰਾਜੀਵ ਰੰਜਨ, ਮੁੱਖ ਮੰਤਰੀ ਦੇ ਉਪ-ਪ੍ਰਧਾਨ ਸਕੱਤਰ ਸ੍ਰੀ ਯਸ਼ਪਾਲ ਦੇ ਇਲਾਵਾ ਹੋਰ ਅਧਿਕਾਰੀ ਅਤੇ ਕਾਉਂਸਿਲ ਦੇ ਮੈਂਬਰ ਮੌਜੂਦ ਸਨ।

# ਚੋਰਾਂ ਨੇ ਸਕੂਲ ਨੂੰ ਬਣਾਇਆ ਨਿਸ਼ਾਨਾ, ਰਾਸ਼ਨ ਤੇ ਸਮਾਨ ਚੋਰੀ

**ਅੱਡਾ ਸਰਾਂ, (ਜਸਵੀਰ ਕਾਜਲ)**- ਚੋਰਾਂ ਨੇ ਬੀਤੀ ਰਾਤ ਪਿੰਡ ਢੱਟ ਦੇ ਸਰਕਾਰੀ ਐਲੀਮੈਂਟਰੀ ਸਕੂਲ ਨੂੰ ਨਿਸ਼ਾਨਾ ਬਣਾਉਂਦੇ ਹੋਏ ਮਿੱਡ ਡੇਅ ਮੀਲ ਦਾ ਰਾਸ਼ਨ ਤੇ ਹੋਰ ਸਮਾਨ ਚੋਰੀ ਕਰ ਲਿਆ। ਸਵੇਰੇ ਸਕੂਲ ਪਹੁੰਚਣ ਤੇ ਸਕੂਲ ਸਟਾਫ ਨੂੰ ਚੋਰੀ ਬਾਰੇ ਪਤਾ ਚੱਲਣ ਤੇ ਪੁਲਸ ਨੂੰ ਸੂਚਨਾ ਦਿੱਤੀ ਗਈ । ਸਕੂਲ ਇੰਚਾਰਜ ਪਵਨ ਨੇ ਦੱਸਿਆ ਕਿ ਚੋਰਾਂ ਨੇ ਸਕੂਲ ਦੇ ਸੀ ਸੀ ਟੀ ਵੀ



ਕੈਮਰੇ, ਦਫਤਰ ਅਤੇ ਰਸੋਈ ਦੇ ਜਿੰਦਰੇ ਤੋੜੇ ਅਤੇ ਅੰਦਰੋਂ ਰਿਕਾਰਡ ਨਾਲ ਛੇੜਖਾਨੀ ਕੀਤੀ । ਚੋਰ ਸਕੂਲ ਵਿੱਚੋ ਦੋ ਗੈਸ ਸਲੰਡਰ, ਅਨਾਜ, ਚਾਵਲ, ਤੇਲ, ਖੰਡ, ਆਟਾ ਤੇ ਹੋਰ ਸਮਾਨ ਚੋਰੀ ਕਰਕੇ ਲੈ ਗਏ । ਪੁਲਸ ਦੀ ਟੀਮ ਨੇ ਮੌਕੇ ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਅਜੇ ਮੰਗੂਪੁਰ ਦੀ ਅਗਵਾਈ ਹੇਠ ਕਾਂਗਰਸ ਨੂੰ ਮਿਲੀ ਮਜ਼ਬੂਤੀ



**ਬਲਾਚੌਰ (ਜਸਵਿੰਦਰ ਬੈਂਸ)**- ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸ ਪਾਰਟੀ ਦੀਆਂ ਜੜਾਂ ਹੋ ਰਹੀਆਂ ਹੋਰ ਵੀ ਮਜ਼ਬੂਤ ਹੋਈਆਂ, ਇਹ ਕਹਿਣਾਂ ਹੈ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ। ਬੀਤੇ ਦਿਨੀ ਸ਼ਹਿਰ ਬਲਾਚੌਰ ਦੇ ਵਾਰਡ ਨੰ-2 ਤੋਂ ਮਨਦੀਪ ਕੌਰ ਅਤੇ ਮਹਿੰਦੀਪੁਰ ਤੋਂ ਜਤਿੰਦਰ ਕੁਮਾਰ ਸੌਨੂੰ ਆਪਣੇ ਸਾਥੀਆਂ ਸਮੇਤ ਅਜੇ ਮੰਗਪੁਰ ਦੀ ਅਗਵਾਈ ਹੇਠ ਹਰਪ੍ਰੀਤ ਸਿੰਘ ਹੈਰੀ ਯੂਥ ਪ੍ਰਧਾਨ ਸ਼ਹਿਰੀ ਅਤੇ ਰਾਕੇਸ਼ ਰਾਣੀ ਜਨਰਲ ਸਕੱਤਰ ਡੀ ਸੀ ਸੀ ਦੇ ਯਤਨਾਂ ਸਦਕਾ ਵੱਖ ਵੱਖ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਪ੍ਰਧਾਨ ਅਜੇ ਮੰਗਪੁਰ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਮਨਦੀਪ ਕੌਰ, ਕਮਰ ਪਾਲ, ਜਤਿੰਦਰ ਕੁਮਾਰ, ਹਰਜਿੰਦਰ ਲਾਲ, ਆਸ਼ਾ ਰਾਣੀ, ਕੁਲਵਿੰਦਰ ਕੌਰ, ਹਰ ਕੌਰ, ਤਰਸੇਮ ਲਾਲ, ਸਾਹਿਲ, ਰੋਹਿਤ, ਰੋਸ਼ਨ, ਕਿਸ਼ਨ ਲਾਲ, ਦੇਵੀ, ਬਸੰਤੀ, ਰੋਸ਼ਨੀ, ਹਰਭਜਨ ਕੌਰ, ਸੁਖਦੇਵ ਕੁਮਾਰ, ਸਰਬਣ, ਕਾਲਾ ਆਦਿ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ,ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ ਡੀ ਸੀ ਸੀ, ਚਮਨ ਲਾਲ ਭੂੰਬਲਾ ਰਿਟਾਇਰਡ ਡੀ ਐਸ ਪੀ, ਮੋਹਿੰਦਰ ਪਾਲ ਚੇਅਰਮੈਨ, ਸੋਮਨਾਥ ਤੱਕਲਾ ਸੀਨੀਅਰ ਮੀਤ ਪ੍ਰਧਾਨ ਸ਼ਹਿਰੀ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਹਰਪ੍ਰੀਤ ਸਿੰਘ ਹੈਰੀ ਯੂਥ ਪ੍ਰਧਾਨ ਸ਼ਹਿਰੀ, ਨਰੇਸ਼ ਚੇਚੀ ਕੌਂਸਲਰ, ਪਰਮਿੰਦਰ ਮੇਨਕਾ ਆਗੂ, ਦਿਨੇਸ਼ ਕੁਮਾਰ, ਰਾਣਾ ਪਾਸਟਰ ਆਦਿ ਹਾਜ਼ਰ ਸਨ।

# ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ ਦੀ ਅਹਿਮ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਾਮਗੜ੍ਹੀਆ ਸਿੱਖ ਆਰਗੇਨਾਈਜੇਸ਼ਨ ਇੰਡੀਆ ਦੀ ਅਹਿਮ ਮੀਟਿੰਗ ਇੰਡੀਆ ਪ੍ਰਧਾਨ ਹਰਦੇਵ ਸਿੰਘ ਕੌਂਸਲ ਦੀ ਅਗਵਾਈ ਹੇਠ ਮੋਤੀ ਮਹਿਲ ਹੁਸ਼ਿਆਰਪੁਰ ਵਿਖੇ ਹੋਈ । ਜਿਸ ਵਿੱਚ ਉਚੇਚੇ ਤੌਰ 'ਤੇ ਸਰਪ੍ਰਸਤ ਸੰਤ ਬਾਬਾ ਰਣਜੀਤ ਸਿੰਘ ਗੁਰਦੁਆਰਾ ਸ਼ਹੀਦ ਸਿੰਘਾਂ, ਚੇਅਰਮੈਨ ਇੰਡੀਆ ਕੁਲਦੀਪ ਸਿੰਘ ਖਾਂਬਾ, ਸੀਨੀਅਰ ਵਾਈਸ ਚੇਅਰਮੈਨ ਪਰਮਜੀਤ ਸਿੰਘ ਕਲਿਆਣ, ਸਕੱਤਰ ਜਨਰਲ ਇੰਡੀਆ ਕਸ਼ਮੀਰ ਸਿੰਘ ਗੀਗਨੋਵਾਲ, ਸੀਨੀਅਰ ਜਨਰਲ ਸਕੱਤਰ ਇੰਡੀਆ ਗੁਰਦੇਵ ਸਿੰਘ ਪੋਵਾਰ ਰਿਟਾ.ਐਕਸੀਅਨ, ਚੇਅਰਮੈਨ ਪੰਜਾਬ ਜਸਵੰਤ ਸਿੰਘ ਭੋਗਲ, ਪੰਜਾਬ ਪ੍ਰਧਾਨ ਗੁਰਵਿੰਦਰ ਸਿੰਘ ਗਿੰਦਾ ਝਾਂਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ । ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਡੀਆ ਪ੍ਰਧਾਨ ਹਰਦੇਵ ਸਿੰਘ ਕੌਂਸਲ ਨੇ ਦੱਸਿਆ ਕਿ ਰਾਮਗੜ੍ਹੀਆ ਸਿੱਖ ਆਰਗਨਾਈਜੇਸ਼ਨ ਇੰਡੀਆ ਦਾ ਮੁੱਖ ਮਕਸਦ ਜਿੱਥੇ ਸਿੱਖ ਕੌਮ ਦੇ ਮਹਾਨ ਰਾਮਗੜ੍ਹੀਆ ਜਰਨੈਲਾਂ ਦੀ ਇਤਿਹਾਸਕ ਮਾਨਤਾਵਾਂ ਵਾਲੀਆਂ ਵਿਰਾਸਤੀ ਇਮਾਰਤਾਂ ਭਵਨਾਂ ਦੀ ਸਾਂਭ ਸੰਭਾਲ ਕਰਨਾ ਹੈ ਉੱਥੇ ਦੇਸ਼ ਕੌਮ ਦੇ ਭਵਿੱਖ ਨੂੰ ਰੌਸ਼ਨ ਕਰਨ ਲਈ ਲਾਇਕ ਤੇ ਹੋਣਹਾਰ ਵਿਦਿਆਰਥੀਆਂ ਨੂੰ ਮੁਕਾਬਲੇ ਦੇ ਇਮਤਿਹਾਨਾਂ ਲਈ ਤਿਆਰ ਕਰਨਾ ਮੁੱਖ ਏਜੰਡੇ 'ਤੇ ਹੈ ਜਿਸ ਲਈ ਜਥੇਬੰਦੀ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ ਅਤੇ ਪੂਰੇ ਪੰਜਾਬ ਵਿੱਚ ਵਿਸਥਾਰ ਕੀਤਾ ਜਾ ਰਿਹਾ ਹੈ । ਉਨ੍ਹਾਂ ਨਵੇਂ ਨਿਯੁਕਤ ਹੋਏ ਪੰਜਾਬ ਪ੍ਰਧਾਨ ਗੁਰਵਿੰਦਰ ਸਿੰਘ ਗਿੰਦਾ ਝਾਂਸ ਲੁਧਿਆਣਾ ਅਤੇ ਚੇਅਰਮੈਨ ਜਸਵੰਤ ਸਿੰਘ ਭੋਗਲ ਨੂੰ ਹਦਾਇਤ ਕੀਤੀ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ



ਜ਼ਿਲ੍ਹਾ ਪ੍ਰਧਾਨਾਂ ਅਤੇ ਪੰਜਾਬ ਬਾਡੀ ਦੀ ਜਲਦੀ ਤੋਂ ਜਲਦੀ ਯੋਗ ਉਮੀਦਵਾਰਾਂ ਦੀ ਚੋਣ ਕਰਕੇ ਜਥੇਬੰਦਕ ਢਾਂਚੇ ਦਾ ਐਲਾਨ ਕੀਤਾ ਜਾਵੇ। ਇਸ ਤੋਂ ਇਲਾਵਾ ਇਕ ਮਾਰਚ ਨੂੰ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਖੇ ਹੋਣ ਵਾਲੇ ਸਮਾਗਮ ਲਈ ਵੀ ਵੱਡੇ ਪੱਧਰ ਤੇ ਤਿਆਰੀਆਂ ਕਰਨ ਦਾ ਫ਼ੈਸਲਾ ਕੀਤਾ ਗਿਆ । ਇਸ ਮੌਕੇ ਆਰਗਨਾਈਜੇਸ਼ਨ ਦੇ ਸਰਪ੍ਰਸਤ ਸੰਤ ਬਾਬਾ ਰਣਜੀਤ ਸਿੰਘ ਨੇ ਇੰਡੀਆ ਪ੍ਰਧਾਨ ਹਰਦੇਵ ਸਿੰਘ ਕੌਂਸਲ ਦੀ ਅਗਵਾਈ ਵਿੱਚ ਕੌਮ ਦੀ ਭਲਾਈ ਅਤੇ ਆਪਸੀ ਏਕਤਾ ਲਈ ਕੀਤੇ ਜਾ ਰਹੇ ਕਾਰਜਾਂ ਉੱਪਰ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੰਦਿਆਂ ਬ੍ਰਹਮ ਗਿਆਨੀ ਭਾਈ ਲਾਲੋ ਜੀ ਦਾ ਜਨਮ ਦਿਹਾੜਾ ਸਮਾਗਮ ਗੁਰਦੁਆਰਾ ਸ਼ਹੀਦ ਸਿੰਘਾਂ ਵਿਖੇ ਮਨਾਉਣ ਦਾ ਸੱਦਾ ਦਿੱਤਾ । ਜਿਸ 'ਤੇ ਮੀਟਿੰਗ ਵਿੱਚ ਜਲਦੀ ਹੀ ਇਸ ਸਬੰਧੀ ਪ੍ਰੋਗਰਾਮ ਬਣਾ ਕੇ ਦਿੱਤੇ ਜਾਣ ਦਾ ਪ੍ਰਧਾਨ ਹਰਦੇਵ ਸਿੰਘ ਕੌਂਸਲ ਤੇ ਚੇਅਰਮੈਨ ਕੁਲਦੀਪ ਸਿੰਘ ਖਾਂਬਾ ਵੱਲੋਂ ਫੈਸਲਾ ਕੀਤਾ ਗਿਆ । ਇਸ ਮੌਕੇ ਜਥੇਬੰਦੀ ਦੀ ਮਜਬੂਤੀ ਵਧੀਆ ਸੇਵਾਵਾਂ ਨਿਭਾਉਣ ਲਈ ਸੀਨੀਅਰ ਜਨਲ ਸਕੱਤਰ ਇੰਡੀਆ ਗੁਰਦੇਵ ਸਿੰਘ ਪਵਾਰ ਰਿਟਾਇਰਡ ਐਕਸੀਅਨ ਅਤੇ ਪੰਜਾਬ ਪ੍ਰਧਾਨ ਗੁਰਵਿੰਦਰ ਸਿੰਘ ਗਿੰਦਾ ਝਾਂਸ ਲੁਧਿਆਣਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ । ਇਸ ਮੌਕੇ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਲਕੀਤ ਸਿੰਘ ਮਰਵਾਹਾ ਤੇ ਅਮਰਜੀਤ ਸਿੰਘ ਆਸੀ ਸੀਨੀਅਰ ਮੀਤ ਪ੍ਰਧਾਨ ਇੰਡੀਆ, ਜਗਦੀਪ ਸਿੰਘ ਸੀਹਰਾ ਮੀਤ ਪ੍ਰਧਾਨ ਇੰਡੀਆ, ਗੁਰਬਿੰਦਰ ਸਿੰਘ ਪਲਾਹਾ ਜਨਰਲ ਸਕੱਤਰ ਕਮ ਪ੍ਰੈਸ ਸਕੱਤਰ ਇੰਡੀਆ, ਗੁਰਮਿੰਦਰ ਕੌਰ ਵਾਈਸ ਚੇਅਰਮੈਨ ਪਰਸਨ ਪੰਜਾਬ, ਹਰਜੀਤ ਸਿੰਘ ਨੰਗਲ, ਅਮਨਦੀਪ ਸਿੰਘ ਵਿਰਦੀ, ਗੁਰਦੀਪ ਸਿੰਘ ਆਸਟਰੇਲੀਆ, ਅਵਤਾਰ ਸਿੰਘ ਭੰਬਰਾ ਸਮੇਤ ਹੋਰ ਪ੍ਰਮੁੱਖ ਅਹੁਦੇਦਾਰ ਹਾਜ਼ਰ ਹੋਏ ।

# ਅਵਾਰਾ ਕੁੱਤਿਆਂ ਦੀ ਨਸਬੰਦੀ ਮੁਹਿੰਮ ਦੀ ਸ਼ੁਰੂਆਤ


**ਜ਼ੀਰਕਪੁਰ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਜ਼ੀਰਕਪੁਰ ਨਗਰ ਕੌਂਸਲ ਖੇਤਰ ਵਿੱਚ ਆਵਾਰਾ ਕੁੱਤਿਆਂ ਦੀ ਵੱਧ ਰਹੀ ਗਿਣਤੀ 'ਤੇ ਕਾਬੂ ਪਾਉਣ ਲਈ ਨਗਰ ਕੌਂਸਲ ਦੀ ਡਾਗ ਸਟੀਰਿਲਾਈਜ਼ੇਸ਼ਨ (ਕੁੱਤਿਆਂ ਦੀ ਨਸਬੰਦੀ) ਮੁਹਿੰਮ ਦੀ ਰਸਮੀ ਤੌਰ 'ਤੇ ਸ਼ੁਰੂਆਤ ਕਰਵਾਈ, ਜਿਸ ਅਧੀਨ ਲਗਭਗ 2000 ਕੁੱਤਿਆਂ ਦੀ ਸਟੀਰਿਲਾਈਜ਼ੇਸ਼ਨ ਕਰਨ ਦਾ ਟੀਚਾ ਰੱਖਿਆ ਗਿਆ ਹੈ।ਜਾਣਕਾਰੀ ਦਿੰਦਿਆਂ ਵਿਧਾਇਕ ਰੰਧਾਵਾ ਨੇ ਦੱਸਿਆ ਕਿ ਜ਼ੀਰਕਪੁਰ ਦੇ ਨਿਵਾਸੀ ਆਵਾਰਾ



ਕੁੱਤਿਆਂ ਦੀ ਵੱਧ ਰਹੀ ਗਿਣਤੀ ਕਾਰਨ ਕਾਫ਼ੀ ਸਮੇਂ ਤੋਂ ਸਟੀਰਿਲਾਈਜ਼ੇਸ਼ਨ ਦੀ ਮੰਗ ਕਰ ਰਹੇ ਸਨ। ਇਸ ਲਈ 39.46 ਲੱਖ ਰੁਪਏ ਦੀ ਲਾਗਤ ਨਾਲ ਸਟੀਰਿਲਾਈਜ਼ੇਸ਼ਨ ਪ੍ਰੋਜੈਕਟ ਮਨਜ਼ੂਰ ਕਰਕੇ ਇਸ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮਕਸਦ ਲਈ ਇੱਕ ਸਟੀਰਿਲਾਈਜ਼ੇਸ਼ਨ ਸੈਂਟਰ ਬਣਾਇਆ ਗਿਆ ਹੈ, ਜਿੱਥੇ ਇਕ ਸਮੇਂ ਵਿੱਚ 100 ਕੁੱਤਿਆਂ ਨੂੰ ਰੱਖਿਆ ਜਾ ਸਕੇਗਾ। ਹਰ ਕੁੱਤੇ ਨੂੰ ਸਟੀਰਿਲਾਈਜ਼ੇਸ਼ਨ ਤੋਂ ਬਾਅਦ ਨਿਗਰਾਨੀ ਹੇਠ ਰੱਖਿਆ ਜਾਵੇਗਾ ਤੇ ਸਰੀਰਕ ਤੌਰ 'ਤੇ ਠੀਕ ਪਾਏ ਜਾਣ ਉਪਰੰਤ ਹੀ ਛੱਡਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਆਵਾਰਾ ਕੁੱਤਿਆਂ ਨੂੰ ਰੱਖਣ ਲਈ ਇੱਕ 'ਡਾਗ ਸੈਂਕਚੂਰੀ' ਬਣਾਉਣ ਦਾ ਪ੍ਰਸਤਾਵ ਵੀ ਰਾਜ ਸਰਕਾਰ ਨੂੰ ਭੇਜਿਆ ਗਿਆ ਹੈ, ਜਿਸ ਦੀ ਅਨੁਮਾਨਿਤ ਲਾਗਤ 39.46 ਲੱਖ ਰੁਪਏ ਹੈ।ਇਸ ਮੌਕੇ ਈ.ਓ. ਐਮ.ਸੀ. ਪਰਵਿੰਦਰ ਸਿੰਘ ਭੱਟੀ, ਕੌਂਸਲਰ, ਪਾਰਟੀ ਆਗੂ ਅਤੇ ਸਥਾਨਕ ਵਾਰਡ ਵਾਸੀ ਹਾਜ਼ਰ ਰਹੇ।

# ਏਕ ਨੂਰ ਸਵੈ ਸੇਵੀ ਸੰਸਥਾ ਵੱਲੋਂ ਸਹਾਇਤਾ ਵੰਡ ਸਮਾਗਮ


**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਜ਼ਿਲਾ ਹੁਸ਼ਿਆਰਪੁਰ ਦੀ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਐਮਾਂ ਜੱਟਾਂ ਵਿਖੇ ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 28 ਵਾਂ ਸਲਾਨਾ ਸਹਾਇਤਾ ਵੰਡ ਸਮਾਗਮ ਕਰਵਾਇਆ ਗਿਆ। ਜਿਸ ਦੀ ਸ਼ੁਰੂਆਤ ਸੰਤ ਬਾਬਾ ਗੁਰਬਚਨ ਸਿੰਘ ਜੀ ਅਸਥਾਨੀ ਮਹਾਂ ਪੁਰਸ਼, ਗੁਰਦੁਆਰਾ, ਸ੍ਰੀਮਾਨ 108 ਬ੍ਰਹਮ ਗਿਆਨੀ ਸੰਤ ਬਾਬਾ ਘਨ੍ਹਈਆ ਜੀ ਪਠਲਾਵਾ ਅਤੇ ਯੋਗੀ ਦੇਵੀ ਨਾਥ ਐਮਾਂ ਜੱਟਾਂ ਵਲੋਂ ਸਾਂਝੇ ਤੌਰ ਤੇ ਰੀਬਨ ਕੱਟ ਕੇ ਕੀਤੀ ਗਈ । ਇਸ ਤੋਂ ਪਹਿਲਾਂ ਗਿਆਨੀ ਦਲਜਿੰਦਰ ਸਿੰਘ ਝਿੱਕਾ ਹਜ਼ੂਰੀ ਰਾਗੀ ਗੁਰਦੁਆਰਾ ਸੰਤ ਬਾਬਾ ਘਨ੍ਹਈਆ ਜੀ ਵਲੋਂ ਅਰਦਾਸ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਜਥੇਦਾਰ ਲਖਵੀਰ ਸਿੰਘ ਡਾਨਸੀਵਾਲ ਵਲੋਂ ਤਿਆਰ ਕੀਤੇ ਛੋਟੀਆਂ ਬੀਬੀਆਂ ਦੇ ਜਥੇ ਨੇ ਬੁਲੰਦ ਅਵਾਜ਼ ਵਿਚ ਕਵੀਸ਼ਰੀ ਦੀ ਸਾਂਝ ਪਾ ਕੀਤੀ ਗਈ। ਇਸ ਤੋਂ ਬਾਅਦ ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲਿਆਂ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਉਹਨਾਂ ਦੁਆਰਾ ਰਚੀ ਗੁਰਬਾਣੀ ਦੇ ਫਲਸਫੇ ਅਤੇ ਸ਼ਹੀਦੀ



ਦੇ ਕਾਰਣਾਂ ਵਾਰੇ ਵਿਸਥਾਰ ਵਿਚ ਚਾਨਣਾ ਪਾਇਆ ਗਿਆ। ਸਮਾਗਮ ਵਿਚ ਸੰਸਥਾ ਦੇ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ, ਸੁਰਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਬਲਵੀਰ ਸਿੰਘ ਨੰਬਰਦਾਰ, ਮਨਜੀਤ ਸਿੰਘ ਸਾਬਕਾ ਸਰਪੰਚ ਐਮਾਂ ਜੱਟਾਂ, ਪ੍ਰਮਜੀਤ ਸਿੰਘ ਸੂਰਾਪੁਰ, ਪਰਵਿੰਦਰ ਸਿੰਘ ਰਾਣਾ, ਸੰਦੀਪ ਗੌੜ,ਪ੍ਰੋ ਚਰਨਜੀਤ ਕੁਮਾਰ, ਦਿਲਾਵਰ ਸਿੰਘ ਸਰਪੰਚ ਪਠਲਾਵਾ, ਕੁਲਦੀਪ ਸਿੰਘ ਪੀਜ਼ਾ ਹੱਟ, ਹਰਪਾਲ ਸਿੰਘ ਪਠਲਾਵਾ,ਗਿਆਨੀ ਅਵਤਾਰ ਸਿੰਘ ਪਠਲਾਵਾ, ਸੰਤੋਖ ਸਿੰਘ ਸਾਬਕਾ ਪ੍ਰਧਾਨ ਸਪੋਰਟਸ ਕਲੱਬ ਪਠਲਾਵਾ, ਡਾ ਸੰਜੀਵ ਕੁਮਾਰ ਐਮਾਂਜੱਟਾਂ, ਅਮਰਜੀਤ ਸਿੰਘ ਸੂਰਾਪੁਰ, ਆਤਮਾਂ ਸਿੰਘ ਸੂਰਾਪੁਰ, ਕੈਪਟਨ ਜੋਗਾ ਸਿੰਘ, ਮਾ. ਰਮੇਸ਼ ਕੁਮਾਰ ਪਠਲਾਵਾ, ਡਾ. ਕੁਲਦੀਪ ਰਾਜ ਬੰਗਾ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ, ਦਿਲਬਾਗ ਸਿੰਘ ਸਾਬਕਾ ਜ਼ਿਲ੍ਹਾ ਸਿੱਖਿਆ ਅਫਸਰ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਜਤਿੰਦਰਪਾਲ ਸਿੰਘ ਸੂਰਾਪੁਰ, ਪ੍ਰਿੰਸੀਪਲ ਜਸਪਾਲ ਸਿੰਘ ਗਿੱਦਾ, ਸੇਵਾ ਸਿੰਘ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ ਚੇਅਰਪਰਸਨ ਇਸ਼ਤਰੀ ਵਿੰਗ, ਨਰਿੰਦਰ ਕੌਰ,ਰਮਨਜੀਤ ਕੌਰ ਬਲਵਿੰਦਰ ਕੌਰ, ਸਾਰਿਕਾ ਸੋਨੀ ਸੁਜੋਂ ਤਾਰਿਕਾ ਸੋਨੀ ਸੁਜੋਂ, ਬਲਵੀਰ ਕੌਰ ਬੰਗਾ ਸੁਰਿੰਦਰ ਸਿੰਘ ਕਰਮ ਪ੍ਰੈਸ ਸਕੱਤਰ,ਚੰਨੀ ਪਠਲਾਵਾ ਪ੍ਰੈਸ ਸਕੱਤਰ, ਇੰਦਰਪ੍ਰੀਤ ਸਿੰਘ ਝਿੱਕਾ, ਹਰਪ੍ਰੀਤ ਸਿੰਘ ਪ੍ਰੈਸ ਸਕੱਤਰ, ਜਗਦੀਪ ਸਿੰਘ, ਅਵਤਾਰ ਸਿੰਘ ਸੂਰਾਪੁਰ, ਰਜਿੰਦਰ ਸਿੰਘ ਜਿੰਦਾ, ਕੁਲਵਿੰਦਰ ਸਿੰਘ ਲਾਲੀ, ਰਵਿੰਦਰ ਕੌਰ, ਰੇਸ਼ਮ ਕੌਰ ਪੋਸੀ ਮਾਤਾ ਗੁਰਦਿਆਲ ਕੌਰ, ਲਖਵਿੰਦਰ ਕੌਰ,ਅਮਰ ਸੇਲਕੀਆਣ, ਬਲਜੀਤ ਸਿੰਘ, ਅਮਰੀਕ ਸਿੰਘ ਜਗੈਤ,ਚਰਨ ਸਿੰਘ ਨਵਾਂ ਸ਼ਹਿਰ ਹਾਜ਼ਰ ਸਨ ।

# ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ ਲਗਾਇਆ

**ਨਵਾਂਸ਼ਹਿਰ, (ਮਨੋਜ ਲਾਡੀ)**- ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਸਮਾਗਮ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਤਹਿਤ ਸ੍ਰੀ ਵਿਸ਼ਵਕਰਮਾ ਮੰਦਿਰ ਰਾਹੋਂ ਰੋਡ ਨਵਾਂਸ਼ਹਿਰ ਵਿਖੇ ਅਟਲ ਵਾਯੋ ਅਭਯੁਦਯ ਯੋਜਨਾ ਅਧੀਨ ਜਾਗਰੂਕਤਾ ਕੈਂਪ ਲਗਾਇਆ ਗਿਆ ਜਿਸ ਵਿੱਚ ਐੱਸ ਡੀ ਐੱਮ ਨਵਾਂਸ਼ਹਿਰ ਅਨਮਜਯੋਤ ਕੌਰ ਨੇ ਸ਼ਿਰਕਤ ਕੀਤੀ। ਐੱਸ ਡੀ ਐੱਮ ਨਵਾਂਸ਼ਹਿਰ ਅਨਮਜਯੋਤ ਕੌਰ ਨੇ ਦੱਸਿਆ ਕਿ ਅਟਲ ਵਾਯੋ ਅਭਯੁਦਯ ਯੋਜਨਾ ਅਧੀਨ ਜ਼ਿਲ੍ਹੇ ਅੰਦਰ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ



ਜਿਸ ਤਹਿਤ ਸਾਡੇ ਬਜ਼ੁਰਗ ਸਾਡਾ ਮਾਣ ਮੁਹਿੰਮ ਅਧੀਨ ਦੇ ਐਕਸ਼ਨ ਪਲਾਨ ਦੇ ਤਹਿਤ ਜਿਲ੍ਹੇ ਵਿਚ ਬਜ਼ੁਰਗ ਨਾਗਰਿਕਾਂ ਦੀ ਭਲਾਈ ਵਾਸਤੇ ਮੈਡੀਕਲ ਚੈੱਕਅਪ ਦੇ ਤਹਿਤ ਜਨਰਲ ਮੈਡੀਕਲ, ਆਰਥੋ, ਕੰਨਾਂ, ਗਲਾ ਤੇ ਨਕ, ਅੱਖਾਂ ਦਾ ਚੈੱਕਅਪ, ਹੋਮਿਓਪੈਥੀ ਤੇ ਆਯੁਰਵੈਦਿਕ ਚੈੱਕਅਪ ਲਗਾਇਆ। ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਓ ਪੀ ਡੀ, ਆਰਥੋਪੀਡਿਕ ਚੈੱਕਅੱਪ, ਅੱਖਾਂ ਦੀ ਜਾਂਚ, ਫਿਜ਼ੀਓਥੈਰੇਪੀ ਅਤੇ ਮਨੋਰੋਗ/ਕਲੀਨਿਕਲ ਮੋਵਿਗਿਆਨਕ ਮੁਲਾਂਕਣ ਸਬੰਧੀ ਚੈੱਕਅਪ ਕੀਤਾ ਗਿਆ ਤੇ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਇਸ ਕੈਂਪ ਵਿੱਚ ਐੱਮ ਡੀ ਮੈਡੀਸੀਨ ਡਾ. ਜਸਕਰਨ ਸਿੰਘ, ਹੱਡਿਆਂ ਦੇ ਮਾਹਿਰ ਡਾ. ਅਸ਼ੋਕ ਗੋਇਲ, ਐੱਮ ਡੀ ਮਨਰੋਗ ਵਿਭਾਗ ਡਾ. ਸੰਦੀਪ ਬੰਗਰ, ਕੰਨਾਂ ਦੇ ਮਾਹਿਰ ਡਾ. ਅਮਿਤ, ਅੱਖਾਂ ਦੇ ਮਾਹਿਰ ਡਾ. ਸਵਰਨਜੀਤ, ਮਿਸ ਅਗੀਸ਼ਾ ਚੌਹਾਨ ਫਾਰਮੈਸੀ ਅਫਿਸਰ, ਆਂਗਣਵਾੜੀ ਵਰਕਰ ਆਦਿ ਹਾਜ਼ਰ ਸਨ।

# ਬਿਜਲੀ ਮੁਲਾਜ਼ਮਾਂ ਵੱਲੋਂ ਮੁਕੰਮਲ ਹੜਤਾਲ ਤੇ ਰੈਲੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਕੇਂਦਰੀ ਟ੍ਰੇਡ ਯੂਨੀਅਨਾਂ ਦੇ ਸੱਦੇ ਦਾ ਮੋਰਿੰਡਾ ਵਿਖੇ ਅਸਰ ਵੇਖਣ ਨੂੰ ਮਿਲਿਆ। ਬਿਜਲੀ ਵਿਭਾਗ ਦੇ ਕਰਮਚਾਰੀਆਂ ਨੇ ਮੁਕੰਮਲ ਹੜਤਾਲ ਕਰਕੇ ਭਰਵੀਂ ਰੈਲੀ ਕੀਤੀ। ਇਸ ਹੜਤਾਲ ਵਿੱਚ ਜੋਆਇੰਟ ਫੋਰਮ ਪੰਜਾਬ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਸਮੇਤ ਠੇਕੇ ਤੇ ਕੰਮ ਕਰਦੇ ਮੁਲਾਜ਼ਮਾਂ ਨੇ ਵੀ ਹੜਤਾਲ ਵਿੱਚ ਭਰਵੀਂ ਸ਼ਮੂਲੀਅਤ ਕੀਤੀ। ਪੰਜਾਬ



ਰੋਡਵੇਜ਼ ਦੀਆਂ ਬੱਸਾਂ ਲੱਗਭਗ ਬੰਦ ਰਹੀਆਂ, ਇਸ ਕਾਰਨ ਪ੍ਰਾਈਵੇਟ ਬੱਸਾਂ ਵਾਲਿਆਂ ਅਤੇ ਆਟੋ ਚਾਲਕਾਂ ਦੀ ਮਨ ਮਰਜ਼ੀ ਚਲਦੀ ਰਹੀ। ਬੈਂਕਾਂ ਵਿੱਚ ਹੜਤਾਲ ਦਾ ਅਸਰ ਨਾਂਮਾਤਰ ਰਿਹਾ। ਜਦੋਂ ਕਿ ਨਗਰ ਕੌਂਸਲ ਦੇ ਕਰਮਚਾਰੀ ਆਮ ਵਾਂਗ ਕੰਮ ਕਰਦੇ ਵੇਖੇ ਗਏ। ਇਸ ਰੈਲੀ ਵਿੱਚ ਉਚੇਚੇ ਤੌਰ ਤੇ ਪੁੱਜੇ ਜੋਆਇੰਟ ਫੋਰਮ ਆਗੂ ਸੁਖਵਿੰਦਰ ਸਿੰਘ ਦੁੱਮਣਾ ਨੇ ਸਬੋਧਨ ਕਰਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨਿਜੀਕਰਨ ਬੰਦ ਕਰੋ, ਠੇਕੇਦਾਰੀ ਪ੍ਰਣਾਲੀ ਖਤਮ ਕਰੋ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰੋ ਤੇ ਮਨਰੇਗਾ ਸਕੀਮ ਨੂੰ ਬਹਾਲ ਅਤੇ ਮਜ਼ਬੂਤ ਕਰੋ। ਜੀ ਰਾਮ ਜੀ ਕਨੂੰਨ ਨੂੰ ਰੱਦ ਕਰੋ। ਇਸ ਰੈਲੀ ਨੂੰ ਮਿਨਿਸਟਰੀਅਲ ਸਰਵਿਸ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਬਰਿੰਦਰ ਸਿੰਘ ਅਤੇ ਸਰਕਲ ਮੋਹਾਲੀ ਦੇ ਟੀ ਐਸ ਯੂ ਦੇ ਪ੍ਰਧਾਨ ਬਲਵਿੰਦਰ ਸਿੰਘ ਰਡਿਆਲਾ ਨੇ ਆਖਿਆ ਕਿ ਕੇਂਦਰ ਦੀ ਸਰਕਾਰ ਬਿਜਲੀ ਐਕਟ 2025 ਮੁਲਾਜ਼ਮ ਤੇ ਆਮ ਖਪਤਕਾਰਾਂ ਦੇ ਲਈ ਕਿੰਨਾ ਘਾਤਕ ਸਿੱਧ ਹੋ ਸਕਦਾ ਹੈ। ਰੈਲੀ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਡਿਵੀਜ਼ਨ ਆਗੂ ਪਰਮਜੀਤ ਸਿੰਘ ਐੱਮ ਐੱਸ ਯੂ ਦੇ ਡਿਵੀਜ਼ਨ ਪਰਧਾਨ ਸਿਮਰਪ੍ਰੀਤ ਸਿੰਘ, ਜੋਨ ਆਗੂ ਯੋਗਰਾਜ ਸਿੰਘ, ਸ਼ਹਿਰੀ ਮੋਰਿੰਡਾ ਤੋਂ ਟੀ ਐੱਸ ਯੂ ਦੇ ਪ੍ਰਧਾਨ ਗੁਲਜ਼ਾਰ ਸਿੰਘ, ਜੰਗ ਸਿੰਘ ਸੀ ਐੱਚ ਵੀ ਸਰਕਲ ਆਗੂ ਬਲਜਿੰਦਰ ਸਿੰਘ, ਜਰਨੈਲ ਸਿੰਘ ਅਤੇ ਮਨੋਜ ਕੁਮਾਰ, ਗੁਰਨਾਮ ਸਿੰਘ, ਗੁਰਦਿਆਲ ਸਿੰਘ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।



# ਪਿਪਸ ਸਕੂਲ ਵਿਖੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ

**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੰਪਲ ਮਾਜਰਾ ਵਿਖੇ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਵਿਦਾਇਗੀ ਪਾਰਟੀ ਯਾਦਾਂ ਦਾ ਸਫ਼ਰਨਾਮਾ ਸਮਾਰੋਹ ਕਰਵਾਇਆ ਗਿਆ। ਸਕੂਲ ਦੇ ਪ੍ਰਿੰਸੀਪਲ ਸੁਰਜੀਤ ਸਿੰਘ ਨੇ ਦੱਸਿਆ ਕਿ ਇਸ ਸਮਾਰੋਹ ਵਿੱਚ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਕੂਲ ਤੋਂ ਵਿਦਾ ਹੋ ਰਹੇ ਆਪਣੇ ਸੀਨੀਅਰ ਵਿਦਿਆਰਥੀਆਂ ਨੂੰ ਬਹੁਤ ਹੀ ਪਿਆਰੇ ਤੋਹਫ਼ੇ ਦਿੱਤੇ ਤੇ ਉਨ੍ਹਾਂ ਦੇ ਸਨਮਾਨ ਵਿੱਚ ਬਹੁਤ ਹੀ ਪਿਆਰੇ ਗੀਤ, ਕਵਿਤਾਵਾਂ ਅਤੇ ਕਈ ਮਨੋਰੰਜਕ ਭਰਪੂਰ ਖੇਡਾਂ ਦਾ ਆਯੋਜਨ ਕੀਤਾ। ਇਸੇ ਤਰ੍ਹਾਂ ਵਿਦਾ ਹੋ ਰਹੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਵੀ ਆਪਣੇ ਅਧਿਆਪਕਾਂ ਦੇ ਸਨਮਾਨ ਵਿੱਚ ਬਹੁਤ ਹੀ ਪਿਆਰੇ ਗੀਤ, ਕਵਿਤਾਵਾਂ ਅਤੇ ਆਪੋ-ਆਪਣੇ ਵਿਚਾਰ ਸਾਂਝੇ ਕੀਤੇ ਗਏ। ਸਕੂਲ ਦੀ ਕਮੇਟੀ ਵੱਲੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਖ਼ਸੀਅਤ ਦੇ ਅਨੁਸਾਰ ਵੱਖ-ਵੱਖ ਪ੍ਰਕਾਰ ਦੇ ਖ਼ਿਤਾਬ ਦਿੱਤੇ ਗਏ ਜਿਵੇਂ ਕਿ ਵਿਦਿਆਰਥੀ ਗੁਰਜੋਤ ਸਿੰਘ ਜਮਾਤ ਬਾਰ੍ਹਵੀਂ ਮਿਸਟਰ ਪਿਪਸ ਅਤੇ ਜੈਸਮੀਨ ਕੌਰ (ਬਾਰ੍ਹਵੀਂ ਨੂੰ ਮਿਸ ਪਿਪਸ,ਪਰਨੀਤ ਕੌਰ ਬਾਰ੍ਹਵੀਂ ਨੂੰ ਪਿਪਸ ਆਲਰਾਊਂਡਰ, ਸੁਖਮਨਜੋਤ ਕੌਰ ਬਾਰ੍ਹਵੀਂ ਤੇ ਗਰਨੂਰਪ੍ਰੀਤ ਸਿੰਘ ਬਾਰ੍ਹਵੀਂ ਨੂੰ ਸਭ ਤੋਂ ਵਧੀਆ ਡਰੈੱਸ, ਤਰਨਜੋਤ ਸਿੰਘ ਬਾਰ੍ਹਵੀਂ ਨੂੰ ਸਭ ਤੋਂ ਵੱਧ ਆਗਿਆਕਾਰੀ, ਜਸ਼ਮੀਤ ਕੌਰ ਬਾਰ੍ਹਵੀਂ ਨੂੰ ਹਿੱਪ ਕੁਈਨ ਅਤੇ ਸੁਖਦੂਰ ਸਿੰਘ ਬਾਰ੍ਹਵੀਂ ਨੂੰ ਭੰਗੜਾ ਕਿੰਗ, ਬਲਤਾਜ ਸਿੰਘ ਤੇ ਜੈਸਮੀਨ ਕੌਰ ਬਾਰ੍ਹਵੀਂ ਨੂੰ ਮਿਸਟਰ ਸਪੋਰਟਸ ਅਤੇ ਮਿਸ ਸਪੋਰਟਸ, ਅਨੁਸ਼ਕਾ ਰਾਣਾ ਅਤੇ ਮਹਿਕਪ੍ਰੀਤ ਕੌਰ ਨੂੰ ਸਭ ਤੋਂ ਵੱਧ ਗਤੀਸ਼ੀਲ ਅਤੇ ਸਹਿਜਪ੍ਰੀਤ ਕੌਰ ਬਾਰ੍ਹਵੀਂ ਨੂੰ ਸਭ ਤੋਂ ਵੱਧ ਅਨੁਸ਼ਾਸਿਤ ਵਿਦਿਆਰਥਣ ਦਾ ਖ਼ਿਤਾਬ ਦਿੱਤਾ ਗਿਆ। ਉਕਤ ਵਿਦਿਆਰਥੀਆਂ ਨੂੰ ਕਮੇਟੀ ਮੈਂਬਰ ਗੁਰਦੇਵ ਸਿੰਘ ਅਟਵਾਲ, ਸ਼ਿੰਦਰਪਾਲ ਕੌਰ ਅਟਵਾਲ, ਗੁਰਪਾਲ ਸਿੰਘ ਅਟਵਾਲ,ਪ੍ਰੀਤਪਾਲ ਕੌਰ ਅਟਵਾਲ ਅਤੇ ਵਾਈਸ ਪ੍ਰਿੰਸੀਪਲ ਮਨਦੀਪ ਕੌਰ ਮਾਹਲ ਵੱਲੋਂ ਵਧਾਈ ਦਿੱਤੀ ਗਈ।

# ਰੋਟਰੀ ਆਈ ਬੈਂਕ ਤੇ ਕੋਰਨੀਆ ਟ੍ਰਾਂਸਪਲਾਂਟ ਸੁਸਾਇਟੀ ਨੇ ਮਰੀਜ਼ ਦੀ ਜ਼ਿੰਦਗੀ ਰੋਸ਼ਨ ਕੀਤੀ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਰੋਟਰੀ ਆਈ ਬੈਂਕ ਤੇ ਕੋਰਨੀਆ ਟ੍ਰਾਂਸਪਲਾਂਟ ਸੁਸਾਇਟੀ ਵੱਲੋਂ ਜੇ ਬੀ ਬਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਟਲ ਪਿੰਕ ਰੋਜ਼ ਗੜ੍ਹਸ਼ੰਕਰ ਵਿਖੇ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬੀਤੇ ਦਿਨੀਂ ਅੱਖ ਦੀ ਖਰਾਬ ਪੁਤਲੀ ਦੇ ਕਰਵਾਏ ਗਏ ਆਪ੍ਰੇਸ਼ਨ ਅਸ਼ਨੀ ਕੁਮਾਰ ਪਿੰਡ ਬਘੌਰਾ ਦੀ ਪੱਟੀ ਨੂੰ



ਜਸਕਰਨ ਸਿੰਘ ਲੱਲ ਕੈਨੇਡਾ ਵਾਸੀ ਮੱਲਾ ਵਾਹਿਦਪੁਰ ਤੇ ਕਰਮਜੀਤ ਸਿੰਘ ਵੱਲੋਂ ਖੋਲ੍ਹੀ ਗਈ। ਡਾ. ਤਰਸੇਮ ਸਿੰਘ ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ ਵੱਲੋਂ ਦੱਸਿਆ ਗਿਆ ਕਿ ਇਹ ਸੰਸਥਾ ਦਾ 4153 ਵਾਂ ਮਰੀਜ਼ ਹੈ। ਹੁਣ ਤੱਕ ਸੰਸਥਾ 4153 ਲੋਕਾਂ ਨੂੰ ਅੱਖ ਦੀ ਪੁਤਲੀ ਲਗਵਾ ਚੁੱਕੀ ਹੈ ਤੇ 29 ਬਾਡੀਜ਼ ਮੈਡੀਕਲ ਕਾਲਜਾਂ ਨੂੰ ਭੇਜ ਚੁੱਕੀ ਹੈ। ਡਾ. ਲਖਵਿੰਦਰ ਕੁਮਾਰ ਸੁਪਰਡੈਂਟ ਤਹਿ ਯੂਨਿਟ ਗੜ੍ਹਸ਼ੰਕਰ ਨੇ ਦੱਸਿਆ ਕਿ ਇਹ ਦੱਸਿਆ ਕਿ ਇਹ ਸੇਵਾ ਸੰਸਥਾ ਵੱਲੋਂ ਬਿਲਕੁਲ ਮੁਫਤ ਕੀਤੀ ਜਾਂਦੀ ਹੈ। ਕੋਈ ਵੀ ਅੱਖ ਦੀ ਖਰਾਬ ਪੁਤਲੀ ਦਾ ਮਰੀਜ਼ ਸੰਸਥਾ ਨਾਲ ਸਾਡੇ ਦਫਤਰ ਯੂਨੀਵਰਸਲ ਹੈਲਥ ਕਲੀਨਿਕ ਰੇਲਵੇ ਰੋਡ ਗੜ੍ਹਸ਼ੰਕਰ ਵਿਖੇ ਸੰਪਰਕ ਕਰ ਸਕਦਾ ਹੈ। ਸ੍ਰੀ ਬਹਿਲ ਨੇ ਦੱਸਿਆ ਕਿ ਹੁਣ ਤੱਕ ਅਸੀਂ ਬਹੁਤ ਸਾਰੇ ਬੱਚਿਆਂ ਨੂੰ ਵੀ ਕੋਰਨੀਆ ਲਗਵਾ ਚੁੱਕੇ ਹਾਂ ਤੇ ਭਵਿੱਖ ਵਿੱਚ ਵੀ ਹੋਰ ਬੱਚਿਆਂ ਨੂੰ ਕੋਰਨੀਆ ਲਗਵਾਇਆ ਜਾਵੇਗਾ। ਇਸ ਮੌਕੇ ਸ੍ਰੀ ਮਦਨ ਮਹਾਜਨ ਕੈਸ਼ੀਅਰ, ਸ੍ਰੀ ਅਸ਼ਵਨੀ ਦੱਤ ਰਿਟਾਇਰਡ ਡੀ. ਈ. ਓ., ਸ੍ਰੀ ਹਰੀਕ੍ਰਿਸ਼ਨ ਗੰਗੜ ਰਿਟਾਇਰਡ ਡੀ. ਬੇ. ਓ., ਉਂਕਾਰ ਸਿੰਘ ਚਾਹਲਪੁਰੀ ਸਕੱਤਰ, ਪ੍ਰੋਫੈਸਰ ਜਗਦੀਸ਼ ਰਾਏ, ਪ੍ਰੋਫੈਸਰ ਸੁਰਿੰਦਰ ਸਿੰਘ, ਫੂਲਾ ਸਿੰਘ ਬੀਰਮਪੁਰ , ਜਸਵੀਰ ਸਿੰਘ ,ਸੰਜੀਵ ਕੁਮਾਰ, ਅਜਮੇਰ ਭਨੋਟ ਮੌਜੂਦ ਸਨ।ਜਸਕਰਨ ਸਿੰਘ ਕਨੇਡਾ ਨੇ ਕਿਹਾ ਕਿ ਉਹ ਹਰ ਸਾਲ ਆਪਣੇ ਮਾਤਾ ਪਿਤਾ ਸੁਰਜੀਤ ਸਿੰਘ ਲੇਲ ਤੇ ਸੁਖਵੀਰ ਕੌਰ ਲੇਲ ਦੀ ਯਾਦ ਵਿੱਚ ਲੋੜਵੰਦ ਵਿਅਕਤੀਆਂ ਨੂੰ ਅੱਖ ਦੀ ਪੁਤਲੀ ਬਦਲਣ ਦਾ ਆਪ੍ਰੇਸ਼ਨ ਆਪਣੇ ਖਰਚੇ 'ਤੇ ਕਰਵਾ ਕੇ ਦੇਣਗੇ।

# ਪੰਜਾਬ ਪੈਨਸ਼ਨਰ ਯੂਨੀਅਨ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਪੈਨਸ਼ਨਰ ਯੂਨੀਅਨ ਦੀ ਮਹੀਨਾ ਵਾਰ ਮੀਟਿੰਗ ਕੁਲਦੀਪ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਯੂਨੀਅਨ ਦੇ ਦਫਤਰ ਵਿਖੇ ਹੋਈ। ਮੀਟਿੰਗ ਦੀ ਸ਼ੁਰੂਆਤ ਵਿਚ ਯੂਨੀਅਨ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਹੋਈ ਉਪਰੰਤ ਯੂਨੀਅਨ ਦੇ ਮੁੱਖ ਬੁਲਾਰਿਆਂ ਸਰਬ ਸ੍ਰੀ ਓਂਕਾਰ ਸਿੰਘ ਪ੍ਰਧਾਨ, ਅਮਰੀਕ ਸਿੰਘ ਜਨਰਲ ਸਕੱਤਰ ਜਗਜੀਤ ਸਿੰਘ ਜੱਗੀ ਮੀਤ ਜਨਰਲ ਸਕੱਤਰ, ਜਗਾ ਸਿੰਘ ਸੀਨੀਅਰ ਮੀਤ ਪ੍ਰਧਾਨ ਨੇ ਆਪਣੇ ਸਾਂਝੇ ਸੰਬੋਧਨ ਵਿੱਚ ਕਿਹਾ ਕਿ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਾਂ ਦੀਆਂ ਮੰਗਾਂ ਸਬੰਧੀ ਚੁੱਪਧਾਰੀ ਹੋਈ ਹੈ ਸਰਕਾਰ ਦੇ ਪੱਖ ਤੋਂ ਮੁਲਾਜ਼ਮਾ ਤੇ ਪੈਨਸ਼ਨਾਂ ਦੀਆਂ ਮੰਗਾਂ ਸਬੰਧੀ ਕੋਈ ਉਸਾਰੂ ਪਹਿਲ ਨਹੀਂ ਕੀਤੀ ਜਾ ਰਹੀ। ਜਿਸ ਦੀ ਬੁਲਾਰਿਆਂ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਆਗੂਆਂ ਨੇ ਮੰਗ ਕੀਤੀ ਕਿ ਬਜਟ ਸੈਸ਼ਨ ਤੋਂ ਪਹਿਲਾਂ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਦਾ ਰਹਿੰਦਾ 16% ਡੀ ਏ, ਪੈਨਸ਼ਨ ਦੀ ਦੁਹਰਾਈ 2.59 ਗੁਣਾਂਕ ਨਾਲ ਕੀਤੀ ਜਾਵੇ, ਸੁਪਰੀਮ ਕੋਰਟ ਵੱਲੋਂ ਬੰਗਾਲ ਸਟੇਟ ਦੇ ਕਰਮਚਾਰੀਆਂ ਦੇ ਡੀ ਏ ਦੇ ਕੇਸ ਅਨੁਸਾਰ ਪੰਜਾਬ ਦੇ ਪੈਨਸ਼ਨਰਾਂ ਨੂੰ ਵੀ ਰਹਿੰਦਾ 16% ਡੀ ਏ ਦਿੱਤਾ ਜਾਵੇ, ਪੰਜਾਬ ਰੋਡਵੇਜ਼ ਅਤੇ ਪਨਬੱਸ ਦੇ ਕੱਚੇ ਕਰਮਚਾਰੀਆਂ ਨੂੰ ਪੱਕਾ ਕੀਤਾ ਜਾਵੇ, ਕਿਸਾਨਾਂ ਦੀਆਂ ਮੰਗਾਂ ਪ੍ਰਵਾਨ ਕੀਤੀਆਂ ਜਾਣ। ਇਸ ਮੌਕੇ ਉਪਰੋਕਤ ਤੋਂ ਇਲਾਵਾ ਗੁਲਸ਼ਨ ਰਾਏ ਐਨ ਆਰ ਆਈ, ਦਲਵਿੰਦਰ ਸਿੰਘ, ਗੁਰਦੇਵ ਸਿੰਘ, ਬਲਵੀਰ ਸਿੰਘ, ਹਰਬੰਸ ਲਾਲ, ਦਵਿੰਦਰ ਸਿੰਘ, ਹਰਭਜਨ ਸਿੰਘ ਖੁੱਡਾ, ਬਿਕਰ ਸਿੰਘ, ਉਂਕਾਰ ਸਿੰਘ, ਗੁਰਮੀਤ ਸਿੰਘ, ਅਰਜਨ ਸਿੰਘ, ਮਹਿੰਦਰ ਸਿੰਘ, ਜੋਗਾ ਸਿੰਘ, ਕੇਵਲ ਸਿੰਘ, ਸੰਤੋਖ ਸਿੰਘ ਆਦਿ ਹਾਜ਼ਰ ਸਨ।

# ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਬਾਰੇ ਜਾਣਕਾਰੀ ਦਿੱਤੀ

**ਨਵਾਂਸ਼ਹਿਰ (ਮਨੋਜ ਲਾਡੀ)**- ਸੁਰੱਖਿਅਤ ਇੰਟਰਨੈੱਟ ਦਿਵਸ ਮੌਕੇ ਐੱਨ ਆਈ ਸੀ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨਵਾਂਸ਼ਹਿਰ ਦੇ ਮੀਟਿੰਗ ਹਾਲ ਵਿਖੇ ਇਕ ਵਰਕਸ਼ਾਪ ਕਰਵਾਈ ਗਈ, ਜਿਸ ਦੌਰਾਨ ਜ਼ਿਲ੍ਹਾ ਸੂਚਨਾ ਵਿਗਿਆਨ ਅਧਿਕਾਰੀ ਵਿਸ਼ਾਲ ਸ਼ਰਮਾ ਵੱਲੋਂ ਆਪਣੀ ਟੀਮ ਸਮੇਤ ਇੰਟਰਨੈੱਟ ਦੀ ਸੁਰੱਖਿਅਤ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੀ ਟੀਮ ਵਿਚ ਜ਼ਿਲ੍ਹਾ ਰੋਲਆਊਟ ਮੈਨੇਜਰ ਅਭਿਸ਼ੇਕ ਥਾਪਾ, ਨੈੱਟਵਰਕ ਇੰਜੀਨੀਅਰ ਸਿਮਰਤਜੀਤ ਸਿੰਘ ਅਤੇ ਕੁਲਵੀਰ ਸਿੰਘ ਸ਼ਾਮਲ ਸਨ। ਇਸ ਵਰਕਸ਼ਾਪ 'ਚ ਵੱਖ-ਵੱਖ ਵਿਭਾਗਾਂ ਦੇ ਕਈ ਸਰਕਾਰੀ ਕਰਮਚਾਰੀਆਂ ਨੇ ਭਾਗ ਲਿਆ। ਜ਼ਿਲ੍ਹਾ ਸੂਚਨਾ ਵਿਗਿਆਨ ਅਧਿਕਾਰੀ ਨੇ ਦੱਸਿਆ ਕਿ ਸਰਕਾਰੀ ਅਧਿਕਾਰੀਆਂ ਵਿਚ ਡਿਜੀਟਲ ਤਕਨਾਲੋਜੀਆਂ ਦੀ ਸੁਰੱਖਿਅਤ ਅਤੇ ਜ਼ਿੰਮੇਵਾਰ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਿਖਲਾਈ-ਕਮ-ਵਰਕਸ਼ਾਪ ਲਗਾਈ ਗਈ ਹੈ। ਜਿਸ ਵਿਚ ਸਾਈਬਰ ਸਫਾਈ, ਡੇਟਾ ਸੁਰੱਖਿਆ, ਮਜ਼ਬੂਤ ਪਾਸਵਰਡ ਅਭਿਆਸਾਂ ਅਤੇ ਫਿਸ਼ਿੰਗ ਹਮਲਿਆਂ ਦੀ ਰੋਕਥਾਮ 'ਤੇ ਕੇਂਦ੍ਰਿਤ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਰਕਾਰੀ ਦਫ਼ਤਰਾਂ 'ਚ ਸੁਰੱਖਿਅਤ ਕੰਮਕਾਜੀ ਵਾਤਾਵਰਣ ਬਣਾਉਣ ਲਈ ਸਾਈਬਰ ਹਾਈਜੀਨ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਅਤੇ ਸਾਈਬਰ ਧੋਖਾਧੜੀ ਸਬੰਧੀ ਵੀਡੀਓ ਕਲਿੱਪ ਦਿਖਾਏ ਗਏ। ਡੀਆਈਓ ਨੇ ਦੱਸਿਆ ਕਿ ਇਹ ਦਿਨ ਇੰਟਰਨੈੱਟ ਦੀ ਸੁਰੱਖਿਅਤ ਤੇ ਜ਼ਿੰਮੇਵਾਰ ਵਰਤੋਂ ਨੂੰ ਉਤਸ਼ਾਹਤ ਕਰਨ ਤੇ ਜਾਗਰੂਕਤਾ ਵਧਾਉਣ ਲਈ ਫਰਵਰੀ ਦੇ ਦੂਜੇ ਮੰਗਲਵਾਰ ਨੂੰ ਦੁਨੀਆ ਭਰ 'ਚ ਸੁਰੱਖਿਅਤ ਇੰਟਰਨੈੱਟ ਦਿਵਸ ਵਜੋਂ ਮਨਾਇਆ ਜਾਂਦਾ ਹੈ।

# ਹੈਲਥ ਐਂਡ ਵੈਲਨੈੱਸ ਕਲੱਬ ਦੇ ਵਿਦਿਆਰਥੀਆਂ ਲਈ ਜਾਗਰੂਕਤਾ ਪ੍ਰੋਗਰਾਮ



**ਜਲੰਧਰ (ਸ਼ੈਲੀ ਐਲਬਰਟ)**- ਬੌਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਏ ਜਾ ਰਹੇ 'ਦਿਸ਼ਾ-ਐਨ ਇਨਿਸ਼ੀਏਟਿਵ' ਦੇ ਤਹਿਤ ਅੰਤਰਰਾਸ਼ਟਰੀ ਔਰਲ ਤੇ ਮੈਕਸਿਲੋਫੇਸ਼ੀਅਲ ਸਰਜਰੀ ਦਿਵਸ ਦੇ ਮੌਕੇ 'ਤੇ ਇੰਨੋਸੈਂਟ ਹਾਰਟਸ ਸਕੂਲ, ਲੋਹਾਰਾਂ ਵਿੱਚ ਹੈਲਥ ਤੇ ਵੇਲਨੈੱਸ ਕਲੱਬ ਦੇ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਤੇ ਗਿਆਨਵਰਧਕ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਹ ਜਾਗਰੂਕਤਾ ਪ੍ਰੋਗਰਾਮ ਐਸੋਸੀਏਸ਼ਨ ਆਫ ਔਰਲ ਐਂਡ ਮੈਕਸਿਲੋਫੇਸ਼ੀਅਲ ਸਰਜਨਜ਼ ਆਫ ਇੰਡੀਆ ਦੇ ਪੰਜਾਬ ਸਟੇਟ ਚੈਪਟਰ ਵੱਲੋਂ ਡਾ. ਨਿਧੀ ਪ੍ਰਹਾਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਮੂੰਹ, ਦੰਦਾਂ, ਜਬੜੇ ਤੇ ਚਿਹਰੇ ਨਾਲ ਸੰਬੰਧਿਤ ਸਿਹਤ ਸਮੱਸਿਆਵਾਂ, ਉਨ੍ਹਾਂ ਦੇ ਆਧੁਨਿਕ ਇਲਾਜ ਤੇ ਪ੍ਰਭਾਵਸ਼ਾਲੀ ਰੋਕਥਾਮ ਬਾਰੇ ਜਾਗਰੂਕ ਕਰਨਾ ਸੀ। ਇੰਨੋਸੈਂਟ ਹਾਰਟਸ ਦੇ ਮੁੱਖੀ ਡਾ. ਅਨੂਪ ਬੋਰੀ ਨੇ ਕਿਹਾ ਕਿ ਅੰਤਰਰਾਸ਼ਟਰੀ ਔਰਲ ਤੇ ਮੈਕਸਿਲੋਫੇਸ਼ੀਅਲ ਸਰਜਰੀ ਦਿਵਸ ਦਾ ਇਹ ਆਯੋਜਨ ਵਿਦਿਆਰਥੀਆਂ ਲਈ ਬਹੁਤ ਹੀ ਪ੍ਰੇਰਨਾਦਾਇਕ, ਗਿਆਨਵਰਧਕ ਅਤੇ ਲਾਭਕਾਰੀ ਸਾਬਤ ਹੋਇਆ, ਜਿਸ ਨੇ ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਵੱਲ ਇੱਕ ਮਹੱਤਵਪੂਰਨ ਸੰਦੇਸ਼ ਦਿੱਤਾ।

# ਸੰਗਰਾਂਦ ਦਾ ਦਿਹਾੜਾ ਮਨਾਇਆ

**ਆਦਮਪੁਰ, (ਪਰਮਜੀਤ ਸਿੰਘ)**- ਦੋਆਬੇ ਦੇ ਪ੍ਰਸਿੱਧ ਇਤਿਹਾਸਿਕ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਦੀ ਦੇਖਰੇਖ ਹੇਠ ਸੰਗਰਾਂਦ ਦਾ ਦਿਹਾੜਾ ਕਮੇਟੀ ਮੈਂਬਰਾਂ ਤੇ ਪਿੰਡ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾਪੂਰਵਕ ਮਨਾਇਆ । ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਡਰੋਲੀ ਕਲਾ ਨੇ ਜਾਣਕਾਰੀ ਦਿੰਦੇ ਹੋਏ ਕਿ ਗੁਰਦੁਆਰਾ ਸਾਹਿਬ ਵਿਖੇ ਮਨਾਏ ਗਏ ਸੰਗਰਾਂਦ ਦੇ ਪਵਿੱਤਰ ਦਿਹਾੜੇ ਦੌਰਾਨ



ਆਸਪਾਸ ਦੇ ਪਿੰਡਾਂ, ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਆਈਆਂ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਈਆਂ। ਉਨ੍ਹਾਂ ਦੱਸਿਆ ਕਿ ਧਾਰਮਿਕ ਸਮਾਗਮ ਦੌਰਾਨ ਸਵੇਰੇ 8 ਵਜੇ ਤੋਂ ਦੁਪਹਿਰ 1.30 ਵਜੇ ਤੱਕ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ 'ਚ ਸਜਾਏ ਦੀਵਾਨ ਦੌਰਾਨ ਭਾਈ ਸਰਬਣ ਸਿੰਘ ਖਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗਿਆਨੀ ਜਤਿੰਦਰ ਸਿੰਘ ਬੈਂਸ ਇੰਟਰਨੈਸ਼ਨਲ ਢਾਡੀ ਜੱਥਾ ਪਿੰਡ ਕੰਦੋਲਾ, ਭਾਈ ਨੱਛਤਰ ਸਿੰਘ ਬ੍ਰਹਮਜੀਤ ਕਥਾ ਵਾਚਕ, ਬੀਬੀ ਨਵਜੋਤ ਕੌਰ ਖ਼ਾਲਸਾ ਰਾਗੀ ਜੱਥਾ ਜਲੰਧਰ, ਭਾਈ ਗੁਰਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ਼ਹੀਦ ਬਾਬਾ ਮੱਤੀ ਡਰੋਲੀ ਕਲਾ ਨੇ ਸੰਗਤਾਂ ਨੂੰ ਕਥਾ, ਕੀਰਤਨ ਤੇ ਢਾਡੀ ਵਾਰਾਂ ਨਾਲ ਨਿਹਾਲ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਮਾਸਟਰ ਸੁਰਜੀਤ ਸਿੰਘ ਬਾਖੂਬੀ ਨਿਭਾਈ। ਆਈਆਂ ਸੰਗਤਾਂ ਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਸਕੱਤਰ ਰਣਵੀਰ ਪਾਲ ਸਿੰਘ, ਮਾਸਟਰ ਸੁਰਜੀਤ ਸਿੰਘ, ਜਰਨੈਲ ਸਿੰਘ ਡਰੋਲੀ,ਜਸਪਾਲ ਸਿੰਘ, ਦਰਸ਼ਨ ਸਿੰਘ, ਕਰਮ ਸਿੰਘ, ਨਰਿੰਦਰ ਸਿੰਘ, ਸਰਪੰਚ ਰਸ਼ਪਾਲ ਸਿੰਘ, ਹਰਦਿਆਲ ਸਿੰਘ, ਸੁਰਿੰਦਰ ਸਿੰਘ, ਗੁਰਜੀਤ ਸਿੰਘ, ਮਨਦੀਪ ਸਿੰਘ, ਇਕਬਾਲ ਸਿੰਘ, ਡਾ. ਰਣਧੀਰ ਸਿੰਘ ਰੰਧਾਵਾ, ਪਰਮਜੀਤ ਸਿੰਘ ਤੇ ਹੋਰ ਸੰਗਤਾਂ ਹਾਜ਼ਰ ਸਨ ।

# ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਮੌਤ

**ਫਿਲੌਰ (ਨਿਰਮਲ)**- ਰੇਲਵੇਂ ਪੁਲਿਸ ਚੌਕੀ ਦੇ ਇੰਚਾਰਜ ਥਾਣੇਦਾਰ ਹਰਮੇਸ਼ ਲਾਲ ਨੇ ਦੱਸਿਆ ਕਿ ਸ਼ਤਾਬਦੀ ਐਕਸਪ੍ਰੈਸ ਜੋਂ ਕਿ ਅਮ੍ਰਿਤਸਰ ਤੋਂ ਦਿੱਲੀ ਜਾ ਰਹੀ ਸੀ ਤਾਂ ਇਕ ਵਿਅਕਤੀ ਉਸ ਦੀ ਲਪੇਟ ਵਿੱਚ ਆ ਗਿਆ, ਜਿਸ ਦੀ ਮੌਕੇ 'ਤੇ ਮੌਤ ਹੋ ਗਈ। ਮ੍ਰਿਤਕ ਵਿਅਕਤੀ ਦੀ ਪਹਿਚਾਣ ਕੁੰਦਨ ਲਾਲ ਪੁੱਤਰ ਓਮ ਪ੍ਰਕਾਸ਼ ਵਾਸੀ ਮੁਹੱਲਾ ਭੰਡੇਰਾ ਵਜੋਂ ਉਸ ਦੇ ਵਾਰਸਾਂ ਵੱਲੋਂ ਕੀਤੀ ਗਈ। ਧਾਰਾ 194 ਬੀ ਐਨ ਐਸ ਅਧੀਨ ਕਾਰਵਾਈ ਕਰਕੇ ਪੋਸਟਮਾਰਟਮ ਬਾਅਦ ਲਾਸ਼ ਵਾਰਸਾਂ ਹਵਾਲੇ ਕਰ ਦਿੱਤੀ ਕਿਉਂਕਿ ਵਾਰਸਾਂ ਦਾ ਕਹਿਣਾ ਸੀ ਕਿ ਵਾਕਿਆ ਅਚਾਨਕ ਵਾਪਰਿਆ ਹੈ, ਵਾਰਸਾਂ ਨੇ ਕਿਹਾ ਕਿ ਕਿਸੇ ਤੇ ਸ਼ੱਕ ਨਹੀਂ ਹੈ।

# ਪਿੰਡ ਤਿਓੜ ਤੋਂ ਤੀਰਥ ਯਾਤਰਾ ਲਈ ਬੱਸ ਅੰਮ੍ਰਿਤਸਰ ਰਵਾਨਾ

**ਖਰੜ, (ਹਰਨਾਮ ਸਿੰਘ ਡੱਲਾ)** ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਖਰੜ ਸਬ ਡਵੀਜ਼ਨ ਦੇ ਪਿੰਡ ਤਿਓੜ ਤੋਂ ਸ਼ਰਧਾਲੂਆਂ ਦੀ ਤੀਰਥ ਯਾਤਰਾ ਵਾਲੀ ਬੱਸ ਅੰਮ੍ਰਿਤਸਰ ਲਈ ਰਵਾਨਾ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ ਡੀ ਐੱਮ ਖਰੜ ਦਿਵਿਆ ਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਸ ਤਿੰਨ ਦਿਨਾਂ ਤੀਰਥ ਯਾਤਰਾ ਦਾ ਮੁਕੰਮਲ ਪ੍ਰਬੰਧ ਕੀਤਾ ਗਿਆ ਹੈ, ਜਿਸ ਤਹਿਤ ਯਾਤਰੀਆਂ ਦੀ ਆਵਾਜਾਈ, ਰਹਿਣ-



ਸਹਿਣ ਤੇ ਖਾਣ-ਪੀਣ ਦੀਆਂ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ ਤਾਂ ਜੋ ਬਜ਼ੁਰਗ ਸ਼ਰਧਾਲੂ ਸੁਖਦ ਅਤੇ ਸੁਰੱਖਿਅਤ ਢੰਗ ਨਾਲ ਯਾਤਰਾ ਕਰ ਸਕਣ।ਐੱਸ ਡੀ ਐੱਮ ਦਿਵਿਆ ਪੀ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸ਼ਰਧਾਲੂ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ, ਭਗਵਾਨ ਵਾਲਮੀਕਿ ਤੀਰਥ ਸਥਲ, ਜਲ੍ਹਿਆਂਵਾਲਾ ਬਾਗ ਤੇ ਵਾਹਗਾ ਸਰਹੱਦ ਵਿਖੇ ਜਾਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਨਾਲ ਉਨ੍ਹਾਂ ਨੂੰ ਅਧਿਆਤਮਿਕ ਸ਼ਾਂਤੀ ਤੇ ਸੰਤੁਸ਼ਟੀ ਪ੍ਰਾਪਤ ਹੋ ਰਹੀ ਹੈ।

# ਹਰਿਆਣਾ ਸਰਕਾਰ ਨੇ ਜਾਰੀ ਕੀਤੇ ਭੱਤਿਆਂ ਤੇ ਵਿੱਤੀ ਸਹਾਇਤਾ 'ਚ ਵਾਧੇ ਦੇ ਨਿਰਦੇਸ਼

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸਮਾਜਿਕ ਸੁਰੱਖਿਆ ਪੈਨਸ਼ਨ, ਭੱਤਿਆਂ ਅਤੇ ਵਿੱਤੀ ਸਹਾਇਤਾ ਯੋਜਨਾਵਾਂ ਦੀ ਦਰਾਂ ਵਿੱਚ ਵਾਧਾ ਕਰਨ ਦਾ ਫੈਸਲਾ ਕੀਤਾ ਹੈ। ਸਮਾਜਿਕ ਨਿਆਂ, ਅਧਿਕਾਰਤਾ, ਅਨੁਸੂਚਿਤ ਜਾਤੀ ਅਤੇ ਪਿਛੜਾ ਵਰਗ ਭਲਾਈ ਅਤੇ ਅੰਤੋਂਦੇਯ (ਸੇਵਾ) ਵਿਭਾਗ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਇਹ ਵਧੀ ਹੋਈ ਦਰਾਂ 1 ਨਵੰਬਰ, 2025 ਤੋਂ ਪ੍ਰਭਾਵੀ ਹੋਣਗੀਆਂ, ਜਿਨ੍ਹਾਂ ਦਾ ਭੁਗਤਾਨ ਫਰਵਰੀ, 2026 ਵਿੱਚ ਲਾਭਕਾਰਾਂ ਨੂੰ ਕੀਤਾ ਜਾਵੇਗਾ।

# ਡਿਪਟੀ ਕਮਿਸ਼ਨਰ ਨੇ ਯੋਜਨਾਵਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਕੇ ਵਿਭਾਗਾਂ ਦੁਆਰਾ ਚਲਾਏ ਜਾ ਰਹੇ ਪ੍ਰੋਗਰਾਮਾਂ ਅਤੇ



ਯੋਜਨਾਵਾਂ ਦੀ ਪ੍ਰਗਤੀ ਦੀ ਵਿਸਥਾਰ ਨਾਲ ਸਮੀਖਿਆ ਕੀਤੀ । ਇਸ ਦੌਰਾਨ ਉਨ੍ਹਾਂ ਮਾਲ ਵਿਭਾਗ ਨਾਲ ਸਬੰਧਤ ਮਾਮਲਿਆਂ, ਸਕੀਮਾਂ ਅਤੇ ਪੈਂਡਿੰਗ ਕੰਮਾਂ ਬਾਰੇ ਵਿਸ਼ੇਸ਼ ਤੌਰ 'ਤੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਅਧਿਕਾਰੀਆਂ ਨੂੰ ਸਾਰੇ ਕੰਮ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਈਜ਼ੀ ਰਜਿਸਟ੍ਰੇਸ਼ਨ ਅਤੇ ਈਜ਼ੀ ਜਮ੍ਹਾਂਬੰਦੀ ਦੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਲਈ। ਉਨ੍ਹਾਂ ਸਟੈਂਪ ਅਤੇ ਰਜਿਸਟ੍ਰੇਸ਼ਨ ਨਾਲ ਸਬੰਧਤ ਵਸੂਲੀ ਦਾ ਵਿਸਥਾਰ ਪੂਰਵਕ ਜਾਇਜ਼ਾ ਲਿਆ ਅਤੇ ਲੰਬਿਤ ਪਏ ਜ਼ਮੀਨੀ ਮਾਲੀਏ ਦੇ ਬਕਾਏ ਦੀ ਵਸੂਲੀ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਭੂਮੀ ਪ੍ਰਾਪਤੀ ਨਾਲ ਸਬੰਧਤ ਚੱਲ ਰਹੇ ਮਾਮਲਿਆਂ ਦੀ ਸਥਿਤੀ ਰਿਪੋਰਟ, ਖਸਰਾ-ਵਾਈਜ ਮੈਪਿੰਗ, ਸਿਵਲ ਕੰਮਾਂ ਲਈ ਵਰਤੋਂ ਸਰਟੀਫਿਕੇਟ (ਯੂ.ਸੀ.) ਸਮੇਂ ਸਿਰ ਜਮ੍ਹਾਂ ਕਰਵਾਉਣ ਅਤੇ ਗੈਰ-ਕਾਨੂੰਨੀ ਮਾਈਨਿੰਗ ਨਾਲ ਸਬੰਧਤ ਸ਼ਿਕਾਇਤਾਂ ਨਾਲ ਸਬੰਧਤ ਚੱਲ ਰਹੇ ਮਾਮਲਿਆਂ ਦੀ ਸਥਿਤੀ ਰਿਪੋਰਟ ਦੀ ਸਮੀਖਿਆ ਵੀ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ, ਐਸ.ਡੀ.ਐਮ ਦਸੂਹਾ ਕੰਵਲਜੀਤ ਸਿੰਘ, ਐਸ.ਡੀ.ਐਮ ਮੁਕੇਰੀਆਂ ਓਇਸ਼ੀ ਮੰਡਲ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ, ਜ਼ਿਲ੍ਹਾ ਮਾਲ ਅਫ਼ਸਰ ਅਮਨਦੀਪ ਚਾਵਲਾ ਅਤੇ ਹੋਰ ਵਿਭਾਗੀ ਅਧਿਕਾਰੀ ਹਾਜ਼ਰ ਸਨ।

# ਪੰਡਿਤ ਰਾਮਕਿਸ਼ਨ ਭੜੋਲੀਆਂ ਦੀ ਬਰਸੀ 22 ਨੂੰ

**ਨੰਗਲ (ਸੁਰਜੀਤ ਸਿੰਘ ਢੇਰ)**- ਮਹਾਨ ਦੇਸ਼ ਭਗਤ ਪੰਡਿਤ ਰਾਮ ਕਿਸ਼ਨ ਭੜੋਲੀਆ ਸਾਬਕਾ ਐਮਐਲਏ ਦੀ 51ਵੀਂ ਬਰਸੀ 22 ਫਰਵਰੀ ਦਿਨ ਐਤਵਾਰ ਨੂੰ ਅੱਡਾ ਮਾਰਕੀਟ ਵਿਖੇ ਮਨਾਈ ਜਾ ਰਹੀ ਹੈ। ਇਸ ਦੀ ਤਿਆਰੀ ਲਈ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਿਤ ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਤਹਿਸੀਲ ਸਕੱਤਰ ਸਤਨਾਮ ਸਿੰਘ ਸ਼ੇਰਾ, ਪ੍ਰੋਮਿਲਾ ਦੇਵੀ ਦੀ ਅਗਵਾਈ ਹੇਠ ਵੱਖ-ਵੱਖ ਮਾਰਕੀਟਾਂ ਵਿੱਚੋਂ ਫੰਡ ਦੀ ਉਗਰਾਹੀ ਸ਼ੁਰੂ ਕੀਤੀ ਗਈ ਹੈ। ਜਿਸ ਦਾ ਸ਼ਹਿਰ ਵਾਸੀਆਂ ਵੱਲੋਂ ਭਰਵਾਂ ਸਹਿਯੋਗ ਮਿਲ ਰਿਹਾ ਹੈ। ਦੱਸਣਯੋਗ ਹੈ ਕਿ ਬਰਸੀ ਹਰ ਸਾਲ ਲੋਕਾਂ ਦੇ ਸਹਿਯੋਗ ਨਾਲ ਮਨਾਈ ਜਾਂਦੀ ਹੈ। ਅੱਡਾ ਮਾਰਕੀਟ ਵਿਖੇ ਉਕਤ ਆਗੂਆਂ ਦੀ ਅਗਵਾਈ ਹੇਠ ਦੁਕਾਨਦਾਰਾਂ ਕੋਲੋਂ ਫੰਡ ਦੀ ਉਗਰਾਹੀ ਕੀਤੀ ਗਈ। ਇਸ ਮੌਕੇ ਤੇ ਆਗੂਆਂ ਨੇ ਦੱਸਿਆ ਕਿ ਪੰਡਿਤ ਜੀ ਮਹਾਨ ਦੇਸ਼ ਭਗਤ ਸਨ। ਉਹਨਾਂ ਨੇ ਦੇਸ਼ ਦੀ ਆਜ਼ਾਦੀ ਲਈ ਲੰਬਾ ਸਮਾਂ ਅੰਗਰੇਜ਼ ਦੀ ਕੈਦ ਕੱਟੀ ਅਤੇ ਆਜ਼ਾਦੀ ਤੋਂ ਬਾਅਦ ਗਰੀਬ, ਕਿਸਾਨਾਂ ਦੇ ਲਈ ਅਨੇਕਾਂ ਘੋਲ ਲੜੇ। ਪੰਜਾਬ ਸਰਕਾਰ ਖਿਲਾਫ ਚੱਲੇ ਘੋਲਾਂ ਵਿੱਚ ਵੀ ਉਹ ਲੰਬਾ ਸਮਾਂ ਜੇਲ੍ਹਾਂ ਵਿੱਚ ਰਹੇ। ਇੱਥੋਂ ਦੇ ਲੋਕਾਂ ਨੇ ਉਹਨਾਂ ਨੂੰ ਇੱਕ ਵਾਰ ਵਿਧਾਨ ਸਭਾ ਵਿੱਚ ਜਾਣ ਦਾ ਮੌਕਾ ਵੀ



ਦਿੱਤਾ। ਉਹ ਹਰਮਨ ਪਿਆਰੇ ਆਗੂ ਵਜੋਂ ਗਿਣੇ ਜਾਂਦੇ ਹਨ। ਉਹਨਾਂ ਨੇ ਆਪਣੀ ਜਾਇਦਾਦ ਵੀ ਪਾਰਟੀ ਦੇ ਨਾਂਅ ਲਗਾ ਦਿੱਤੀ ਸੀ। ਅੱਜ ਵੀ ਜਿਲਾ ਪਾਰਟੀ ਦਾ ਮੁੱਖ ਦਫਤਰ 12 ਅੱਡਾ ਮਾਰਕੀਟ ਪੰਡਿਤ ਜੀ ਦੇ ਪਲਾਟ ਵਿੱਚ ਹੀ ਚਲਦਾ ਹੈ। ਇਸ ਬਰਸੀ 'ਤੇ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ।

# ਲੱਕੀ ਸਰਵਟਾ ਨੇ ਬਾਲਯੋਗੀ ਸੰਤ ਪ੍ਰਗਟ ਨਾਥ ਨੂੰ ਚੇਅਰਮੈਨ ਬਣਨ 'ਤੇ ਦਿੱਤੀ ਮੁਬਾਰਕਬਾਦ

**ਫਗਵਾੜਾ (ਡਾ. ਰਮਨ)**- ਪੰਜਾਬ ਸਰਕਾਰ ਵੱਲੋਂ ਬਾਲਯੋਗੀ ਸੰਤ ਬਾਬਾ ਪ੍ਰਗਟ ਨਾਥ ਮਹਾਰਾਜ ਨੂੰ ਭਗਵਾਨ ਵਾਲਮੀਕਿ ਤੀਰਥ, ਅੰਮ੍ਰਿਤਸਰ ਦੇ ਸ਼ਰਾਈਨ ਬੋਰਡ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਸਮਾਜ ਵਿੱਚ ਖੁਸ਼ੀ ਦੀ ਲਹਿਰ ਹੈ। ਭਾਰਤੀ ਵਾਲਮੀਕਿ ਧਰਮ ਸਮਾਜ (ਭਵਾਧਸ) ਦੇ ਰਾਜ ਪ੍ਰਚਾਰਕ ਲੱਕੀ ਸਰਵਟਾ ਨੇ ਇਸ ਨਿਯੁਕਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਬਾਲਯੋਗੀ ਸੰਤ ਬਾਬਾ ਪ੍ਰਗਟ ਨਾਥ ਮਹਾਰਾਜ ਨਾਲ ਭੇਟ ਕਰਕੇ ਉਨ੍ਹਾਂ ਨੂੰ ਦਿਲੋਂ ਮੁਬਾਰਕਬਾਦ ਦਿੱਤੀ। ਇਸ ਤੋਂ ਬਾਅਦ ਫਗਵਾੜਾ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਸੰਤ ਬਾਬਾ ਪਰਗਟ ਨਾਥ ਇੱਕ ਆਧਿਆਤਮਿਕ, ਸਧਾਰਨ ਅਤੇ ਸਮਰਪਿਤ ਸ਼ਖ਼ਸੀਅਤ ਹਨ, ਜਿਨ੍ਹਾਂ ਨੇ ਸਦਾ ਸਮਾਜ ਦੀ ਸੇਵਾ ਅਤੇ ਧਾਰਮਿਕ ਮੁੱਲਾਂ ਦੀ ਰੱਖਿਆ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਦੀ ਨਿਯੁਕਤੀ ਨਾਲ ਨਾ ਸਿਰਫ਼ ਵਾਲਮੀਕਿ ਸਮਾਜ ਦਾ ਮਾਣ-ਸਨਮਾਨ ਵਧਿਆ ਹੈ, ਸਗੋਂ ਭਗਵਾਨ ਵਾਲਮੀਕਿ ਤੀਰਥ ਦੇ ਵਿਕਾਸ ਕਾਰਜਾਂ ਨੂੰ ਵੀ ਨਵੀਂ ਰਫ਼ਤਾਰ ਮਿਲੇਗੀ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਮਾਜ ਦੀਆਂ ਭਾਵਨਾਵਾਂ ਦਾ ਸਤਿਕਾਰ ਹੈ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਬਾਬਾ ਜੀ ਦੀ ਅਗਵਾਈ ਹੇਠ ਤੀਰਥ ਸਥਾਨ 'ਤੇ ਸ਼ਰਧਾਲੂਆਂ ਲਈ ਵਧੀਆ ਸੁਵਿਧਾਵਾਂ ਦਾ ਵਿਸਤਾਰ ਹੋਵੇਗਾ ਅਤੇ ਪ੍ਰਬੰਧਾਂ ਵਿੱਚ ਪਾਰਦਰਸ਼ਤਾ ਅਤੇ ਸੁਚਾਰੂ ਸੰਚਾਲਨ ਯਕੀਨੀ ਬਣਾਇਆ ਜਾਵੇਗਾ।

# ਕੀਰਤਨ ਸਮਾਗਮ 22 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪ੍ਰਬੰਧਕ ਕਮੇਟੀ ਬਾਬੇ ਸ਼ਹੀਦਾਂ ਸਿੰਘਾਂ ਸਮੂਹ ਨਗਰ ਨਿਵਾਸੀਆਂ ਪਿੰਡ ਸੁੰਨੜ ਕਲਾਂ ਵਲੋਂ ਤੇ ਸਮੂਹ ਐਨ ਆਰ ਆਈ ਵੀਰਾ ਅਤੇ ਪਿੰਡ ਆਦੇਕਾਲੀ, ਮਿੱਠੜਾ, ਤੱਗੜਾ, ਸੈਦੋਵਾਲ, ਫਰਵਾਲਾ, ਦਾਦੂੰਵਾਲ, ਚੀਮਾਂ ਕਲਾਂ, ਚੀਮਾਂ ਖ਼ੁਰਦ, ਪੱਬਵਾਂ, ਸਿੱਧਮ ਮੁਸੱਤਦੀ, ਹਿਆਲਾ ਗੁੱਜਰਵਾਲ, ਪਾਸਲੀ ਭਾਰਦੂਆਜੀਆ, ਜਾਗੋਸੰਘਾ, ਪਾਸਲਾ, ਬਹਾਦਰਪੁਰ,



ਸਾਗਰਪੁਰ ਆਦਿ ਪਿੰਡਾਂ ਦੇ ਸਹਿਯੋਗ ਨਾਲ ਮਿਤੀ 22 ਫਰਵਰੀ ਨੂੰ ਪਿੰਡ ਸੁੰਨੜ ਕਲਾਂ ਦੇ ਬਾਬੇ ਸ਼ਹੀਦਾਂ ਸਿੰਘਾਂ ਵਿਖੇ ਤੀਸਰਾ ਕੀਰਤਨ ਸਮਾਗਮ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕ ਕਮੇਟੀ ਵੱਲੋਂ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਸਮਾਗਮ ਵਿੱਚ ਸਵੇਰੇ ਸੁਖਮਨੀ ਸਾਹਿਬ ਜੀ ਦੇ ਜਾਪ ਹੋਣਗੇ, ਉਪਰੰਤ ਢਾਡੀ ਜੱਥਾ ਭਾਈ ਹਰਦੀਪ ਸਿੰਘ ਦੀਪ ਜੀ ਅਤੇ ਸਾਥੀ ਜੀ ਹਾਜ਼ਰੀ ਭਾਰਨਗੇ, ਉਪਰੰਤ ਬਾਬਾ ਗੁਲਾਬ ਸਿੰਘ ਜੀ ਚਮਕੌਰ ਸਾਹਿਬ ਜੀ ਵਾਲੇ ਹਾਜ਼ਰੀ ਭਰਨਗੇ। ਗੁਰੂ ਜੀ ਕਾ ਲੰਗਰ ਅਤੁੱਟ ਵਰਤਿਆ ਜਾਵੇਗਾ।

# ਸਿਲਵਰ ਓਕ ਸਕੂਲ 'ਚ ਫੇਅਰਵੈੱਲ ਸਮਾਗਮ

**ਅੱਡਾ ਸਰਾਂ, ਟਾਂਡਾ ਉੜਮੁੜ, (ਜਸਵੀਰ ਕਾਜਲ , ਉਂਕਾਰ ਸਿੰਘ)**- ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸਹਿਬਾਜ਼ਪੁਰ ਟਾਂਡਾ ਵਿਚ 12ਵੀਂ ਕਲਾਸ ਦੇ ਵਿਦਿਆਰਥੀਆਂ



ਲਈ ਫੇਅਰਵੈੱਲ ਸਮਾਗਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਸਮਾਗਮ 11ਵੀਂ ਕਲਾਸ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰਾਂ ਨੂੰ ਸਨਮਾਨਤ ਵਿਦਾਇਗੀ ਦੇਣ ਲਈ ਕਰਵਾਇਆ ਗਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਹੋਏ ਸਮਾਗਮ ਦੌਰਾਨ ਚੇਅਰਮੈਨ ਤਰਲੋਚਨ ਸਿੰਘ ਤੇ ਵਾਈਸ ਚੇਅਰਪਰਸਨ ਕਮਲੇਸ਼ ਕੌਰ ਮੁੱਖ ਮਹਿਮਾਨ ਦੇ ਰੂਪ ਵਿਚ ਸ਼ਾਮਲ ਹੋਏ । ਸਕੂਲ ਕੈਂਪਸ ਨੂੰ ਖਾਸ ਢੰਗ ਨਾਲ ਸਜਾਇਆ ਗਿਆ ਸੀ। ਰੰਗ-ਬਿਰੰਗੇ ਗੁਬਾਰੇ, ਫੁੱਲਾਂ ਦੀ ਸਜਾਵਟ ਤੇ ਸਵਾਗਤੀ ਬੈਨਰ ਸਮਾਗਮ ਦੀ ਰੌਣਕ ਵਧਾ ਰਹੇ ਸਨ। ਸਮਾਗਮ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰਾਂ, ਪ੍ਰਿੰਸੀਪਲ, ਅਧਿਆਪਕਾਂ ਨੇ ਹਾਜ਼ਰੀ ਭਰੀ। ਸਭਿਆਚਾਰਕ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵੱਲੋਂ ਭੰਗੜਾ, ਗਿੱਧਾ, ਗੀਤ-ਸੰਗੀਤ, ਨਾਟਕ ਅਤੇ ਕੋਰੀਓਗ੍ਰਾਫੀ ਰਾਹੀਂ ਰੰਗਾਰੰਗ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ। 11ਵੀਂ ਕਲਾਸ ਦੇ ਵਿਦਿਆਰਥੀਆਂ ਨੇ ਆਪਣੇ ਸੀਨੀਅਰਾਂ ਲਈ ਖਾਸ ਟਾਈਟਲ ਅਤੇ ਯਾਦਗਾਰੀ ਉਪਹਾਰ ਵੀ ਤਿਆਰ ਕੀਤੇ ਜਿਸ ਵਿਚ ਮਿਸਟਰ ਫੇਅਰਵੈੱਲ ਸਿਮਰਦੀਪ ਸਿੰਘ ਅਤੇ ਮਿਸ ਫੇਅਰਵੈਲ ਵਜੋਂ ਨਵਨੀਤ ਕੌਰ ਦੀ ਚੋਣ ਹੋਈ । ਸਕੂਲ ਦੀ ਪ੍ਰਿੰਸੀਪਲ ਸੰਗਰ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਵਿਦਿਆਰਥੀ ਸਕੂਲ ਦੀ ਸਭ ਤੋਂ ਵੱਡੀ ਪੂੰਜੀ ਹਨ । ਚੇਅਰਮੈਨ ਤਰਲੋਚਨ ਸਿੰਘ ਨੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਸੇਧ ਭਰੀਆਂ ਗੱਲਾਂ ਨਾਲ ਨਿਵਾਜਦੇ ਹੋਏ ਆਖਿਆ ਕਿ ਉਹ ਸਖਤ ਮੇਹਨਤ ਕਰਦੇ ਹੋਏ ਸਕੂਲ ਤੇ ਆਪਣੇ ਮਾਪਿਆਂ ਦਾ ਨਾਂਅ ਰੋਸ਼ਨ ਕਰਦੇ ਹੋਏ ਉੱਚੇ ਮੁਕਾਮ ਹਾਸਲ ਕਰਨ । ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੀਖਿਆ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ । ਸਮਾਗਮ ਦੇ ਅੰਤ ਵਿੱਚ ਸਮੂਹਿਕ ਫੋਟੋਗ੍ਰਾਫੀ ਅਤੇ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਟਰਾਂਸਪੋਰਟ ਮੈਨੇਜਰ ਤਰਨ ਸੈਣੀ, ਜਗਬੰਧਨ ਸਿੰਘ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਹਰਮਿੰਦਰ, ਹਰਜੀਤ, ਵਿਨੇ, ਸ਼ਿਲਪਾ, ਅੰਕਿਤਾ, ਸੁਮਿਤ, ਪਿੰਕੀ, ਪੰਕਜ, ਸੁਰੇਸ਼, ਇਕਬਾਲ, ਕੁਲਵੀਰ, ਮਮਤਾ, ਅੰਕਿਤਾ, ਬਲਜੀਤ, ਕੰਚਨ, ਕਿਰਨ, ਸੁਸ਼ੀਲ, ਸੁਰੇਸ਼, ਬਲਦੇਵ, ਮੋਨੀਕਾ, ਰਮਨ, ਸੋਨੂ ਰਾਣੀ, ਕਿਰਨਪ੍ਰੀਤ, ਪਰਮਜੀਤ ਕੌਰ, ਰਮਨਦੀਪ, ਅਮਰਜੀਤ, ਰਾਜਵੀਰ ਕੌਰ, ਗੁਰਪ੍ਰੀਤ, ਵਿਸ਼ਾਲੀ, ਅਰਚਨਾ, ਕਮਲਜੀਤ, ਰਜਵਿੰਦਰ, ਸੱਤਿਆ ਤੇ ਹੋਰ ਸਟਾਫ ਵੀ ਮੌਜੂਦ ਸੀ।

# ਹਲਕਾ ਵਿਧਾਇਕ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਸੰਬੰਧੀ ਅਧਿਕਾਰੀਆਂ ਮੀਟਿੰਗ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਮੀਖਿਆ ਸੰਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਪੁਲਸ ਪ੍ਰਸ਼ਾਸਨ ਵੱਲੋਂ ਹਲਕੇ ਵਿੱਚ ਨਸ਼ਿਆਂ ਖਿਲਾਫ਼ ਕੀਤੀ ਗਈ ਕਾਰਵਾਈ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਪੁਲਸ ਅਧਿਕਾਰੀਆਂ ਨੂੰ ਨਸ਼ਿਆਂ ਖਿਲਾਫ਼ ਕਾਰਵਾਈ ਨੂੰ ਹੋਰ ਤੇਜ਼ ਕਰਨ ਲਈ ਨਿਰਦੇਸ਼ ਦਿੱਤੇ ਗਏ। ਮੀਟਿੰਗ ਦੌਰਾਨ ਐਸਡੀਐਮ ਅਮਰੀਕ ਸਿੰਘ ਸਿੱਧੂ, ਐਸਡੀਐਮ ਮੋਰਿੰਡਾ ਗੁਰਦੇਵ ਸਿੰਘ ਧੰਮ, ਡੀਐਸਪੀ ਮਨਜੀਤ ਸਿੰਘ ਔਲਖ ਅਤੇ ਡੀਐਸਪੀ ਮੋਰਿੰਡਾ ਗੁਰਜੀਤ ਸਿੰਘ ਹਾਜ਼ਰ ਸਨ। ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕੇ ਵਿੱਚ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ 80 ਫ਼ੀਸਦ ਤੋਂ ਵੱਧ ਨਸ਼ਿਆਂ 'ਤੇ ਕਾਬੂ ਪਾ ਲਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਬਾਕੀ ਰਹਿੰਦੇ 20 ਫ਼ੀਸਦ ਨੂੰ ਕਾਬੂ ਕਰਨ ਲਈ ਵੀ



ਪੁਲਸ ਪ੍ਰਸ਼ਾਸਨ ਨੂੰ ਸਖਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਜਿੱਥੇ ਕਈ ਵੱਡੇ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਹਾਸਿਲ ਕੀਤੀ ਗਈ ਹੈ, ਉੱਥੇ ਹੀ ਉਨ੍ਹਾਂ ਕੋਲੋਂ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਵੀ ਬਰਾਮਦ ਕੀਤੇ ਗਏ ਹਨ, ਜਦੋਂ ਕਿ ਬਹੁਤ ਸਾਰੇ ਨਸ਼ਾ ਕਰਨ ਦੇ ਆਦੀ ਨੌਜਵਾਨਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਰੂਪਨਗਰ ਵਿਖੇ ਬਣਾਏ ਗਏ ਨਸ਼ਾ ਛੁਡਾਊ ਕੇਂਦਰ ਵਿੱਚ ਭਰਤੀ ਕਰਵਾਇਆ ਗਿਆ ਹੈ । ਉਨ੍ਹਾਂ ਨਸ਼ਿਆਂ ਵਿਰੁੱਧ ਸ਼ਾਨਦਾਰ ਕੰਮ ਕਰਨ ਵਾਲੇ ਪੁਲੀਸ ਅਧਿਕਾਰੀਆਂ ਦੀ ਪਿੱਠ ਥਾਪੜੀ, ਉੱਥੇ ਨਸ਼ਾ ਤਸਕਰਾਂ ਨਾਲ ਹਮਦਰਦੀ ਰੱਖਣ ਵਾਲੇ ਪੁਲਸ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੂੰ ਸਖ਼ਤ ਤਾੜਨਾ ਵੀ ਕੀਤੀ। ਉਨਾ ਦੱਸਿਆ ਕਿ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਸ਼ੁਰੂ ਕੀਤੀ ਮੁਹਿੰਮ ਤਹਿਤ 16 ਫਰਵਰੀ ਨੂੰ ਮੋਗਾ ਵਿਖੇ ਵਿਸ਼ਾਲ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਹਲਕੇ ਤੋਂ ਇਸ ਮੁਹਿੰਮ ਵਿੱਚ ਜੁਟੇ ਪਿੰਡਾਂ ਦੇ ਪੰਚ, ਸਰਪੰਚ,ਕੌਂਸਲਰ ਅਤੇ ਪਾਰਟੀ ਦੇ ਮੈਂਬਰ ਸ਼ਮੂਲੀਅਤ ਕਰਨਗੇ । ਇਸ ਮੌਕੇ ਐਸਐਮਓ ਡਾ. ਗੋਬਿੰਦ ਟੰਡਨ, ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਸਿਆਸੀ ਸਕੱਤਰ ਜਗਤਾਰ ਸਿੰਘ ਘੜੂੰਆ, ਕੌਂਸਲਰ ਭੁਪਿੰਦਰ ਸਿੰਘ ਭੂਰਾ ਅਤੇ ਸਰਪੰਚ ਹਰਿੰਦਰ ਸਿੰਘ ਕਾਕਾ ਸਮੇਤ ਹੋਰ ਅਧਿਕਾਰੀ ਹਾਜ਼ਰ ਸਨ।

# ਖੂਨਦਾਨ ਕੈਂਪ ਲਗਾਇਆ

**ਪੋਜੇਵਾਲ (ਰਾਮ ਲਾਲ ਟੋਰੋਵਾਲ)** ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਅਧੀਨ ਪੈਂਦੇ ਪਿੰਡ ਚਾਂਦਪੁਰ ਰੁੜਕੀ ਵਿਖੇ ਸਵਰਗਵਾਸੀ ਅਮਰਦੀਪ ਸਿੰਘ ਮੀਲੂ (ਗੁਰਜੰਟ ਰੁੜਕੀ) ਦੀ ਨਿੱਕੀ ਯਾਦ ਨੂੰ ਸਮਰਪਿਤ ਦੂਜਾ ਸਵੈ ਇੱਛੁਕ ਖ਼ੂਨਦਾਨ ਕੈਂਪ ਲਗਾਇਆ। ਪੀ ਜੀ ਆਈ ਬਲੱਡ ਬੈਂਕ ਚੰਡੀਗੜ੍ਹ ਨੇ ਇਹ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਨੌਜਵਾਨਾਂ ਨੇ ਵੱਧ ਚੜ ਕੇ ਹਿੱਸਾ ਲਿਆ।ਇਸ ਕੈਂਪ ਵਿੱਚ 50ਤੋਂ ਵੱਧ ਖ਼ੂਨਦਾਨ ਯੂਨਿਟਾਂ ਪ੍ਰਾਪਤ ਕੀਤੀਆਂ।ਇਸ ਮੌਕੇ ਪਿੰਡ ਚਾਂਦਪੁਰ ਰੁੜਕੀ ਦੇ



ਸਰਪੰਚ ਜਤਿੰਦਰ ਸਿੰਘ ਜਿੰਦੂ,ਕਰਨਵੀਰ ਕਟਾਰੀਆ ਆਮ ਆਦਮੀ ਪਾਰਟੀ ਜਿਲ੍ਹਾ ਪ੍ਰੀਸ਼ਦ ਮੈਬਰ ਪੋਜੇਵਾਲ ਜੋਨ , ਅਜੈ ਮੰਗੂਪੁਰ ਕਾਂਗਰਸ ਪਾਰਟੀ ਜਿਲ੍ਹਾ ਪ੍ਰਧਾਨ ਸ਼ਹੀਦ ਭਗਤ ਨਗਰ, ਸੰਦੀਪ ਭਾਟੀਆ, ਅਸ਼ੋਕ ਨਾਨੋਵਾਲ , ਐੱਸ ਐੱਚ ਓ ਪੋਜੇਵਾਲ ਰਾਜ ਪਰਵਿੰਦਰ ਕੌਰ ,ਦੀਪਾ ਮੀਲੂ, ਰਵਿੰਦਰ ਸਿੰਘ ਰਵੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਚਾਂਦਪੁਰ ਰੁੜਕੀ, ਬਿੰਦੂ ਭੋਲੇਵਾਲ,ਰਾਜ ਕੁਮਾਰ ਪੀ ਪੀ , ਰਜਿੰਦਰ ਜਿੰਦੀ,ਸਤਪਾਲ ਸਿੰਘ, ਨਰਿੰਦਰ ਪੀ ਪੀ, ਕਾਕਾ ਗੱਗੀ ,ਕਾਲਾ ਬਿੱਟੂ ਭੋਲੇਵਾਲ ਤੇ ਸਤਪਾਲ ਸਿੰਘ ਸੱਤੀ , ਤਜਿੰਦਰ ਸਿੰਘ ਬੱਬੀ ਆਦਿ ਸਮੂਹ ਪਿੰਡ ਵਾਸੀ ਹਾਜ਼ਰ ਰਹੇ।

# ਸੜਕਾਂ ਦੇ ਆਲੇ ਦੁਆਲੇ ਹੋਲਾ ਮਹੱਲਾ ਦੌਰਾਨ ਆਰਜ਼ੀ ਫੜ੍ਹੀਆਂ ਲਗਾਉਣ 'ਤੇ ਪਾਬੰਦੀ ਹੋਵੇਗੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਅਦਿੱਤਿਆਂ ਡਚਲਵਾਲ ਆਈ.ਏ.ਐਸ ਜ਼ਿਲ੍ਹਾ ਮੈਜਿਸਟ੍ਰੇਟ ਰੂਪਨਗਰ ਨੇ ਮਿਲੇ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੇਨ ਹਾਈਵੇ/ਰੋਡ ਦੇ ਆਲੇ ਦੁਆਲੇ ਅਤੇ ਮਿਊਜ਼ੀਅਮ ਚੌਕ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਾਇਆ ਗੁਰਦੁਆਰਾ ਅਨੰਦਗੜ੍ਹ ਸਾਹਿਬ ਲੋਅਰ ਸਾਈਡ ਤੋਂ ਪੰਜ ਪਿਆਰਾ ਪਾਰਕ ਤੱਕ ਪੈਂਦੀਆਂ ਸੜਕਾਂ ਦੇ ਫੁੱਟਪਾਥਾਂ 'ਤੇ ਫੜ੍ਹੀਆਂ/ ਦੁਕਾਨਾਂ ਲਗਾਉਣ 'ਤੇ ਰੋਕ ਲਗਾਉਣ ਦਾ ਹੁਕਮ ਜਾਰੀ ਕੀਤਾ ਹੈ, ਤਾਂ ਜੋ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਿਆ ਜਾ ਸਕੇ ਅਤੇ ਦੁਰਘਟਨਾਵਾਂ ਤੋਂ ਬਚਿਆ ਜਾ ਸਕੇ। ਇਹ ਹੁਕਮ 27 ਫਰਵਰੀ ਤੋਂ 4 ਮਾਰਚ ਤੱਕ ਲਾਗੂ ਰਹਿਣਗੇ।ਹੋਲੇ ਮਹੱਲੇ ਦਾ ਇਤਿਹਾਸਕ ਤਿਉਹਾਰ ਕੀਰਤਪੁਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ 27 ਫਰਵਰੀ ਤੋਂ 4 ਮਾਰਚ ਤੱਕ ਮਨਾਇਆ ਜਾ ਰਿਹਾ ਹੈ। ਹੋਲੇ ਮਹੱਲੇ ਦੇ ਤਿਉਹਾਰ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੇਨ ਹਾਈਵੇ/ਰੋਡ ਦੇ ਆਲੇ ਦੁਆਲੇ ਅਤੇ ਮਿਊਜਿਅਮ ਚੌਕ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਾਇਆ ਗੁਰਦੁਆਰਾ ਅਨੰਦਗੜ੍ਹ ਸਾਹਿਬ ਲੋਅਰ ਸਾਈਡ ਤੋਂ ਪੰਜ ਪਿਆਰਾ ਪਾਰਕ ਤੱਕ ਪੈਂਦੀਆਂ ਸੜਕਾਂ ਦੇ ਫੁੱਟਪਾਥਾਂ ਤੇ ਫੜ੍ਹੀਆਂ/ ਦੁਕਾਨਾਂ ਲਗਾਈਆਂ ਜਾਦੀਆਂ ਹਨ, ਜਿਸ ਕਾਰਨ ਆਵਾਜਾਈ ਵਿਚ ਵਿਘਨ ਪੈਂਦੀ ਹੈ। ਇਸ ਲਈ ਇਨ੍ਹਾਂ ਫੜ੍ਹੀਆਂ/ਦੁਕਾਨਾਂ 'ਤੇ ਰੋਕ ਲਗਾਈ ਗਈ ਹੈ।

ਇਹ ਆਰਜ਼ੀ ਫੜ੍ਹੀਆਂ/ਦੁਕਾਨਾਂ ਸ਼ਰਧਾਲੂਆਂ ਦੇ ਪੈਦਲ ਚੱਲਣ ਵਿਚ ਕਠਿਨਾਈ ਪੈਦਾ ਕਰਦੀਆਂ ਹਨ ਅਤੇ ਸੜਕਾਂ 'ਤੇ ਆਵਾਜਾਈ ਵੀ ਪ੍ਰਭਾਵਿਤ ਹੁੰਦੀ ਹੈ। ਮਾਮਲੇ ਦੀ ਤਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਜਾਰੀ ਕੀਤਾ ਗਿਆ ਹੈ।

# ਆਂਗਣਵਾੜੀ ਸੁਪਰਵਾਈਜ਼ਰਾਂ ਤੇ ਵਰਕਰਾਂ ਲਈ ਬਾਲ ਅਧਿਕਾਰਾਂ ਤੇ ਪੌਕਸੋ ਐਕਟ ਸੰਬਧੀ ਟ੍ਰੇਨਿੰਗ ਵਰਕਸ਼ਾਪ

**ਨਵਾਂਸ਼ਹਿਰ, ਬੰਗਾ (ਮਨੋਜ ਲਾਡੀ)**- ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਬਲਾਕ ਬੰਗਾ ਅਧੀਨ ਆਉਣ ਵਾਲੀਆਂ ਆਂਗਣਵਾੜੀ ਵਰਕਰਾਂ ਅਤੇ ਸੁਪਰਵਾਈਜ਼ਰਾਂ ਨੂੰ ਬਾਲ ਅਧਿਕਾਰਾਂ, ਜੇ ਜੇ ਐਕਟ ਅਤੇ ਪੋਕਸੋ ਐਕਟ ਸਬੰਧੀ ਜਾਗਰੂਕ ਕਰਨ ਲਈ ਬੀਡੀਪੀਓ ਦਫਤਰ ਵਿਖੇ ਟ੍ਰੇਨਿੰਗ ਵਰਕਸ਼ਾਪ ਲਗਾਈ ਗਈ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਨੇ ਜੁਵੇਨਾਇਲ ਜਸਟਿਸ ਐਕਟ ਬਾਰੇ ਜਾਣਕਾਰੀ ਦਿੱਤੀ ਅਤੇ ਮਿਸ਼ਨ ਵਾਅਤਲਿਆ ਸਕੀਮ ਅਧੀਨ ਬੱਚਿਆਂ ਦੀ ਸੁਰੱਖਿਆ ਨਾਲ ਸੰਬੰਧਤ ਦਿੱਤੇ ਗਏ ਪ੍ਰੋਵੀਜ਼ਨਸ ਬਾਰੇ ਜਾਣੂ ਕਰਵਾਇਆ। ਉਹਨਾਂ ਵੱਲੋਂ ਛੋਟੀ ਉਮਰ ਵਿੱਚ ਬੱਚਿਆਂ ਤੋਂ ਮਜ਼ਦੂਰੀ ਨਾ ਕਰਵਾਉਣ ਅਤੇ ਬਾਲ ਭਿੱਖਿਆ ਨਾ ਕਰਵਾਉਣ ਸਬੰਧੀ ਅਪੀਲ ਕੀਤੀ ਗਈ।ਇਸ ਮੌਕੇ ਬਾਲ ਸੁਰੱਖਿਆ ਅਫ਼ਸਰ ਆਈ ਗੌਰਵ ਸ਼ਰਮਾ ਨੇ ਪੋਕਸੋ ਐਕਟ ਸਬੰਧੀ ਡਿਟੇਲ ਵਿੱਚ ਜਾਣਕਾਰੀ ਦਿੱਤੀ ਅਤੇ ਬੱਚਿਆਂ ਨਾਲ ਮੌਜੂਦਾ ਸਮਾਂ ਵਿੱਚ ਹੋ ਰਹੇ ਯੋਨ ਸ਼ੋਸ਼ਣ/ਸਰੀਰਿਕ ਸ਼ੋਸ਼ਣ/ਭਾਵਨਾਤਮਕ ਸ਼ੋਸ਼ਣ ਤੋਂ ਆਪਣੇ




ਬੱਚਿਆਂ ਨੂੰ ਸੁਰੱਖਿਅਤ ਰੱਖਣ ਲਈ ਅਪੀਲ ਕੀਤੀ ਗਈ। ਇਸ ਟ੍ਰੇਨਿੰਗ ਪ੍ਰੋਗਰਾਮ ਦੌਰਾਨ ਸੋਨੀਆ ਅੰਗਰਿਸ਼ ਚੇਅਰਪਰਸਨ ਬਾਲ ਭਲਾਈ ਕਮੇਟੀ ਵੱਲੋਂ ਬੱਚਿਆਂ ਦੇ ਅਧਿਕਾਰਾਂ ਸਬੰਧੀ ਗੱਲਬਾਤ ਕੀਤੀ ਗਈ ਅਤੇ ਪ੍ਰੋਗਰਾਮ ਦੌਰਾਨ ਮੌਜੂਦ ਆਂਗਣਵਾੜੀ ਵਰਕਰਾਂ ਦੇ ਨਾਲ ਨਾਲ ਸੁਪਰਵਾਈਜ਼ਰਾਂ ਨੂੰ ਕਿਹਾ ਗਿਆ ਕਿ ਜ਼ੀਰੋ ਤੋਂ 18 ਸਾਲ ਤੱਕ ਦੇ ਬੱਚਿਆਂ ਨਾਲ ਕਿਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਪੇਸ਼ ਆਉਣ 'ਤੇ ਇਸ ਸੰਬੰਧੀ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਜਾਂ ਬਾਲ ਭਲਾਈ ਕਮੇਟੀ ਨੂੰ ਦਿੱਤੀ ਜਾਵੇ। ਕੰਚਨ ਅਰੋੜਾ ਵਲੋਂ ਪੋਕਸੋ ਐਕਟ ਅਤੇ ਬਾਲ ਅਧਿਕਾਰਾਂ ਬਾਰੇ ਜਾਣਕਾਰੀ ਦਿੰਦੇ ਦੱਸਿਆ ਗਿਆ ਕਿ ਲੜਕੇ ਅਤੇ ਲੜਕੀਆਂ ਦੇ ਸਰਬਪੱਖੀ ਵਿਕਾਸ ਲਈ ਸੁਰੱਖਿਅਤ ਮਾਹੌਲ ਹੋਣਾ ਜ਼ਰੂਰੀ ਹੈ। ਉਹਨਾਂ ਵੱਲੋਂ ਦੱਸਿਆ ਗਿਆ ਕਿ ਪੋਕਸੋ ਐਕਟ ਤਹਿਤ ਜ਼ੀਰੋ ਤੋਂ 18 ਸਾਲ ਤੱਕ ਦੇ ਬੱਚਿਆਂ ਨਾਲ ਕਿਸੇ ਵੀ ਤਰ੍ਹਾਂ ਦਾ ਦੁਰਵਿਵਹਾਰ ਕਰਨ ਵਾਲੇ ਵਿਅਕਤੀ ਲਈ ਸਖਤ ਤੋਂ ਸਖਤ ਸਜ਼ਾ ਦਾ ਪ੍ਰਾਵਧਾਨ ਹੈ। ਉਨਾਂ ਸਕੂਲ ਦੇ ਅਧਿਆਪਕਾਂ ਨੂੰ ਕਿਹਾ ਕਿ ਉਹ ਬੱਚਿਆਂ ਨਾਲ ਇਸ ਸੰਵੇਦਨਸ਼ੀਲ ਵਿਸ਼ੇ 'ਤੇ ਖੁੱਲ੍ਹ ਕੇ ਚਰਚਾ ਕਰਨ ਤਾਂ ਜੋ ਬੱਚਿਆਂ ਨੂੰ ਚੰਗੇ ਅਤੇ ਮਾੜੇ ਵਤੀਰੇ ਦਾ ਪਤਾ ਲੱਗ ਸਕੇ। ਗੌਰਵ ਸ਼ਰਮਾ ਵੱਲੋਂ ਆਂਗਣਵਾੜੀ ਵਰਕਰਾਂ ਨੂੰ ਬੱਚਿਆਂ ਨੂੰ ਗੁੱਡ ਟੱਚ ਅਤੇ ਬੈਡ ਟੱਚ ਸਬੰਧੀ ਜਾਣੂ ਕਰਵਾਉਣ ਲਈ ਕਿਹਾ ਗਿਆ। ਉਹਨਾਂ ਵੱਲੋਂ ਬੱਚਿਆਂ ਨਾਲ ਸੰਬੰਧਿਤ ਕਿਸੇ ਵੀ ਕੇਸ ਸਬੰਧੀ ਜਾਣਕਾਰੀ ਦੇਣ ਲਈ ਚਾਇਲਡ ਹੈਲਪਲਾਈਨ ਨੰਬਰ 1098 'ਤੇ ਜਾਣਕਾਰੀ ਦੇਣ ਲਈ ਕਿਹਾ ਗਿਆ।

# ਬੈਂਸ ਵੱਲੋਂ ਮੋਹਾਲੀ ਦੇ ਸਰਕਾਰੀ ਸਕੂਲ ਦਾ ਅਚਨਚੇਤ ਦੌਰਾ

**ਚੰਡੀਗੜ੍ਹ/ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਦੀ ਮੁਹਿੰਮ ਤਹਿਤ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐੱਸ ਏ ਐੱਸ ਨਗਰ (ਮੋਹਾਲੀ) ਜ਼ਿਲ੍ਹੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹੁਸ਼ਿਆਰਪੁਰ ਦਾ ਅਚਨਚੇਤ ਦੌਰਾ ਕੀਤਾ। ਉਨ੍ਹਾਂ ਨੇ ਸਕੂਲ ਕੈਂਪਸ ਦੇ ਆਧੁਨਿਕੀਕਰਨ ਲਈ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਇੱਕ ਹਫ਼ਤੇ ਦੇ ਅੰਦਰ ਵਿਸਤ੍ਰਿਤ ਪ੍ਰਾਜੈਕਟ ਰਿਪੋਰਟ (ਡੀ.ਪੀ.ਆਰ.) ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ।ਇਹ ਸਕੂਲ ਚੰਡੀਗੜ੍ਹ ਦੇ ਨੇੜੇ ਸਥਿਤ ਹੋਣ ਦੇ ਬਾਵਜੂਦ



ਕਲਾਸਰੂਮਾਂ ਦੀ ਮਾੜੀ ਹਾਲਤ, ਜਿਨ੍ਹਾਂ ਨੂੰ ਤੁਰੰਤ ਪੇਂਟ ਦੀ ਲੋੜ ਹੈ, ਉਤੇ ਨਾਖੁਸ਼ੀ ਜ਼ਾਹਿਰ ਕਰਦਿਆਂ ਹਰਜੋਤ ਸਿੰਘ ਬੈਂਸ ਨੇ ਡਾਇਰੈਕਟਰ (ਸੈਕੰਡਰੀ ਸਿੱਖਿਆ) ਨੂੰ ਫੋਨ ਕਰਕੇ ਇਸ ਸਬੰਧੀ ਤੁਰੰਤ ਇੱਕ ਨਿਰੀਖਣ ਟੀਮ ਗਠਿਤ ਕਰਕੇ ਸਕੂਲ ਦੇ ਦੌਰੇ ਉਤੇ ਭੇਜਣ ਤੇ ਇੱਕ ਹਫ਼ਤੇ ਦੇ ਅੰਦਰ ਡੀ ਪੀ ਆਰ ਪੇਸ਼ ਕਰਨ ਦੇ ਆਦੇਸ਼ ਦਿੱਤੇ।

# ਲੋਹੀ ਪਰਵਾਰ ਨੂੰ ਸਦਮਾ, ਨੌਜਵਾਨ ਬੇਟੇ ਬੱਬਲ ਲੋਹੀ ਦਾ ਦੇਹਾਂਤ

**ਮਹਿਤਪੁਰ (ਰਾਜਾ)** ਪਰਮਿੰਦਰਪਾਲ ਸਿੰਘ (ਬੱਬਲ ਲੋਹੀ) ਜੋ ਕਿ ਪਿਛਲੇ ਲੰਮੇ ਸਮੇਂ ਤੋਂ ਆਸਟਰੇਲੀਆ ਵਿੱਚ ਰਹਿ ਰਹੇ ਸਨ। ਪਿਛਲੇ ਕੁਝ ਸਮੇਂ ਤੋਂ ਬਿਮਾਰ ਸਨ, ਲੰਘੀ 31 ਜਨਵਰੀ ਨੂੰ ਆਪਣੀ ਸੰਸਾਰਿਕ ਯਾਤਰਾ ਸੰਪੂਰਨ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ। ਇਸ ਮੌਕੇ ਰਾਜਨੀਤਿਕ, ਧਾਰਮਿਕ ਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਲੋਹੀ ਪਰਵਾਰ ਨਾਲ ਅਫਸੋਸ ਪ੍ਰਗਟ ਕੀਤਾ ਗਿਆ। ਲੋਹੀ ਪਰਵਾਰ ਨੇ ਦੱਸਿਆ ਕਿ ਉਹਨਾਂ ਦਾ ਅੰਤਿਮ ਸੰਸਕਾਰ ਆਸਟਰੇਲੀਆ ਵਿੱਚ ਹੀ ਕੀਤਾ ਗਿਆ ਹੈ ਅਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਵੀ ਪਾਏ ਗਏ ਹਨ। ਉਪਰੰਤ ਪਰਵਾਰ ਪੰਜਾਬ ਵਿੱਚ ਆਇਆ ਹੈ ਜਿਸ ਕਰਕੇ ਉਹਨਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਬਾਣੀ ਦੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਅੱਜ 14 ਫਰਵਰੀ ਨੂੰ ਗੁਰਦੁਆਰਾ ਸਿੰਘ ਸਭਾ ਭਾਈ ਜਵਾਹਰ ਸਿੰਘ ਜੀ ਮਹਿਤਪੁਰ ਵਿਖੇ ਕਰਵਾਏ ਜਾ ਰਹੇ ਹਨ ਜਿਸ ਦੌਰਾਨ ਦੁਪਹਿਰ 12 ਵਜੇ ਤੋਂ 1:30 ਵਜੇ ਕੀਰਤਨ ਹੋਵੇਗਾ।



14-FEB-PAGE-10.qxd 2/13/2026 9:23 PM Page 1



## 'ਰਾਸ਼ਟਰੀ ਬਾਲੜੀ ਦਿਵਸ 'ਤੇ ਲਿੰਗ ਸੰਵੇਦਨਸ਼ੀਲਤਾ' ਵਿਸ਼ੇ 'ਤੇ ਮੁਕਾਬਲੇ ਕਰਾਏ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਦੇ ਐਗਰੀਕਲਚਰ ਤੇ ਜੀਵ ਵਿਗਿਆਨ ਫੈਕਲਟੀ ਦੇ ਐਗਰੀਮ ਕਲੱਬ ਵੱਲੋਂ ਏਕ ਭਾਰਤ ਸ੍ਰੇਸ਼ਠ ਭਾਰਤ ਸੈੱਲ, ਉੱਨਤ ਭਾਰਤ ਅਭਿਆਨ ਅਤੇ ਸਵੱਛ ਭਾਰਤ ਮਿਸ਼ਨ ਦੇ ਸਹਿਯੋਗ ਨਾਲ 'ਰਾਸ਼ਟਰੀ ਬਾਲੜੀ ਦਿਵਸ 'ਤੇ ਲਿੰਗ ਸੰਵੇਦਨਸ਼ੀਲਤਾ' ਵਿਸ਼ੇ 'ਤੇ ਮੁਕਾਬਲਿਆਂ ਦੀ ਲੜੀ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਵਾਗਤੀ ਭਾਸ਼ਣ ਨਾਲ ਹੋਈ, ਜਿਸ ਤੋਂ ਬਾਅਦ ਡਾ. ਅਭਿਨਾਸ਼ ਡਾਟੀਆ ਨੇ ਇੱਕ ਜਾਗਰੂਕਤਾ ਭਾਸ਼ਣ ਦਿੱਤਾ, ਜਿਸ ਵਿੱਚ ਲਿੰਗ ਸਮਾਨਤਾ ਦੀ ਮਹੱਤਤਾ, ਰਾਸ਼ਟਰੀ ਬਾਲੜੀ ਦਿਵਸ ਦੀ ਸਾਰਥਕਤਾ ਤੇ ਇੱਕ ਸਮਾਵੇਸ਼ੀ ਸਮਾਜ ਦੇ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ ਗਿਆ।ਉਨ੍ਹਾਂ ਦੇ ਭਾਸ਼ਣ ਨੇ ਵਿਦਿਆਰਥੀਆਂ ਨੂੰ ਲਿੰਗ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਵਾਲੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ।ਵਿਦਿਆਰਥੀਆਂ ਨੇ ਲੇਖ ਲਿਖਣ, ਸਲੋਗਨ ਲਿਖਣ ਤੇ ਪੋਸਟਰ ਮੇਕਿੰਗ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਲਿੰਗ ਸੰਵੇਦਨਸ਼ੀਲਤਾ, ਮਹਿਲਾ ਸਸ਼ਕਤੀਕਰਨ ਤੇ ਬਰਾਬਰ ਮੌਕਿਆਂ ਨਾਲ ਸਬੰਧਿਤ ਵਿਚਾਰਾਂ ਨੂੰ ਰਚਨਾਤਮਕ ਢੰਗ ਨਾਲ ਪ੍ਰਗਟ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਦਾ ਨਿਰਣਾ ਪ੍ਰੋ. (ਡਾ.) ਐੱਚ.ਕੇ. ਸਿੱਧੂ ਨੇ ਡਾ. ਸਚਿਨ ਭਾਰਦਵਾਜ, ਡਾ. ਰਜਤ ਸ਼ਰਮਾ ਅਤੇ ਸ਼ਿਵਾਂਗੀ ਸੂਦ ਦੇ ਸਹਿਯੋਗ ਨਾਲ ਕੀਤਾ, ਜਿਨ੍ਹਾਂ ਨੇ ਐਂਟਰੀਆਂ ਦੀ ਮੌਲਿਕਤਾ ਅਤੇ ਸਮਾਜਿਕ ਸਾਰਥਕਤਾ ਦੀ ਸ਼ਲਾਘਾ ਕੀਤੀ।

## ਜੰਤਰ ਮੰਤਰ 'ਤੇ ਗੂੰਜਿਆ ਹਰਿਆਣਾ 1984 ਸਿੱਖ ਕਤਲੇਆਮ ਦਾ ਦਰਦ

### 42 ਸਾਲਾਂ ਬਾਅਦ ਵੀ ਇਨਸਾਫ਼ ਤੋਂ ਵਾਂਝੇ ਪੀੜਤ : ਭਾਈ ਘੋਲੀਆ



**ਮੋਗਾ (ਇਕਬਾਲ ਸਿੰਘ ਖਹਿਰਾ)**
ਹਰਿਆਣਾ 1984 ਸਿੱਖ ਕਤਲੇਆਮ ਦੇ ਪੀੜਤ ਪਰਵਾਰਾਂ ਦਾ ਦਰਦ ਇਕ ਵਾਰ ਫਿਰ ਦਿੱਲੀ ਦੇ ਜੰਤਰ ਮੰਤਰ 'ਤੇ ਗੂੰਜਿਆ, ਜਿੱਥੇ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ (1984 ਹਰਿਆਣਾ) ਦੀ ਅਗਵਾਈ ਹੇਠ ਭਾਈ ਦਰਸ਼ਨ ਸਿੰਘ ਘੋਲੀਆ ਦੀ ਰਹਿਨੁਮਾਈ ਵਿੱਚ ਵੱਡੇ ਪੱਧਰ 'ਤੇ ਰੋਸ ਮੁਜ਼ਾਹਰਾ ਕੀਤਾ ਗਿਆ।ਪੀੜਤ ਪਰਵਾਰਾਂ ਨੇ ਆਪਣੇ ਹੱਥਾਂ ਵਿੱਚ ਸਾਨੂੰ ਇਨਸਾਫ਼ ਦਿਓ ਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ, ਵਰਗੀਆਂ ਤਖ਼ਤੀਆਂ ਫੜ ਕੇ ਕੇਂਦਰ ਸਰਕਾਰ ਤੇ ਨਿਆਂ ਪ੍ਰਣਾਲੀ ਖ਼ਿਲਾਫ਼ ਆਪਣਾ ਰੋਸ ਪ੍ਰਗਟਾਇਆ।ਇਸ ਪ੍ਰਦਰਸ਼ਨ ਦੌਰਾਨ ਉਨ੍ਹਾਂ ਕਿਹਾ ਕਿ 42 ਸਾਲ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਨੂੰ ਪੂਰਾ ਇਨਸਾਫ਼ ਨਹੀਂ ਮਿਲਿਆ, ਜੋ ਭਾਰਤੀ ਨਿਆਂ ਪ੍ਰਣਾਲੀ 'ਤੇ ਇੱਕ ਕਾਲਾ ਧੱਬਾ ਹੈ।ਉਨ੍ਹਾਂ ਦੱਸਿਆ ਕਿ ਸਰਕਾਰਾਂ ਬਦਲਦੀਆਂ ਰਹੀਆਂ, ਵਾਅਦੇ ਹੁੰਦੇ ਰਹੇ, ਪਰ ਇਨਸਾਫ਼ ਦੀ ਉਡੀਕ ਅੱਜ ਵੀ ਜਾਰੀ ਹੈ।ਪੀੜਤ ਪਰਵਾਰ ਹੁਣ ਇਨਸਾਫ਼ ਦੀ ਉਡੀਕ ਕਰਦੇ ਕਰਦੇ ਥੱਕ ਚੁੱਕੇ ਹਨ ਤੇ ਮੰਗ ਕਰਦੇ ਹਨ ਕਿ ਹੁਣ ਦੇਰ ਨਾ ਕੀਤੀ ਜਾਵੇ।ਭਾਈ ਦਰਸ਼ਨ ਸਿੰਘ ਘੋਲੀਆ ਨੇ ਪ੍ਰਧਾਨ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਦਿਆਂ ਜ਼ੋਰ ਦਿੱਤਾ ਕਿ ਕੇਂਦਰ ਸਰਕਾਰ ਸੀ.ਬੀ.ਆਈ. ਦੀ ਨਿਗਰਾਨੀ ਹੇਠ ਇੱਕ ਖ਼ਾਸ ਕੇਂਦਰੀ ਏਜੰਸੀ ਤਹਿਤ ਵਿਸ਼ੇਸ਼ ਜਾਂਚ ਟੀਮ (ਐੱਸ.ਆਈ.ਟੀ.) ਦਾ ਗਠਨ ਕਰੇ।ਉਨ੍ਹਾਂ ਮੰਗ ਕੀਤੀ ਕਿ ਹਰਿਆਣਾ ਨਾਲ ਸਬੰਧਤ ਸਾਰੇ ਕੇਸ ਮੁੜ ਖੋਲ੍ਹੇ ਜਾਣ ਤੇ ਦੋਸ਼ੀਆਂ ਖ਼ਿਲਾਫ਼ ਮੁਕੱਦਮੇ ਦਰਜ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ।ਉਨ੍ਹਾਂ ਟੀ.ਪੀ. ਗਰਗ ਕਮਿਸ਼ਨ ਦੀ ਰਿਪੋਰਟ ਨੂੰ ਲਾਗੂ ਕਰਨ 'ਤੇ ਵੀ ਜ਼ੋਰ ਦਿੱਤਾ ਅਤੇ ਪੁਲਸ ਵਿੱਚ ਨਾਮਜ਼ਦ ਉਨ੍ਹਾਂ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਵੀ ਮੰਗ ਉਠਾਈ।ਇਸ ਮੌਕੇ ਦੌਰਾਨ ਚਸ਼ਮਦੀਦ ਗਵਾਹਾਂ ਰਾਮ ਸਿੰਘ (ਗੁੜਗਾਂਵ), ਗੁਰਜੀਤ ਸਿੰਘ (ਪਟੌਦੀ), ਗੁੱਡੀ ਦੇਵੀ (ਹਨੂਮਾਨਗੜ੍ਹ), ਗੁਰਦੀਪ ਸਿੰਘ (ਕੁਰੂਕਸ਼ੇਤਰ) ਤੇ ਸੁਰਜੀਤ ਕੌਰ (ਰੇਵਾੜੀ) ਨੇ ਅੱਖੀਂ ਵੇਖੇ ਕਤਲੇਆਮ ਦੀਆਂ ਦਰਦਨਾਕ ਯਾਦਾਂ ਸਾਂਝੀਆਂ ਕੀਤੀਆਂ।
ਭਾਈ ਘੋਲੀਆ ਨੇ ਕਿਹਾ ਕਿ 2006 ਵਿੱਚ ਸੰਸਦ 'ਚ ਐਲਾਨਿਆ 1984 ਪੀੜਤਾਂ ਲਈ ਰਾਹਤ ਪੈਕੇਜ ਪੂਰੀ ਤਰ੍ਹਾਂ ਲਾਗੂ ਕੀਤਾ ਜਾਵੇ।ਉਨ੍ਹਾਂ ਦੱਸਿਆ ਕਿ ਲਗਭਗ 20 ਸਾਲ ਪਹਿਲਾਂ ਦਿੱਤਾ ਗਿਆ ਦੋ-ਦੋ ਲੱਖ ਰੁਪਏ ਦਾ ਮੁਆਵਜ਼ਾ ਮੌਜੂਦਾ ਮਹਿੰਗਾਈ ਤੇ ਹਾਲਾਤਾਂ ਦੇ ਮੱਦੇਨਜ਼ਰ ਨਾਕਾਫ਼ੀ ਹੈ।ਇਸ ਲਈ ਹਰ ਪੀੜਤ ਪਰਵਾਰ ਨੂੰ ਘੱਟੋ-ਘੱਟ ਇੱਕ ਕਰੋੜ ਰੁਪਏ ਮੁਆਵਜ਼ਾ ਦਿੱਤਾ ਜਾਵੇ।ਇਸ ਮੌਕੇ ਰਾਜ ਸਭਾ ਮੈਂਬਰ ਸੰਤ ਬਲਵੀਰ ਸਿੰਘ ਸੀਚੇਵਾਲ ਵੀ ਧਰਨੇ ਵਿੱਚ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਪੀੜਤ ਪਰਵਾਰ ਇਨਸਾਫ਼ ਦੀ ਉਡੀਕ ਕਰਦੇ ਕਰਦੇ ਥੱਕ ਚੁੱਕੇ ਹਨ ਤੇ ਹੁਣ ਉਨ੍ਹਾਂ ਨੂੰ ਨਿਆਂ ਮਿਲਣਾ ਚਾਹੀਦਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਪੀੜਤਾਂ ਦੇ ਵਫ਼ਦ ਨੂੰ ਨਾਲ ਲੈ ਕੇ ਪ੍ਰਧਾਨ ਮੰਤਰੀ ਨਾਲ ਮੁਲਾਕਾਤ ਕਰਨਗੇ ਤੇ ਉਨ੍ਹਾਂ ਦੀਆਂ ਮੰਗਾਂ ਨੂੰ ਮਜ਼ਬੂਤੀ ਨਾਲ ਰੱਖਣਗੇ।

## ਨਸ਼ਿਆਂ ਦੇ 9 ਮੁਕੱਦਮੇ ਦਰਜ, 15 ਗ੍ਰਿਫ਼ਤਾਰ

**ਸੁਨਾਮ (ਅਸ਼ੋਕ ਸ਼ਰਮਾ, ਹਾਕਮ ਭੱਟੀ)**-ਸ੍ਰੀ ਸਰਤਾਜ ਸਿੰਘ ਚਾਹਲ ਐੱਸ.ਐੱਸ.ਪੀ. ਨੇ ਦੱਸਿਆ ਕਿ ਸਬ-ਡਵੀਜ਼ਨ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਡਰੱਗ ਦੇ 9 ਮੁਕੱਦਮੇ ਦਰਜ ਕਰਕੇ 15 ਦੋਸ਼ੀਆਨ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 40 ਗ੍ਰਾਮ ਹੈਰੋਇਨ/ਚਿੱਟਾ, 11 ਨਸ਼ੀਲੇ ਟੀਕੇ ਤੇ 10 ਕਿਲੋ ਭੁੱਕੀ ਚੂਰਾ ਪੋਸਤ ਬਰਾਮਦ ਕਰਾਈ ਗਈ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ 02 ਮੁਕੱਦਮੇ ਦਰਜ ਕਰਕੇ 03 ਦੋਸ਼ੀਆਂ ਨੂੰ ਕਾਬੂ ਕਰਕੇ 12 ਬੋਤਲਾਂ ਸ਼ਰਾਬ ਨਜਾਇਜ਼ ਸ਼ਰਾਬ ਠੇਕਾ ਦੇਸੀ ਬਰਾਮਦ ਕਰਾਈ ਗਈ।
ਨਸ਼ੇ ਦੀ ਦਲਦਲ ਵਿੱਚ ਫਸੇ 03 ਵਿਅਕਤੀਆਂ ਨੂੰ ਸੈਂਟਰ ਵਿੱਚੋਂ ਦਾਖ਼ਲ।ਮੈਜਿਸਟ੍ਰੇਟ ਦਿਵਾਈ ਗਈ ਹੈ।ਅਸਲਾ ਐਕਟ ਤਹਿਤ 01 ਮੁਕੱਦਮਾ ਦਰਜ ਰਜਿਸਟਰ ਕਰਕੇ 1 ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਸ ਪਾਸੋਂ ਇੱਕ ਪਿਸਟਲ 315 ਬੋਰ ਸਮੇਤ ਇੱਕ ਜ਼ਿੰਦਾ ਕਾਰਤੂਸ ਤੇ ਇੱਕ ਰਿਵਾਲਵਰ 32 ਬੋਰ ਸਮੇਤ ਇੱਕ ਜ਼ਿੰਦਾ ਕਾਰਤੂਸ ਬਰਾਮਦ ਕਰਾਇਆ ਗਿਆ।ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 245 ਟ੍ਰੈਫਿਕ ਚਲਾਨ ਕੀਤੇ ਗਏ ਹਨ।

## ਬੀ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਰਾਠੌਰ ਦਾ ਸਨਮਾਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡਾਂ ਦੀਆਂ ਪੰਚਾਇਤਾਂ ਵੱਲੋਂ ਵਿਸ਼ੇਸ਼ ਤੌਰ 'ਤੇ 'ਆਪ' ਦੇ ਜ਼ਿਲ੍ਹਾ ਲੁਧਿਆਣਾ ਤੋਂ ਬੀ.ਸੀ. ਵਿੰਗ ਦੇ ਪ੍ਰਧਾਨ ਭੁਪਿੰਦਰ ਸਿੰਘ ਰਾਠੌਰ ਦਾ ਸਨਮਾਨ ਕੀਤਾ ਗਿਆ। ਪਿੰਡ ਰਾਈਪੁਰ ਬੇਟ, ਹੇਡੋਂ ਬੇਟ, ਗੜ੍ਹੀ ਬੇਟ, ਕਾਉਂਕੇ, ਅਕਾਲਗੜ੍ਹ ਅਤੇ ਬੁਰਜ ਕੱਚਾ ਵਿਖੇ 'ਆਪ' ਆਗੂਆਂ ਤੇ ਪੰਚਾਇਤਾਂ ਵੱਲੋਂ ਭੁਪਿੰਦਰ ਸਿੰਘ ਰਾਠੌਰ ਦਾ ਸਨਮਾਨ ਕਰਦਿਆਂ ਕਿਹਾ ਕਿ ਹਾਈਕਮਾਂਡ ਨੇ ਸਾਡੇ ਇਲਾਕੇ ਦੇ ਆਗੂ ਨੂੰ ਵੱਡਾ ਮਾਣ ਬਖ਼ਸ਼ਿਆ ਹੈ। ਭੁਪਿੰਦਰ ਸਿੰਘ ਰਾਠੌਰ ਨੇ ਇਹ ਸਨਮਾਨ ਕਰਨ 'ਤੇ ਪੰਚਾਇਤਾਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀ ਸੇਵਾ ਲਈ ਤਤਪਰ ਰਹਿਣਗੇ। ਇਸ ਮੌਕੇ ਉਨ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਤੋਂ ਸਮੱਸਿਆਵਾਂ ਤੇ ਮੰਗਾਂ ਬਾਰੇ ਵੀ ਜਾਣਕਾਰੀ ਲਈ ਤੇ ਵਿਕਾਸ ਲਈ ਗ੍ਰਾਂਟਾਂ ਚਾਹੀਦੀਆਂ ਹਨ ਉਸ ਦੀ ਜਾਣਕਾਰੀ ਮੰਗੀ। ਇਸ ਮੌਕੇ ਸਰਪੰਚ ਕਮਲਜੀਤ ਸਿੰਘ ਹੇਡੋਂ ਬੇਟ, ਸਰਪੰਚ ਸਰਬਜੀਤ ਸਿੰਘ ਕਾਉਂਕੇ, ਸਰਪੰਚ ਸਦਾਬਹਿਾਰ ਸਿੰਘ ਗੜ੍ਹੀ ਬੇਟ, ਸਰਪੰਚ ਬੂਟਾ ਸਿੰਘ ਰਾਈਪੁਰ, ਸਰਪੰਚ ਸਿਕੰਦਰ ਸਿੰਘ ਬੁਰਜ ਕੱਚਾ, ਸਰਪੰਚ ਗੁਰਜੰਟ ਸਿੰਘ ਅਕਾਲਗੜ੍ਹ, ਗੁਰਜੰਟ ਸਿੰਘ ਬਲਾਕ ਪ੍ਰਧਾਨ, ਸੁਰਿੰਦਰ ਸਿੰਘ, ਜਸਵਿੰਦਰ ਸਿੰਘ ਨੰਬਰਦਾਰ, ਮਾਸਟਰ ਸੁਰਜੀਤ ਸਿੰਘ, ਜਸਪ੍ਰੀਤ ਸਿੰਘ ਪੰਚ, ਸੋਨਾ ਸਿੰਘ, ਸਰਨੋਲ ਸਿੰਘ ਸਾਬਕਾ ਸਰਪੰਚ, ਅੰਮ੍ਰਿਤ ਸਿੰਘ ਪੰਚ, ਗੁਰਵੀਰ ਸਿੰਘ ਪੰਚ, ਜਸਵੀਰ ਸਿੰਘ ਪੰਚ, ਅਸ਼ੋਕ ਕੁਮਾਰ ਪੰਚ, ਗੱਜਣ ਸਿੰਘ, ਸੁਰਿੰਦਰ ਸਿੰਘ, ਪ੍ਰਧਾਨ ਸਿੰਘ, ਜੋਰਾਵਰ ਸਿੰਘ ਤੇ ਸਿਕੰਦਰ ਸਿੰਘ ਵੀ ਹਾਜ਼ਰ ਸਨ।

## ਡਾ. ਬਲਜੀਤ ਕੌਰ ਦੇ ਦੇਹਾਂਤ 'ਤੇ ਅਫ਼ਸੋਸ ਪ੍ਰਗਟ



**ਲੁਧਿਆਣਾ (ਰੈਕਟਰ ਕਥੂਰੀਆ, ਸਤੀਸ਼ ਸਚਦੇਵਾ)**-ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਅਹੁਦੇਦਾਰਾਂ, ਪ੍ਰਬੰਧਕੀ ਬੋਰਡ ਦੇ ਮੈਂਬਰਾਂ ਤੇ ਸਮੂਹ ਮੈਂਬਰਾਂ ਵੱਲੋਂ ਡਾ. ਬਲਜੀਤ ਕੌਰ ਬੱਲੀ ਦੇ ਦੇਹਾਂਤ 'ਤੇ ਡੂੰਘੇ ਦੁੱਖ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ।ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਡਾ. ਬਲਜੀਤ ਕੌਰ ਬੱਲੀ ਵਿਦਵਾਨ ਚਿੰਤਕ ਕਿਸਮ ਦੇ ਗਲਪਕਾਰ ਸਨ।ਉਹ ਜਿੰਨੇ ਵਧੀਆ ਇਨਸਾਨ ਸਨ, ਓਨੀ ਹੀ ਵਧੀਆ ਰਚਨਾਵਾਂ ਲਿਖਦੇ ਸਨ।ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਅਫ਼ਸੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਡਾ. ਬਲਜੀਤ ਕੌਰ ਬੱਲੀ ਨੇ 'ਧੁੱਪ ਦੀ ਵਾਟ', ਆਪਣੀ ਛਾਵੇਂ, ਅਰੂਪੀ, ਗੱਲ ਇੱਕ ਵਿੱਚ ਮੁੱਲਵਾਨ ਪੁਸਤਕਾਂ ਦੀ ਰਚਨਾ ਕੀਤੀ।ਉਨ੍ਹਾਂ ਦੇ ਦੇਹਾਂਤ ਨਾਲ ਪੰਜਾਬੀ ਸਾਹਿਤ ਜਗਤ ਤੇ ਪਰਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ।ਇਸ ਦੁੱਖ ਦੀ ਘੜੀ ਅਕਾਦਮੀ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੈ।ਸੀਨੀ. ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਮਹਿਸੂਸ ਕੀਤਾ ਕਿ ਮਰਦ ਪ੍ਰਧਾਨ ਸਮਾਜ ਵਿੱਚ ਔਰਤਾਂ ਦੀ ਇਕ ਆਵਾਜ਼ ਸਾਡੇ ਕੋਲੋਂ ਖੁੱਸ ਗਈ ਹੈ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਪਾਲ ਕੌਰ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਪ੍ਰੋ. ਅਰਵਿੰਦਰ ਕੌਰ ਕਾਕੜਾ, ਡਾ. ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਨਮੇਜਾ ਸਿੰਘ ਜੌਹਲ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸੁਖਜੀਤ, ਜਸਵੰਤ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਮਨੋਜ ਸਿੰਘ ਧੁੱਸੀ, ਡਾ. ਹਰਜਿੰਦਰ ਸਿੰਘ, ਦੇਵਕਰਨੀ ਭੱਠਲ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਸ੍ਰੀ ਦੀਪ ਜਗਦੀਪ ਸਿੰਘ, ਪ੍ਰੋ. ਬਲਵਿੰਦਰ ਸਿੰਘ ਚਹਿਲ, ਕਰਮਜੀਤ ਸਿੰਘ ਗਰੇਵਾਲ ਤੇ ਵਰਗਿਸ ਸਲਾਮਤ ਸਮੇਤ ਸਮੂਹ ਮੈਂਬਰ ਸ਼ਾਮਲ ਸਨ।

## ਮਨਰੇਗਾ 'ਤੇ ਹਮਲਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ : ਭੱਟੀਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਿੰਡ ਰਾਈਪੁਰ ਮੰਡਲਾਂ ਤੇ ਮਾਡਲ ਟਾਊਨ ਵਿੱਚ ਮਨਰੇਗਾ ਬਚਾਓ ਸੰਗਰਾਮ ਤਹਿਤ ਭਾਰੀ ਇਕੱਠ ਪਿੰਡ ਰਾਈਪੁਰ ਮੰਡਲਾਂ ਤੇ ਮਾਡਲ ਟਾਊਨ ਵਿੱਚ ਮਨਰੇਗਾ ਬਚਾਓ ਸੰਗਰਾਮ ਦੇ ਤਹਿਤ ਇੱਕ ਪ੍ਰਭਾਵਸ਼ਾਲੀ ਤੇ ਜੋਸ਼ ਭਰਪੂਰ ਇਕੱਠ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆ ਨੇ ਮੁੱਖ ਤੌਰ 'ਤੇ ਸ਼ਿਰਕਤ ਕੀਤੀ।ਵੱਡੀ ਗਿਣਤੀ 'ਚ ਪਿੰਡ ਵਾਸੀਆਂ, ਮਜ਼ਦੂਰ ਭਰਾਵਾਂ ਅਤੇ ਪਾਰਟੀ ਵਰਕਰਾਂ ਦੀ ਹਾਜ਼ਰੀ ਨੇ ਇਸ ਸੰਗਰਾਮ ਨੂੰ ਮਜ਼ਬੂਤੀ ਬਖ਼ਸ਼ੀ।ਨਿਰਮਲ ਭੱਟੀਆ ਨੇ ਕਿਹਾ ਕਿ ਮਨਰੇਗਾ ਗਰੀਬ ਤੇ ਮਜ਼ਦੂਰ ਵਰਗ ਦੀ ਜੀਵਨ ਰੇਖਾ ਹੈ ਤੇ ਇਸ ਯੋਜਨਾ ਨੂੰ ਕਮਜ਼ੋਰ ਕਰਨ ਜਾਂ ਖਤਮ ਕਰਨ ਦੀ ਕਿਸੇ ਵੀ ਕੋਸ਼ਿਸ਼ ਨੂੰ ਕਦੇ ਵੀ ਸਫਲ ਨਹੀਂ ਹੋਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਹ ਸਿਰਫ ਇਕ ਮੁਹਿੰਮ ਨਹੀਂ, ਸਗੋਂ ਆਪਣੀ ਰੋਜ਼ੀ ਰੋਟੀ ਲਈ ਲੜ ਰਹੇ ਮਜ਼ਦੂਰਾਂ ਦੇ ਰੋਸ ਦਾ ਪ੍ਰਗਟਾਵਾ ਹੈ।ਭੱਟੀਆ ਨੇ ਕਿਹਾ ਕਿ ਜੇਕਰ ਕੇਂਦਰ ਜਾਂ ਰਾਜ ਸਰਕਾਰ ਵੱਲੋਂ ਮਨਰੇਗਾ ਦੇ ਬਜਟ ਵਿੱਚ ਕਟੌਤੀ ਜਾਂ ਹੋਰ ਰੁਕਾਵਟਾਂ ਪੈਦਾ ਕੀਤੀਆਂ ਗਈਆਂ ਤਾਂ ਕਾਂਗਰਸ ਪਾਰਟੀ ਹੋਰ ਵੀ ਜ਼ੋਰਦਾਰ ਵਿਰੋਧ ਕਰੇਗੀ।ਮਨਰੇਗਾ 'ਤੇ ਹਮਲਾ ਦਰਅਸਲ ਗਰੀਬਾਂ ਦੇ ਹੱਕਾਂ 'ਤੇ ਹਮਲਾ ਹੈ, ਜੋ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਇਸ ਦੌਰਾਨ ਪਿੰਡ ਰਾਈਪੁਰ ਮੰਡਲਾਂ ਅਤੇ ਮਾਡਲ ਟਾਊਨ ਵਾਸੀਆਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਮਨਰੇਗਾ ਨੂੰ ਪੂਰੀ ਤਰ੍ਹਾਂ ਲਾਗੂ ਕਰਨ, ਸਮੇਂ 'ਤੇ ਮਜ਼ਦੂਰੀ ਭੁਗਤਾਨ ਤੇ ਕੰਮ ਦੇ ਪੂਰੇ ਦਿਨ ਯਕੀਨੀ ਬਣਾਉਣ ਦੀ ਮੰਗ ਕੀਤੀ।

## ਰੇਲਵੇ ਵੱਲੋਂ ਹੋਲੀ ਮੌਕੇ ਸਪੈਸ਼ਲ ਗੱਡੀ ਚਲਾਉਣ ਦਾ ਫੈਸਲਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹੋਲੀ ਦੇ ਤਿਉਹਾਰ ਮੌਕੇ ਰੇਲ ਯਾਤਰੀਆਂ ਦੀ ਸਹੂਲਤ ਤੇ ਵਾਧੂ ਭੀੜ ਨੂੰ ਘਟਾਉਣ ਲਈ ਰੇਲਵੇ ਵੱਲੋਂ ਸਪੈਸ਼ਲ ਰੇਲਗੱਡੀ ਚਲਾਈ ਜਾਵੇਗੀ।ਗੱਡੀ ਨੰਬਰ 05006 ਅੰਮ੍ਰਿਤਸਰ ਤੋਂ ਬੜਨੀ ਇਹ ਸਪੈਸ਼ਲ ਟਰੇਨ ਮਿਤੀ 04.03.2026 ਤੋਂ 25.03.2026 ਤੱਕ (ਕੁੱਲ 04 ਟ੍ਰਿਪ) ਹਰ ਵੀਰਵਾਰ ਨੂੰ ਚੱਲੇਗੀ। ਪਰਮਦੀਪ ਸਿੰਘ ਸੈਣੀ ਸੀਨੀਅਰ ਮੰਡਲ ਕਮਰਸ਼ੀਅਲ ਪ੍ਰਬੰਧਕ ਨੇ ਦੱਸਿਆ ਕਿ ਇਹ ਰੇਲਗੱਡੀ ਅੰਮ੍ਰਿਤਸਰ ਤੋਂ ਦੁਪਹਿਰ 12.45 ਵਜੇ ਰਵਾਨਾ ਹੋਵੇਗੀ ਤੇ ਲਗਭਗ 19 ਘੰਟਿਆਂ ਦੇ ਸਫ਼ਰ ਤੋਂ ਬਾਅਦ ਅਗਲੇ ਦਿਨ ਸਵੇਰੇ 08.15 ਵਜੇ ਬੜਨੀ ਪਹੁੰਚੇਗੀ। ਗੱਡੀ ਨੰਬਰ 05005 ਬੜਨੀ ਤੋਂ ਅੰਮ੍ਰਿਤਸਰ ਇਹ ਸਪੈਸ਼ਲ ਟਰੇਨ ਮਿਤੀ 05.03.2026 ਤੋਂ 26.03.2026 ਤੱਕ (ਕੁੱਲ 04 ਟ੍ਰਿਪ) ਹਰ ਬੁੱਧਵਾਰ ਨੂੰ ਚੱਲੇਗੀ। ਇਹ ਰੇਲਗੱਡੀ ਬੜਨੀ ਤੋਂ ਦੁਪਹਿਰ 15.10 ਵਜੇ ਰਵਾਨਾ ਹੋਵੇਗੀ ਤੇ ਲਗਭਗ 18 ਘੰਟਿਆਂ ਬਾਅਦ ਅਗਲੇ ਦਿਨ ਸਵੇਰੇ 09.30 ਵਜੇ ਅੰਮ੍ਰਿਤਸਰ ਪਹੁੰਚੇਗੀ। ਇਹ ਸਪੈਸ਼ਲ ਰੇਲਗੱਡੀਆਂ ਦੋਵਾਂ ਦਿਸ਼ਾਵਾਂ ਵਿੱਚ ਬਿਆਸ, ਜਲੰਧਰ ਸਿਟੀ, ਢੰਡਾਰੀ ਕਲਾਂ, ਅੰਬਾਲਾ ਕੈਂਟ, ਯਮੁਨਾਨਗਰ, ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸੀਤਾਪੁਰ, ਬੁਢਵਲ, ਗੋਂਡਾ, ਬਲਰਾਮਪੁਰ ਤੇ ਤੁਲਸੀਪੁਰ ਸਟੇਸ਼ਨਾਂ 'ਤੇ ਰੁਕਣਗੀਆਂ।

## ਸਲਾਈਟ ਵਿਖੇ ਏ ਆਈ ਦੀ ਵਰਤੋਂ ਸੰਬੰਧੀ ਸੇਫਰ ਇੰਟਰਨੈੱਟ ਡੇ ਵਰਕਸ਼ਾਪ



**ਲੌਂਗੋਵਾਲ (ਪ੍ਰਦੀਪ ਸੱਪਲ)**
ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਲੌਂਗੋਵਾਲ ਵੱਲੋਂ ਸੇਫ਼ਰ ਇੰਟਰਨੈੱਟ ਡੇ 2026 ਮੌਕੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਹ ਵਰਕਸ਼ਾਪ ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ ਤੇ ਇਲੈਕਟ੍ਰਾਨਿਕਸ ਤੇ ਸੂਚਨਾ ਟੈਕਨਾਲੋਜੀ ਮੰਤਰਾਲਾ, ਭਾਰਤ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਈ ਗਈ।ਵਰਕਸ਼ਾਪ ਦਾ ਮੁੱਖ ਉਦੇਸ਼ ਸੁਰੱਖਿਅਤ ਇੰਟਰਨੈੱਟ ਵਰਤੋਂ, ਸਾਇਬਰ ਹਾਈਜੀਨ ਤੇ ਕ੍ਰਿਤ੍ਰਿਮ ਬੁੱਧੀਮਤਾ (ਏ ਆਈ) ਦੀ ਜ਼ਿੰਮੇਵਾਰ ਵਰਤੋਂ ਬਾਰੇ ਜਾਗਰੂਕਤਾ ਫੈਲਾਉਣਾ ਸੀ।ਪ੍ਰੋਗਰਾਮ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਡਾਇਰੈਕਟਰ ਸਲਾਈਟ ਪ੍ਰੋ. ਮਣਿਕਾਂਤ ਪਾਸਵਾਨ ਨੇ ਕੀਤੀ।ਇਸ ਮੌਕੇ ਡੀਨ (ਅਕਾਦਮਿਕਸ), ਪ੍ਰੋ. ਏ. ਐੱਸ. ਸਾਹੀ ਤੇ ਪ੍ਰੋ. ਦਮਨਪ੍ਰੀਤ ਸਿੰਘ, ਮੁਖੀ ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਵੀ ਹਾਜ਼ਰ ਰਹੇ।ਆਪਣੇ ਸੰਬੋਧਨ ਵਿੱਚ ਪ੍ਰੋ. ਮਣਿਕਾਂਤ ਪਾਸਵਾਨ ਨੇ ਤੇਜ਼ੀ ਨਾਲ ਵਧ ਰਹੀ ਡਿਜੀਟਲਾਈਜ਼ੇਸ਼ਨ ਤੇ ਏ ਆਈ ਅਧਾਰਤ ਟੈਕਨਾਲੋਜੀਆਂ 'ਤੇ ਨਿਰਭਰਤਾ ਦੇ ਮੱਦੇਨਜ਼ਰ ਭਾਰਤ ਵਿੱਚ ਸੇਫ਼ਰ ਇੰਟਰਨੈੱਟ ਡੇ ਦੀ ਵਧ ਰਹੀ ਮਹੱਤਤਾ ਉੱਤੇ ਰੋਸ਼ਨੀ ਪਾਈ।ਡੀਨ (ਅਕਾਦਮਿਕਸ) ਪ੍ਰੋ. ਏ. ਐੱਸ. ਸਾਹੀ ਨੇ ਵਿਦਿਆਰਥੀਆਂ ਤੇ ਅਧਿਆਪਕਾਂ 'ਚ ਡਿਜੀਟਲ ਨੈਤਿਕਤਾ ਤੇ ਸਾਇਬਰ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਉੱਚ ਸਿੱਖਿਆ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਪ੍ਰੋ. ਦਮਨਪ੍ਰੀਤ ਸਿੰਘ ਮੁਖੀ ਸੀਐੱਸਈ ਵਿਭਾਗ ਨੇ ਸੁਰੱਖਿਅਤ ਤੇ ਭਰੋਸੇਯੋਗ ਪ੍ਰਣਾਲੀਆਂ ਦੇ ਵਿਕਾਸ ਵਿੱਚ ਤਕਨਾਲੋਜੀ ਵਿਸ਼ੇਸ਼ਗਤਾਵਾਂ ਦੀ ਜ਼ਿੰਮੇਵਾਰੀ ਨੂੰ ਉਭਾਰਿਆ ਤੇ ਵਿਦਿਆਰਥੀਆਂ ਨੂੰ ਉਭਰਦੇ ਸਾਇਬਰ ਖ਼ਤਰਿਆਂ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ।ਵਰਕਸ਼ਾਪ ਦੇ ਸੰਸਾਧਨ ਵਿਅਕਤੀ ਤੇ ਸਮਨ੍ਵਯਕ ਡਾ. ਜਗਦੀਪ ਸਿੰਘ ਸਹਾਇਕ ਪ੍ਰੋਫੈਸਰ ਸਲਾਈਟ ਲੌਂਗੋਵਾਲ ਰਹੇ।ਡਾ. ਜਗਦੀਪ ਸਿੰਘ ਨੇ 16 ਤੋਂ 20 ਫਰਵਰੀ 2026 ਤੱਕ ਨਵੀਂ ਦਿੱਲੀ ਹੋਣ ਵਾਲੇ ਇੰਡੀਆ ਏ ਆਈ ਇੰਪੈਕਟ ਸਮਿਟ ਬਾਰੇ ਜਾਣਕਾਰੀ ਦਿੱਤੀ ਤੇ ਏ ਆਈ ਦੀ ਜ਼ਿੰਮੇਵਾਰ ਅਤੇ ਨੈਤਿਕ ਵਰਤੋਂ 'ਤੇ ਜ਼ੋਰ ਦਿੱਤਾ।ਇਸ ਵਰਕਸ਼ਾਪ ਵਿੱਚ 200 ਤੋਂ ਵੱਧ ਭਾਗੀਦਾਰਾਂ ਨੇ ਭਾਗ ਲਿਆ, ਜਿਸ ਵਿੱਚ ਆਈਸੀਡੀ ਅੰਡਰਗ੍ਰੈਜੂਏਟ (ਯੂਜੀ), ਪੋਸਟਗ੍ਰੈਜੂਏਟ (ਪੀਜੀ) ਤੇ ਪੀ.ਐੱਚ.ਡੀ. ਦੇ ਵਿਦਿਆਰਥੀ, ਅਧਿਆਪਕ ਤੇ ਕਰਮਚਾਰੀ ਸ਼ਾਮਲ ਸਨ।

## ਚੋਰਾਂ ਨੇ ਫਲਾਈਓਵਰ ਹੇਠ ਆਟਾ ਚੱਕੀ ਨੂੰ ਬਣਾਇਆ ਨਿਸ਼ਾਨਾ, ਡੇਢ ਲੱਖ ਦਾ ਨੁਕਸਾਨ



**ਜਲਾਲਾਬਾਦ (ਬਲਵਿੰਦਰ ਸਿੰਘ)**-ਸ਼ਹਿਰ ਜਲਾਲਾਬਾਦ ਵਿੱਚ ਚੋਰੀਆਂ ਦੀਆਂ ਵਾਰਦਾਤਾਂ ਰੁਕਣ ਦਾ ਨਾਮ ਨਹੀਂ ਲੈ ਰਹੀਆਂ, ਜਦਕਿ ਪੁਲਸ ਪ੍ਰਸ਼ਾਸਨ ਸਿਰਫ਼ ਤਮਾਸ਼ਬੀਨ ਬਣ ਕੇ ਸਭ ਕੁਝ ਦੇਖ ਰਿਹਾ ਹੈ। ਤਾਜ਼ਾ ਮਾਮਲਾ ਸ੍ਰੀ ਮੁਕਤਸਰ ਸਾਹਿਬ ਫਲਾਈਓਵਰ ਦੇ ਥੱਲੇ ਸਥਿਤ ਸੰਜੀਵ ਕੁਮਾਰ ਰਜਿੰਦਰ ਕੁਮਾਰ ਨਾਮਕ ਫਰਮ ਦੀ ਆਟਾ ਚੱਕੀ ਦਾ ਸਾਹਮਣੇ ਆਇਆ ਹੈ, ਜਿੱਥੇ ਬੀਤੀ ਰਾਤ ਅਣਪਛਾਤੇ ਚੋਰ ਛੱਤ ਤੋੜ ਕੇ ਦੁਕਾਨ ਅੰਦਰ ਦਾਖਲ ਹੋਏ ਤੇ ਕੀਮਤੀ ਸਾਮਾਨ ਚੋਰੀ ਕਰਕੇ ਫ਼ਰਾਰ ਹੋ ਗਏ।ਜਾਣਕਾਰੀ ਦਿੰਦਿਆਂ ਆਟਾ ਚੱਕੀ ਦੇ ਸੰਚਾਲਕ ਸੰਜੀਵ ਕੁਮਾਰ ਨੇ ਦੱਸਿਆ ਕਿ ਚੋਰ ਰਾਤ ਦੇ ਹਨੇਰੇ 'ਚ ਛੱਤ ਤੋੜ ਕੇ ਅੰਦਰ ਵੜੇ ਤੇ ਆਟਾ ਚੱਕੀ ਵਿੱਚ ਵਰਤੀ ਜਾਂਦੀ 30 ਹਾਰਸ ਪਾਵਰ ਦੀ ਮੋਟਰ, ਕੀਮਤੀ ਕੇਬਲ, ਐੱਲਈਡੀ, ਗੱਲੇ ਵਿੱਚ ਪਈ ਲਗਭਗ 2500 ਰੁਪਏ ਦੀ ਨਕਦੀ ਤੇ ਤਕਰੀਬਨ ਇੱਕ ਕੁਇੰਟਲ ਸਰ੍ਹੋਂ ਦਾ ਤੇਲ ਅਤੇ ਹੋਰ ਸਾਮਾਨ ਚੋਰੀ ਕਰਕੇ ਲੈ ਗਏ।ਇਸ ਚੋਰੀ ਕਾਰਨ ਉਨ੍ਹਾਂ ਨੂੰ ਕਰੀਬ ਡੇਢ ਲੱਖ ਰੁਪਏ ਦਾ ਭਾਰੀ ਨੁਕਸਾਨ ਹੋਇਆ ਹੈ।ਚੋਰੀ ਦੀ ਸ਼ਿਕਾਇਤ ਥਾਣਾ ਸਿਟੀ ਪੁਲਸ ਨੂੰ ਦੇ ਦਿੱਤੀ ਗਈ ਹੈ।ਪੀੜਤ ਵਪਾਰੀ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚੋਰਾਂ ਨੂੰ ਤੁਰੰਤ ਕਾਬੂ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ ਤੇ ਸ਼ਹਿਰ ਵਿੱਚ ਰਾਤ ਦੀ ਗਸ਼ਤ ਵਧਾਈ ਜਾਵੇ, ਨਹੀਂ ਤਾਂ ਵਪਾਰੀ ਵਰਗ ਸੜਕਾਂ 'ਤੇ ਉੱਤਰ ਕੇ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗਾ।

## ਜੈਵੰਤ, ਅਰਮਾਨ ਤੇ ਸਹਿਜਪ੍ਰੀਤ ਨੇ ਏਸ਼ੀਅਨ ਜੂਨੀਅਰ ਸਾਫਟ ਟੈਨਿਸ ਚੈਂਪੀਅਨਸ਼ਿਪ 'ਚ ਤਮਗੇ ਜਿੱਤੇ



**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਸਾਫਟ ਟੈਨਿਸ ਐਸੋਸੀਏਸ਼ਨ ਦੇ ਜਨਰਲ ਸਕੱਤਰ ਨਰਿੰਦਰ ਸਿੰਘ ਨੇ ਦੱਸਿਆ ਕਿ ਦੂਜੀ ਏਸ਼ੀਅਨ ਜੂਨੀਅਰ ਸਾਫਟ ਟੈਨਿਸ ਚੈਂਪੀਅਨਸ਼ਿਪ 4 ਤੋਂ 8 ਫਰਵਰੀ ਤੱਕ ਏਸ਼ੀਅਨ ਸਾਫਟ ਟੈਨਿਸ ਫੈਡਰੇਸ਼ਨ ਤੇ ਐਮੇਚਿਓਰ ਸਾਫਟ ਟੈਨਿਸ ਫੈਡਰੇਸ਼ਨ ਦੀ ਨਿਗਰਾਨੀ ਹੇਠ ਹਾਰਵੈਸਟ ਟੈਨਿਸ ਅਕੈਡਮੀ, ਜੱਸੋਵਾਲ ਵਿਖੇ ਆਯੋਜਤ ਕੀਤੀ ਗਈ ਸੀ।ਇਸ ਚਾਰ ਦਿਨਾਂ ਚੈਂਪੀਅਨਸ਼ਿਪ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਪੰਜਾਬ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਇਤਿਹਾਸ ਰਚਿਆ।ਜੈਵੰਤ ਸਿੰਘ ਗਰੇਵਾਲ ਨੇ ਟੀਮ ਈਵੈਂਟ ਵਿੱਚ ਸੋਨ ਤਗਮਾ, ਸਿੰਗਲਜ਼ ਵਿੱਚ ਚਾਂਦੀ ਤੇ ਡਬਲਜ਼ ਵਿੱਚ ਕਾਂਸੀ ਦਾ ਤਗਮਾ ਜਿੱਤਿਆ।ਅਰਮਾਨ ਸਿੰਘ ਅਤੇ ਸਹਿਜਪ੍ਰੀਤ ਸਿੰਘ ਬਾਜਵਾ ਨੇ ਟੀਮ ਈਵੈਂਟ ਵਿੱਚ ਸੋਨ ਤਗਮਾ ਅਤੇ ਡਬਲਜ਼ ਵਰਗ ਵਿੱਚ ਕਾਂਸੀ ਦਾ ਤਗਮਾ ਵੀ ਜਿੱਤਿਆ, ਜਿਸ ਨਾਲ ਪੰਜਾਬ ਲਈ ਬਹੁਤ ਮਾਣ ਦੀ ਗੱਲ ਹੋਈ।ਮੇਜ਼ਬਾਨ ਦੇਸ਼ ਭਾਰਤ ਦੇ ਨਾਲ-ਨਾਲ ਚੀਨ, ਚੀਨੀ ਤਾਈਪੇ, ਜਾਪਾਨ, ਕੋਰੀਆ, ਕੰਬੋਡੀਆ, ਨੇਪਾਲ, ਭੂਟਾਨ, ਲਾਓਸ, ਤਿਮੋਰ, ਸ਼੍ਰੀਲੰਕਾ, ਥਾਈਲੈਂਡ ਦੀਆਂ ਟੀਮਾਂ ਨੇ ਚੈਂਪੀਅਨਸ਼ਿਪ ਵਿੱਚ ਹਿੱਸਾ ਲਿਆ ਤੇ ਤਗਮੇ ਹਾਸਲ ਕਰਦੇ ਹੋਏ ਸ਼ਾਨਦਾਰ ਪ੍ਰਦਰਸ਼ਨ ਕੀਤਾ।

## ਨਵ-ਨਿਯੁਕਤ ਡਾਇਰੈਕਟਰਾਂ ਦਾ ਵਿਧਾਇਕ ਸੇਖੋਂ ਵੱਲੋਂ ਸਨਮਾਨ

### ਪਾਰਦਰਸ਼ੀ ਪ੍ਰਬੰਧ ਤੇ ਕਿਸਾਨ ਹਿੱਤਾਂ ਲਈ ਕੰਮ ਕਰਨ ਦਾ ਦਿੱਤਾ ਸੱਦਾ



**ਫ਼ਰੀਦਕੋਟ (ਡਿਸੂਜਾ, ਬੇਦੀ)**
ਹਲਕਾ ਫ਼ਰੀਦਕੋਟ ਦੇ ਵਿਧਾਇਕ ਸ੍. ਗੁਰਦਿੱਤ ਸਿੰਘ ਸੇਖੋਂ ਨੇ ਪ੍ਰਾਇਮਰੀ ਐਗਰੀਕਲਚਰਲ ਡਿਵੈਲਪਮੈਂਟ (ਪੀ.ਏ.ਡੀ.) ਬੈਂਕ ਫ਼ਰੀਦਕੋਟ ਦੇ ਸਰਬਸੰਮਤੀ ਨਾਲ ਚੁਣੇ ਗਏ 9 ਡਾਇਰੈਕਟਰਾਂ ਨੂੰ ਵਿਸ਼ੇਸ਼ ਤੌਰ 'ਤੇ ਮੁਬਾਰਕਬਾਦ ਦਿੱਤੀ।ਇਸ ਮੌਕੇ ਵਿਧਾਇਕ ਸੇਖੋਂ ਨੇ ਨਵੀਂ ਚੁਣੀ ਗਈ ਟੀਮ ਦਾ ਮੂੰਹ ਮਿੱਠਾ ਕਰਵਾਇਆ ਤੇ ਉਮੀਦ ਪ੍ਰਗਟਾਈ ਕਿ ਇਹ ਨਵੀਂ ਲੀਡਰਸ਼ਿਪ ਬੈਂਕ ਦੀਆਂ ਗਤੀਵਿਧੀਆਂ ਵਿੱਚ ਤੇਜ਼ੀ ਲਿਆਵੇਗੀ।ਨਵ-ਨਿਯੁਕਤ ਡਾਇਰੈਕਟਰਾਂ ਨੂੰ ਸ਼ੁੱਭ-ਕਾਮਨਾਵਾਂ ਦਿੰਦਿਆਂ ਵਿਧਾਇਕ ਸੇਖੋਂ ਨੇ ਕਿਹਾ ਕਿ ਬੈਂਕ ਦਾ ਮੁੱਖ ਮਕਸਦ ਕਿਸਾਨਾਂ, ਵਪਾਰੀਆਂ ਤੇ ਆਮ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਹੈ।ਉਨ੍ਹਾਂ ਅਪੀਲ ਕੀਤੀ ਕਿ ਸਮੂਹ ਡਾਇਰੈਕਟਰ ਬੈਂਕ ਦੇ ਕੰਮਕਾਜ ਵਿੱਚ ਪਾਰਦਰਸ਼ਤਾ ਲਿਆਉਣ ਤੇ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਤਾਂ ਜੋ ਸੰਸਥਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਸਰਬਸੰਮਤੀ ਨਾਲ ਹੋਈ ਇਹ ਚੋਣ ਭਾਈਚਾਰਕ ਸਾਂਝ ਦਾ ਪ੍ਰਤੀਕ ਹੈ।ਇਸ ਮੌਕੇ ਨਵ-ਨਿਯੁਕਤ ਡਾਇਰੈਕਟਰਾਂ ਵਿੱਚ ਸੁਖਵਿੰਦਰ ਕੌਰ, ਕਰਮਜੀਤ ਕੌਰ, ਸੁਖਪ੍ਰੀਤ ਕੌਰ ਬਰਾੜ, ਰੁਪਿੰਦਰ ਸਿੰਘ, ਬਾਬੂ ਸਿੰਘ, ਮੋਹਨ ਲਾਲ, ਪਰਮਜੀਤ ਸਿੰਘ ਸੰਧੂ, ਜਗਮੋਹਨ ਸਿੰਘ ਤੇ ਭਜਨ ਸਿੰਘ ਸ਼ਾਮਲ ਸਨ।ਸਮਾਗਮ ਦੌਰਾਨ ਮਾਰਕਿਟ ਕਮੇਟੀ ਸਾਦਿਕ ਦੇ ਚੇਅਰਮੈਨ, ਰਮਨਦੀਪ ਸਿੰਘ ਮੁਮਾਰਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਸ਼ਰਨ ਸਿੰਘ ਬਰਾੜ ਤੇ ਸਰਬਜੀਤ ਸਿੰਘ ਬਰਾੜ, ਰਾਜਿੰਦਰ ਦਾਸ ਰਿੰਕੂ, ਰਵੀ ਬੁਗਰਾ, ਯਾਦਵਿੰਦਰ ਸਿੰਘ, ਰਵਦੀਪ ਸਿੰਘ ਘੋਨੀਵਾਲਾ, ਹਲਕਾ ਇੰਚਾਰਜ ਗੁਰਪ੍ਰੀਤ ਧਾਲੀਵਾਲ, ਵਰਿੰਦਰ ਸਿੰਘ ਸਰਪੰਚ ਪਿੰਡੀ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

## ਦੁਰਗਾ ਮੰਦਰ ਵਿਖੇ ਖ਼ੂਨਦਾਨ ਕੈਂਪ 15 ਨੂੰ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੀ ਸਮਾਜ ਸੇਵੀ ਸੰਸਥਾ ਜੈ ਮਾਤਾ ਵੈਸ਼ਨੋ ਦੇਵੀ ਸੇਵਾ ਸਮਿਤੀ ਦੀ ਮੀਟਿੰਗ ਪ੍ਰਧਾਨ ਪੁਨੀਤ ਕਟਾਰੀਆ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਜਾਣਕਾਰੀ ਦਿੰਦੇ ਹੋਏ ਸਮਿਤੀ ਦੇ ਪ੍ਰਧਾਨ ਪੁਨੀਤ ਕਟਾਰੀਆ ਨੇ ਦੱਸਿਆ ਕਿ ਜੈ ਮਾਤਾ ਵੈਸ਼ਨੋ ਦੇਵੀ ਸੇਵਾ ਸਮਿਤੀ ਦੇ ਮੈਂਬਰਾਂ ਵੱਲੋਂ ਫੈਸਲਾ ਕੀਤਾ ਗਿਆ ਕਿ ਆਉਣ ਵਾਲੀ 15 ਮਾਰਚ ਨੂੰ ਪ੍ਰਾਚੀਨ ਸ਼੍ਰੀ ਦੁਰਗਾ ਮੰਦਰ ਨੇੜੇ ਬੱਸ ਸਟੈਂਡ ਵਿਖੇ ਕੈਂਪ ਲਾਇਆ ਜਾਵੇਗਾ।ਇਸ ਕੈਂਪ ਦਾ ਮੁੱਖ ਉਦੇਸ਼ ਜ਼ਰੂਰਤਮੰਦ ਮਰੀਜ਼ਾਂ ਦੀ ਮਦਦ ਕਰਨਾ ਤੇ ਲੋਕਾਂ ਨੂੰ ਖ਼ੂਨ ਦਾਨ ਕਰਨ ਲਈ ਪ੍ਰੇਰਿਤ ਕਰਨਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਨਿਯਮਿਤ ਤੌਰ 'ਤੇ ਖ਼ੂਨ ਦਾਨ ਕਰਨ।ਇਸ ਮੌਕੇ ਪ੍ਰਧਾਨ ਪੁਨੀਤ ਕਟਾਰੀਆ, ਗੋਪਾਲ ਗੋਇਲ, ਡਾ. ਅਨੀਲ ਗਰਗ, ਮੋਹਿਤ ਗਿਲਹੋਤਰਾ, ਪੁਨੀਤ ਗਰਗ, ਰਿਸ਼ਵ ਗਰਗ ਤੇ ਗਗਨ ਗਰਗ ਆਦਿ ਹਾਜ਼ਰ ਸਨ।

## ਦੇਸ਼ ਭਗਤ ਗਲੋਬਲ ਸਕੂਲ ਵਿਖੇ ਪ੍ਰਦਰਸ਼ਨੀ ਲਗਾਈ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਗਲੋਬਲ ਸਕੂਲ (ਡੀਬੀਜੀਐੱਸ) ਵੱਲੋਂ ਇੱਕ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਲਗਾਈ ਗਈ, ਜਿਸ 'ਚ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਪ੍ਰਤਿਭਾ ਤੇ ਅਕਾਦਮਿਕ ਉੱਤਮਤਾ ਨੂੰ ਉਜਾਗਰ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਵਿਗਿਆਨ, ਗਣਿਤ, ਸਮਾਜਿਕ ਵਿਗਿਆਨ, ਅੰਗਰੇਜ਼ੀ, ਪੰਜਾਬੀ ਤੇ ਹਿੰਦੀ ਸਮੇਤ ਵਿਸ਼ਿਆਂ ਵਿੱਚ ਵਿਦਿਆਰਥੀਆਂ ਦੇ ਪ੍ਰੋਜੈਕਟਾਂ ਤੇ ਕਾਰਜਸ਼ੀਲ ਮਾਡਲਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪੇਸ਼ ਕੀਤੀ ਗਈ।ਇਸ ਸਮਾਗਮ ਵਿੱਚ ਹੀਮੋਡਾਇਲਿਸਿਸ, ਆਫ਼ਤ ਪ੍ਰਬੰਧਨ ਤੇ ਕਾਰਬਨ ਸੋਖਕ ਵਰਗੇ ਕਾਰਜਸ਼ੀਲ ਵਿਗਿਆਨ ਮਾਡਲਾਂ ਦਾ ਪ੍ਰਦਰਸ਼ਨ ਵੀ ਕੀਤਾ ਗਿਆ, ਜੋ ਵਿਦਿਆਰਥੀਆਂ ਦੀ ਵਿਗਿਆਨਕ ਸੰਕਲਪਾਂ ਦੀ ਮਜ਼ਬੂਤ ਸਮਝ ਨੂੰ ਉਜਾਗਰ ਕਰਦੇ ਹਨ।ਗਣਿਤ ਪ੍ਰਦਰਸ਼ਨੀਆਂ 'ਚ ਥੇਲਸ ਦਾ ਸਿਧਾਂਤ, ਬੀਜ ਗਣਿਤ ਪਛਾਣ ਤੇ ਜਿਓਮੈਟ੍ਰਿਕ ਆਕਾਰ ਸ਼ਾਮਲ ਸਨ।ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਪ੍ਰਦਰਸ਼ਨੀ ਨੂੰ ਸ਼ਾਨਦਾਰ ਬਣਾਉਣ ਵਿੱਚ ਉਨ੍ਹਾਂ ਦੇ ਯਤਨਾਂ ਲਈ ਵਧਾਈ ਦਿੱਤੀ।ਪ੍ਰਿੰਸੀਪਲ ਇੰਦੂ ਸ਼ਰਮਾ ਨੇ ਮਾਣ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਪ੍ਰਦਰਸ਼ਨੀ ਸਾਡੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਸਿਰਜਣਾਤਮਕਤਾ ਦਾ ਪ੍ਰਤੀਬਿੰਬ ਹੈ। ਸਕੂਲ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ 'ਤੇ ਮਾਣ ਹੈ ਤੇ ਉਨ੍ਹਾਂ ਦੀ ਨਿਰੰਤਰ ਸਫਲਤਾ ਦੀ ਉਮੀਦ ਹੈ।

## ਮਾਨ ਸਰਕਾਰ ਦੇ ਸਰਬਪੱਖੀ ਵਿਕਾਸੀ ਕਦਮਾਂ ਨਾਲ ਪੰਜਾਬ ਦਾ ਹਰ ਵਰਗ ਖੁਸ਼ : 'ਆਪ' ਆਗੂ



**ਸੰਗਾਲਾ (ਰਣਜੀਤ ਸਿੰਘ ਪੇਧਨੀ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚੁੱਕੇ ਜਾ ਰਹੇ ਲੋਕ-ਹਿਤੈਸ਼ੀ ਕਦਮਾਂ ਨਾਲ ਪੰਜਾਬ ਦਾ ਹਰ ਵਾਸੀ ਖੁਸ਼ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਜਗਸੀਰ ਸਿੰਘ ਜੱਗਾ ਭੋਜੋਵਾਲੀ ਪ੍ਰਧਾਨ ਪੰਚਾਇਤ ਯੂਨੀਅਨ ਧੂਰੀ, ਸਰਪੰਚ ਜਸਵੀਰ ਦਾਸ ਢਢੋਗਲ ਜਨਰਲ ਸਕੱਤਰ ਪੰਚਾਇਤ ਯੂਨੀਅਨ ਧੂਰੀ, ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਰਾਜੂ ਬਰੜਵਾਲ, ਸਰਪੰਚ ਗੋਪਾਲ ਕ੍ਰਿਸਨ ਬੇਨੜਾ ਅਤੇ ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟ ਨੇ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਜੋ ਫ਼ੈਸਲੇ ਲਏ ਹਨ, ਉਹ ਸਿਰਫ਼ ਇਤਿਹਾਸਕ ਹੀ ਨਹੀਂ, ਸਗੋਂ ਆਮ ਲੋਕਾਂ ਦੀ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੇ ਹੋਏ ਹਨ।ਉਨ੍ਹਾਂ ਕਿਹਾ ਕਿ ਸਿੱਖਿਆ, ਸਿਹਤ, ਬਿਜਲੀ, ਰੁਜ਼ਗਾਰ ਤੇ ਕਿਸਾਨੀ ਖੇਤਰ ਵਿਚ ਕੀਤੇ ਗਏ ਸੁਧਾਰਾਂ ਜੋ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ ਤੇ ਸਰਕਾਰ ਪ੍ਰਤੀ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਚਲਾਈ ਗਈ 10 ਲੱਖ ਰੁਪਏ ਤੱਕ ਦੀ ਸਿਹਤ ਬੀਮਾ ਯੋਜਨਾ ਗਰੀਬ ਤੇ ਮੱਧ ਵਰਗ ਲਈ ਵਰਦਾਨ ਸਾਬਤ ਹੋ ਰਹੀ ਹੈ।ਇਸ ਯੋਜਨਾ ਨਾਲ ਹੁਣ ਮਹਿੰਗੇ ਇਲਾਜ ਦੀ ਚਿੰਤਾ ਖਤਮ ਹੋ ਗਈ ਹੈ ਤੇ ਹਰ ਪਰਵਾਰ ਨੂੰ ਇਜਾਜ਼ਤ ਨਾਲ ਇਲਾਜ ਕਰਾਉਣ ਦਾ ਹੱਕ ਮਿਲਿਆ ਹੈ।

## ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਮੀਟਿੰਗ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਖੋਸਾ ਦੀ ਮੀਟਿੰਗ ਦਾਣਾ ਮੰਡੀ ਮੋਗਾ ਵਿਖੇ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ, ਬਲਵਿੰਦਰ ਸਿੰਘ ਕਾਲੇਕੇ, ਸੁਰਜੀਤ ਸਿੰਘ ਵਿਰਕ ਬਲਾਕ ਪ੍ਰਧਾਨ ਬਾਘਾ ਪੁਰਾਣਾ, ਬਲਵੀਰ ਸਿੰਘ ਧੂੜਕੋਟ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਰਣਵੀਰ ਸਿੰਘ ਬਲਾਕ ਪ੍ਰਧਾਨ ਮੋਗਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਆਗੂਆਂ ਨੇ ਕਿਹਾ ਕਿ ਜੋ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਅਮਰੀਕਾ ਦੇ ਰਾਸ਼ਟਰਪਤੀ ਵਿਚਕਾਰ ਸਮਝੌਤਾ ਹੋਇਆ ਹੈ, ਉਹ ਬਹੁਤ ਹੀ ਮਾੜਾ ਸਮਝੌਤਾ ਹੈ, ਜਿਸ ਵਿੱਚ ਜੋ ਸਾਮਾਨ ਅਮਰੀਕਾ ਤੋਂ ਭਾਰਤ ਆਵੇਗਾ, ਉਸ ਉੱਪਰ ਕੋਈ ਟੈਕਸ ਨਹੀਂ ਹੋਵੇਗਾ ਤੇ ਜੋ ਕਿਸਾਨੀ ਸਾਮਾਨ ਭਾਰਤ ਤੋਂ ਅਮਰੀਕਾ ਜਾਵੇਗਾ, ਉਸ ਉੱਪਰ 18 ਫ਼ੀਸਦੀ ਟੈਕਸ ਲੱਗੇਗਾ, ਜਿਸ ਨਾਲ ਭਾਰਤ ਦੀ ਕਿਸਾਨੀ ਖ਼ਤਮ ਹੋ ਜਾਵੇਗੀ।ਆਗੂਆਂ ਨੇ ਬਠਿੰਡਾ ਧਰਨੇ ਦੌਰਾਨ ਹੋਏ ਤਸ਼ੱਦਦ ਦੀ ਯੂਨੀਅਨ ਨੇ ਨਿੰਦਾ ਕੀਤੀ।ਇਸ ਤੋਂ ਇਲਾਵਾ 17 ਫਰਵਰੀ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੁਤਲੇ ਫੂਕਣ, 21 ਫਰਵਰੀ ਨੂੰ ਪਿੰਡ ਹਵਾਰਾ ਵਿਖੇ ਕੌਮੀ ਇਨਸਾਫ਼ ਮੋਰਚੇ ਵੱਲੋਂ ਜੇਲ੍ਹਾਂ 'ਚ ਬੰਦ ਸਿੱਖ ਨੌਜਵਾਨਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਇਕੱਠ ਵਿੱਚ ਵੱਧ ਚੜ੍ਹ ਕੇ ਭਾਗ ਲਿਆ ਜਾਵੇਗਾ।ਇਸ ਮੌਕੇ ਪ੍ਰਧਾਨ ਬਲਵੀਰ ਸਿੰਘ ਧੂੜਕੋਟ, ਨਿਰਮਲ ਸਿੰਘ ਕਾਲੇਕੇ, ਗੁਰਦੀਪ ਸਿੰਘ ਭਲੂਰ, ਰਣਵੀਰ ਸਿੰਘ ਰਾਣਾ, ਮੇਜਰ ਸਿੰਘ ਕੜਾਹੇ ਵਾਲਾ, ਤਰਲੋਚਨ ਸਿੰਘ ਕਾਲੇਕੇ, ਸਰਬਣ ਸਿੰਘ ਲੰਡੇ, ਰੁਪਿੰਦਰ ਸਿੰਘ ਮਾਨ, ਦਰਸ਼ਨ ਸਿੰਘ ਸੇਖਾ, ਤਰਸੇਮ ਸਿੰਘ ਫ਼ਤਿਹਗੜ੍ਹ, ਅਜੀਤ ਸਿੰਘ ਬਾਠ, ਕੁਲਵੰਤ ਸਿੰਘ ਜੋਗੇਵਾਲਾ, ਮਨਜੀਤ ਸਿੰਘ ਡਰੋਲੀ, ਪ੍ਰੀਤਮ ਸਿੰਘ ਖੋਸਾ, ਗੁਰਦਰਸ਼ਨ ਸਿੰਘ ਕਾਲੇਕੇ, ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਨੇ ਵੀ ਸੰਬੋਧਨ ਕੀਤਾ।


## ਖੋਜਾਰਥੀ ਮੋਹਿਤ ਮੋਤੀਵਾਲੇ ਨੂੰ ਮਿਲਿਆ ਯੰਗ ਸਾਇੰਟਿਸਟ ਐਵਾਰਡ

### ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਕੀਤਾ ਸਨਮਾਨਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਖੋਜਾਰਥੀ ਮੋਹਿਤ ਮੋਤੀਵਾਲੇ ਨੂੰ 'ਯੰਗ ਸਾਇੰਟਿਸਟ ਐਵਾਰਡ' ਪ੍ਰਾਪਤ ਹੋਣ 'ਤੇ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਯੂਨੀਵਰਸਿਟੀ ਦੇ ਫਾਰਮਾਸਿਊਟਿਕਲ ਸਾਇੰਸਿਜ਼ ਐਂਡ ਡਰੱਗ ਰਿਸਰਚ ਵਿਭਾਗ ਦੀ ਮੋਲੇਕਿਊਲਰ ਮਾਡਲਿੰਗ ਲੈਬ ਦੇ ਖੋਜਾਰਥੀ ਮੋਹਿਤ ਮੋਤੀਵਾਲੇ ਨੂੰ ਇਹ ਐਵਾਰਡ ਚੰਡੀਗੜ੍ਹ ਵਿੱਚ ਹੋਈ 29ਵੀਂ ਪੰਜਾਬ ਸਾਇੰਸ ਕਾਂਗਰਸ ਮੌਕੇ ਪ੍ਰਦਾਨ ਕੀਤਾ ਗਿਆ।ਡਾ. ਜਗਦੀਪ ਸਿੰਘ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਨੂੰ ਆਪਣੇ ਹੋਣਹਾਰ ਖੋਜਾਰਥੀਆਂ ਉੱਤੇ ਮਾਣ ਹੈ।ਉਨ੍ਹਾਂ ਕਿਹਾ ਕਿ ਸਾਡੇ ਖੋਜਾਰਥੀ ਕੇਵਲ ਡਿਗਰੀਆਂ ਹਾਸਲ ਨਹੀਂ ਕਰ ਰਹੇ, ਸਗੋਂ ਉਹ ਅਜਿਹੇ ਹੱਲ ਲੱਭ ਰਹੇ ਹਨ, ਜੋ ਆਉਣ ਵਾਲੀਆਂ ਨਸਲਾਂ ਦੀ ਸਿਹਤ ਤੇ ਜੀਵਨ ਪੱਧਰ ਵਿੱਚ ਸੁਧਾਰ ਕਰਨਗੇ। ਉਨ੍ਹਾਂ ਕਿਹਾ ਕਿ ਅਜਿਹੇ ਖੋਜਾਰਥੀਆਂ ਦੀ ਮਿਹਨਤ ਇਹ ਸਾਬਿਤ ਕਰਦੀ ਹੈ ਕਿ ਜੇਕਰ ਸਹੀ ਦਿਸ਼ਾ ਤੇ ਸਾਧਨ ਮਿਲਣ, ਤਾਂ ਸਾਡੇ ਵਿਦਿਆਰਥੀ ਕੌਮਾਂਤਰੀ ਪੱਧਰ 'ਤੇ ਮੱਲਾਂ ਮਾਰ ਸਕਦੇ ਹਨ।ਇਸ ਸਨਮਾਨ ਤਹਿਤ ਤਗਮਾ, ਪ੍ਰਮਾਣ-ਪੱਤਰ ਤੇ 7,500/- ਦੀ ਉਤਸ਼ਾਹੀ ਰਾਸ਼ੀ ਪ੍ਰਦਾਨ ਕੀਤੀ ਗਈ।ਵਿਭਾਗ ਮੁਖੀ ਪ੍ਰੋ. ਯੋਗਿਤਾ ਬਾਂਸਲ ਤੇ ਸਮੂਹ ਫੈਕਲਟੀ ਮੈਂਬਰਾਂ ਨੇ ਇਸ ਮਹੱਤਵਪੂਰਣ ਉਪਲਬਧੀ ਲਈ ਖੋਜਾਰਥੀ ਤੇ ਪ੍ਰੋ. ਸਿਲਾਕਾਰੀ ਦੀ ਸਮੁੱਚੀ ਖੋਜ ਟੀਮ ਨੂੰ ਵਧਾਈ ਦਿੱਤੀ।ਵਰਣਨਯੋਗ ਹੈ ਕਿ ਫਾਰਮੇਸੀ ਵਿਭਾਗ ਦੀ ਇੱਕ ਹੋਰ ਖੋਜਾਰਥਣ ਅੰਜਲੀ ਸ਼ਰਮਾ ਨੂੰ ਵੀ ਕਾਨਫਰੰਸ ਵਿੱਚ ਸਰਵੋਤਮ ਪੋਸਟਰ ਐਵਾਰਡ ਪ੍ਰਾਪਤ ਹੋਇਆ ਹੈ।

## ਗੁਰੂ ਨਾਨਕ ਸਕੂਲ ਵਿਖੇ ਵਿਦਾਇਗੀ ਪਾਰਟੀ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਦੇ ਸਨਮਾਨ ਵਿੱਚ ਵਿਦਾਇਗੀ ਪਾਰਟੀ ਦਿੱਤੀ ਗਈ।ਇਸ ਵਿਦਾਇਗੀ ਸਮਾਰੋਹ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਉਪ-ਪ੍ਰਧਾਨ ਪਵਿੱਤਰਪਾਲ ਸਿੰਘ ਪਾਂਗਲੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।ਸਮਾਗਮ ਦੀ ਸ਼ੁਰੂਆਤ ਗਿਆਰਵੀਂ ਜਮਾਤ ਦੇ ਵਿਦਿਆਰਥੀ ਵੱਲੋਂ ਸਵਾਗਤੀ ਭਾਸ਼ਣ ਦੁਆਰਾ ਕੀਤੀ ਗਈ।ਇਸ ਮੌਕੇ ਗਿਆਰਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ।ਵਿਦਿਆਰਥੀਆਂ 'ਚ ਮਿਸ ਤੇ ਮਿਸਟਰ ਫੇਅਰਵੈੱਲ ਦਾ ਮੁਕਾਬਲਾ ਕਰਵਾਇਆ ਗਿਆ, ਜਿਸ 'ਚ ਬਾਰਵੀਂ ਦੇ ਅਰਸ਼ਦੀਪ ਸਿੰਘ ਗੁਰਮ (ਮੈਡੀਕਲ) ਨੂੰ ਮਿਸਟਰ ਫੇਅਰਵੈੱਲ ਤੇ ਹਰਮਨ ਮੁੰਡੀ (ਮੈਡੀਕਲ) ਨੂੰ ਮਿਸ ਫੇਅਰਵੈੱਲ ਦੇ ਖਿਤਾਬ ਨਾਲ ਨਵਾਜਿਆ ਗਿਆ।ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਤ ਕਰਦੇ ਹੋਏ ਮੁੱਖ ਮਹਿਮਾਨ ਪਵਿੱਤਰਪਾਲ ਸਿੰਘ ਪਾਂਗਲੀ ਨੇ ਆਪਣੇ ਸਕੂਲ ਸਮੇਂ ਨੂੰ ਯਾਦ ਕਰਦਿਆਂ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਂਬਰ ਰਵਿੰਦਰ ਸਿੰਘ, ਕਾਲਜ ਪ੍ਰੋਫ਼ੈਸਰ ਹਰਪ੍ਰੀਤ ਕੌਰ ਤੇ ਪ੍ਰੋਫ਼ੈਸਰ ਦੀਪਾਲੀ ਹਾਜ਼ਰ ਸਨ।ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੰਦੇ ਹੋਏ ਸਕਾਰਾਤਮਕ ਸੋਚ ਨੂੰ ਅਪਣਾਉਣ ਦਾ ਸੁਨੇਹਾ ਦਿੱਤਾ।

## ਵਿਦਿਆਰਥਣਾਂ ਲਈ ਸਿਹਤ ਜਾਗਰੂਕਤਾ ਲਈ ਮੈਡੀਕਲ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਦੀਆਂ ਵੱਖ-ਵੱਖ ਇਕਾਈਆਂ ਮਾਤਾ ਸੁੰਦਰੀ ਗਰਲਜ਼ ਕਾਲਜ, ਮਾਤਾ ਸੁੰਦਰੀ ਕਾਲਜ ਆਫ਼ ਐਜੂਕੇਸ਼ਨ ਤੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਤੇ ਮਾਤਾ ਸੁੰਦਰੀ ਇੰਸਟੀਚਿਊਟ ਆਫ ਨਰਸਿੰਗ, ਢੱਡੇ ਵੱਲੋਂ ਵਿਦਿਆਰਥਣਾਂ ਦੀ ਸਿਹਤ ਜਾਗਰੂਕਤਾ ਸੰਬੰਧੀ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਦੇ ਉਦਘਾਟਨੀ ਸਮਾਰੋਹ ਵਿੱਚ ਏ.ਐਮ.ਓ, ਸੀ.ਐਚ.ਸੀ. ਬਾਲਿਆਂਵਾਲੀ ਤੋਂ ਡਾ. ਕਰਮਜੀਤ ਕੌਰ ਜੌੜਾ ਤੋਂ ਡਾ. ਅਭਿਸ਼ੇਕ ਜੌੜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਸੰਸਥਾ ਦੇ ਚੈਅਰਮੈਨ ਕੁਲਵੰਤ ਸਿੰਘ ਸਿੱਧੂ, ਐਮ.ਡੀ. ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਿਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਆਏ ਹੋਏ ਮਹਿਮਾਨਾਂ ਦਾ ਤਹਿ-ਦਿਲੋਂ ਸਵਾਗਤ ਕੀਤਾ।ਸੰਸਥਾ ਦੇ ਪ੍ਰਿੰਸੀਪਲ-ਕਮ-ਪ੍ਰੋਗਰਾਮ ਅਫਸਰ ਪ੍ਰੋ. ਰਾਜ ਸਿੰਘ ਬਾਘਾ ਨੇ ਦੱਸਿਆ ਕਿ ਸੰਸਥਾ ਪਿਛਲੇ 15 ਸਾਲਾਂ ਤੋਂ ਹਰ ਸਾਲ ਨਿਰੰਤਰ ਵਿਦਿਆਰਥਣਾਂ ਦੀ ਸਿਹਤ ਦਾ ਧਿਆਨ ਰੱਖਦੇ ਹੋਏ ਮੈਡੀਕਲ ਚੈਕਅਪ ਕੈਂਪ ਆਯੋਜਤ ਕਰਦੀ ਆ ਰਹੀ ਹੈ।ਕਾਲਜ ਦੇ ਐਨ.ਐਸ.ਐਸ ਵਲੰਟੀਅਰਾਂ ਦਾ ਚੈਕਅਪ ਕੀਤਾ।ਸਟੇਜ ਸਕੱਤਰ ਦੀ ਭੂਮਿਕਾ ਸੀਨੀਅਰ ਪ੍ਰੋ. ਜਸਵਿੰਦਰ ਸਿੰਘ ਨੇ ਬਾਖੂਬੀ ਨਿਭਾਈ।ਮੈਡਮ ਸਿੰਬਲਜੀਤ ਕੌਰ (ਡਾਇਰੈਕਟਰ), ਮੈਡਮ ਪ੍ਰਸ਼ੋਤਮ ਕੌਰ, ਪੋਲਰ ਸਟਾਰ ਸਕੂਲ ਢੱਡੇ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ, ਗੁਰਪ੍ਰੀਤ ਸਿੰਘ ਲਹਿਰਾ, ਸੀਨੀਅਰ ਪ੍ਰੋ. ਰਾਜਵਿੰਦਰ ਸਿੰਘ, ਸੀਨੀਅਰ ਪ੍ਰੋ. ਜਸਵਿੰਦਰ ਸਿੰਘ, ਸੀਨੀਅਰ ਪ੍ਰੋ. ਰਵਿੰਦਰ ਕੁਮਾਰ, ਮੈਡਮ ਮਨਿੰਦਰਪ੍ਰੀਤ ਕੌਰ (ਪ੍ਰੋਗਰਾਮ ਅਫਸਰ), ਪ੍ਰੋ. ਰੁਪਿੰਦਰ ਕੌਰ (ਨਰਸਿੰਗ ਵਿਭਾਗ) ਐਜੂਕੇਸ਼ਨ ਕਾਲਜ ਦੀ ਪ੍ਰੋ. ਵੀਰਇੰਦਰ ਕੌਰ (ਪ੍ਰੋਗਰਾਮ ਅਫਸਰ), ਸੀਨੀਅਰ ਪ੍ਰੋ. ਰਾਜਵਿੰਦਰ ਕੌਰ, ਸੀਨੀਅਰ ਪ੍ਰੋ. ਰਣਜੀਤ ਕੌਰ, ਪ੍ਰੋ. ਹਰਵਿੰਦਰ ਕੌਰ, ਸੀਨੀਅਰ ਪ੍ਰੋ. ਹਰਸ਼ ਰਾਣੀ, ਪ੍ਰੋ. ਅਮਨ ਸ਼ਰਮਾ, ਪ੍ਰੋ. ਗੁਰਪ੍ਰੀਤ ਸਿੰਘ, ਪ੍ਰੋ. ਕਰਨਵੀਰ ਸਿੰਘ, ਪ੍ਰੋ. ਜਗਜੀਤ ਸਿੰਘ, ਮੈਡਮ ਸੁਖਵੀਰ ਕੌਰ, ਮੈਡਮ ਸਿਮਲਾ, ਮੈਡਮ ਅੰਮ੍ਰਿਤਪਾਲ ਕੌਰ, ਮੈਡਮ ਪੁਸ਼ਪਿੰਦਰ ਕੌਰ, ਮੈਡਮ ਲਵਜੋਤ ਕੌਰ ਤੇ ਮੈਡਮ ਪ੍ਰਭਜੋਤ ਕੌਰ ਆਦਿ ਹਾਜ਼ਰ ਸਨ।


## ਸੰਤ ਬਾਬਾ ਸ਼ੀਸ਼ਾ ਸਿੰਘ ਦੀ ਯਾਦ ਨੂੰ ਸਮਰਪਤ ਗੁਰਮਤਿ ਸਮਾਗਮ ਕਰਵਾਏ

### ਸਮਾਗਮ 'ਚ ਪੁੱਜੀਆਂ ਸੰਗਤਾਂ ਦਾ ਜਥੇਦਾਰ ਬਾਬਾ ਕਰਨੈਲ ਸਿੰਘ ਨੇ ਕੀਤਾ ਧੰਨਵਾਦ




**ਮੋਗਾ (ਇਕਬਾਲ ਸਿੰਘ ਖਹਿਰਾ)**-ਸੱਚਖੰਡ ਵਾਸੀ ਸੰਤ ਬਾਬਾ ਸ਼ੀਸ਼ਾ ਸਿੰਘ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਯਾਦ ਨੂੰ ਸਮਰਪਤ ਤਿੰਨ ਰੋਜ਼ਾ ਮਹਾਨ 22ਵਾਂ ਗੁਰਮਤਿ ਸਮਾਗਮ ਗੁਰਦੁਆਰਾ ਕਲਗੀਧਰ ਸਾਹਿਬ ਦਸਮੇਸ਼ ਨਗਰ ਮੋਗਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਸੰਤ ਬਾਬਾ ਨਰਿੰਦਰ ਸਿੰਘ, ਸੰਤ ਬਾਬਾ ਬਲਵਿੰਦਰ ਸਿੰਘ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਲੰਗਰ ਸਾਹਿਬ ਦੀ ਰਹਿਨੁਮਾਈ ਹੇਠ ਕਰਵਾਇਆ ਗਿਆ।ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਕਰਨੈਲ ਸਿੰਘ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਦੇਖ-ਰੇਖ ਹੇਠ ਹੋਏ ਤਿੰਨ ਰੋਜ਼ਾ ਸਮਾਗਮ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਦੂਰ-ਦੁਰਾਡੇ ਤੋਂ ਸੰਗਤਾਂ ਨੇ ਸ਼ਮੂਲੀਅਤ ਕਰ ਕੇ ਗੁਰੂ ਜੱਸ ਸਰਵਣ ਕੀਤਾ।ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਭਾਰੀ ਦੀਵਾਨ ਸਜਾਏ ਗਏ, ਜਿਸ ਵਿੱਚ ਸੰਤ ਬਾਬਾ ਨਰਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲੇ, ਸੰਤ ਅਵਤਾਰ ਸਿੰਘ ਸੁਰ ਸਿੰਘ ਵਾਲਿਆਂ ਦੇ ਸਪੁੱਤਰ ਬਾਬਾ ਪ੍ਰੇਮ ਸਿੰਘ ਜੀ, ਸੰਪਰਦਾਇ ਕਾਰ ਸੇਵਾ ਵਾਲੇ ਮਹਾਂਪੁਰਸ਼, ਦਮਦਮੀ ਟਕਸਾਲ ਵਾਲੇ ਮਹਾਂਪੁਰਸ਼, ਮੁੱਖ ਕਥਾ ਵਾਚਕ ਮੰਜੀ ਸਾਹਿਬ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ, ਕਥਾ ਵਾਚਕ ਗਿਆਨੀ ਅਵਤਾਰ ਸਿੰਘ ਦਮਦਮੀ ਟਕਸਾਲ ਬੱਧਨੀ ਕਲਾਂ, ਰਾਗੀ ਭਾਈ ਨਵਨੀਤ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ, ਢਾਡੀ ਜੱਥਾ ਬੀਬੀ ਜਸਵੀਰ ਕੌਰ ਜੱਸ ਸੁਲਤਾਨਪੁਰ ਲੋਧੀ, ਗਿਆਨੀ ਹਰਪ੍ਰੀਤ ਸਿੰਘ ਹਜ਼ੂਰੀ ਕਥਾ ਵਾਚਕ ਗੁਰਦੁਆਰਾ ਕਲਗੀਧਰ ਸਾਹਿਬ ਮੋਗਾ, ਰਾਗੀ ਭਾਈ ਨਿਰਮਲ ਸਿੰਘ ਨੂਰ ਹਜ਼ੂਰੀ ਰਾਗੀ ਗੁਰਦੁਆਰਾ ਕਲਗੀਧਰ ਸਾਹਿਬ ਮੋਗਾ, ਗਿਆਨੀ ਹਰਜੀਤ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਕਲਗੀਧਰ ਸਾਹਿਬ ਮੋਗਾ ਤੇ ਉੱਘੇ ਲਿਖਾਰੀ ਤੇ ਪ੍ਰਚਾਰਕ ਕਵੀਸ਼ਰ ਭਾਈ ਗੁਰਬਚਨ ਸਿੰਘ ਸ਼ੇਰਪੁਰੀ, ਗਿਆਨੀ ਜਸਵੀਰ ਸਿੰਘ ਤੇ ਗਿਆਨੀ ਬਖਸ਼ੀਸ਼ ਸਿੰਘ ਦਾ ਜਥਾ, ਜਿਨ੍ਹਾਂ ਨੂੰ ਸੰਤ ਬਾਬਾ ਨਰਿੰਦਰ ਸਿੰਘ ਗੁਰਦੁਆਰਾ ਲੰਗਰ ਸਾਹਿਬ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵਾਲੇ ਤੇ ਜਥੇਦਾਰ ਬਾਬਾ ਕਰਨੈਲ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਕਲਗੀਧਰ ਸਾਹਿਬ ਹਜ਼ੂਰ ਸਾਹਿਬ ਵਾਲਿਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸੋਨੇ ਦੇ ਕੈਂਠੇ ਨਾਲ ਸਨਮਾਨਤ ਕੀਤਾ ਗਿਆ, ਨੇ ਇਨ੍ਹਾਂ ਤਿੰਨ ਰੋਜ਼ਾ ਦੀਵਾਨਾਂ ਵਿੱਚ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰ ਜਸ ਸਰਵਣ ਕਰਾ ਕੇ ਨਿਹਾਲ ਕੀਤਾ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਗਿਆਨੀ ਹਰਪ੍ਰੀਤ ਸਿੰਘ ਧੱਲੇਕੇ ਨੇ ਬਾਖੂਬੀ ਨਿਭਾਈ। ਸਮਾਗਮ ਵਿੱਚ ਪੁੱਜੇ ਸੰਤਾਂ ਮਹਾਂਪੁਰਸ਼ਾਂ, ਧਾਰਮਿਕ ਸ਼ਖ਼ਸੀਅਤਾਂ ਦਾ ਸੰਤ ਬਾਬਾ ਨਰਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲੇ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਕਰਨੈਲ ਸਿੰਘ ਜੀ ਨੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਅਤੇ ਸਨਮਾਨ ਸਿਰੋਪਾਓ ਭੇਟ ਕੀਤੇ।ਤਿੰਨ ਰੋਜ਼ਾ ਗੁਰਮਤਿ ਸਮਾਗਮ ਦੌਰਾਨ ਗੁਰੂ ਦਾ ਲੰਗਰ ਅਤੁੱਟ ਵਰਤਿਆ।ਸਮਾਗਮ ਵਿੱਚ ਬਾਬਾ ਗੁਰਮੀਤ ਸਿੰਘ ਖੋਸਾ ਕੋਟਲਾ ਵਾਲੇ, ਜਥੇਦਾਰ ਸੁਰਜੀਤ ਸਿੰਘ ਮਹਿਰੋਂ, ਬਾਬਾ ਮਹਿੰਦਰ ਸਿੰਘ ਜਨੇਰ ਟਕਸਾਲ ਬਾਬਾ ਗੁਰਦਿਆਲ ਸਿੰਘ, ਜਥੇਦਾਰ ਗੁਰਜੀਤ ਸਿੰਘ ਜਥੇਦਾਰ ਬਾਬਾ ਮੰਗਾ ਸਿੰਘ ਧਰਮਕੋਟ, ਬਾਬਾ ਕਾਲਾ ਸਿੰਘ ਧਰਮਕੋਟ ਵਾਲੇ, ਬਾਬਾ ਕਸ਼ਮੀਰ ਸਿੰਘ ਦੁਸਾਂਝ ਵਾਲੇ, ਬਾਬਾ ਇੰਦਰ ਸਿੰਘ ਗੁਰਦੁਆਰਾ ਟਿੱਬਾ ਸਾਹਿਬ ਸਪਰੋੜ ਨੰਗਲ, ਭਾਈ ਅੰਗਰੇਜ ਸਿੰਘ ਜੈਮਲਵਾਲਾ, ਜਥੇਦਾਰ ਬਾਬਾ ਨਿਹਾਲ ਸਿੰਘ ਜੀ ਸਭਰਵਾਲ ਵਾਲੇ, ਜਥੇਦਾਰ ਬਾਬਾ ਸੁਖਵੇਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।ਇਸ ਮੌਕੇ ਬਾਬਾ ਬੁੱਢਾ ਜੀ ਸੇਵਾ ਸੁਸਾਇਟੀ ਵੱਲੋਂ ਚਾਹ ਕੌਫੀ ਦੇ ਲੰਗਰ, ਖਾਲਸਾ ਸੇਵਾ ਸੁਸਾਇਟੀ ਵੱਲੋਂ ਜੋੜਿਆ ਦੀ ਸੇਵਾ ਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਵੀ ਸੇਵਾ ਨਿਭਾਈ ਗਈ।

## 15 ਦੀ ਸੰਗਰੂਰ ਰੈਲੀ ਦੀਆਂ ਤਿਆਰੀਆਂ ਮੁਕੰਮਲ



**ਸਮਰਾਲਾ (ਸੁਰਜੀਤ ਸਿੰਘ)**-ਪੁਰਾਣੇ ਸਕੇਲ ਪੈਨਸ਼ਨ ਤੇ ਭੱਤੇ ਬਹਾਲੀ ਮੋਰਚੇ ਦੇ ਆਗੂ ਰੁਪਿੰਦਰਪਾਲ ਸਿੰਘ ਗਿੱਲ ਦੀ ਅਗਵਾਈ ਹੇਠ ਲੁਧਿਆਣਾ ਦੇ ਵੱਖ ਵੱਖ ਸਕੂਲਾਂ ਅੰਦਰ ਤਿਆਰੀ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਉਨ੍ਹਾਂ ਕਿਹਾ ਕਿ ਪੁਰਾਣੇ ਸਕੇਲ ਤੇ ਪੁਰਾਣੀ ਪੈਨਸ਼ਨ ਲਾਗੂ ਕਰਨ ਅਤੇ ਪੇਂਡੂ ਤੇ ਬਾਰਡਰ ਏਰੀਆ ਭੱਤਾ ਸਮੇਤ ਕੱਟੇ ਗਏ 37 ਕਿਸਮ ਦੇ ਭੱਤੇ, ਏ.ਸੀ.ਪੀ. ਤੇ ਪੈਂਡਿੰਗ 16% ਡੀਏ ਆਦਿ ਲਾਗੂ ਕਰਵਾਉਣ ਲਈ ਸੰਗਰੂਰ ਵਿਖੇ 15 ਫਰਵਰੀ ਨੂੰ ਰੈਲੀ ਕਰਨ ਉਪਰੰਤ ਰੋਸ ਮਾਰਚ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ 17-07-2020 ਜਾਂ ਇਸ ਤੋਂ ਬਾਅਦ ਹੋਈਆਂ ਭਰਤੀਆਂ 'ਤੇ ਲਾਗੂ ਮੁਲਾਜ਼ਮ ਵਿਰੋਧੀ ਨਵੇਂ ਸਕੇਲਾਂ ਦਾ ਨੋਟੀਫਿਕੇਸ਼ਨ ਮੁੱਢੋਂ ਰੱਦ ਤੇ ਨਵੇਂ ਮੁਲਾਜ਼ਮਾਂ ਲਈ ਪੰਜਾਬ ਪੇ ਸਕੇਲ ਲਾਗੂ ਕਰਵਾਉਣਾ, ਪੰਜਾਬ ਪੇ ਸਕੇਲਾਂ ਅਦਾਲਤੀ ਫੈਸਲਿਆਂ ਨੂੰ ਲਾਗੂ ਕਰਨ ਦੌਰਾਨ ਛੇਵੇਂ ਪੰਜਾਬ ਪੇਅ ਕਮਿਸ਼ਨ ਸਮੇਤ 15% ਤਨਖ਼ਾਹ ਵਾਧੇ ਅਨੁਸਾਰ ਤਨਖਾਹਾਂ ਫਿਕਸ ਕਰਵਾਉਣਾ ਤੇ ਪੰਜਾਬ ਸਰਕਾਰ ਵੱਲੋਂ ਕੀਤੀ ਜਾਣ ਵਾਲੀ ਹਰ ਕਿਸਮ ਦੀ ਗੈਰ-ਵਾਜਿਬ ਤੇ ਜਬਰੀ ਤਨਖ਼ਾਹ ਰਿਕਵਰੀ ਅਤੇ ਤਨਖ਼ਾਹ ਕਟੌਤੀ 'ਤੇ ਰੋਕ ਲਗਾਈ ਜਾਵੇ ਤੇ ਪੰਜਾਬ ਸਰਕਾਰ ਵੱਲੋਂ ਜਾਰੀ ਪੁਰਾਣੀ ਪੈਨਸ਼ਨ ਪ੍ਰਣਾਲੀ ਦੇ ਨੋਟੀਫਿਕੇਸ਼ਨ ਦਾ ਨਿਯਮਾਂ ਅਨੁਸਾਰ ਸਟੈਂਡਰਡ ਆਪ੍ਰੇਟਿਵ ਪ੍ਰੋਸੀਜ਼ਰ ਜਾਰੀ ਕਰਵਾ ਕੇ ਜੀ.ਪੀ.ਐੱਫ. ਖਾਤੇ ਖੁੱਲ੍ਹਵਾਏ ਜਾਣ, ਕੱਟੇ ਗਏ 37 ਭੱਤਿਆਂ ਦੀ ਬਹਾਲੀ ਸਮੇਤ ਪੇਂਡੂ ਭੱਤਾ, ਬਾਰਡਰ ਏਰੀਆ ਭੱਤਾ ਸਮੇਤ ਰੀਵਿਊ ਕਰਨ ਦੇ ਨਾਂ ਹੇਠ ਮੁਲਾਜ਼ਮਾਂ ਦੇ ਕੱਟੇ ਗਏ ਸਾਰੇ ਭੱਤੇ ਤੇ ਏ.ਸੀ.ਪੀ. ਸਕੀਮ ਬਹਾਲ ਕੀਤੀ ਜਾਵੇ ਅਤੇ ਡੀ.ਏ. ਦੀਆਂ ਪੈਂਡਿੰਗ 16% ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ (ਏਟਕ) ਦੇ ਗੁਰਨਾਮ ਸਿੰਘ ਪੰਡੋਰੀ ਪ੍ਰਧਾਨ ਤੇ ਬਲਜੀਤ ਸਿੰਘ ਸਕੱਤਰ ਬਣੇ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਬਿਜਲੀ ਕਾਮਿਆਂ ਦੀ ਸੰਘਰਸ਼ਸ਼ੀਲ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੀ ਸੂਬਾ ਕਮੇਟੀ ਦੇ ਫੈਸਲੇ ਤਹਿਤ 66 ਕੇ ਵੀ ਬਿਜਲੀ ਘਰ ਲੋਹਕਾ ਵਿਖੇ ਜਥੇਬੰਦੀ ਨੇ ਪੱਟੀ ਡਵੀਜ਼ਨ ਦੀ ਚੋਣ ਕਰਨ ਲਈ ਆਗੂਆਂ ਦੀ ਇਕੱਤਰਤਾ ਇੰਜੀ : ਸਰਵਰਿੰਦਰ ਸਿੰਘ ਏਏਈ ਦੀ ਪ੍ਰਧਾਨਗੀ ਹੇਠ ਕੀਤੀ, ਜਿਸ ਵਿੱਚ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ, ਸਰਕਲ ਸਕੱਤਰ ਪੂਰਨ ਦਾਸ ਨੇ ਉਚੇਚੇ ਤੌਰ 'ਤੇ ਹਿੱਸਾ ਲਿਆ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਗੰਡੀਵਿੰਡ ਨੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਵੱਲੋਂ ਅਦਾਰੇ ਦੀ ਬਡੂੰਗਰ (ਪਟਿਆਲਾ) ਸਥਿਤ 50 ਏਕੜ ਜ਼ਮੀਨ ਦੀ ਮਾਲਕੀ ਪੁੱਡਾ ਦੇ ਨਾਂਅ ਤਬਦੀਲ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ ।ਗੰਡੀਵਿੰਡ ਨੇ ਕਿਹਾ ਕਿ ਅਦਾਰੇ ਦੇ ਸੀਐੱਮਡੀ ਡਾ. ਬਸੰਤ ਗਰਗ ਆਈ ਏ ਐੱਸ ਨੇ 14 ਜਨਵਰੀ ਨੂੰ ਗੈਸਟ ਹਾਊਸ ਮੁਹਾਲੀ ਵਿਖੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨੂੰ ਪੂਰੀ ਮੈਨੇਜਮੈਂਟ ਦੀ ਹਾਜ਼ਰੀ ਵਿੱਚ ਭਰੋਸਾ ਦਿੱਤਾ ਸੀ ਕੇ ਅਦਾਰੇ ਦੀ ਕੋਈ ਵੀ ਜਾਇਦਾਦ ਨਹੀਂ ਵੇਚੀ ਜਾ ਰਹੀ ਪਰ ਹੁਣ ਮੈਨੇਜਮੈਂਟ ਨੇ ਵਾਅਦਾ ਖ਼ਿਲਾਫ਼ੀ ਕਰਦਿਆਂ ਜ਼ਮੀਨ ਦੀ ਮਾਲਕੀ ਤਬਦੀਲ ਕਰਕੇ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨਾਲ ਧੋਖਾ ਕੀਤਾ ਹੈ।ਇਸ ਮੌਕੇ ਸਰਕਲ ਸਕੱਤਰ ਪੂਰਨ ਦਾਸ ਨੇ ਬਿਜਲੀ ਸੋਧ ਬਿੱਲ 2025 ਦੇ ਲੋਕ ਵਿਰੋਧੀ ਘਾਤਕ ਖਰੜੇ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦੇ ਹੋਏ ਮੋਦੀ ਸਰਕਾਰ ਦੀਆਂ ਪੂੰਜੀਪਤੀਆਂ ਦੇ ਹਿੱਤ ਪੂਰਨ ਵਾਲੀਆਂ ਨੀਤੀਆਂ ਵਿਰੁੱਧ ਹੋਈ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਲਈ ਬਿਜਲੀ ਕਾਮਿਆਂ ਦਾ ਧੰਨਵਾਦ ਕੀਤਾ ।ਇਸ ਮੌਕੇ ਬੁਲਾਰਿਆਂ ਨੇ 19 ਫੀਸਦੀ ਮਹਿੰਗਾਈ ਭੱਤਾ ਜਾਰੀ ਨਾ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੋਂ ਟਾਲਾ ਵੱਟਣ ਸਮੇਤ ਕੱਚੇ ਕਾਮੇ ਪੱਕੇ ਨਾ ਕਰਨ ਲਈ ਪੰਜਾਬ ਸਰਕਾਰ ਦੀ ਤਿੱਖੀ ਨੁਕਤਾਚੀਨੀ ਕੀਤੀ ।ਅਖੀਰ ਸਰਵਰਿੰਦਰ ਸਿੰਘ ਵੱਲੋਂ ਪੁਰਾਣੀ ਡਵੀਜ਼ਨ ਕਮੇਟੀ ਭੰਗ ਕਰਨ ਉਪਰੰਤ ਸੂਬਾ ਪ੍ਰਧਾਨ ਗੰਡੀਵਿੰਡ ਨੇ ਨੌਂ ਮੈਂਬਰੀ ਨਵੀਂ ਕਮੇਟੀ ਦਾ ਪੈਨਲ ਹਾਜ਼ਰੀਨ ਸਾਹਮਣੇ ਪੇਸ਼ ਕੀਤਾ, ਜਿਸ ਵਿੱਚ ਸਰਪ੍ਰਸਤ ਇੰਜੀ : ਸਰਵਰਿੰਦਰ ਸਿੰਘ, ਪ੍ਰਧਾਨ ਗੁਰਨਾਮ ਸਿੰਘ ਪੰਡੋਰੀ, ਸੀਨੀ :ਮੀਤ ਪ੍ਰਧਾਨ ਸਰਬਜੀਤ ਸਿੰਘ ਜਵੰਦਾ, ਮੀਤ ਪ੍ਰਧਾਨ ਕੁਲਦੀਪ ਸਿੰਘ, ਵਿਸ਼ਾਲਦੀਪ ਸਿੰਘ, ਸਕੱਤਰ ਬਲਜੀਤ ਸਿੰਘ ਪੱਟੀ, ਮੀਤ ਸਕੱਤਰ ਰਛਪਾਲ ਸਿੰਘ, ਖਜਾਨਚੀ ਗੁਰਵਿੰਦਰ ਸਿੰਘ, ਜਥੇਬੰਦਕ ਸਕੱਤਰ ਰੇਸ਼ਮ ਸਿੰਘ ਲੋਹਕਾ ਦੇ ਨਾਂਅ ਬਤੌਰ ਅਹੁਦੇਦਾਰਾਂ ਦੇ ਰੂਪ ਵਿੱਚ ਹਾਜ਼ਰੀਨ ਨੇ ਪ੍ਰਵਾਨ ਕੀਤੇ ।ਨਵੀਂ ਚੁਣੀ ਕਮੇਟੀ ਦੇ ਪ੍ਰਧਾਨ ਗੁਰਨਾਮ ਸਿੰਘ ਪੰਡੋਰੀ ਨੇ ਜਥੇਬੰਦੀ ਦੇ ਕੰਮ ਨੂੰ ਪੂਰੀ ਨੇਕ ਨੀਤੀ ਨਾਲ ਕਰਨ ਦਾ ਲੀਡਰਸ਼ਿਪ ਨੂੰ ਭਰੋਸਾ ਦਿੱਤਾ।ਉਪਰੰਤ ਚੁਣੇ ਗਏ ਅਹੁਦੇਦਾਰਾਂ ਦਾ ਸੀਨੀਅਰ ਲੀਡਰਸ਼ਿਪ ਨੇ ਹਾਰ ਪਾ ਕੇ ਸਨਮਾਨ ਕੀਤਾ।

## ਆਰਜੀ ਹਸਪਤਾਲ ਲੁਧਿਆਣਾ ਨੇ ਮਿਸ਼ਨ ਸਵਸਥ ਕਵਚ ਮੁਹਿੰਮ 'ਚ ਲਿਆ ਹਿੱਸਾ

ਲੁਧਿਆਣਾ : ਆਰਜੀ ਹਸਪਤਾਲ, ਲੁਧਿਆਣਾ (ਫਿਰੋਜ਼ਪੁਰ ਰੋਡ) ਨੇ ਮਿਸ਼ਨ ਸਵਸਥ ਕਵਚ ਵਿੱਚ ਭਾਗ ਲਿਆ ਹੈ।ਮਿਸ਼ਨ ਸਵਸਥ ਕਵਚ ਇੱਕ ਜਨ ਸਿਹਤ ਜਾਗਰੂਕਤਾ ਮੁਹਿੰਮ ਹੈ, ਜਿਸ ਦਾ ਮਕਸਦ ਨਿਯਮਿਤ ਸਿਹਤ ਜਾਂਚ ਰਾਹੀਂ ਬਿਮਾਰੀਆਂ ਦਾ ਜਲਦੀ ਪਤਾ ਲਗਾਉਣ ਲਈ ਲੋਕਾਂ ਨੂੰ ਪ੍ਰੇਰਿਤ ਕਰਨਾ ਹੈ, ਦਾ ਉਦਘਾਟਨ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਹੀਰੋ ਹਾਰਟ ਡੀਐੱਮਸੀ ਹਸਪਤਾਲ ਦੇ ਕਾਰਡੀਓਲੋਜੀ ਵਿਭਾਗ ਦੇ ਪ੍ਰੋਫੈਸਰ ਅਤੇ ਮੁਖੀ, ਪ੍ਰਸਿੱਧ ਹਿਰਦੇ ਰੋਗ ਦੇ ਮਾਹਰ ਡਾ. ਬਿਸ਼ਵ ਮੋਹਨ ਨੇ ਕੀਤਾ।ਇਸ ਮੌਕੇ ਹਸਪਤਾਲ ਦੇ ਉਚ ਅਧਿਕਾਰੀ ਅਤੇ ਮੈਡੀਕਲ ਮਾਹਰ ਪ੍ਰੋ-ਐਕਟਿਵ ਸਿਹਤ ਸੰਭਾਲ ਨੂੰ ਉਤਸ਼ਾਹਿਤ ਕਰਨ ਲਈ ਹਾਜ਼ਰ ਸਨ। ਉਨ੍ਹਾਂ ਨੇ ਪਿਛਲੇ ਸਾਲ ਇਸ ਦੀ ਸਫਲ ਸ਼ੁਰੂਆਤ ਦਾ ਸਿਹਰਾ ਡਾ. ਬਿਸ਼ਵ ਮੋਹਨ ਨੂੰ ਦਿੱਤਾ।ਆਰਜੀ ਹਸਪਤਾਲਜ਼ ਦੇ ਮੈਨੇਜਿੰਗ ਡਾਇਰੈਕਟਰ ਅਤੇ ਸੀਈਓ ਅਵਿਨਾਸ਼ ਓਝਾ ਨੇ ਮਿਸ਼ਨ ਸਵਸਥ ਕਵਚ ਨੂੰ ਪੂਰਾ ਸਮਰਥਨ ਦਿੱਤਾ ਹੈ ਕਿਉਂਕਿ ਇਹ ਮੁਹਿੰਮ ਆਰਜੀ ਹਸਪਤਾਲ ਦੀ ਮਰੀਜ਼-ਕੇਂਦਰਿਤ ਦੇਖਭਾਲ ਅਤੇ ਸਮੁਦਾਇਕ ਸੇਵਾ ਦੇ ਉਦੇਸ਼ ਨਾਲ ਮਿਲਦੀ ਹੈ।ਆਸਾਨ ਜਾਂਚ ਅਤੇ ਮਾਹਿਰ ਡਾਕਟਰਾਂ ਦੀ ਸਲਾਹ ਦੇ ਕੇ ਆਰਜੀ ਹਸਪਤਾਲ ਲੁਧਿਆਣਾ ਵਿੱਚ ਲੋਕਾਂ ਵਿੱਚ ਸਿਹਤ ਜਾਗਰੂਕਤਾ ਵਧਾਉਣ ਅਤੇ ਬਚਾਅਕਾਰੀ ਸਿਹਤ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਲਈ ਪ੍ਰਤੀਬੱਧ ਹੈ।

## ਸ਼ਰਾਰਤੀ ਅਨਸਰ ਨੇ ਟਾਈਲਾਂ ਵਾਲੀ ਫੈਕਟਰੀ ਨੂੰ ਲਗਾਈ ਅੱਗ, ਢਾਈ ਲੱਖ ਦਾ ਨੁਕਸਾਨ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਾਦੀਆਂ ਦੇ ਨਜ਼ਦੀਕੀ ਅੱਡਾ ਕੋਟ ਟੋਡਰ ਮਲ ਵਿੱਚ ਬੀਤੀ ਦੇਰ ਰਾਤ ਸ਼ਰਾਰਤੀ ਅਨਸਰ ਦੇ ਵੱਲੋਂ ਟਾਇਲਾਂ ਵਾਲੀ ਫੈਕਟਰੀ ਨੂੰ ਅੱਗ ਲਗਾਉਣ ਦਾ ਸਮਾਚਾਰ ਮਿਲਿਆ ਹੈ ।

ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਟਾਈਮ ਫੈਕਟਰੀ ਦੇ ਮਾਲਕ ਕਰਨ ਸਿੰਘ ਪੁੱਤਰ ਨਰਿੰਦਰ ਪਾਲ ਸਿੰਘ ਸੱਧੂ ਉਰਫ ਬਿੱਲੂ ਭੱਠੇ ਵਾਲੇ ਨੇ ਦੱਸਿਆ ਕਿ ਉਸ ਦੀ ਫੈਕਟਰੀ ਅੱਡਾ ਕੋਟ ਟੋਡਰ ਮਲ ਦੇ ਨਜ਼ਦੀਕ ਯੂਨੀਕ ਟਾਈਲ ਫੈਕਟਰੀ ਦੇ ਨਾਮ 'ਤੇ ਹੈ ਅਤੇ ਉਨ੍ਹਾਂ ਨੂੰ ਸ਼ੱਕ ਹੈ ਕਿ ਉਨ੍ਹਾਂ ਦੀ ਫੈਕਟਰੀ ਵਿੱਚ ਕੰਮ ਕਰਨ ਵਾਲੇ ਕਰਿੰਦੇ ਦੇ ਵੱਲੋਂ ਹੀ ਇਸ ਘਟਨਾ ਨੂੰ ਅੰਜਾਮ ਦਿੱਤਾ ਗਿਆ ਹੈ।ਇਸ ਦੌਰਾਨ ਘਟਨਾ ਵੇਲੇ ਅਹਿਮਦੀਆ ਮੁਸਲਿਮ ਜਮਾਤ ਕਾਦੀਆਂ ਦੀ ਫਾਇਰ ਬ੍ਰਗੇਡ ਮੌਕੇ 'ਤੇ ਪਹੁੰਚੀ ਜਿਸ ਨੇ ਅੱਗ ਦੇ ਉਪਰ ਕਾਬੂ ਪਾਇਆ। ਉਨ੍ਹਾਂ ਦੱਸਿਆ ਕਿ ਇਸ ਅੱਗ ਦੇ ਕਾਰਨ ਉਨ੍ਹਾਂ ਦਾ ਕਰੀਬ ਢਾਈ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ ਜਿਸ ਸਬੰਧੀ ਉਨ੍ਹਾਂ ਨੇ ਸਥਾਨਕ ਪੁਲਸ ਨੂੰ ਸੂਚਿਤ ਕਰ ਦਿੱਤਾ ਹੈ।ਉਨ੍ਹਾਂ ਨੇ ਮੰਗ ਕੀਤੀ ਹੈ ਕਿ ਇਸ ਘਟਨਾ ਦੀ ਜਾਂਚ ਕਰਕੇ ਸੰਬੰਧਿਤ ਵਿਅਕਤੀ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਉਧਰ ਦੂਜੇ ਪਾਸੇ ਪੁਲਸ ਚੌਂਕੀ ਤੁਗਲਵਾਲ ਦੇ ਇੰਚਾਰਜ ਅਮਰੀਕ ਸਿੰਘ ਦੇ ਨਾਲ ਜਦੋਂ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਹੈ ਅਤੇ ਪੁਲਸ ਵੱਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਜਾਂਚ ਵਿੱਚ ਜੋ ਵੀ ਤੱਥ ਸਾਹਮਣੇ ਆਉਣਗੇ ਉਸ ਦੇ ਆਧਾਰ 'ਤੇ ਅਗਲੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।

## ਅਗਨੀਵੀਰ ਦੀ ਭਰਤੀ ਲਈ ਮੁਫ਼ਤ ਕੋਚਿੰਗ ਕੈਂਪ ਲਈ ਰਜਿਸਟ੍ਰੇਸ਼ਨ ਸ਼ੁਰੂ


ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ, ਨਜ਼ਦੀਕ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਗੁਰਦਾਸਪੁਰ ਵੱਲੋਂ ਸਾਲ 2026-27 ਲਈ ਹੋਣ ਵਾਲੀ ਆਰਮੀ ਅਗਨੀਵੀਰ ਭਰਤੀ ਲਈ ਮੁਫ਼ਤ ਲਿਖਤੀ ਪੇਪਰ ਦੀ ਸਿਖਲਾਈ ਲਈ ਕੈਂਪ ਵਿੱਚ ਰਜਿਸਟਰੇਸ਼ਨ ਸ਼ੁਰੂ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੀ-ਪਾਈਟ ਕੈਂਪ ਦੇ ਟਰੇਨਿੰਗ ਅਫ਼ਸਰ ਸੂਬੇਦਾਰ ਗੁਰਨਾਮ ਸਿੰਘ ਦੱਸਿਆ ਕਿ ਕੈਂਪ ਵਿੱਚ ਲਿਖਤੀ ਪੇਪਰ ਦੀ ਤਿਆਰੀ ਲਈ ਰਜਿਸਟਰੇਸ਼ਨ ਬੈਚ ਵਾਇਜ਼ ਹੋਵੇਗੀ।ਪਹਿਲਾ ਬੈਚ 16 ਫਰਵਰੀ ਤੋਂ 15 ਮਾਰਚ ਅਤੇ ਦੂਜਾ ਬੈਚ 16 ਮਾਰਚ ਤੋਂ 15 ਅਪ੍ਰੈਲ ਤੱਕ ਹੋਵੇਗਾ। ਉਨ੍ਹਾਂ ਨੇ ਦੱਸਿਆ ਕਿ ਜਿਹੜੇ ਯੁਵਕ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਨਾਲ ਸਬੰਧਤ ਹਨ ਅਤੇ ਦਸਵੀਂ ਕਲਾਸ ਪਾਸ ਕਰ ਚੁੱਕੇ ਹਨ ਅਤੇ ਉਮਰ ਸਾਢੇ ਸਤਾਰਾਂ ਤੋਂ ਇੱਕੀ ਸਾਲ ਤੱਕ ਹੈ ਅਤੇ ਆਰਮੀ ਅਗਨੀਵੀਰ ਵਿੱਚ ਜਾਣ ਦੇ ਚਾਹਵਾਨ ਹਨ ਉਹ ਆਨਲਾਈਨ ਫਾਰਮ ਭਰ ਕੇ ਉਪਰ ਦਿੱਤੀਆਂ ਤਰੀਕਾਂ ਅਨੁਸਾਰ ਆਪਣੇ ਸਾਰੇ ਅਸਲ ਦਸਤਾਵੇਜ਼ ਉਨ੍ਹਾਂ ਦੀਆਂ ਫੋਟੋ ਕਾਪੀਆਂ ਦੇ ਨਾਲ ਦੋ ਪਾਸਪੋਰਟ ਸਾਈਜ਼ ਫੋਟੋਗਰਾਫ ਨਾਲ ਲੈ ਕੇ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ।ਕੈਂਪ ਦੀ ਟਰੇਨਿੰਗ ਦੌਰਾਨ ਯੁਵਕਾਂ ਨੂੰ ਰਿਹਾਇਸ਼, ਖਾਣਾ ਅਤੇ ਟਰੇਨਿੰਗ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਦਿੱਤੀ ਜਾਵੇਗੀ । ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਦੇ ਸੰਪਰਕ ਨੰਬਰਾਂ 62830-31125,94174-20125,94647-56808 ਜਾਂ 94145-83847 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਫਰੀਦ ਕੇਂਦਰ ਕੰਪਿਊਟਰ ਆਪਰੇਟਰਜ਼ ਐਸੋਸੀਏਸ਼ਨ ਵੱਲੋਂ ਕਾਲੇ ਬਿੱਲੇ ਲਾ ਕੇ ਵਿਰੋਧ ਪ੍ਰਦਰਸ਼ਨ




**ਅੰਮ੍ਰਿਤਸਰ, (ਜਗਦੀਸ਼ ਕਮਲੇਸ਼)**-ਦੇਸ਼ ਵਿਆਪੀ ਹੜਤਾਲ ਵਿੱਚ ਹਿੱਸਾ ਲੈਂਦੇ ਹੋਏ ਪੰਜਾਬ ਕੰਟਰੈਕਟ ਕਰਮਚਾਰੀ ਸੰਘਰਸ਼ ਮੋਰਚੇ ਦੇ ਬੈਨਰ ਹੇਠ ਫਰਦ ਕੇਂਦਰ ਕੰਪਿਊਟਰ ਆਪਰੇਟਰ ਐਸੋਸੀਏਸ਼ਨ ਦੀ ਜ਼ਿਲ੍ਹਾ ਇਕਾਈ ਨੇ ਕਾਲੇ ਬਿੱਲੇ ਲਗਾ ਕੇ ਵਿਰੋਧ ਪ੍ਰਦਰਸ਼ਨ ਕੀਤਾ।ਜ਼ਿਲ੍ਹਾ ਪ੍ਰਧਾਨ ਅਨਿਲ ਕੁਮਾਰ, ਜ਼ਿਲ੍ਹਾ ਖਜ਼ਾਨਚੀ ਬਿਕਰਮਜੀਤ, ਨਰੇਸ਼ ਕੁਮਾਰ, ਸੰਦੀਪ ਕੌਰ, ਦਵਿੰਦਰ ਸਿੰਘ, ਲਵਦੀਪ ਸਿੰਘ, ਸਰਪ੍ਰੀਤ ਸਿੰਘ, ਗੁਰਜੀਤ ਸਿੰਘ ਅਤੇ ਹੋਰ ਮੌਜੂਦ ਸਨ। ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਦੀ ਹਰ ਤਹਿਸੀਲ ਦੇ ਕਰਮਚਾਰੀਆਂ ਨੇ ਤਹਿਸੀਲ ਗੇਟਾਂ ਦੇ ਸਾਹਮਣੇ ਕਾਲੇ ਬਿੱਲੇ ਲਗਾ ਕੇ ਸਰਕਾਰ ਦੇ ਲੋਕ ਵਿਰੋਧੀ ਬਿੱਲਾਂ, ਲੇਬਰ ਕੋਡ, ਨਿੱਜੀਕਰਨ ਅਤੇ ਠੇਕੇਦਾਰੀ ਪ੍ਰਣਾਲੀ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਕਰਮਚਾਰੀਆਂ ਨੇ ਕੇਂਦਰ ਅਤੇ ਪੰਜਾਬ ਸਰਕਾਰਾਂ ਦੀਆਂ ਕਿਰਤ ਵਿਰੋਧੀ, ਕਿਸਾਨ ਵਿਰੋਧੀ ਅਤੇ ਲੋਕ ਵਿਰੋਧੀ ਨੀਤੀਆਂ ਦਾ ਸਖ਼ਤ ਵਿਰੋਧ ਕੀਤਾ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਆਪਣੀਆਂ ਨੀਤੀਆਂ ਵਿੱਚ ਤੁਰੰਤ ਸੁਧਾਰ ਨਾ ਕੀਤਾ ਤਾਂ ਵਿਰੋਧ ਪ੍ਰਦਰਸ਼ਨ ਤੇਜ਼ ਕੀਤੇ ਜਾਣਗੇ।

## ਪ੍ਰਭਾਤ ਫੇਰੀ ਦਾ ਗੌਰਵ ਮਹਾਜਨ ਨੇ ਕੀਤਾ ਸ਼ਾਨਦਾਰ ਸਵਾਗਤ



ਅੰਮ੍ਰਿਤਸਰ, (ਜਗਦੀਸ਼ ਕਮਲੇਸ਼)-ਕਟੜਾ ਸ਼ੇਰ ਸਿੰਘ ਸਥਿਤ ਨਿਵਾਸ ਸਥਾਨ 'ਤੇ ਵਿਸ਼ਵ-ਪ੍ਰਸਿੱਧ ਮਾਤਾ ਲਾਲ ਦੇਵੀ ਮੰਦਰ ਦੀ ਪ੍ਰਭਾਤ ਫੇਰੀ ਦੇ ਪਹੁੰਚਣ ਤੇ ਪੰਜਾਬ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਸਟੇਟ ਮੀਡੀਆ ਸਹਿ-ਮੁਖੀ ਗੌਰਵ ਮਹਾਜਨ ਨੇ ਆਪਣੇ ਪਰਿਵਾਰ ਸਮੇਤ ਪ੍ਰਾਰਥਨਾ ਕੀਤੀ ਅਤੇ ਸ਼ਾਨਦਾਰ ਸਵਾਗਤ ਕੀਤਾ। ਪ੍ਰਭਾਤ ਫੇਰੀ ਮੰਦਰ ਤੋਂ ਸ਼ੁਰੂ ਹੋਈ ਅਤੇ ਭੰਡਾਰੀ ਪੁਲ, ਹਾਲ ਗੇਟ, ਹਾਲ ਬਾਜ਼ਾਰ, ਕਟੜਾ ਸ਼ੇਰ ਸਿੰਘ, ਫਰਨੀਚਰ ਬਾਜ਼ਾਰ, ਗੋਲ ਹੱਟੀ, ਰਾਮ ਬਾਗ ਅਤੇ ਕਟੜਾ ਬੱਘੀਆਂ ਤੋਂ ਅਣਗਿਣਤ ਸ਼ਰਧਾਲੂਆਂ ਨੇ ਆਸ਼ੀਰਵਾਦ ਪ੍ਰਾਪਤ ਕੀਤਾ।ਵੱਖ-ਵੱਖ ਥਾਵਾਂ 'ਤੇ ਲੰਗਰ ਅਤੇ ਪ੍ਰਸ਼ਾਦ ਵੰਡਿਆ। ਇਸ ਮੌਕੇ ਗੌਰਵ ਮਹਾਜਨ, ਕੌਂਸਲਰ ਗੌਰਵ ਗਿੱਲ, ਮੰਦਰ ਕਮੇਟੀ ਦੇ ਵਿਕਰਮ ਸ਼ਰਮਾ, ਅਮਨ, ਰਾਹੁਲ ਬੌਬੀ, ਵਿਸ਼ਾਲ ਗੁਪਤਾ, ਸ਼ਿਵਾਂਸ਼ ਮਹਾਜਨ, ਗਰਿਮਾ ਮਹਾਜਨ ਅਤੇ ਸ਼੍ਰੇਆ ਮਹਾਜਨ ਸਮੇਤ ਹਜ਼ਾਰਾਂ ਸ਼ਰਧਾਲੂਆਂ ਨੇ ਪ੍ਰਭਾਤ ਫੇਰੀ ਵਿੱਚ ਸ਼ਿਰਕਤ ਕੀਤੀ।

## ਵਰਿੰਦਰਜੀਤ ਸਿੰਘ ਸਰਪੰਚ ਹੀਰਾਪੁਰ ਵੱਲੋਂ ਸੁਹਿਰਦ ਉਪਰਾਲਾ



ਸਰਾਏ ਅਮਾਨਤ ਖਾ/ਝਬਾਲ (ਮੱਖਣ ਮਨੋਜ)-ਉੱਘੇ ਸਮਾਜ ਸੇਵਕ ਸੀਨੀਅਰ ਨੌਜਵਾਨ ਅਕਾਲੀ ਆਗੂ ਵਰਿੰਦਰਜੀਤ ਸਿੰਘ ਸਰਪੰਚ ਹੀਰਾਪੁਰ ਵੱਲੋਂ ਆਪਣੀ ਦਸਾਂ ਨਹੁੰਆਂ ਦੀ ਕਿਰਤ ਕਮਾਈ ਵਿੱਚੋਂ ਪਿੰਡ ਭੁੱਜੜਾਂਵਾਲਾ ਦੇ ਸਤਨਾਮ ਸਿੰਘ (ਦਿਵਿਆਂਗ) ਨੌਜਵਾਨ ਨੂੰ ਟ੍ਰਾਈਸਾਈਕਲ ਲੈ ਕੇ ਦਿੱਤਾ ਗਿਆ।ਇਸ ਮੌਕੇ ਸਰਪੰਚ ਨੇ ਦੱਸਿਆ ਕਿ ਲੋੜਵੰਦ ਪਰਿਵਾਰਾਂ ਦੀ ਮਦਦ ਕਰਕੇ ਦਿਲੀ ਖੁਸ਼ੀ ਮਹਿਸੂਸ ਹੁੰਦੀ ਹੈ ਕਿਉਂਕਿ ਕਿਸੇ ਲੋੜਵੰਦ ਦੀ ਮਦਦ ਕਰਕੇ ਉਸ ਨੂੰ ਆਤਮਨਿਰਭਰ ਬਣਾਉਣ ਤੋਂ ਵੱਧ ਕੋਈ ਪਰਉਪਕਾਰ ਨਹੀਂ। ਹਰ ਮਨੁੱਖ ਦੀ ਇਹੋ ਸੋਚ ਅਣਗਿਣਤ ਨਿਆਸਰਿਆਂ ਦੀ ਜ਼ਿੰਦਗੀ ਨੂੰ ਰੁਸ਼ਨਾ ਸਕਦੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਸਾਡੇ ਵੱਲੋਂ ਹੋਰ ਵੀ ਲੋੜਵੰਦ ਵਿਅਕਤੀਆਂ ਤੇ ਪਰਿਵਾਰਾਂ ਦੀ ਮਦਦ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਾਲ ਸਾਹਿਬ ਸਿੰਘ ਭੁੱਜੜਾਂਵਾਲਾ, ਕੁਲਵੰਤ ਸਿੰਘ, ਸਵਰਨ ਸਿੰਘ, ਹਰਦੇਵ ਸਿੰਘ ਆਦਿ ਵੀ ਮੌਜੂਦ ਸਨ।

## ਵਜ਼ੀਰ ਭੁੱਲਰ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਬਣਾਏ



ਬਿਆਸ (ਪਰਮਜੀਤ ਸਿੰਘ ਰੱਖੜਾ)-ਪਿੰਡ ਵਜ਼ੀਰ ਭੁੱਲਰ ਵਿਖੇ ਬਾਬਾ ਬਕਾਲਾ ਸਾਹਿਬ ਦੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਨੇ ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਭੁੱਲਰ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਦੇ ਮੁਫ਼ਤ ਇਲਾਜ ਦੇ ਕਾਰਡ ਬਣਾਉਣ ਲਈ ਰਜਿਸਟ੍ਰੇਸ਼ਨ ਕਰਨ ਵਾਲੀ ਮਸ਼ੀਨ ਦਿੱਤੀ ਸੀ।ਉਨ੍ਹਾਂ ਨੇ ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਕੈਂਪ ਲਗਾ ਕੇ ਜਿੱਥੇ ਪਿੰਡ ਵਾਸੀਆਂ ਦੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ 10 ਲੱਖ ਰੁਪਏ ਵਾਲੇ ਕਾਰਡ ਦੀ ਰਜਿਸਟ੍ਰੇਸ਼ਨ ਕੀਤੀ ਉਥੇ ਹੀ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਵੀ ਬਾਖੂਬੀ ਨਿਭਾਇਆ।ਇਸ ਮੌਕੇ ਮਾਸਟਰ ਹਰਭਿੰਦਰ ਸਿੰਘ, ਮਾਸਟਰ ਸੰਤੋਸ਼ ਕੁਮਾਰ, ਸੋਸ਼ਲ ਮੀਡੀਆ ਸੈਕਟਰੀ ਅੰਮ੍ਰਿਤਸਰ ਦਿਹਾਤੀ ਭਗਵੰਤ ਸਿੰਘ, ਯੂਥ ਬਲਾਕ ਪ੍ਰਧਾਨ ਗੋਰਾ ਧਾਲੀਵਾਲ, ਗੁਰਬੇਜ ਸਿੰਘ ਮਲਟੀਪਰਪਜ਼ ਹੈਲਥ ਵਰਕਰ (ਮੇਲ) ਅਤੇ ਕੰਵਲਜੀਤ ਸਿੰਘ ਸੇਵਾ ਕੇਂਦਰ ਹਾਜ਼ਰ ਸਨ।

## ਮੰਦਰ ਸ਼ਿਵਾਲਾ ਵਿਖੇ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਭਲਕੇ ਮਨਾਇਆ ਜਾਵੇਗਾ

ਮਜੀਠਾ: (ਸੋਇਮ ਆਨੰਦ)-ਮਹਾਂ ਸ਼ਿਵਰਾਤਰੀ ਦਾ ਪਵਿੱਤਰ ਤਿਉਹਾਰ ਮੰਦਰ ਸ਼ਿਵਾਲਾ ਮਜੀਠਾ ਵਿਖੇ ਯੋਗੀ ਦਿਆਲ ਨਾਥ ਦੀ ਅਗਵਾਈ ਵਿਚ ਮੰਦਰ ਕਮੇਟੀ ਅਤੇ ਸਮੂਹ ਧਾਰਮਿਕ ਸਭਾਵਾਂ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ 15 ਫਰਵਰੀ ਨੂੰ ਬੜੀ ਧੂਮ ਧਾਮ ਅਤੇ ਸ਼ਰਧਾ ਨਾਲ ਮਨਾਇਆ ਜਾਵੇਗਾ।ਪ੍ਰੋਗਰਾਮ ਸਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਸ਼ਿਵਾਲਾ ਮੰਦਰ ਮਜੀਠਾ ਦੇ ਪੁਜਾਰੀ ਯੋਗੀ ਦਿਆਲ ਨਾਲ ਨੇ ਦੱਸਿਆ ਕਿ ਪ੍ਰੋਗਰਾਮ ਦੀਆਂ ਸਭ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।

ਸ਼ਹਿਰ ਵਿਚ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ।15 ਫਰਵਰੀ ਨੂੰ ਮਹਾਂ ਸ਼ਿਵਰਾਤਰੀ ਦਾ ਤਿਉਹਾਰ ਮੰਦਰ ਸ਼ਿਵਾਲਾ ਤੋਂ ਇਲਾਵਾ ਸ਼ਹਿਰ ਦੇ ਬਾਕੀ ਸਾਰੇ ਮੰਦਰਾਂ ਵਿਚ ਵੀ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਜਾਵੇਗਾ।ਸੰਗਤਾਂ ਵਾਸਤੇ ਲੰਗਰ ਭੰਡਾਰਾ ਵੀ ਲਗਾਇਆ ਜਾਵੇਗਾ।

## ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਸਬਜ਼ੀ ਮੰਡੀ ਗੁਰਦਾਸਪੁਰ ਦਾ ਦੌਰਾ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਮਨ ਬਹਿਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵੱਲੋਂ ਗੁਰਦਾਸਪੁਰ ਸਬਜ਼ੀ ਮੰਡੀ ਲਈ ਮਨਜ਼ੂਰ ਕੀਤਾ ਗਿਆ ਪ੍ਰੋਜੈਕਟ ਬਣ ਕੇ ਤਿਆਰ ਹੋ ਚੁੱਕਾ ਹੈ। ਸੂਬਾ ਸਰਕਾਰ ਵੱਲੋਂ 1 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਸਬਜ਼ੀ ਮੰਡੀ ਗੁਰਦਾਸਪੁਰ ਵਿੱਚ 15,000 ਸਕੁਏਅਰ ਫੁੱਟ ਦਾ ਨਵਾਂ ਸਟੀਲ ਕਵਰ ਸ਼ੈੱਡ ਮਨਜ਼ੂਰ ਕੀਤਾ ਗਿਆ ਸੀ, ਜਿਸ ਦਾ ਨੀਂਹ ਪੱਥਰ ਉਨ੍ਹਾਂ ਵੱਲੋਂ ਰੱਖਿਆ ਗਿਆ ਸੀ ਅਤੇ ਹੁਣ ਇਹ ਸ਼ੈੱਡ ਮੁਕੰਮਲ ਹੋ ਗਿਆ ਹੈ।ਰਮਨ ਬਹਿਲ ਨੇ ਸਬਜ਼ੀ ਮੰਡੀ ਦਾ ਦੌਰਾ ਕਰਦੇ ਹੋਏ ਨਵੇਂ ਤਿਆਰ ਸ਼ੈਡ ਦਾ ਜਾਇਜ਼ਾ ਲਿਆ।ਸਬਜ਼ੀ ਮੰਡੀ ਐਸੋਸੀਏਸ਼ਨ ਵੱਲੋਂ ਇਸ ਸ਼ੈਡ ਦੀ ਤਿਆਰੀ ਲਈ ਰਮਨ ਬਹਿਲ ਦਾ ਧੰਨਵਾਦ ਕਰਦਿਆਂ ਇੱਕ ਹੋਰ ਮੰਗ ਵੀ ਰੱਖੀ ਗਈ ਕਿ ਸ਼ੈੱਡ ਵਿੱਚ ਲਾਈਟਾਂ ਲਗਵਾਈਆਂ ਜਾਣ।ਬਹਿਲ ਨੇ ਭਰੋਸਾ ਦਿਵਾਇਆ ਕਿ ਜਲਦ ਲਾਈਟਾਂ ਵੀ ਲਗਵਾ ਦਿੱਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਸਬਜ਼ੀ ਮੰਡੀ ਗੁਰਦਾਸਪੁਰ ਵਿੱਚ 2 ਕਰੋੜ 10 ਲੱਖ ਰੁਪਏ ਦੇ ਵਿਕਾਸ ਕਾਰਜ ਹੁਣ ਤੱਕ ਕੀਤੇ ਜਾ ਚੁੱਕੇ ਹਨ ਜਿਨ੍ਹਾਂ ਵਿੱਚ ਕਰੀਬ 1 ਕਰੋੜ 5 ਲੱਖ ਦੀ ਲਾਗਤ ਨਾਲ ਸੜਕ ਅਤੇ 1 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਨਵਾਂ ਸ਼ੈਂਡ ਉਸਾਰਿਆ ਗਿਆ ਹੈ। ਉਨ੍ਹਾਂ ਇਸ ਪ੍ਰੋਜੈਕਟ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।ਇਸ ਮੌਕੇ ਐਕਸੀਅਨ ਮੰਡੀ ਬੋਰਡ ਅਸ਼ੋਕ ਕੁਮਾਰ, ਸੈਕਟਰੀ ਮਾਰਕਿਟ ਕਮੇਟੀ ਸੁਰਿੰਦਰ ਸਿੰਘ, ਰਵੀ ਮਹਾਜਨ (ਪ੍ਰਧਾਨ, ਸਬਜ਼ੀ ਮੰਡੀ ਐਸੋਸੀਏਸ਼ਨ ਗੁਰਦਾਸਪੁਰ), ਅਸ਼ੋਕ ਮਹਾਜਨ, ਰਵੀ ਮਹਾਜਨ ਆਰ. ਕੇ. ਬੀ., ਕਮਲ ਮਹਾਜਨ, ਮਦਨ ਲਾਲ (ਸਰਪੰਚ ਪੀਰਾਂ ਆਘ), ਗੋਲਡੀ, ਮਿੰਟੂ ਅਬਰੋਲ, ਬਲਾਕ ਸੰਮਤੀ ਮੈਂਬਰ ਪ੍ਰਭੂ ਮਸੀਹ ਅਤੇ ਮੇਜਰ ਸਿੰਘ ਤੋਂ ਇਲਾਵਾ ਸਬਜ਼ੀ ਮੰਡੀ ਦੇ ਆੜ੍ਹਤੀ ਸਾਹਿਬਾਨ ਅਤੇ ਸ਼ਹਿਰ ਦੇ ਹੋਰ ਮੁਹਤਬਰ ਵੀ ਹਾਜ਼ਰ ਸਨ।

## ਪੰਜਾਬ ਰੋਡਵੇਜ਼ ਦਾ ਬੱਸ ਡਿੱਪੂ ਸਥਾਪਤ ਕਰਨ ਦੀ ਮੰਗ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਗੁਰਦਾਸਪੁਰ ਸ਼ਹਿਰ ਵਿੱਚ ਪੰਜਾਬ ਰੋਡਵੇਜ਼ ਦਾ ਬੱਸ ਡਿੱਪੂ ਮਨਜ਼ੂਰ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਟਰੈਫਿਕ ਦੀ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਇੰਪਰੂਵਮੈਂਟ ਟਰੱਸਟ ਵੱਲੋਂ ਨਵਾਂ ਬੱਸ ਸਟੈਂਡ ਤਿਆਰ ਕਰਵਾਇਆ ਗਿਆ ਸੀ, ਜੋ ਇਸ ਸਮੇਂ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ।ਇਸ ਬੱਸ ਸਟੈਂਡ ਤੋਂ ਪੰਜਾਬ ਦੇ ਮਹੱਤਵਪੂਰਨ ਸ਼ਹਿਰਾਂ ਤੋਂ ਇਲਾਵਾ ਦਿੱਲੀ, ਜੰਮੂ-ਕਸ਼ਮੀਰ ਅਤੇ ਕੱਟੜਾ ਵੱਲ ਵੀ ਬੱਸ ਸੇਵਾਵਾਂ ਚੱਲ ਰਹੀਆਂ ਹਨ।ਇਹ ਰੂਟ ਬਹੁਤ ਹੀ ਬਿਜ਼ੀ ਹਨ ਅਤੇ ਯਾਤਰੀਆਂ ਦੀ ਗਿਣਤੀ ਲਗਾਤਾਰ ਵੱਧ ਰਹੀ ਹੈ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਗੁਰਦਾਸਪੁਰ ਦੇ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਮੰਗ ਹੈ ਕਿ ਇੱਥੇ ਪੰਜਾਬ ਰੋਡਵੇਜ਼ ਦਾ ਡਿੱਪੂ ਸਥਾਪਤ ਕੀਤਾ ਜਾਵੇ ਤਾਂ ਜੋ ਲੰਮੇ ਰੂਟਾਂ ਲਈ ਹੋਰ ਬੱਸਾਂ ਚਲਾਈਆਂ ਜਾ ਸਕਣ ਅਤੇ ਯਾਤਰੀਆਂ ਨੂੰ ਬਿਹਤਰ ਅਤੇ ਸੁਵਿਧਾਜਨਕ ਸੇਵਾ ਪ੍ਰਦਾਨ ਕੀਤੀ ਜਾ ਸਕੇ।ਉਨ੍ਹਾਂ ਕਿਹਾ ਕਿ ਡਿੱਪੂ ਦੀ ਸਥਾਪਨਾ ਨਾਲ ਸਰਕਾਰ ਦੀ ਆਮਦਨ ਵਿੱਚ ਵਾਧਾ ਹੋਵੇਗਾ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਵੀ ਉਪਲਬਧ ਹੋਣਗੇ।

## ਜੀ ਐੱਨ ਐੱਮ ਵਿਦਿਆਰਥੀਆਂ ਲਈ ਲੱਗਾ ਪਲੇਸਮੈਂਟ ਕੈਂਪ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ੍ਰੀ ਗੁਰੂ ਰਾਮਦਾਸ ਨਰਸਿੰਗ ਕਾਲਜ ਪੰਧੇਰ ਵੱਲੋਂ ਜੀਐੱਨਐੱਮ ਅੰਤਿਮ ਸਾਲ ਦੇ ਵਿਦਿਆਰਥੀਆਂ ਲਈ ਫੋਰਟਿਸ ਹਸਪਤਾਲ ਅੰਮ੍ਰਿਤਸਰ ਦੇ ਸਹਿਯੋਗ ਨਾਲ ਇੱਕ ਸਫਲ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਕੈਂਪ ਦੌਰਾਨ ਫੋਰਟਿਸ ਹਸਪਤਾਲ ਦੀ ਭਰਤੀ ਟੀਮ ਵੱਲੋਂ ਲਿਖਤੀ ਪ੍ਰੀਖਿਆ ਅਤੇ ਨਿੱਜੀ ਇੰਟਰਵਿਊ ਰਾਹੀਂ ਵਿਦਿਆਰਥੀਆਂ ਦੀ ਚੋਣ ਕੀਤੀ ਗਈ।ਸਖ਼ਤ ਚੋਣ ਪ੍ਰਕਿਰਿਆ ਤੋਂ ਬਾਅਦ ਵੱਡੀ ਗਿਣਤੀ ਵਿੱਚ ਜੀਐੱਨਐੱਮ ਵਿਦਿਆਰਥੀਆਂ ਨੂੰ ਫੋਰਟਿਸ ਹਸਪਤਾਲ ਅੰਮ੍ਰਿਤਸਰ ਵਿੱਚ ਸਟਾਫ ਨਰਸ ਦੇ ਅਹੁਦੇ ਲਈ ਆਕਰਸ਼ਕ ਤਨਖਾਹ ਪੈਕੇਜ ਅਤੇ ਹੋਰ ਸੁਵਿਧਾਵਾਂ ਸਮੇਤ ਨਿਯੁਕਤੀ ਦੀ ਪੇਸ਼ਕਸ਼ ਕੀਤੀ ਗਈ।ਕਾਲਜ ਪ੍ਰਬੰਧਨ ਨੇ ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਦੇ ਹੋਏ ਅਧਿਆਪਕ ਵਰਗ ਦੇ ਸਮਰਪਿਤ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਕਾਲਜ ਦੀ ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਮਿਆਰੀ ਸਿੱਖਿਆ, ਉੱਚ ਪੱਧਰੀ ਕਲੀਨਿਕਲ ਟ੍ਰੇਨਿੰਗ ਅਤੇ ਬਿਹਤਰ ਕਰੀਅਰ ਮੌਕੇ ਪ੍ਰਦਾਨ ਕਰਨ ਲਈ ਸਦਾ ਵਚਨਬੱਧ ਹੈ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ, ਵਾਈਸ ਪ੍ਰਿੰਸੀਪਲ, ਪਲੇਸਮੈਂਟ ਕੋਆਰਡੀਨੇਟਰ ਅਤੇ ਕਾਲਜ ਦਾ ਸਮੂਹ ਟੀਚਿੰਗ ਸਟਾਫ ਹਾਜ਼ਰ ਸੀ।

## ਚੋਰੀਸ਼ੁਦਾ ਮੋਟਰਸਾਈਕਲਾਂ ਸਣੇ ਕਾਬੂ, ਮਾਮਲਾ ਦਰਜ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਕੱਚਾ ਪੱਕਾ ਪੁਲਸ ਨੇ ਨਾਕਾਬੰਦੀ ਦੌਰਾਨ ਬੇਅੰਤ ਸਿੰਘ ਨਾਮਕ ਵਿਅਕਤੀ ਕੋਲੋਂ ਦੋ ਚੋਰੀ ਦੇ ਦੋ ਮੋਟਰਸਾਈਕਲ ਬਰਾਮਦ ਕੀਤੇ ਹਨ ਜਿਨ੍ਹਾਂ ਵਿੱਚੋਂ ਇੱਕ ਮੋਟਰਸਾਈਕਲ ਉਸ ਨੇ ਆਪਣੇ ਘਰੇ ਜ਼ਮੀਨ ਹੇਠਾਂ ਦੱਬਿਆ ਹੋਇਆ ਸੀ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਥਾਣਾ ਕੱਚਾ ਪੱਕਾ ਦੇ ਏਐੱਸਆਈ ਕੁਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਭੈੜੇ ਅਨਸਰਾਂ ਨੂੰ ਕਾਬੂ ਕਰਨ ਲਈ ਪਿੰਡ ਮੱਖੀ ਵਿਖੇ ਨਾਕਾਬੰਦੀ ਕੀਤੀ ਹੋਈ ਸੀ। ਇਸ ਦੌਰਾਨ ਬਿਨਾਂ ਨੰਬਰੀ ਮੋਟਰਸਾਈਕਲ 'ਤੇ ਸਵਾਰ ਹੋ ਕੇ ਇੱਕ ਨੌਜਵਾਨ ਆਉਂਦਾ ਦਿਖਾਈ ਦਿੱਤਾ।ਜਦੋਂ ਪੁਲਸ ਨੇ ਉਸ ਨੂੰ ਰੋਕ ਕੇ ਮੋਟਰਸਾਈਕਲ ਦੇ ਕਾਗਜ਼ਾਤ ਦਿਖਾਉਣ ਲਈ ਕਿਹਾ ਤਾਂ ਉਹ ਕੁਝ ਵੀ ਪੇਸ਼ ਨਹੀਂ ਕਰ ਸਕਿਆ।ਪੁੱਛਗਿੱਛ ਦੌਰਾਨ ਉਸ ਨੇ ਕਬੂਲ ਕੀਤਾ ਕਿ ਉਸ ਦਾ ਮੋਟਰਸਾਈਕਲ ਚੋਰੀ ਦਾ ਹੈ।ਇਸ ਉਪਰੰਤ ਥਾਣੇ ਲਿਆ ਕੇ ਕੀਤੀ ਪੁੱਛਗਿੱਛ ਮਗਰੋਂ ਉਸ ਨੇ ਆਪਣੇ ਘਰ ਦੇ ਕਮਰੇ 'ਚ ਜ਼ਮੀਨ ਹੇਠਾਂ ਦੱਬੇ ਮੋਟਰਸਾਈਕਲ ਸੰਬੰਧੀ ਪੁਲਸ ਨੂੰ ਦੱਸਿਆ।ਪੁਲਸ ਨੇ ਤੁਰੰਤ ਉਸ ਦੇ ਘਰ ਵਿੱਚ ਕਮਰੇ ਦੀ ਜ਼ਮੀਨ ਹੇਠਾਂ ਦੱਬਿਆ ਹੋਇਆ ਇੱਕ ਹੋਰ ਮੋਟਰਸਾਈਕਲ ਖੁਦਾਈ ਕਰਕੇ ਬਰਾਮਦ ਕੀਤਾ।ਉਨ੍ਹਾਂ ਦੱਸਿਆ ਕਿ ਮੁਲਜ਼ਮ ਖ਼ਿਲਾਫ਼ ਥਾਣਾ ਕੱਚਾ ਪੱਕਾ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ।

## 'ਯਾਦਾਂ ਦੇ ਸਫ਼ਰ' ਥੀਮ ਹੇਠ ਵਿਦਿਆਰਥੀਆਂ ਨੂੰ ਦਿੱਤੀ ਵਿਦਾਇਗੀ ਪਾਰਟੀ




ਧਾਰੀਵਾਲ, (ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ 12ਵੀਂ ਜਮਾਤ ਦੀ ਵਿਦਾਇਗੀ ਪਾਰਟੀ ਆਯੋਜਿਤ ਕੀਤੀ ਗਈ ਇਹ ਪਾਰਟੀ ਜੂਨੀਅਰ ਵਿਦਿਆਰਥੀਆਂ ਵੱਲੋਂ ਸੀਨੀਅਰ ਵਿਦਿਆਰਥੀਆਂ ਨੂੰ ਦਿੱਤੀ ਗਈ ਜਿਸ ਵਿੱਚ ਵਿਦਿਆਰਥੀਆਂ ਨੇ ਖੂਬ ਰੌਣਕਾਂ ਲਗਾਈਆਂ ।ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਅਤੇ ਪਰਮਿੰਦਰ ਕੌਰ ਚਾਹਲ ਕੋਲੋਂ ਰਿਬਨ ਕਟਵਾ ਕੇ ਅਤੇ ਫੁੱਲਾਂ ਦੀ ਵਰਖਾ ਨਾਲ ਕੀਤੀ ਗਈ।ਮੰਚ ਦਾ ਸੰਚਾਲਨ ਗੁਰਲੀਨ ਕੌਰ ਅਤੇ ਅਵਨੀਤ ਕੌਰ ਨੇ ਬਾਖੂਬੀ ਨਿਭਾਇਆ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ ਅਤੇ ਵਿਦਿਆਰਥੀਆਂ ਦੀਆਂ ਖੇਡਾਂ ਵੀ ਕਰਵਾਈਆਂ ਗਈਆਂ।ਜੱਜ ਸਹਿਬਾਨ ਦੀ ਭੂਮਿਕਾ ਸਲੀਮਾ ਗਿੱਲ (ਫੈਪ ਨੈਸ਼ਨਲ ਅਵਾਰਡੀ) ਅਤੇ ਮਿਸਟਰ ਗੌਰਵ ਸ਼ਰਮਾ ਨੇ ਨਿਭਾਉਂਦੇ ਹੋਏ ਬਿਹਤਰੀਨ ਪ੍ਰਦਰਸ਼ਨ ਅਤੇ ਸ਼ਖ਼ਸੀਅਤ ਦੇ ਆਧਾਰ ਤੇ 12ਵੀਂ ਜਮਾਤ ਦੇ ਈਮਾਨਜੋਤ ਸਿੰਘ ਨੂੰ ਮਿਸਟਰ ਫੇਅਰਵੈੱਲ ਅਤੇ ਅਵਨੀਤ ਕੌਰ ਨੂੰ ਮਿਸ ਫੇਅਰਵੈੱਲ ਵਜੋਂ ਚੁਣਿਆ ਗਿਆ। ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰ. ਕਿਰਨ ਕੇਸਰ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਾਰੇ ਵਿਦਿਆਰਥੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸਮੂਹ ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਉਪਰੰਤ ਪ੍ਰਿੰ. ਕਿਰਨ ਕੇਸਰ ਨੇ ਵਿਦਿਆਰਥੀਆਂ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਸਕੂਲ ਸਿਰਫ ਪੜ੍ਹਾਈ ਦੀ ਜਗ੍ਹਾ ਨਹੀਂ ਹੁੰਦੀ, ਇਹ ਉਹ ਥਾਂ ਹੈ ਜਿੱਥੇ ਤੁਹਾਡੀ ਸ਼ਖ਼ਸੀਅਤ ਦਾ ਨਿਰਮਾਣ ਹੁੰਦਾ ਹੈ।ਇੱਥੇ ਤੁਸੀਂ ਅਨੁਸ਼ਾਸਨ, ਸੱਚਾਈ, ਸਹਿਯੋਗ ਅਤੇ ਮਿਹਨਤ ਦੀ ਮਹੱਤਤਾ ਸਿੱਖੀ ਹੈ।ਮੈਨੂੰ ਪੂਰਾ ਵਿਸ਼ਵਾਸ ਹੈ ਕਿ ਤੁਸੀਂ ਇਹ ਮੁੱਲ ਆਪਣੇ ਜੀਵਨ ਵਿੱਚ ਹਮੇਸ਼ਾ ਨਾਲ ਲੈ ਕੇ ਚਲੋਗੇ। ਉਨ੍ਹਾਂ ਨੇ 10ਵੀਂ ਜਮਾਤ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਫਾਈਨਲ ਹੋਣ ਵਾਲੀਆਂ ਪ੍ਰੀਖਿਆਵਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅੰਤ ਵਿੱਚ ਇਹ ਵਿਦਾਈ ਸਮਾਰੋਹ ਸਾਰਿਆਂ ਲਈ ਯਾਦਗਾਰ ਬਣ ਗਿਆ।

## ਖੇਤੀਬਾੜੀ ਵਿਭਾਗ ਵੱਲੋਂ ਖਾਦ ਡੀਲਰਾਂ ਨਾਲ ਮੀਟਿੰਗ



ਮਜੀਠਾ:(ਸੋਇਮ ਆਨੰਦ)-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰ ਸਿੰਘ ਦੀਆਂ ਹਦਾਇਤਾਂ ਅਨੁਸਾਰ ਐੱਸਡੀਐੱਮ ਮਜੀਠਾ ਪ੍ਰੀਤਇੰਦਰ ਸਿੰਘ ਬੈਂਸ, ਮੁੱਖ ਖੇਤੀਬਾੜੀ ਅਫਸਰ ਡਾ: ਗੁਰਸਾਹਿਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਬਲਾਕ ਖੇਤੀਬਾੜੀ ਅਫਸਰ ਡਾ: ਹਰਭਿੰਦਰ ਸਿੰਘ ਦੀ ਅਗਵਾਈ ਵਿਚ ਬਲਾਕ ਮਜੀਠਾ ਵਿਖੇ ਭਾਰਤ/ਪੰਜਾਬ ਸਰਕਾਰ ਵੱਲੋਂ ਧਰਤੀ ਮਾਤਾ ਬਚਾਓ ਨਿਗਰਾਨੀ ਸਮਿਤੀ ਪ੍ਰੋਗਰਾਮ ਤਹਿਤ ਸਮੂਹ ਖਾਦ ਵਿਕਰੇਤਾ ਡੀਲਰਾਂ ਦੀ ਅਹਿਮ ਮੀਟਿੰਗ ਕਰਕੇ ਹਦਾਇਤਾਂ ਜਾਰੀ ਕੀਤੀਆਂ ਗਈਆਂ। ਡਾ: ਹਰਭਿੰਦਰ ਸਿੰਘ ਨੇ ਕਿਹਾ ਕਿ ਪ੍ਰੋਗਰਾਮ ਤਹਿਤ ਸਮੂਹ ਡੀਲਰ ਇਹ ਯਕੀਨੀ ਬਣਾਉਣ ਕਿ ਫਸਲਾਂ ਵਿਚ ਖਾਦਾਂ ਦੀ ਵਰਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀਆਂ ਸਿਫਾਰਸ਼ਾਂ ਤਹਿਤ ਹੀ ਕਰਵਾਉਣ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ ਜਾਵੇ।ਇਸ ਮੌਕੇ ਡਾ: ਹਰਜਿੰਦਰ ਸਿੰਘ ਨੇ ਦਵਾਈਆਂ ਦੀ ਬੇਲੋੜੀ ਵਰਤੋਂ ਨਾ ਕਰਾਉਣ ਅਤੇ ਬੈਨ ਦਵਾਈਆਂ ਦੀ ਵਿਕਰੀ 'ਤੇ ਪਾਬੰਦੀ ਬਾਰੇ ਵਿਸਥਾਰ ਵਿਚ ਜਾਣਕਾਰੀ ਦਿੱਤੀ।ਡਾ: ਸਿਕੰਦਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਨੇ ਡੀਲਰਾਂ ਨੂੰ ਦੱਸਿਆ ਕਿ ਕਿਸਾਨਾਂ ਲਈ ਵਧੀਆ ਸੁਚੱਜੇ ਬੀਜਾਂ ਦੀ ਵਿੱਕਰੀ ਕਰਨੀ ਯਕੀਨੀ ਬਣਾਈ ਜਾਵੇ ਤਾਂ ਕਿ ਘੱਟ ਲਾਗਤ ਨਾਲ ਵੱਧ ਝਾੜ ਪ੍ਰਾਪਤ ਕਰਕੇ ਖੇਤੀ ਖਰਚੇ ਘਟਾਏ ਜਾ ਸਕਣ।ਇਸ ਦੌਰਾਨ ਸਮੂਹ ਹਾਜ਼ਰ ਡੀਲਰਾਂ ਨੇ ਇਹ ਵਿਸ਼ਵਾਸ ਦਵਾਇਆ ਕਿ ਇਸ ਮੁਹਿੰਮ ਵਿਚ ਉਹ ਖੇਤੀਬਾੜੀ ਵਿਭਾਗ ਦਾ ਸਹਿਯੋਗ ਕਰਨਗੇ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫਸਰ ਦਵਿੰਦਰ ਸਿੰਘ, ਸ਼ਰਨਜੀਤ ਸਿੰਘ, ਕਮਲ ਕਾਹਲੋਂ, ਖੇਤੀਬਾੜੀ ਉਪ ਨਿਰੀਖਕ ਜਸ਼ਨਪ੍ਰੀਤ ਕੌਰ, ਤਿਲਕ ਰਾਜ, ਬਲਵਿੰਦਰ ਸਿੰਘ, ਬੀਟੀਐੱਮ ਲਵਪ੍ਰੀਤ ਸਿੰਘ, ਏਟੀਐੱਮ ਦਿਲਬਾਗ ਸਿੰਘ, ਸੁਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਆਦਿ ਹਾਜ਼ਰ ਸਨ।

## ਵੈਲੇਨਟਾਈਨ ਡੇਅ ਖ਼ਿਲਾਫ਼ ਰਾਸ਼ਟਰੀ ਹਿੰਦੂ ਚੇਤਨਾ ਮੰਚ ਵੱਲੋਂ ਰੋਸ ਪ੍ਰਦਰਸ਼ਨ




ਛੇਹਰਟਾ, (ਮਨੋਜ ਕੁਮਾਰ)-ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਤੇ ਸੂਬਾ ਪ੍ਰਧਾਨ ਅਨੁਜ ਖੇਮਕਾ ਦੀ ਪ੍ਰਧਾਨਗੀ ਹੇਠ ਵੈਲੇਨਟਾਈਨ ਡੇ ਦੇ ਵਿਰੋਧ ਵਿਚ ਕਟੜਾ ਆਹਲੂਵਾਲੀਆ ਵਿਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਮੰਚ ਦੇ ਵਰਕਰਾਂ ਨੇ ਹੱਥਾਂ ਵਿਚ ਤਖ਼ਤੀਆਂ ਫੜ ਕੇ ਵੈਲੇਨਟਾਈਨ ਡੇਅ ਦੇ ਗ੍ਰੀਟਿੰਗ ਕਾਰਡ ਸਾੜੇ ਤੇ ਨਾਅਰੇਬਾਜ਼ੀ ਕੀਤੀ।ਇਸ ਮੌਕੇ ਡਿੰਪੀ ਚੌਹਾਨ ਤੇ ਅਨੁਜ ਖੇਮਕਾ ਨੇ ਕਿਹਾ ਕਿ ਨੌਜਵਾਨਾਂ ਨੂੰ ਗਲਤ ਰਾਸਤੇ 'ਤੇ ਲਿਜਾ ਰਹੇ ਪੱਛਮੀ ਤਿਓਹਾਰ ਵੈਲੇਨਟਾਈਨ ਡੇਅ ਦਾ ਰਾਸ਼ਟਰੀ ਹਿੰਦੂ ਚੇਤਨਾ ਮੰਚ ਵੱਲੋਂ ਵਿਰੋਧ ਕੀਤਾ ਜਾਵੇਗਾ।ਨ੍ਹਾਂ ਕਿਹਾ ਕਿ ਕੋਈ ਵੀ ਲੜਕਾ ਜਾਂ ਲੜਕੀ ਸ਼ਰੇਆਮ ਬਾਜ਼ਾਰਾਂ ਵਿਚ ਕੋਈ ਵੀ ਗਲਤ ਹਰਕਤ ਨਾ ਕਰੇ। ਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਪੱਛਮੀ ਸਭਿਆਚਾਰ ਨੂੰ ਛੱਡ ਕੇ ਭਾਰਤੀ ਸੰਸਕ੍ਰਿਤੀ ਦਾ ਪਾਲਣ ਕਰਨਾ ਚਾਹੀਦਾ ਹੈ। ਨੌਜਵਾਨਾਂ ਨੂੰ ਆਪਣੇ ਇਤਿਹਾਸ ਦਾ ਪਤਾ ਹੋਣਾ ਚਾਹੀਦਾ ਹੈ। ਇਸ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਫਾਂਸੀ ਦੀ ਸਜ਼ਾ ਸੁਣਾਈ ਗਈ ਸੀ।ਇਸ ਲਈ ਸਾਨੂੰ ਸਾਰਿਆਂ ਨੂੰ ਇਸ ਦਿਨ ਇਨ੍ਹਾਂ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨੀ ਚਾਹੀਦੀ ਹੈ ਅਤੇ ਅੰਗਰੇਜ਼ਾਂ ਦੇ ਤਿਓਹਾਰ ਨਾ ਮਨਾਣ ਦੀ ਸਹੁੰ ਚੁੱਕਣੀ ਚਾਹੀਦੀ ਹੈ।ਇਸ ਰੋਸ ਪ੍ਰਦਰਸ਼ਨ ਵਿਚ ਸੂਬਾ ਜਨਰਲ ਸਕੱਤਰ ਡੀਸੀ ਠਾਕੁਰ, ਮੀਤ ਪ੍ਰਧਾਨ ਰਾਕੇਸ਼ ਖੰਨਾ, ਸ਼ੰਕਰ ਅਰੋੜਾ, ਨਰੇਸ਼ ਮਹਾਜਨ, ਸੂਬਾ ਸਕੱਤਰ ਸੰਜੇ ਕੇਜਰੀਵਾਲ, ਜ਼ਿਲ੍ਹਾ ਜਨਰਲ ਸਕੱਤਰ ਪ੍ਰਦੀਪ ਸ਼ਰਮਾ, ਅਮਨ ਜੋਸ਼ੀ ਜ਼ਿਲ੍ਹਾ ਮੀਤ ਪ੍ਰਧਾਨ, ਪਾਰਸ ਸ਼ਰਮਾ, ਵਿਸ਼ਾਲ ਸ਼ਰਮਾ, ਜਵੇਦ ਸ਼ੇਖ, ਮੁਕੇਸ਼ ਕੁਮਾਰ, ਸਚਿਨ ਬਜ਼ਾਜ਼, ਨਰਿੰਦਰ ਸਿੰਘ, ਕੁਨਾਲ ਅਰੋੜਾ, ਸੁਰਿੰਦਰ ਕੁਮਾਰ, ਰਾਹੁਲ ਬਜ਼ਾਜ਼, ਪ੍ਰੀਆਂਸ਼ੂ ਕੇਜਰੀਵਾਲ ਅਤੇ ਜਸਪ੍ਰੀਤ ਆਦਿ ਮੌਜੂਦ ਸਨ।

## ਸਾਰੇ ਸੂਬਿਆਂ ਦੇ ਲੋਕ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ : ਵਿਨੈ ਪਤਰਾਲ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਭਾਰਤ ਭਾਰਤੀ ਦੇ ਕੌਮੀ ਕਾਰਜਕਾਰੀ ਪ੍ਰਧਾਨ ਵਿਨੈ ਪਤਰਾਲੇ ਨੇ ਆਪਸੀ ਭਾਈਚਾਰਕ ਸਾਂਝ ਵਧਾਉਣ 'ਤੇ ਜ਼ੋਰ ਦਿੰਦੇ ਹੋਏ ਕਿਹਾ ਹੈ ਕਿ ਭਾਸ਼ਾ, ਸੱਭਿਆਚਾਰ, ਤਿਓਹਾਰ ਤੇ ਭੋਜਨ ਵੱਖਰੇ-ਵੱਖਰੇ ਹੋਣ ਦੇ ਬਾਵਜੂਦ ਦੇਸ਼ ਦੇ ਸਾਰੇ ਸੂਬਿਆਂ ਦੇ ਲੋਕਾਂ ਨੂੰ ਇਕ-ਦੂਜੇ ਨਾਲ ਭਾਈਚਾਰਕ ਸਾਂਝ ਵਧਾਉਣੀ ਚਾਹੀਦੀ ਹੈ। ਉਹ ਸ਼ੁੱਕਰਵਾਰ ਨੂੰ ਅੰਮ੍ਰਿਤਸਰ ਵਿਚ ਜਥੇਬੰਦੀ ਦੇ ਸੂਬਾ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਦੀ ਪ੍ਰਧਾਨਗੀ ਹੇਠ ਹੋਈ ਸਥਾਨਕ ਜ਼ਿਲ੍ਹਾ ਇਕਾਈ ਦੀ ਬੈਠਕ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਭਾਰਤ ਇਕ ਅਨੋਖਾ ਦੇਸ਼ ਹੈ। ਸ਼ਾਇਦ ਹੀ ਦੁਨੀਆਂ ਵਿਚ ਇਸ ਵਰਗਾ ਕੋਈ ਹੋਰ ਦੇਸ਼ ਹੋਵੇਗਾ। ਇਥੇ ਵੱਖ-ਵੱਖ ਤਰ੍ਹਾਂ ਦੇ ਮੌਸਮ, ਤਿਓਹਾਰ, ਰੀਤੀ-ਰਿਵਾਜ, ਭੋਜਨ ਤੇ ਸੰਸਕ੍ਰਿਤੀਆਂ ਹਨ। ਹਰ ਸੂਬੇ ਦੀ ਆਪਣੀ ਵੱਖਰੀ ਭਾਸ਼ਾ ਹੈ ਪਰ ਸਾਰਿਆਂ ਦਾ ਮੂਲ ਇਕ ਹੈ ਤੇ ਅਸੀਂ ਸਾਰੇ ਭਾਰਤੀ ਹਾਂ। ਇਸ ਲਈ ਸਾਨੂੰ ਸਾਰਿਆਂ ਨੂੰ ਇਕ-ਦੂਜੇ ਨਾਲ ਮਿਲ ਕੇ ਆਪਣੇ ਅਨੁਭਵ ਸਾਂਝੇ ਕਰਨੇ ਚਾਹੀਦੇ ਹਨ। ਸਾਨੂੰ ਸਾਰਿਆਂ ਨੂੰ ਇਕ-ਦੂਜੇ ਦੇ ਤਿਓਹਾਰ ਮਿਲਜੁਲ ਕੇ ਮਨਾਉਣੇ ਚਾਹੀਦੇ ਹਨ। ਇਕ-ਦੂਜੇ ਦੀ ਸੰਸਕ੍ਰਿਤੀ, ਵਿਰਸੇ, ਰਸਮੋ-ਰਿਵਾਜਾਂ, ਭਾਸ਼ਾ ਤੇ ਖਾਣਿਆਂ ਬਾਰੇ ਜਾਣਨਾ ਚਾਹੀਦਾ ਹੈ। ਇਕ-ਦੂਜੇ ਦੇ ਧਾਰਮਿਕ ਸਥਾਨਾਂ 'ਤੇ ਨਤਮਸਤਕ ਹੋਣ ਜਾਣਾ ਚਾਹੀਦਾ ਹੈ। ਇਸ ਨਾਲ ਸਾਡੀ ਭਾਈਚਾਰਕ ਸਾਂਝ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਸਮੇਂ ਦੇਸ਼ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਮਨਾ ਰਿਹਾ ਹੈ। ਉਨ੍ਹਾਂ ਨੂੰ ਹਿੰਦ ਦੀ ਚਾਦਰ ਦੇ ਨਾਮ ਨਾਲ ਵੀ ਜਾਣਿਆਂ ਜਾਂਦਾ ਹੈ। ਉਹ ਸਾਡੇ ਦੇਸ਼ ਦੇ ਆਦਰਸ਼ਨ ਹਨ ਤੇ ਉਨ੍ਹਾਂ ਦਾ ਨਾਂ ਲੈਂਦੇ ਹੀ ਸਾਡਾ ਸਾਰਿਆਂ ਦਾ ਸਿਰ ਸ਼ਰਧਾ ਨਾਲ ਝੁਕ ਜਾਂਦਾ ਹੈ। ਬੈਠਕ ਨੂੰ ਮੌਕੇ ਭਾਰਤ ਭਾਰਤੀ ਦੇ ਉਤਰ ਭਾਰਤ ਦੇ ਇੰਚਾਰਜ ਇਰਫਾਨ ਅਹਿਮਦ ਤੇ ਵਿਵੇਕਾਨੰਦ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪੰਕਜ ਮਹਾਜਨ, ਸਤਿੰਦਰ ਕੁਮਾਰ, ਬੰਸੀ ਲਾਲ, ਡਾ. ਗੁਰਪੂਰਨ ਬਾਂਸਲ, ਰਾਜਵਿੰਦਰ ਸਿੰਘ ਬਿੱਲਾ, ਸੁਨੀਲ ਸ਼ੇਰਗਿੱਲ, ਸੁਨੀਲ ਅਗਰਵਾਲ, ਸੰਦੀਪ ਪਾਟਿਲ, ਅੰਮ੍ਰਿਤਪਾਲ ਸਿੰਘ, ਰਵੀ ਦੱਤ, ਬਲਦੇਵ, ਕਰਨ, ਵਿਦੂ ਪੁਰੀ, ਰਮਨ ਮਹਾਜਨ, ਰਾਜੂ ਕੁਮਾਰ, ਰਾਜੇਸ਼ ਸਿੰਘ ਬੱਗਾ, ਰਾਕੇਸ਼, ਮੋਨੂੰ ਮਹਾਜਨ ਆਦਿ ਮੌਜੂਦ ਸਨ।

## ਡਾ. ਗੁਰਨੇਕ ਸਿੰਘ ਸਾਥੀਆਂ ਸਮੇਤ ਬਿਕਰਮ ਸਿੰਘ ਮਜੀਠੀਆ ਨੂੰ ਮਿਲੇ



**ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)**-ਨਜ਼ਦੀਕੀ ਕਸਬਾ ਹਰਚੋਵਾਲ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਸਰਪੰਚ ਡਾਕਟਰ ਗੁਰਨੇਕ ਸਿੰਘ ਆਪਣੇ ਸਾਥੀਆਂ ਆਗੂਆਂ ਸਮੇਤ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਇੰਚਾਰਜ ਰਾਜਨਬੀਰ ਸਿੰਘ ਦੀ ਅਗਵਾਈ ਵਿੱਚ ਪੰਜਾਬ ਦੇ ਸਾਬਕਾ ਕੈਬਿਨਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਮਿਲੇ ਅਤੇ ਉਨ੍ਹਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬਿਕਰਮ ਸਿੰਘ ਮਜੀਠੀਆ ਨੂੰ ਹਲਕਾ ਇੰਚਾਰਜ ਰਾਜਨਬੀਰ ਸਿੰਘ ਅਤੇ ਸਾਬਕਾ ਸਰਪੰਚ ਡਾਕਟਰ ਗੁਰਨੇਕ ਸਿੰਘ ਨੇ ਹਲਕੇ ਅੰਦਰ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਗਤੀਵਿਧੀਆਂ ਤੇਜ਼ ਕਰਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ।ਇਸ ਮੌਕੇ ਸਾਬਕਾ ਸਰਪੰਚ ਡਾਕਟਰ ਗੁਰਨੇਕ ਸਿੰਘ ਦੇ ਨਾਲ ਪਿੰਡ ਹਰਚੋਵਾਲ ਦੇ ਮੌਜੂਦਾ ਸਰਪੰਚ ਧਰਮਿੰਦਰ ਸਿੰਘ, ਗੁਰਦਿਆਲ ਸਿੰਘ ਨੰਬਰਦਾਰ, ਦਰਸ਼ਨ ਸਿੰਘ ਔਲਖ, ਸਤਪਾਲ ਸਿੰਘ ਔਲਖ, ਗੁਰਮੁੱਖ ਸਿੰਘ ਕਾਲਾ, ਦਿਲਬਾਗ ਸਿੰਘ ਬੱਗੋ, ਮੁਖਵਿੰਦਰ ਸਿੰਘ ਵਡਾਲੀ, ਰਸਪਾਲ ਸਿੰਘ ਸਾਬਕਾ ਪੰਚਾਇਤ ਮੈਂਬਰ, ਕਰਮ ਸਿੰਘ ਸਾਬਕਾ ਪੰਚਾਇਤ ਮੈਂਬਰ, ਰਣਜੀਤ ਸਿੰਘ ਸਾਬਕਾ ਪੰਚਾਇਤ ਮੈਂਬਰ, ਰਣਜੀਤ ਸਿੰਘ ਸਾਬਕਾ ਸੰਮਤੀ ਮੈਂਬਰ, ਸੁਲੱਖਣ ਸਿੰਘ ਬੋਰੀਚੁੱਕ, ਗੋਪੀ ਪੀਏ, ਸਰਦੂਲ ਸਿੰਘ ਔਲਖ ਆਦਿ ਆਗੂ ਹਾਜ਼ਰ ਸਨ।


## ਖ਼ਾਲਸਾ ਯੂਨੀਵਰਸਿਟੀ ਨੇ ਪ੍ਰੀ-ਸਮਿਟ ਪ੍ਰੋਗਰਾਮ-2026 ਤਹਿਤ ਵਰਕਸ਼ਾਪ ਕਰਵਾਈ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖ਼ਾਲਸਾ ਯੂਨੀਵਰਸਿਟੀ ਵੱਲੋਂ 'ਮੈਂਟਰਿੰਗ, ਐਡਵਾਈਜ਼ਿੰਗ ਅਤੇ ਪੀਅਰ ਲਰਨਿੰਗ 'ਚ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦੀ ਭੂਮਿਕਾ' ਵਿਸ਼ੇ 'ਤੇ ਜਾਗਰੂਕਤਾ ਵਰਕਸ਼ਾਪ ਕਰਵਾਈ ਗਈ। ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਦੇ ਦਿਸ਼ਾ-ਨਿਰਦੇਸ਼ਾਂ 'ਤੇ 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਅਤੇ ਅਕਾਦਮਿਕ ਮਾਮਲੇ ਡੀਨ ਡਾ: ਸੁਰਿੰਦਰ ਕੌਰ ਦੀ ਅਗਵਾਈ ਹੇਠ ਕਰਵਾਈ ਉਕਤ ਵਰਕਸ਼ਾਪ ਭਾਰਤ ਏ. ਆਈ. ਸਮਿੱਟ-2026 ਦੀਆਂ ਅਧਿਕਾਰਕ ਪ੍ਰੀ-ਸਮਿੱਟ ਗਤੀਵਿਧੀਆਂ ਤਹਿਤ ਕਰਵਾਈ ਗਈ। ਜਿਸ 'ਚ ਖ਼ਾਲਸਾ ਕਾਲਜ ਆਫ ਐਜੂਕੇਸ਼ਨ, ਜੀ. ਟੀ. ਰੋਡ ਤੋਂ ਅਸਿਸਟੈਂਟ ਪ੍ਰੋਫੈਸਰ ਅਤੇ ਵਿੱਦਿਅਕ ਸਲਾਹਕਾਰ, ਫਰਾਂਸ ਡਾ. ਦੀਪਿਕਾ ਕੋਹਲੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਉਪਰੋਕਤ ਵਿਸ਼ੇ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਡਾ. ਮਹਿਲ ਸਿੰਘ ਨੇ ਕਿਹਾ ਕਿ ਏ. ਆਈ. ਅਜੋਕੇ ਸਮੇਂ 'ਚ ਕੇਵਲ ਤਕਨਾਲੋਜੀ ਦਾ ਵਿਸ਼ਾ ਨਹੀਂ ਰਿਹਾ, ਬਲਕਿ ਇਹ ਸਿੱਖਿਆ, ਸਿਹਤ, ਉਦਯੋਗ, ਖੇਤੀਬਾੜੀ ਅਤੇ ਪ੍ਰਸ਼ਾਸਨ ਸਮੇਤ ਹਰੇਕ ਖੇਤਰ 'ਚ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਰਿਹਾ ਹੈ। ਉਨ੍ਹਾਂ ਕਿਹਾ ਕਿ ਭਵਿੱਖ 'ਚ ਏ. ਆਈ. ਆਧਾਰਿਤ ਤਕਨਾਲੋਜੀਆਂ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦੇ ਨਾਲ-ਨਾਲ ਕੰਮ ਕਰਨ ਦੇ ਢੰਗ ਨੂੰ ਵੀ ਬਦਲਣਗੀਆਂ, ਇਸ ਲਈ ਵਿਦਿਆਰਥੀਆਂ ਲਈ ਇਸ ਖੇਤਰ 'ਚ ਜਾਣਕਾਰੀ ਅਤੇ ਹੁਨਰ ਹਾਸਲ ਕਰਨਾ ਬਹੁਤ ਜ਼ਰੂਰੀ ਹੈ। ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਏ. ਆਈ. ਮਸ਼ੀਨਾਂ ਨੂੰ ਮਨੁੱਖੀ ਬੁੱਧੀ ਦੀ ਤਰ੍ਹਾਂ ਸੋਚਣ, ਸਿੱਖਣ ਅਤੇ ਫ਼ੈਸਲੇ ਕਰਨ ਯੋਗ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਥਿਤੀ 'ਚ ਸਮਾਰਟਫੋਨ ਐਪਲੀਕੇਸ਼ਨਾਂ, ਆਨਲਾਈਨ ਸੇਵਾਵਾਂ, ਡਿਜ਼ੀਟਲ ਸਿਹਤ ਪ੍ਰਣਾਲੀਆਂ ਅਤੇ ਆਟੋਮੇਟਿਕ ਵਾਹਨਾਂ 'ਚ ਏ. ਆਈ. ਦੀ ਵਰਤੋਂ ਤੇਜ਼ੀ ਨਾਲ ਵੱਧ ਰਹੀ ਹੈ। ਇਸ ਪ੍ਰੋਗਰਾਮ ਦੇ ਦੂਜੇ ਪੜਾਅ 'ਚ ਡਾ. ਦੀਪਿਕਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਹ ਵਰਕਸ਼ਾਪ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਭਾਰਤ ਏ. ਆਈ. ਮਿਸ਼ਨ ਦੇ ਉਦੇਸ਼ਾਂ ਤਹਿਤ ਆਯੋਜਿਤ ਕੀਤੀ ਗਈ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਡਾਟਾ ਸੁਰੱਖਿਆ, ਗੋਪਨੀਯਤਾ ਅਤੇ ਤਕਨਾਲੋਜੀ ਦੀ ਜ਼ਿੰਮੇਵਾਰ ਵਰਤੋਂ ਸਬੰਧੀ ਸਚੇਤ ਰਹਿਣ ਬਾਰੇ ਵੀ ਜਾਗਰੂਕ ਕੀਤਾ। ਡਾ. ਦੀਪਿਕਾ ਨੇ ਵਿਦਿਆਰਥੀਆਂ ਨੂੰ ਵੱਖੋ-ਵੱਖਰੇ ਪਾਠਾਂ ਨੂੰ ਸਿੱਖਣ ਲਈ ਵਰਤੇ ਜਾਣ ਵਾਲੇ ਏ. ਆਈ. ਟੂਲਸ ਨਾਲ ਜਾਣੂ ਕਰਵਾਉਂਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਵਧੀਆ ਨਤੀਜੇ ਪ੍ਰਾਪਤ ਹੋ ਸਕਦੇ ਹਨ।

## ਸ਼ੈਰੀ ਕਲਸੀ ਨੇ ਗਲੀ ਦਾ ਕੰਮ ਸ਼ੁਰੂ ਕਰਵਾਇਆ

ਬਟਾਲਾ, (ਡਾ. ਮਲਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ।ਇਸੇ ਲੜੀ ਤਹਿਤ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਕੋਟਲਾ ਨਵਾਬ ਵਿਖੇ ਗਲੀ ਬਣਾਉਣ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਵਾਇਆ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਕਾਸ ਕੰਮ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।



## ਲਾਈਨਮੈਨ ਨੂੰ ਗਾਲੀ-ਗਲੋਚ ਕਰਨ 'ਤੇ ਖਪਤਕਾਰ ਵਿਰੁੱਧ ਸ਼ਿਕਾਇਤ ਦਰਜ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਸਹਾਇਕ ਇੰਜੀਨੀਅਰ ਉਪ ਮੰਡਲ ਅਫਸਰ ਤਿੱਬੜ੍ਹ ਦੇ ਕਰਮਚਾਰੀਆਂ ਵੱਲੋਂ ਨਵਾਂ ਪਿੰਡ ਝਾਵਰ ਦੇ ਇੱਕ ਖਪਤਕਾਰ ਵੱਲੋਂ ਉਸ ਨੂੰ ਘਰ ਦੇ ਬਿਜਲੀ ਮੀਟਰ ਦੀ ਬਦਲੀ ਕਰਨ ਤੋਂ ਰੋਕਣ ਅਤੇ ਗਾਲੀ ਗਲੋਚ ਕਰਨ ਦੀ ਸ਼ਿਕਾਇਤ ਥਾਣਾ ਤਿੱਬੜ੍ਹ ਵਿੱਚ ਲਿਖਤੀ ਤੌਰ 'ਤੇ ਦਿੱਤੀ ਗਈ ਹੈ। ਇਸ ਮੌਕੇ ਅਧਿਕਾਰੀਆਂ ਦੇ ਅਨੁਸਾਰ ਖਪਤਕਾਰ ਸਤਨਾਮ ਸਿੰਘ ਪੁੱਤਰ ਸਵਰਨ ਸਿੰਘ ਵਾਸੀ ਨਵਾਂ ਪਿੰਡ ਝਾਵਰ ਦੇ ਖਰਾਬ ਹੋਏ ਘਰੇਲੂ ਬਿਜਲੀ ਮੀਟਰ ਨੂੰ ਬਦਲਣ ਲਈ ਮੁਲਾਜ਼ਮ ਉਸ ਦੇ ਘਰ ਗਿਆ ਸੀ ਤਾਂ ਅੱਗੋਂ ਸਬੰਧਿਤ ਖਪਤਕਾਰ ਨੇ ਬਿਜਲੀ ਮੁਲਾਜ਼ਮ ਨੂੰ ਗਾਲੀ ਗਲੋਚ ਕਰਦਿਆਂ ਜਾਤੀ ਸੂਚਕ ਸ਼ਬਦ ਵੀ ਕਹੇ। ਸ਼ਿਸ਼ਰੇਸ਼ ਕੁਮਾਰ ਲਾਈਨਮੈਨ ਨੇ ਦੱਸਿਆ ਕਿ ਉਨ੍ਹਾਂ ਨੇ ਮੁਸ਼ਕਲ ਨਾਲ ਆਪਣਾ ਬਚਾਅ ਕੀਤਾ। ਜਦੋਂ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਸਾਰਾ ਮਾਮਲਾ ਲਿਆਂਦਾ ਗਿਆ ਤਾਂ ਸਬ-ਡਵੀਜ਼ਨ ਤਿੱਬੜ੍ਹ ਦੇ ਐੱਸ ਡੀ ਓ ਨੇ ਲਿਖਤੀ ਸ਼ਿਕਾਇਤ ਸੰਬੰਧਿਤ ਥਾਣੇ ਨੂੰ ਲਿਖਤੀ ਤੌਰ 'ਤੇ ਬਣਦੀ ਕਾਨੂੰਨੀ ਕਾਰਵਾਈ ਹਿੱਤ ਭੇਜ ਦਿੱਤੀ ਹੈ।ਇਸ ਮੌਕੇ ਅੰਮ੍ਰਿਤਪਾਲ ਸਿੰਘ, ਪ੍ਰੇਮ ਸਿੰਘ ਸੁਲਤਾਨਪੁਰ, ਕਮਲਪ੍ਰੀਤ ਸਿੰਘ, ਦੇਵਰਾਜ ਹੰਸ, ਹਰੀ ਰਾਮ ਲੂਨਾ, ਕਸ਼ਮੀਰ ਸਿੰਘ, ਗੁਰਵੀਰ ਸਿੰਘ, ਸੁਸ਼ੀਲ ਕੁਮਾਰ, ਸੁਰੇਸ਼ ਕੁਮਾਰ, ਗੁਰਮੀਤ ਸਿੰਘ, ਕੁਲਵਿੰਦਰ ਸਿੰਘ, ਅਜੇ ਕੁਮਾਰ, ਹਰਪਿੰਦਰ ਸਿੰਘ ਅਤੇ ਦਲਜੀਤ ਸਿੰਘ ਆਦਿ ਹਾਜ਼ਰ ਸਨ।

## ਸੇਂਟ ਕਬੀਰ ਸਕੂਲ 'ਚ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਵਿਦਾਇਗੀ ਪਾਰਟੀ ਦਿੱਤੀ



ਧਾਰੀਵਾਲ, (ਮਨਦੀਪ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿਖੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਬਹੁਤ ਹੀ ਚਾਅ ਤੇ ਉਤਸ਼ਾਹ ਨਾਲ ਵਿਦਾਇਗੀ ਪਾਰਟੀ ਦਿੱਤੀ। ਇਸ ਮੌਕੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਅਗਵਾਈ ਹੇਠ ਸੱਭਿਆਚਾਰਕ ਪ੍ਰੋਗਰਾਮ ਦਾ ਵੀ ਆਯੋਜਨ ਕੀਤਾ ਗਿਆ ਜਿਸ ਦੀ ਸ਼ੁਰੂਆਤ ਪ੍ਰਿੰਸੀਪਲ ਐੱਸ. ਬੀ. ਨਾਯਰ, ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ, ਸਕੂਲ ਕੋਆਰਡੀਨੇਟਰਸ, ਹੈੱਡ ਬੁਆਏ ਜਗਮੀਤ ਸਿੰਘ, ਹੈੱਡ ਗਰਲ ਕਾਮਨੀ ਸਲਾਰੀਆ ਦੁਆਰਾ ਸ਼ਮਾ ਰੌਸ਼ਨ ਕਰਨ ਉਪਰੰਤ ਕੇਕ ਕੱਟ ਕੇ ਕੀਤੀ ਗਈ। ਉਪਰੰਤ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਧੁਰ ਸ਼ਬਦ ਗਾਇਨ ਕੀਤਾ। ਜੁਗਰਾਜ ਸਿੰਘ ਨੇ ਆਪਣੀ ਪ੍ਰਭਾਵਸ਼ਾਲੀ ਸ਼ਬਦਾਵਲੀ ਰਾਹੀਂ 12ਵੀਂ ਜਮਾਤ ਦੇ ਸਾਰੇ ਵਿਦਿਆਰਥੀਆਂ ਨੂੰ 'ਜੀ ਆਇਆ' ਆਖਿਆ। ਪਰਨੀਤ ਕੌਰ ਅਤੇ ਜਸਨੀਤ ਕੌਰ ਦੁਆਰਾ ਸਟੇਜੀ ਕਾਰਵਾਈ ਨੂੰ ਅੱਗੇ ਤੋਰਦਿਆਂ ਵਿਦਿਆਰਥੀਆਂ ਦੀ ਮਾਡਲਿੰਗ ਕਰਵਾਈ। ਸਕੂਲ ਵਿੱਚ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਦਿਲਚਸਪ ਡਾਂਸ ਪੇਸ਼ਕਾਰੀਆਂ ਨੇ ਸਾਰਿਆਂ ਦਾ ਮਨ ਮੋਹ ਲਿਆ। ਵਿਦਿਆਰਥੀਆਂ ਨੇ ਅਧਿਆਪਕਾਂ ਦੀ ਮਿਹਨਤ ਨੂੰ ਸਲਾਹਿਆ ਅਤੇ ਆਪਣੀਆਂ ਹੱਥ ਲਿਖਤ ਕਵਿਤਾਵਾਂ ਤੇ ਗੀਤਾਂ ਦੀ ਪੇਸ਼ ਕੀਤੇ। ਗਿਆਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਦੁਆਰਾ ਅਧਿਆਪਕਾਂ ਦੀ ਸਹਾਇਤਾ ਨਾਲ ਵੱਖ-ਵੱਖ ਖੇਡਾਂ ਖਿਡਾਈਆਂ ਗਈਆਂ ਜਿਸ ਦੌਰਾਨ ਸਾਰੇ ਵਿਦਿਆਰਥੀਆਂ ਦੁਆਰਾ ਭਰਪੂਰ ਮੰਨੋਰੰਜਨ ਕੀਤਾ ਗਿਆ। ਪ੍ਰੋਗਰਾਮ ਦੇ ਅਖੀਰਲੇ ਪੜਾਅ ਦੌਰਾਨ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸਮੁੱਚੇ ਸਕੂਲ ਅਤੇ ਗਿਆਰ੍ਹਵੀਂ ਜਮਾਤ ਦਾ ਇਸ ਪ੍ਰੋਗਰਾਮ ਲਈ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਵੱਖ-ਵੱਖ ਟਾਈਟਲ ਦਿੱਤੇ ਗਏ-ਮਾਸਟਰ ਸੇਂਟ ਕਬੀਰ ਜਗਮੀਤ ਸਿੰਘ, ਮਿਸ ਸੇਂਟ ਕਬੀਰ ਹੁਨਰਪ੍ਰੀਤ ਕੌਰ, ਮਿਸਟਰ ਹੈਂਡਸਮ ਗਗਨ ਜੋਤ ਸਿੰਘ , ਮਿਸ ਕੌਨਫੀਡੈਂਟ ਜਸਨਪ੍ਰੀਤ ਕੌਰ , ਮਿਸ ਚਾਰਮਿੰਗ ਸੁਨਾਲੀ, ਮਾਸਟਰ ਡਿਲੀਜੈਂਟ ਪੁਨੀਤ ਕੁਮਾਰ, ਮਿਸ. ਡਿਲੀਜੈਂਟ ਖੁਸਪ੍ਰੀਤ ਕੌਰ, ਮਿਸ. ਇੰਟਲੈਕਚੁਅਲ ਕਾਮਨੀ ਸਲਾਰੀਆ, ਟਰਬਨ ਕਿੰਗ ਹਰਮਨ ਪ੍ਰੀਤ ਸਿੰਘ, ਯੂਰੀ ਅਵਾਰਡ ਰਿਤਿਕਾ ਅਤੇ ਨੈਲਸਨ, ਮਿਸ ਬਿਊਟੀਫੁੱਲ ਹੇਅਰ ਨਵਪ੍ਰੀਤ ਕੌਰ ਅਤੇ ਕੰਵਰਨੂਰ ਕੌਰ ਨੂੰ ਮਿਸ. ਐਲੀਗੈਂਟ ਦੇ ਨਾਮ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰ. ਨਾਯਰ ਅਤੇ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਸਮੁੱਚੇ ਵਿਦਿਆਰਥੀਆਂ ਲਈ ਖਾਣ ਪੀਣ ਲਈ ਉਚੇਚਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਅਧਿਆਪਕਾ ਮਨੂੰ, ਜਸਵਿੰਦਰ ਕੌਰ, ਨਿਸ਼ਾ ਸੱਗੜ, ਸੁਨੀਤ ਠਾਕੁਰ, ਸੁਮਿਤ ਰੱਤੂ ਆਦਿ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

14 Feb Page 12.qxd 2/13/2026 11:03 PM Page 1



# ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਨੇ ਮੀਨਾਰ-ਏ-ਬੇਗਮਪੁਰਾ ਦਾ ਕੀਤਾ ਦੌਰਾ

**ਗੜ੍ਹਸ਼ੰਕਰ/ਹੁਸ਼ਿਆਰਪੁਰ (ਫੂਲਾ ਸਿੰਘ ਬੀਰਮਪੁਰ)**- ਪੰਜਾਬ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸੰਤ ਸਮਾਜ ਨਾਲ ਮੀਨਾਰ-ਏ-ਬੇਗਮਪੁਰਾ, ਸ੍ਰੀ ਖੁਰਾਲਗੜ੍ਹ ਸਾਹਿਬ ਦਾ ਦੌਰਾ ਕਰਕੇ ਵਿਕਾਸ ਕੰਮਾਂ ਦੀ ਸਮੀਖਿਆ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਮੌਕੇ ਇਥੇ ਸੂਬਾ ਪੱਧਰੀ ਤਿੰਨ ਰੋਜ਼ਾ ਸਮਾਗਮ ਕਰਵਾਏ ਗਏ, ਜਿਸ ਵਿਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਸਮੇਤ ਕੈਬਨਿਟ ਮੰਤਰੀਆਂ, ਵਿਧਾਇਕਾਂ ਅਤੇ ਭਾਰੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਚਰਨਾਂ ਵਿਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਉਨ੍ਹਾਂ ਦਾ ਇਹ ਦੌਰਾ ਵਿਸ਼ੇਸ਼ ਰੂਪ ਵਿਚ ਸ੍ਰੀ ਗੁਰੂ ਰਵਿਦਾਸ ਜੀ ਮੈਮੋਰੀਅਲ ਵਿਚ ਚੱਲ ਰਹੇ ਤੇ ਰਹਿੰਦੇ ਕੰਮਾਂ ਦਾ ਜਾਇਜ਼ਾ ਲੈਣ ਦੇ ਉਦੇਸ਼ ਨਾਲ ਕੀਤਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਮਾਰਕ ਨਾਲ ਜੁੜੇ ਅਧੂਰੇ ਵਿਕਾਸ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਜਲਦ ਪੂਰਾ ਕਰਵਾਉਣ ਲਈ ਸਬੰਧਤ ਵਿਭਾਗਾਂ ਤੇ ਅਧਿਕਾਰੀਆਂ ਨਾਲ ਵਿਸਥਾਰ ਨਾਲ ਮੀਟਿੰਗ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਰੂਰੀ ਪ੍ਰਸਤਾਵ ਰਾਜ ਸਰਕਾਰ ਅੱਗੇ ਰੱਖੇ ਜਾਣਗੇ, ਤਾਂ ਜੋ ਪਵਿੱਤਰ ਸਥਾਨ ਦਾ ਵਿਕਾਸ ਯਕੀਨੀ ਕੀਤਾ ਜਾ ਸਕੇ। ਇਸ ਮੌਕੇ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਪ੍ਰਧਾਨ ਬਾਬਾ ਕੇਵਲ ਸਿੰਘ, ਸ੍ਰੀ ਚਰਨ ਛੋਹ ਗੰਗਾ ਦੇ ਪ੍ਰਧਾਨ ਸੰਤ ਸੁਰਿੰਦਰ ਦਾਸ, ਚੇਅਰਮੈਨ ਡਾ. ਕੁਲਵਰਨ ਸਿੰਘ, ਜੀਤ ਸਿੰਘ ਬਗਵਾਈਂ, ਕਰਮ ਚੰਦ, ਨਰੇਸ਼ ਸਿੰਘ, ਚਰਨ ਭਾਰਤੀ, ਸੁਖਦੇਵ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।



# ਕੇਂਦਰੀ ਟਰੇਡ ਯੂਨੀਅਨਾਂ ਤੇ ਐੱਸ ਕੇ ਐੱਮ ਦੀ ਅਗਵਾਈ ਹੇਠ ਧਰਨਾ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਕੇਂਦਰੀ ਟਰੇਡ ਯੂਨੀਅਨਾਂ ਤੇ ਐੱਸ ਕੇ ਐੱਮ ਵਲੋਂ ਦਿੱਤੇ ਗਏ ਹੜਤਾਲ ਦੇ ਸੱਦੇ 'ਤੇ ਕਿਸਾਨ, ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ, ਪੈਨਸ਼ਨਰਜ਼ ਐਸੋਸੀਏਸ਼ਨਾਂ, ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਮੁਲਾਜ਼ਮਾਂ, ਅਧਿਆਪਕ ਜਥੇਬੰਦੀਆਂ, ਪੰਜਾਬ ਰੋਡਵੇਜ਼ ਪਨਬਸ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ, ਪੰਜਾਬ ਹਾਰਟੀਕਲਚਰ ਐਸੋਸੀਏਸ਼ਨ, ਪਾਵਰਕਾਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ, ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ, ਆਸ਼ਾ ਵਰਕਰ, ਮਿਡ-ਡੇ-ਮੀਲ ਵਰਕਰ ਯੂਨੀਅਨ, ਆਂਗਣਵਾੜੀ ਵਰਕਰ ਯੂਨੀਅਨ , ਖੇਤ ਅਤੇ ਪੇਂਡੂ ਮਜ਼ਦੂਰ ਯੂਨੀਅਨ ਆਦਿ ਨੇ ਸਥਾਨਕ ਮਾਲ ਰੋਡ 'ਤੇ 12 ਵਜੇ ਤੋਂ ਲੈ ਕੇ 3 ਵਜੇ ਤੱਕ ਧਰਨਾ ਦਿੱਤਾ। ਰੋਹ 'ਚ ਆਏ ਧਰਨਾਕਾਰੀਆਂ ਨੇ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਧਰਨਾਕਾਰੀ ਮੰਗ ਕਰ ਰਹੇ ਸਨ ਕਿ 29 ਕਿਰਤ ਕਾਨੂੰਨਾਂ ਨੂੰ ਰੱਦ ਕਰ ਕੇ ਬਣਾਏ ਗਏ 4 ਲੇਬਰ ਕੋਡ ਰੱਦ ਕੀਤੇ ਜਾਣ, ਕੰਮ ਦੇ 12 ਘੰਟੇ ਦੀ ਬਜਾਏ 8 ਘੰਟੇ ਲਈ ਡਿਊਟੀ ਬਹਾਲ ਕੀਤੀ ਜਾਵੇ, ਘੱਟੋ ਘੱਟ ਉਜਰਤ 26 ਹਜ਼ਾਰ ਰੁਪਏ ਮਹੀਨਾ ਦਿੱਤੀ ਜਾਵੇ, ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਮੁਕਤ ਵਪਾਰ ਸਮਝੌਤੇ ਵਿਚ ਖੇਤੀ ਤੇ ਡੇਅਰੀ ਉਤਪਾਦਾਂ ਨੂੰ ਬਾਹਰ ਰੱਖਿਆ ਜਾਵੇ, ਐੱਮ ਐੱਸ ਪੀ ਦੀ ਕਾਨੂੰਨੀ ਗਾਰੰਟੀ ਦਿੱਤੀ ਜਾਵੇ, ਪਬਲਿਕ ਸੈਕਟਰ ਦੇ ਅਦਾਰਿਆਂ ਦਾ ਨਿੱਜੀਕਰਨ ਤੇ ਨਿਗਮੀਕਰਨ ਬੰਦ ਕੀਤਾ ਜਾਵੇ, ਠੇਕੇ ਤੇ ਕੰਮ ਕਰਦੇ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕੀਤੀਆਂ ਜਾਣ। ਧਰਨੇ ਨੂੰ ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਰਕਲ ਪ੍ਰਧਾਨ ਮੁਹੰਮਦ ਯੂਨਿਸ ਅੰਸਾਰੀ ਤੇ ਸ਼ਵਿੰਦਰ ਸਿੰਘ ਬੁਟਾਰੀ, ਜੇਲ੍ਹ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸ਼ੀਸ਼ਪਾਲ ਸਿੰਘ ਗਿੱਲ ਤੇ ਜਨਰਲ ਸਕੱਤਰ ਗੁਰਵਿੰਦਰ ਸਿੰਘ, ਸੰਯੁਕਤ ਕਿਸਾਨ ਮੋਰਚੇ ਦੇ ਕਨਵੀਨਰ ਐਡਵੋਕੇਟ ਰਜਿੰਦਰ ਸਿੰਘ ਰਾਣਾ, ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਤੇ ਜਨਰਲ ਸਕੱਤਰ ਗੁਰਦੀਪ ਸਿੰਘ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਧਨੇਰ ਗਰੁੱਪ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਰਾਣਾ ਸੈਦੋਵਾਲ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਸਿੰਘ ਭੁੱਲਰ ਤੇ ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੰਨੇਮੱਲ, ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਬਲਵਿੰਦਰ ਸਿੰਘ ਬਾਜਵਾ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਨਿਰਮਲ ਸਿੰਘ ਸ਼ੇਰਪੁਰ ਸੱਧਾ ਤੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਜਵਾਲਾਪੁਰ ਦੀ ਕਲਾਸ ਫੋਰ ਗੌਰਮਿੰਟ ਇਪਲਾਈਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਉੱਗੀ ਤੋਂ ਇਲਾਵਾ ਹੋਰ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਕੇਂਦਰ ਸਰਕਾਰ ਦੀਆਂ ਮਜ਼ਦੂਰ, ਮੁਲਾਜ਼ਮ ਤੇ ਕਿਸਾਨ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ। ਬੁਲਾਰਿਆਂ ਨੇ ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੰਗਤ ਰਾਮ ਨੂੰ ਪੁਲਸ ਵਲੋਂ ਘਰ 'ਚ ਨਜ਼ਰਬੰਦ ਕਰਨ ਦਾ ਸਖ਼ਤ ਨੋਟਿਸ ਲਿਆ ਤੇ ਮੰਗ ਕੀਤੀ ਕਿ ਉਨ੍ਹਾਂ ਦੀ ਨਜ਼ਰਬੰਦੀ ਤੁਰੰਤ ਖ਼ਤਮ ਕੀਤੀ ਜਾਵੇ। ਧਰਨੇ ਵਿਚ ਉੱਘੇ ਲੇਖਕ ਤੇ ਕਿਸਾਨ ਆਗੂ ਚੰਨ ਮੋਮੀ, ਕਿਸਾਨ ਆਗੂ ਕਾਮਰੇਡ ਚਰਨ ਸਿੰਘ ਹੈਬਤਪੁਰ, ਗੁਰਦੇਵ ਸਿੰਘ ਡਵੀਜ਼ਨ ਪ੍ਰਧਾਨ ਗੁਲਜ਼ਾਰ ਸਿੰਘ ਸਰਕਲ ਸਕੱਤਰ, ਮਨਜਿੰਦਰ ਸਿੰਘ ਕਮਲ, ਅਮਰਜੀਤ ਸਿੰਘ ਢੱਪਈ, ਸਰਵਣ ਸਿੰਘ ਲੇਖੀ, ਅਮਰਜੀਤ ਸਿੰਘ ਸੰਤਪੁਰਾ, ਕੁਲਵਿੰਦਰ ਸਿੰਘ ਭੰਡਾਲ, ਸੁਖਦੇਵ ਸਿੰਘ, ਮਹਿੰਦਰ ਸਿੰਘ, ਡਾ. ਹਰਜਿੰਦਰ ਸਿੰਘ, ਹਰਜੀਤ ਸਿੰਘ ਰਜਾਪੁਰ, ਹਰਬੰਸ ਲਾਲ ਧੰਨਾ, ਜਥੇ. ਪਲਵਿੰਦਰ ਸਿੰਘ ਕਾਲਾ ਸੰਘਿਆਂ, ਅਜੀਤ ਸਿੰਘ ਅਜਲਾ, ਸੁੱਚਾ ਸਿੰਘ ਮਿਰਜ਼ਾਪੁਰ, ਨਿਰਵੈਰ ਸਿੰਘ ਠੱਟਾ, ਹਰਬੰਸ ਸਿੰਘ, ਸੁਖਵਿੰਦਰ ਸਿੰਘ ਚੌਕ ਕੋਟਲਾ, ਗੁਰਦੇਵ ਸਿੰਘ ਲਵਲੀ, ਹਰਭਜਨ ਸਿੰਘ ਮਨਸੂਰਵਾਲ, ਬਿੰਦੂ ਸੁੰਨੜਵਾਲ ਤੋਂ ਇਲਾਵਾ ਹੋਰ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ 'ਚ ਹਾਜ਼ਰ ਸਨ। ਇਸੇ ਦੌਰਾਨ ਹੀ ਬਾਬਾ ਉਂਕਾਰ ਸਿੰਘ ਫ਼ੌਜੀ ਢੱਪਈ ਵਾਲਿਆਂ ਨੇ ਚਾਹ ਮਠਿਆਈ ਤੇ ਪਾਵਰਕਾਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨੇ ਧਰਨਾਕਾਰੀਆਂ ਨੂੰ ਲੰਗਰ ਛਕਾਉਣ ਦੀ ਸੇਵਾ ਨਿਭਾਈ।





# ਖਾਲਸਾ ਏਡ ਵੱਲੋਂ ਸਾਂਝੀ ਖੇਤੀ ਪ੍ਰੋਜੈਕਟ ਦੀ ਸ਼ੁਰੂਆਤ

**ਅੰਮ੍ਰਿਤਸਰ (ਨ ਜ ਸ)**- ਪੰਜਾਬ ਦੇ ਛੋਟੇ ਤੇ ਆਰਥਿਕ ਤੌਰ 'ਤੇ ਕਮਜ਼ੋਰ ਕਿਸਾਨਾਂ ਨੂੰ ਮਜ਼ਬੂਤ ਸਹਾਰਾ ਦੇਣ ਲਈ ਖਾਲਸਾ ਏਡ ਵੱਲੋਂ ਸਾਂਝੀ ਖੇਤੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਪਹਿਲ ਦਾ ਮੂਲ ਉਦੇਸ਼ ਉਹਨਾਂ ਕਿਸਾਨਾਂ ਦੀ ਸਹਾਇਤਾ ਕਰਨਾ ਹੈ ਜਿਨ੍ਹਾਂ ਕੋਲ ਪੰਜ ਏਕੜ ਜਾਂ ਇਸ ਤੋਂ ਘੱਟ ਜ਼ਮੀਨ ਹੈ ਤੇ ਜੋ ਆਧੁਨਿਕ ਖੇਤੀਬਾੜੀ ਮਸ਼ੀਨਰੀ ਦੀ ਕਮੀ ਕਾਰਨ ਵਧੇਰੇ ਖਰਚ ਅਤੇ ਮੁਸ਼ਕਲਾਂ ਦਾ ਸਾਹਮਣਾ ਕਰਦੇ ਹਨ। ਇਸ ਪ੍ਰੋਜੈਕਟ ਤਹਿਤ ਜਿਨ੍ਹਾਂ ਕਿਸਾਨਾਂ ਕੋਲ ਟਰੈਕਟਰ ਜਾਂ ਖੇਤੀਬਾੜੀ ਦੇ ਲੋੜੀਂਦੇ ਸਾਜ਼ੋ-ਸਮਾਨ ਜਿਵੇਂ ਹਲ, ਰੋਟਾਵੇਟਰ, ਸੀਡ ਡ੍ਰਿਲ, ਲੇਜ਼ਰ ਲੈਵਲਰ ਆਦਿ ਮੌਜੂਦ ਨਹੀਂ ਹਨ, ਉਨ੍ਹਾਂ ਨੂੰ ਇਹ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਟਰੈਕਟਰ ਦੇ ਨਾਲ ਤਜਰਬੇਕਾਰ ਡਰਾਈਵਰ ਦੀ ਸੇਵਾ ਵੀ ਦਿੱਤੀ ਜਾਵੇਗੀ, ਤਾਂ ਜੋ ਕਿਸਾਨ ਸਮੇਂ ਸਿਰ ਤੇ ਘੱਟ ਲਾਗਤ 'ਤੇ ਪੂਰਾ ਕਰ ਸਕੇ। ਇਹ ਉਪਰਾਲਾ ਖੇਤੀ ਦੀ ਲਾਗਤ ਘਟਾਉਣ, ਕਰਜ਼ੇ ਦੇ ਬੋਝ ਨੂੰ ਘਟਾਉਣ ਤੇ ਛੋਟੇ ਕਿਸਾਨਾਂ ਨੂੰ ਆਤਮਨਿਰਭਰ ਬਣਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ। ਪ੍ਰੋਜੈਕਟ ਸੰਬੰਧੀ ਜਾਣਕਾਰੀ ਦਿੰਦਿਆਂ ਚਿਰਾਗ ਗਗਨਦੀਪ ਸਿੰਘ ਨੇ ਕਿਹਾ ਕਿ ਸਾਂਝੀ ਖੇਤੀ ਪ੍ਰੋਜੈਕਟ ਛੋਟੇ ਤੇ ਲੋੜਵੰਦ ਕਿਸਾਨਾਂ ਲਈ ਇੱਕ ਮਜ਼ਬੂਤ ਸਹਾਰਾ ਸਾਬਤ ਹੋਵੇਗਾ। ਗਗਨਦੀਪ ਸਿੰਘ ਨੇ ਅੱਗੇ ਦੱਸਿਆ ਕਿ ਇਸ ਯੋਜਨਾ ਦਾ ਮਕਸਦ ਸਿਰਫ਼ ਮਸ਼ੀਨਰੀ ਉਪਲਬਧ ਕਰਵਾਉਣਾ ਹੀ ਨਹੀਂ, ਸਗੋਂ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨਾ ਅਤੇ ਖੇਤੀਬਾੜੀ ਨੂੰ ਲਾਭਕਾਰੀ ਬਣਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਕਿਸਾਨ 9115609013 ਹੈਲਪਲਾਈਨ ਨੰਬਰ 'ਤੇ ਸੰਪਰਕ ਕਰਕੇ ਇਸ ਸਹੂਲਤ ਦਾ ਲਾਭ ਲੈ ਸਕਦੇ ਹਨ।



## ਸਿਹਤ ਤੇ ਜਾਗਰੂਕਤਾ ਕੈਂਪ 16 ਨੂੰ

**ਜਲੰਧਰ, (ਸ਼ੈਲੀ ਐਲਬਰਟ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਦੀ ਸ਼ੁਰੂਆਤ 16 ਫਰਵਰੀ ਨੂੰ ਸਥਾਨਕ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਿਹਤ ਤੇ ਜਾਗਰੂਕਤਾ ਕੈਂਪ ਨਾਲ ਕੀਤੀ ਜਾ ਰਹੀ ਹੈ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਬਜ਼ੁਰਗਾਂ ਦੀ ਸਿਹਤ ਜਾਂਚ ਤੋਂ ਇਲਾਵਾ ਆਰਥੋ, ਅੱਖਾਂ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ। ਬਜ਼ੁਰਗਾਂ ਨਾਲ ਸਿਹਤ ਸੰਭਾਲ ਸਬੰਧੀ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਕੈਂਪ ਦੌਰਾਨ ਬਜ਼ੁਰਗਾਂ ਦੀ ਸੀਨੀਅਰ ਸਿਟੀਜ਼ਨ ਕਾਰਡ ਲਈ ਰਜਿਸਟ੍ਰੇਸ਼ਨ ਵੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਾਨੂੰਨੀ ਜਾਗਰੂਕਤਾ ਤੇ ਬੈਂਕਾਂ ਵੱਲੋਂ ਬਜ਼ੁਰਗਾਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਵੀ ਜਾਣੂ ਕਰਵਾਇਆ ਜਾਵੇਗਾ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੁਹਿੰਮ ਤਹਿਤ 16 ਮਾਰਚ 2026 ਤੱਕ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਜਿਨ੍ਹਾਂ ਵਿੱਚ ਸਿਹਤ ਜਾਂਚ ਤੋਂ ਇਲਾਵਾ ਬਜ਼ੁਰਗਾਂ ਦੀ ਬਿਹਤਰੀ ਲਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੱਧੇਵਾਲੀ ਦਾ ਸਾਲਾਨਾ ਸਮਾਗਮ ਸ਼ਾਨਦਾਰ ਰਿਹਾ

**ਜਲੰਧਰ :** ਸਥਾਨਕ ਸ਼ਹੀਦ ਲੈਫਟੀਨੈਂਟ ਗੁਰਵਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੱਧੇਵਾਲੀ ਵਿਖੇ ਸਾਲਾਨਾ ਸਮਾਗਮ ਕੀਤਾ ਗਿਆ। ਸਭ ਤੋਂ ਪਹਿਲਾਂ ਪ੍ਰਿੰਸੀਪਲ ਤਜਿੰਦਰ ਸਿੰਘ, ਸਟਾਫ ਤੇ ਵਿਦਿਆਰਥੀ ਗੁਰਦੁਆਰਾ ਸਾਹਿਬ ਤੋਂ ਸ੍ਰੀ ਗੁਰੂ ਗਰੰਥ ਸਾਹਿਬ ਦੀ ਪਾਲਕੀ ਲੈ ਕੇ ਸਕੂਲ ਪੁੱਜੇ। ਰਾਹ ਵਿੱਚ ਬੈਂਡ ਟੀਮ ਤੇ ਗਤਕਾ ਪਾਰਟੀ ਨੇ ਜੌਹਰ ਦਿਖਾਏ। ਸਕੂਲ ਵਿੱਚ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸ਼ਬਦ ਗਾਇਨ ਕੀਤਾ। ਮੁੱਖ ਮਹਿਮਾਨ ਵਜੋਂ 'ਆਪ' ਦੇ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਪੁੱਜੇ। ਪ੍ਰਿੰਸੀਪਲ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹਦਿਆਂ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਨ੍ਹਾ ਪੜ੍ਹਾਈ, ਖੇਡਾਂ ਤੇ ਕਲਚਰਲ ਸਰਗਰਮੀਆਂ ਵਿੱਚ ਸਕੂਲ ਦਾ ਨਾਂਅ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਸਕੂਲ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦੀ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਕੋਹਲੀ ਨੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਤੇ ਸਕੂਲ ਦੀ ਚੰਗੀ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ। ਉਨ੍ਹਾਂ ਸਕੂਲ ਦੀ ਬਿਹਤਰੀ ਲਈ ਹਰ ਤਰ੍ਹਾਂ ਦੀ ਮਦਦ ਦਾ ਵਾਅਦਾ ਕੀਤਾ। ਇਸ ਮੌਕੇ ਕੌਂਸਲਰ ਅਮਰਜੀਤ ਕੌਰ, ਸ਼ਮਸ਼ੇਰ ਸਿੰਘ ਖਹਿਰਾ, ਤਰਲੋਕ ਸਿੰਘ ਸਰਾਂ, ਮੰਨਾ ਸਿੰਘ, ਸਕੂਲ ਕਮੇਟੀ ਦੀ ਪ੍ਰਧਾਨ ਸਤਨਾਮ ਕੌਰ, ਬੀਬੀ ਗੁਰਪ੍ਰੀਤ ਰੰਧਾਵਾ, ਬਲਦੇਵ ਸਿੰਘ, ਪਰਮਿੰਦਰ ਸਿੰਘ, ਗੁਲਸ਼ਨ ਕੁਮਾਰ, ਕਮਲਾ ਦੇਵੀ, ਸੁਨੀਤਾ ਪੰਗੋਤਰਾ, ਹੇਮਾ, ਮੋਨੀਤਾ, ਰੰਜੀਤਾ, ਰਾਣ ਰਾਣੀ, ਅੰਜੂ ਰਤਨ, ਸੁਰਿੰਦਰ ਪਾਲ ਸਮੇਤ ਸਮੂਹ ਸਟਾਫ, ਵਿਦਿਆਰਥੀਆਂ ਦੇ ਮਾਂਪੇ ਤੇ ਇਲਾਕੇ ਦੇ ਪਤਵੰਤੇ ਮੌਜੂਦ ਰਹੇ। ਸਟੇਜ ਸੰਚਾਲਣ ਮਹਿੰਦਰ ਪਾਲ ਸਾਇੰਸ ਮਾਸਟਰ ਨੇ ਬਖ਼ੂਬੀ ਕੀਤਾ। ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਿਆ। ਸਮਾਗਮ ਯਾਦਗਾਰੀ ਹੋ ਨਿਬੜਿਆ।



## ਨਸ਼ਿਆਂ ਦੇ ਕਿਸੇ ਵੀ ਕਾਰੋਬਾਰੀ ਨੂੰ ਬਖਸ਼ਿਆ ਨਹੀਂ ਜਾਵੇਗਾ : ਐੱਸ ਐੱਚ ਓ

**ਫਗਵਾੜਾ (ਡਾ. ਰਮਨ)**- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲਗਾਤਾਰ ਤੇਜ਼ੀ ਨਾਲ ਜਾਰੀ ਰੱਖਣ ਦੇ ਦ੍ਰਿੜ੍ਹ ਇਰਾਦੇ ਨਾਲ ਥਾਣਾ ਸਤਨਾਮਪੁਰਾ ਵਿਖੇ ਆਏ ਨਵ ਨਿਯੁਕਤ ਐੱਸ. ਐੱਚ. ਓ. ਇੰਸਪੈਕਟਰ ਅਮਨਪ੍ਰੀਤ ਕੌਰ ਨੇ ਇੱਕ ਵਿਸ਼ੇਸ਼ ਭੇਟ ਵਾਰਤਾ ਦੌਰਾਨ ਗੱਲਬਾਤ ਕਰਦੇ ਹੋਏ ਪਲੇਠੀ ਮਿਲਣੀ 'ਚ ਨਸ਼ਿਆਂ ਦੇ ਸੌਦਾਗਰ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਜਾਂ ਤਾਂ ਇਹ ਨਸ਼ਿਆਂ ਦੇ ਸੌਦਾਗਰ ਆਪਣਾ ਕੰਮ ਤੇ ਪਿੰਡ ਛੱਡ ਕੇ ਚਲੇ ਜਾਣ ਜਾਂ ਫਿਰ ਨਸ਼ਿਆਂ ਤੋਂ ਹਮੇਸ਼ਾ ਲਈ ਤੌਬਾ ਕਰ ਲੈਣ ਉਨ੍ਹਾਂ ਕਿਹਾ ਕਿ ਜਦ ਤੱਕ ਮੈਂ ਇਸ ਇਲਾਕੇ ਵਿੱਚ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਾਂ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਕਾਨੂੰਨ ਨਾਲ ਖੇਡਣ ਦੀ ਇਜਾਜ਼ਤ ਨਹੀਂ ਦੇਵਾਂਗੀ। ਪ੍ਰੈੱਸ ਨਾਲ ਮਿਲਣੀ ਉਪਰੰਤ ਨਵ ਨਿਯੁਕਤ ਐੱਸ ਐੱਚ ਓ. ਮੈਡਮ ਅਮਨਪ੍ਰੀਤ ਕੌਰ ਨੇ ਤੁਰੰਤ ਆਪਣੇ ਤਿੱਖੇ ਤੇਵਰ ਦਿਖਾਉਂਦੇ ਸ਼ਾਮ ਲੋਹਗੇਟ ਵਿਖੇ ਵਿਸ਼ੇਸ਼ ਨਾਕਾਬੰਦੀ ਕਰ ਕੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਦੀ ਜੰਮ ਕੇ ਖਬਰ ਲਈ ਤੇ ਬੁਲੇਟ ਮੋਟਰਸਾਈਕਲ 'ਤੇ ਪਟਾਕੇ ਮਾਰ ਕੇ ਜਾਣ ਵਾਲੇ ਨੌਜਵਾਨਾਂ ਦੇ ਮੋਟਰਸਾਈਕਲਾਂ ਦੀ ਜਾਂਚ ਪੜਤਾਲ ਕੀਤੀ। ਉਨ੍ਹਾਂ ਸ਼ਹਿਰ ਦੀਆਂ ਗਲੀਆਂ, ਮੁਹੱਲਿਆਂ ਪ੍ਰੈਸ਼ਰ ਹਾਰਨ ਤੇ ਹੂਟਰ ਵਜਾਉਣ ਵਾਲਿਆਂ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੇ ਆਪ ਹੀ ਅਜਿਹੇ ਹਾਰਨ ਤੇ ਹੂਟਰ ਸਲੈਂਸਰ ਉਤਾਰ ਲੈਣ ਨਹੀਂ ਤਾਂ ਉਨ੍ਹਾਂ ਤੇ ਕਾਨੂੰਨ ਅਨੁਸਾਰ ਜਲਦ ਕਾਰਵਾਈ ਕੀਤੀ ਜਾਵੇਗੀ।



## ਸ਼ਿਵਰਾਤਰੀ ਦੇ ਸੰਬੰਧ 'ਚ ਮਾਈਆਂ ਤੇ ਜਾਗੋ ਦੀ ਰਸਮ ਅਦਾ ਕੀਤੀ

**ਫਿਲੌਰ (ਨਿਰਮਲ)**- ਸ਼ਿਵ ਸ਼ਕਤੀ ਮਹਿਲਾ ਮੰਡਲ ਮੰਦਰ ਲੱਕੜ ਮੰਡੀ ਫਿਲੌਰ ਸ਼ਿਵ ਰਾਤਰੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਸ਼ਿਵ ਜੀ ਦਾ ਗੁਣਗਾਨ ਕੀਤਾ ਮਾਂਈਆਂ ਦੀ ਰਸਮ ਕੀਤੀ ਗਈ ਅਤੇ ਜਾਗੋ ਕੱਢੀ ਗਈ, ਭਾਰੀ ਗਿਣਤੀ ਵਿੱਚ ਔਰਤਾਂ ਬੱਚਿਆਂ ਨੇ ਭਾਗ ਲਿਆ ਤੇ ਭੋਲੇ ਬਾਬਾ ਦੀ ਮਹਿਮਾ ਦਾ ਗੁਣਗਾਨ ਕੀਤਾ। ਇਹ ਜਾਣਕਾਰੀ ਦਿੰਦੇ ਹੋਏ ਸਭਾ ਦੀ ਪ੍ਰਧਾਨ ਬੀਬੀ ਲਜਿਆ ਦੇਵੀ ਨੇ ਸਭਨਾਂ ਬੀਬੀਆਂ ਬੱਚਿਆਂ ਦਾ ਧੰਨਵਾਦ ਕੀਤਾ।



# ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਦਾ ਨਤੀਜਾ ਸ਼ਾਨਦਾਰ ਰਿਹਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਟਾਂਡਾ ਸ਼ਹਿਰ ਦੀ ਮਹਾਨ ਵਿਦਿਅਕ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਰਜਿਸਟਰ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਜੀ ਆਰ ਡੀ ਇੰਟਰਨੈਸ਼ਨਲ ਇੰਸਟੀਚਿਊਟ ਆਫ ਨਰਸਿੰਗ ਟਾਂਡਾ ਦਾ ਦੇ ਏ ਐਨ ਐਮ ਕਲਾਸ ਦੂਸਰੇ ਸਾਲ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਸਬੰਧੀ ਪ੍ਰਿੰਸੀਪਲ ਰੇਨੂ ਬਾਲਾ ਅਤੇ ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ ਨੇ ਦੱਸਿਆ ਕਿ ਜਿੱਥੇ ਸਾਡੇ ਨਰਸਿੰਗ ਕਾਲਜ ਦੀਆਂ ਸਾਰੀਆਂ ਵਿਦਿਆਰਥਣਾਂ ਚੰਗੇ ਨੰਬਰ ਲੈ ਕੇ ਪਾਸ ਹੋਈਆਂ ਹਨ, ਸ਼ਸ਼ੀ ਸੈਨੀ , ਗੁਰਮੀਤ ਕੌਰ, ਮਨਪ੍ਰੀਤ ਕੌਰ ਨੇ ਕਲਾਸ ਵਿੱਚੋਂ ਚੰਗੇ ਨੰਬਰ ਲੈ ਕੇ ਜਿੱਥੇ ਆਪਣੀ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਉੱਥੇ ਜੀ ਆਰ ਡੀ ਵਿਦਿਅਕ ਸੰਸਥਾ ਦਾ ਨਾਂਅ ਵੀ ਰੋਸ਼ਨ ਕੀਤਾ । ਉਹਨਾਂ ਸਾਰੇ ਹੀ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਤੋਂ ਇਲਾਵਾ ਸੰਸਥਾ ਦੇ ਮੁੱਖ ਪ੍ਰਬੰਧਕ ਪ੍ਰਦੀਪ ਕੌਰ, ਮੈਨੇਜਿੰਗ ਡਾਇਰੈਕਟਰ ਬਿਕਰਮ ਸਿੰਘ, ਮੈਨੇਜਰ ਸਰਬਜੀਤ ਸਿੰਘ ਮੋਮੀ ਐਡਮਿਨਿਸਟਰੇਟਰ ਦਲਜਿੰਦਰ ਕੌਰ ਤੇ ਬਾਕੀ ਸਾਰੇ ਸਟਾਫ ਨੇ ਵੀ ਪੁਜੀਸ਼ਨਾਂ ਹਾਸਲ ਕਰਨ ਵਾਲੀਆਂ ਵਿਦਿਆਰਥਨਾਂ ਨੂੰ ਵਧਾਈ ਦਿੱਤੀ।



# ਰੋਟਰੀ ਕਲੱਬ ਨੇ ਸਿਲਾਈ ਸੈਂਟਰ ਨੂੰ ਭੇਟ ਕੀਤੀਆਂ ਸਿਲਾਈ ਮਸ਼ੀਨਾਂ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਰੋਟਰੀ ਕਲੱਬ ਆਫ਼ ਫਗਵਾੜਾ ਜੈਮਸ ਵਲੋਂ ਕਲੱਬ ਦੇ ਪ੍ਰਧਾਨ ਰੋਟੇਰੀਅਨ ਸੀਏ ਰਾਕੇਸ਼ ਚਾਵਲਾ ਦੀ ਪ੍ਰਧਾਨਗੀ ਤੇ ਪ੍ਰੋਜੈਕਟ ਡਾਇਰੈਕਟਰ ਨਿਖਿਲ ਗੁਪਤਾ ਦੀ ਨਿਗਰਾਨੀ ਹੇਠ ਆਪਣੀ 101ਵੀਂ ਮੀਟਿੰਗ ਦਾ ਸਫਲ ਆਯੋਜਨ ਕੀਤਾ ਗਿਆ। ਸਥਾਨਕ ਹੋਟਲ 'ਚ ਆਯੋਜਿਤ ਇਸ ਮੀਟਿੰਗ ਦੌਰਾਨ ਰੋਟਰੀ ਇੰਟਰਨੈਸ਼ਨਲ ਡਿਸਟ੍ਰਿਕਟ 3070 ਦੇ ਗਵਰਨਰ, ਰੋਟੇਰੀਅਨ ਰੋਹਿਤ ਓਬਰਾਏ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਲੱਬ ਦੀਆਂ ਗਤੀਵਿਧੀਆਂ ਦਾ ਜਾਇਜ਼ਾ ਲੈਣ ਲਈ ਉਨ੍ਹਾਂ ਦਾ ਇਹ ਅਧਿਕਾਰਤ ਦੌਰਾ ਵੀ ਸੀ। ਮੀਟਿੰਗ ਦੌਰਾਨ ਕਲੱਬ ਨੇ ਖੇੜਾ ਰੋਡ 'ਤੇ ਸਟਾਰ ਸਿਟੀ ਕਲੋਨੀ ਖੇੜਾ ਰੋਡ ਫਗਵਾੜਾ ਵਿਖੇ ਪੰਜਾਬ ਪ੍ਰਦੇਸ਼ ਧਾਰਮਿਕ ਕਮੇਟੀ ਤੇ ਫਗਵਾੜਾ ਸੋਸ਼ਲ ਵੈਲਫੇਅਰ ਕਮੇਟੀ (ਰਜਿ) ਦੁਆਰਾ ਚਲਾਏ ਜਾ ਰਹੇ ਸਿਲਾਈ ਸੈਂਟਰ ਦੇ ਪ੍ਰਮੁੱਖ ਸੰਚਾਲਕ ਮਨੀਸ਼ ਕਨੋਜੀਆ ਨੂੰ ਚਾਰ ਸਿਲਾਈ ਮਸ਼ੀਨਾਂ ਭੇਟ ਕੀਤੀਆਂ। ਕਲੱਬ ਦੇ ਆਨਰੇਰੀ ਸਕੱਤਰ ਰਾਕੇਸ਼ ਸੂਦ ਨੇ ਦੱਸਿਆ ਕਿ ਪਿਛਲੇ ਮਹੀਨੇ, ਉਨ੍ਹਾਂ ਦੀ ਸੰਸਥਾ ਨੇ ਸਿਲਾਈ ਸੈਂਟਰ ਨੂੰ ਪੰਜ ਸਿਲਾਈ ਮਸ਼ੀਨਾਂ ਭੇਟ ਕੀਤੀਆਂ ਸਨ। ਹੁਣ ਤੱਕ ਇਸ ਨਵੇਂ ਸਿਲਾਈ ਸੈਂਟਰ ਦੇ ਸੰਚਾਲਕ ਮਨੀਸ਼ ਕਨੋਜੀਆ ਨੂੰ ਕੁੱਲ ਨੌਂ ਸਿਲਾਈ ਮਸ਼ੀਨਾਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਨੇ ਕਲੱਬ ਦੇ ਆਉਣ ਵਾਲੇ ਪ੍ਰੋਜੈਕਟਾਂ ਬਾਰੇ ਵੀ ਹਾਜਰੀਨ ਨੂੰ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਰੋਟੇਰੀਅਨ ਰੋਹਿਤ ਓਬਰਾਏ ਨੇ ਕਲੱਬ ਦੇ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਮਨੁੱਖਤਾ ਦੀ ਸੇਵਾ ਕਰਨਾ ਰੋਟਰੀ ਦਾ ਇੱਕੋ ਇੱਕ ਉਦੇਸ਼ ਹੈ। ਇਸ ਮੌਕੇ ਹਾਜ਼ਰ ਰੋਟਰੀ ਮੈਂਬਰਾਂ ਵਿਚ ਵਿਜੇ ਸੰਧੂ, ਮਹਿੰਦਰ ਸੇਠੀ, ਸਤੀਸ਼ ਜੈਨ, ਅਨੁਜ ਜੈਨ, ਡਾ: ਤੁਸ਼ਾਰ ਅਗਰਵਾਲ, ਰਾਹੁਲ ਅਗਰਵਾਲ, ਗੌਰਵ ਸਹਿਦੇਵ ਤੋਂ ਇਲਾਵਾ ਸਾਲ 2026-27 ਲਈ ਚੁਣੇ ਗਏ ਪ੍ਰਧਾਨ ਸੁਨੀਲ ਚਮ, ਨਿਖਿਲ ਵਧਵਾ, ਰਜਨੀਸ਼ ਕਪੂਰ, ਦੀਪਕ ਗੁਪਤਾ, ਅਜੀਤ ਸਿੰਘ ਵਾਲੀਆ, ਡਾ. ਨਰੋਤਮ ਖੇਤੀ, ਹਰਪ੍ਰੀਤ ਸਿੰਘ, ਵਿਮਲ ਜੈਨ, ਨੈਨਸੀ ਗੁਪਤਾ, ਅਰੁਣਾ ਓਬਰਾਏ, ਅਲਕਾ ਚਾਵਲਾ, ਅਨੂ ਸੇਠੀ, ਰੇਣੂ ਸੂਦ, ਤ੍ਰਿਪਤਾ ਸੇਠੀ, ਸ਼ਸ਼ੀ ਕਾਲੜਾ, ਡਾ: ਸੁਲਭਾ ਸਿੰਗਲਾ, ਨੂਪੁਰ ਗੁਪਤਾ, ਆਰਤੀ ਅਗਰਵਾਲ, ਸ਼ਸ਼ੀ ਖੁਰਾਣਾ, ਮੀਨਲ ਵਧਵਾ, ਪਰਵੀਨ ਚਮ, ਸੋਨਾਕਸ਼ੀ ਕਪੂਰ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।



## ਭਾਰਤ-ਅਮਰੀਕਾ ਸੌਦਾ ਪੰਜਾਬ ਦੇ ਕਿਸਾਨਾਂ ਨੂੰ ਤਬਾਹ ਕਰਨ ਦੀ ਸਾਜ਼ਿਸ਼ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਸਿਆਸੀ ਹਮਲਾ ਕਰਦਿਆਂ ਦੋਸ਼ ਲਾਇਆ ਕਿ ਉਸ ਨੇ ਕਥਿਤ 'ਭਾਰਤ-ਅਮਰੀਕਾ ਸੌਦੇ' ਰਾਹੀਂ ਪੰਜਾਬ ਦੇ ਕਿਸਾਨਾਂ ਨੂੰ ਬਰਬਾਦ ਕਰਨ ਤੇ ਭਾਰਤ ਦੀ ਖੇਤੀਬਾੜੀ ਨੂੰ ਅਮਰੀਕਾ ਕੋਲ ਵੇਚਣ ਦੀ 'ਵੱਡੀ ਯੋਜਨਾ ਤੇ ਸਾਜ਼ਿਸ਼' ਰਚੀ ਹੈ।ਪਾਰਟੀ ਦਫ਼ਤਰ ਵਿਖੇ ਮੀਡੀਆ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਸਤਾ ਅਮਰੀਕੀ ਦੁੱਧ ਪਾਊਡਰ, ਪਨੀਰ, ਅਨਾਜ ਅਤੇ ਹੋਰ ਖੇਤੀ ਉਤਪਾਦ ਘੱਟ ਕੀਮਤਾਂ 'ਤੇ ਭਾਰਤ ਵਿੱਚ ਆਉਣੇ ਸ਼ੁਰੂ ਹੋ ਗਏ ਤਾਂ ਇਹ ਸਿੱਧੇ ਤੌਰ 'ਤੇ ਪੰਜਾਬ ਅਤੇ ਦੇਸ਼ ਭਰ ਦੇ ਕਿਸਾਨਾਂ ਨੂੰ ਕੁਚਲ ਦੇਵੇਗਾ।



## ਡਾ. ਰਵਜੋਤ ਸਿੰਘ ਨੇ ਹਲਕੇ ਦੇ ਵਸਨੀਕਾਂ ਦੀਆਂ ਸੁਣੀਆਂ ਸ਼ਿਕਾਇਤਾਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਆਪਣੇ ਦਫ਼ਤਰ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਵਿਅਕਤੀਗਤ ਅਤੇ ਸਮੂਹਿਕ ਸਮੱਸਿਆਵਾਂ ਲੈ ਕੇ ਉਨ੍ਹਾਂ ਦੇ ਦਫ਼ਤਰ ਆਏ, ਜੋ ਸ਼ਿਕਇਤਾਂ ਮਾਲੀਆ, ਸਿਹਤ, ਸਿੱਖਿਆ, ਬਿਜਲੀ, ਪੀਣ ਵਾਲੇ ਪਾਣੀ, ਸੜਕਾਂ, ਸੀਵਰੇਜ ਅਤੇ ਸਮਾਜ ਭਲਾਈ ਨਾਲ ਸਬੰਧਤ ਸਨ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਨਤਕ ਸਮੱਸਿਆਵਾਂ ਨੂੰ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਪੱਸ਼ਟ ਤੌਰ 'ਤੇ ਹਦਾਇਤ ਕੀਤੀ ਕਿ ਜਨਤਕ ਮਾਮਲਿਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਕੈਬਨਿਟ ਮੰਤਰੀ ਨੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਅਤੇ ਬਾਕੀ ਰਹਿੰਦੇ ਮਾਮਲਿਆਂ ਨੂੰ ਤੁਰੰਤ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਭੇਜ ਦਿੱਤਾ।



## ਭਾਰਤ-ਅਮਰੀਕਾ ਵਪਾਰ ਸਮਝੌਤੇ ਖ਼ਿਲਾਫ਼ 'ਆਪ' ਦਾ ਪ੍ਰਦਰਸ਼ਨ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਕਿਸਾਨ ਤੇ ਵਪਾਰੀ ਮਾਰੂ ਸਮਝੌਤੇ ਨੂੰ ਭਾਰਤੀ ਕਿਸਾਨਾਂ ਅਤੇ ਵਪਾਰੀਆਂ ਲਈ ਘਾਤਕ ਕਰਾਰ ਦਿੰਦਿਆਂ ਵੀਰਵਾਰ ਨੂੰ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਜ਼ੋਰਦਾਰ ਪ੍ਰਦਰਸ਼ਨ ਕੀਤਾ। ਪਾਰਟੀ ਵਰਕਰਾਂ ਨੇ ਕੇਂਦਰ ਸਰਕਾਰ ਦੇ ਇਸ ਕਦਮ ਖ਼ਿਲਾਫ਼ ਭਾਰਤ ਬੰਦ ਦਾ ਪੂਰਨ ਸਮਰਥਨ ਕੀਤਾ ਅਤੇ ਸੜਕਾਂ 'ਤੇ ਉਤਰ ਕੇ ਆਪਣਾ ਰੋਸ ਪ੍ਰਗਟਾਇਆ। ਪ੍ਰਦਰਸ਼ਨ ਦੌਰਾਨ ਆਪ ਆਗੂਆਂ ਅਤੇ ਵਰਕਰਾਂ ਨੇ ਸਮਝੌਤੇ ਦੇ ਵਿਰੋਧ ਵਿੱਚ ਲਿਖੇ ਨਾਅਰਿਆਂ ਵਾਲੀਆਂ ਤਖ਼ਤੀਆਂ ਹੱਥਾਂ ਵਿੱਚ ਫੜ ਕੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ। 'ਆਪ' ਨੇ ਕੇਂਦਰ ਸਰਕਾਰ 'ਤੇ ਅਮਰੀਕਾ ਦੇ ਦਬਾਅ ਹੇਠ ਆ ਕੇ ਦੇਸ਼ ਦੇ ਹਿੱਤਾਂ ਨਾਲ ਸਮਝੌਤਾ ਕਰਨ ਦਾ ਦੋਸ਼ ਲਾਇਆ ਅਤੇ ਇਸ ਵਪਾਰਕ ਸਮਝੌਤੇ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ।ਕਿਸਾਨ ਵਿੰਗ ਦੇ ਪ੍ਰਧਾਨ ਮੋਹਿੰਦਰ ਸਿੰਘ ਸਿੱਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਮਝੌਤਾ ਭਾਰਤੀ ਖੇਤੀਬਾੜੀ ਵਿਵਸਥਾ ਦੀ ਕਮਰ ਤੋੜ ਦੇਵੇਗਾ।



## ਝੂਲਾ ਹਾਦਸਾ ਪੀੜਤਾਂ ਨੂੰ ਮਿਲੇ ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪਿਛਲੇ ਦਿਨਾਂ ਹੋਏ ਸੂਰਜਕੁੰਡ ਝੂਲਾ ਹਾਦਸੇ ਦੇ ਬਾਅਦ ਵੀਰਵਾਰ 12 ਫਰਵਰੀ ਨੂੰ ਮੇਲਾ ਪਰਿਸਰ ਵਿੱਚ ਪਹੁੰਚ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸੁਪਰੀਮ ਹਸਪਤਾਲ ਵਿੱਚ ਭਰਤੀ ਤਿੰਨ ਜਖਮੀਆਂ ਨਾਲ ਮੁਲਾਕਾਤ ਕੀਤੀ। ਮੁੱਖ ਮੰਤਰੀ ਨੇ ਉਨ੍ਹਾਂ ਦੀ ਸਿਹਤ ਦੀ ਜਾਣਕਾਰੀ ਲਈ ਅਤੇ ਜਲਦੀ ਸਿਹਤਮੰਦ ਹੋਣ ਦੀ ਕਾਮਨਾ ਕੀਤੀ। ਉਨ੍ਹਾਂ ਨੇ ਪੀੜਤਾਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਉਨ੍ਹਾਂ ਦੇ ਨਾਲ ਖੜੀ ਹੈ। ਉਨ੍ਹਾਂ ਨੇ ਕਿਹਾ ਕਿ ਹਾਦਸਾ ਮੰਦਭਾਗੀ ਸੀ ਅਤੇ ਸਰਕਾਰ ਇਸ ਦੇ ਪ੍ਰਤੀ ਬੇਹੱਦ ਗੰਭੀਰ ਹੈ। ਉਨ੍ਹਾਂ ਜਖਮੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਇਲਾਜ ਦਾ ਪੂਰਾ ਖਰਚ ਹਰਿਆਣਾ ਸਰਕਾਰ ਭੁਗਤਾਨ ਕਰੇਗੀ।

# ਮੁ.ਫਤ ਹੋਮਿਓਪੈਥਿਕ ਕੈਂਪ ਲਗਾਇਆ

**ਮਹਿਤਪੁਰ (ਰਾਜਾ)**- ਸਤਯੁੱਗ ਜਾਗੋ ਵੈਲਫੇਅਰ ਸੁਸਾਇਟੀ ਸ਼ਾਹਕੋਟ ਤੇ ਆਮ ਆਦਮੀ ਪਾਰਟੀ ਦੇ ਸਾਬਕਾ ਹਲਕਾ ਇੰਚਾਰਜ ਸਵ: ਸਰਦਾਰ ਰਤਨ ਸਿੰਘ ਕਾਕੜ ਕਲਾਂ ਦੇ ਪਰਿਵਾਰ ਵੱਲੋਂ ਗੁਰਦੁਆਰਾ ਸਿੰਘ ਸਭਾ ਭਾਈ ਜਵਾਹਰ ਸਿੰਘ ਜੀ, ਵਾਰਡ ਨੰ: 6, ਮਹਿਤਪੁਰ ਵਿਖੇ ਇੱਕ ਵਿਸ਼ਾਲ ਮੁਫ਼ਤ ਹੋਮਿਓਪੈਥਿਕ ਮੈਡੀਕਲ ਕੈਂਪ ਲਗਾਇਆ ਗਿਆ। ਸੁਸਾਇਟੀ ਦੀ ਚੇਅਰਪਰਸਨ ਰਣਜੀਤ ਕੌਰ ਕਾਕੜ ਦੀ ਰਹਿਨੁਮਾਈ ਹੇਠ ਲਗਾਏ ਗਏ ਇਸ ਕੈਂਪ ਦਾ ਰਸਮੀ ਉਦਘਾਟਨ ਪਤਵੰਤੇ ਸੱਜਣਾਂ ਵੱਲੋਂ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤਾ ਗਿਆ। ਇਸ ਮੈਡੀਕਲ ਕੈਂਪ ਦੌਰਾਨ 400 ਤੋਂ ਵੱਧ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ ਗਿਆ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਪ੍ਰਬੰਧਕਾਂ ਵੱਲੋਂ ਇਲਾਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਦੇ ਮਕਸਦ ਨਾਲ ਨਸ਼ਾ ਛੁਡਾਉਣ ਵਾਲੀਆਂ ਵਿਸ਼ੇਸ਼ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਜ਼ਿਲ੍ਹਾ ਹੋਮਿਓਪੈਥਿਕ ਅਫਸਰ ਸਿਵਲ ਹਸਪਤਾਲ ਜਲੰਧਰ ਡਾ. ਰੁਪਿੰਦਰ ਕੌਰ ਤੇ ਸਰਕਾਰੀ ਮਾਹਿਰ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦਾ ਬਾਰੀਕੀ ਨਾਲ ਮੁਆਇਨਾ ਕੀਤਾ। ਜਿਨ੍ਹਾ ਵਿਚ ਸੀ ਐੱਚ ਸੀ ਸ਼ਾਹਕੋਟ ਤੋਂ ਡਾ. ਅਰਵਿੰਦ ਕੁਮਾਰ ਐਚਐਮਓ, ਸਿਵਲ ਹਸਪਤਾਲ ਜਲੰਧਰ ਤੋਂ ਡਾ. ਇੰਦੂ ਮਲਹੋਤਰਾ ਐੱਚ ਐੱਮ ਓ, ਸੀਮਾ, ਵਿਸ਼ਾਲ ਮਹਿਤਾ ਨੇ ਆਪਣੀਆਂ ਸੇਵਾਵਾਂ ਬਾਖੂਬੀ ਨਿਭਾਈਆਂ। ਇਸ ਮੌਕੇ ਚੇਅਰਪਰਸਨ ਬੀਬੀ ਰਣਜੀਤ ਕੌਰ ਆਏ ਹੋਏ ਮਹਿਮਾਨਾਂ, ਡਾਕਟਰੀ ਟੀਮ ਅਤੇ ਇਲਾਕਾ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਕੈਂਪ ਦੇ ਪ੍ਰਬੰਧਾਂ ਨੂੰ ਸਫ਼ਲ ਬਣਾਉਣ ਵਿੱਚ ਡਾਕਟਰ ਪਰਮਜੀਤ ਸਿੰਘ, ਬਲਵੀਰ ਸਿੰਘ ਸੰਧੂ, ਪ੍ਰਧਾਨ ਗੁਰਮੇਲ ਸਿੰਘ, ਹਰਵਿੰਦਰ ਸਿੰਘ ਮਠਾੜੂ, ਮਨਦੀਪ ਸਿੰਘ (ਝੀਤਾ), ਲਛਮਣ ਸਿੰਘ ਪੂਨੀਆ, ਸੁੱਚਾ ਗਿੱਲ, ਰਮੇਸ਼ ਹੰਸ, ਬਲਵਿੰਦਰ ਕੌਰ ਹੰਸ, ਸੋਨੂੰ ਕਾਕੜ, ਹਰਜੀਤ ਸਿੰਘ, ਵਿਸ਼ਾਲ ਕੁਮਾਰ, ਚੰਦਰ ਮੋਹਨ ਸੂਦ, ਕੁਲਵੰਤ ਸਿੰਘ ਪੱਡਾ, ਜੋਗਿੰਦਰ ਸਿੰਘ ਟਾਈਗਰ, ਨਰਿੰਦਰ ਸਿੰਘ ਮੰਡਿਆਲਾ, ਸੁੱਚਾ ਸਿੰਘ, ਦਲਜੀਤ ਸਿੰਘ ਬਾਜਵਾ, ਬਲਜੀਤ ਸਿੰਘ, ਅਕਾਸ਼ਦੀਪ ਸਿੰਘ, ਅਮਰੀਕ ਸਿੰਘ, ਸੁਖਦੇਵ ਸਿੰਘ, ਸੰਦੀਪ ਪੁਰੀ, ਸਤਨਾਮ ਸਿੰਘ ਅਤੇ ਸੁਖਵਿੰਦਰ ਸਿੰਘ ਨੇ ਅਹਿਮ ਭੂਮਿਕਾ ਨਿਭਾਈ।



## ਸ੍ਰੀ ਗੁਰੂ ਰਵਿਦਾਸ ਪ੍ਰਕਾਸ਼ ਦਿਹਾੜੇ ਦੇ ਸੰਬੰਧ ਵਿੱਚ ਧਾਰਮਿਕ ਸਮਾਗਮ ਅੱਜ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)** ਡਾਕਟਰ ਅੰਬੇਡਕਰ ਵੈਲਫੇਅਰ ਸੋਸਾਇਟੀ ਮਾਹਿਲਪੁਰ ਵੱਲੋਂ ਧੰਨ- ਧੰਨ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 649 ਵੇਂ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਵਿਸ਼ੇਸ਼ ਸਮਾਗਮ ਵਾਰਡ ਨੰਬਰ 2—3 ਧਰਮਸ਼ਾਲਾ ਮਾਹਿਲਪੁਰ ਜ਼ਿਲਾ ਹੁਸ਼ਿਆਰਪੁਰ ਵਿਖੇ 14 ਫਰਵਰੀ ਨੂੰ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਗੀਨਾ ਰਾਣੀ, ਸੱਤਿਆ ਦੇਵੀ, ਤਰਸੇਮ ਲਾਲ, ਨਿਰਮਲਾ ਦੇਵੀ, ਮਲਕੀਤ ਸਿੰਘ, ਕਸ਼ਮੀਰ ਕੌਰ, ਪ੍ਰੋਫੈਸਰ ਬਲਦੇਵ ਸਿੰਘ ਐਮ.ਸੀ, ਨਿਰਮਲ ਦਾਸ, ਰਾਮ ਲਾਲ, ਸਰਵਣ ਸਿੰਘ, ਭਗਵੰਤ ਰਾਏ, ਕਿਰਨਾਂ ਦੇਵੀ, ਆਸ਼ਾ, ਹਰਮਨ, ਨੀਰਜ, ਸੰਨੀ, ਸੋਨੂ ਅਤੇ ਹੋਰ ਸ਼੍ਰੀ ਗੁਰੂ ਰਵਿਦਾਸ ਨਾਮਲੇਵਾ ਸੰਗਤਾਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਮੌਕੇ ਸਭ ਤੋਂ ਪਹਿਲਾਂ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਜਾਣਗੇ। ਉਸ ਤੋਂ ਬਾਅਦ 11 ਤੋਂ 1 ਵਜੇ ਤੱਕ ਕੀਰਤਨ ਹੋਵੇਗਾ। ਦੁਪਹਿਰ 2 ਵਜੇ ਗੁਰੂ ਕਾ ਲੰਗਰ ਅਤੇ ਇਸ ਤੋਂ ਪਹਿਲਾਂ ਚਾਹ ਪਕੌੜਿਆਂ ਦਾ ਲੰਗਰ ਚੱਲੇਗਾ। ਸਮਾਗਮ ਦੇ ਮੁੱਖ ਮਹਿਮਾਨ ਸਰਦਾਰ ਜੈ ਕ੍ਰਿਸ਼ਨ ਸਿੰਘ ਰੋੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਹੋਣਗੇ।

# ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਵੱਲੋਂ ਮੋਦੀ ਤੇ ਮੁੱਖ ਮੰਤਰੀ ਦੇ ਪੁਤਲੇ ਫੂਕੇ ਜਾਣਗੇ : ਗੁਰਪ੍ਰੀਤ ਸਿੰਘ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ਼ੇਰ ਏ ਪੰਜਾਬ ਕਿਸਾਨ ਯੂਨੀਅਨ ਦੀ ਮੀਟਿੰਗ ਪ੍ਰਧਾਨ ਗੁਰਪ੍ਰੀਤ ਸਿੰਘ ਪਪਰਾਲੀ ਦੀ ਪ੍ਰਧਾਨਗੀ ਹੇਠ ਹੋਈ। ਇਸ ਸਬੰਧੀ ਪ੍ਰੈਸ ਨੋਟ ਜਾਰੀ ਕਰਦਿਆਂ ਸੀਨੀਅਰ ਮੀਤ ਪ੍ਰਧਾਨ ਇਕਬਾਲ ਸਿੰਘ ਬੂਰਮਾਜਰਾ ਨੇ ਦੱਸਿਆ ਕਿ ਪਿਛਲੇ ਦਿਨੀ ਸੰਯੁਕਤ ਕਿਸਾਨ ਮੋਰਚੇ ਗੈਰ ਸਿਆਸੀ ਦੀ ਹੋਈ ਮੀਟਿੰਗ ਵਿੱਚ ਅਹਿਮ ਫੈਸਲੇ ਲਏ ਗਏ ਜਿਵੇਂ ਕਿ 2025 ਸੋਧ ਬਿਲ, ਸੈਂਟਰ ਸਰਕਾਰ ਵੱਲੋਂ ਬਾਹਰਲੇ ਦੇਸ਼ਾਂ ਨਾਲ ਮੁਕਤ ਵਪਾਰ ਸਮਝੌਤੇ, ਸੀਡ ਬਿੱਲ ਦੇ ਨਾਲ ਜਿੱਥੇ ਭਾਰਤ ਦੇ ਖੇਤੀ ਸੈਕਟਰ ਨੂੰ ਖਤਮ ਕੀਤਾ ਜਾ ਰਿਹਾ ਉੱਥੇ ਸਹਾਇਕ ਧੰਦੇ ਜਿਵੇਂ ਕਿ ਡੇਅਰੀ ਫਾਰਮ ਅਤੇ ਪੋਲਟਰੀ ਫਾਰਮ ਤੇ ਵੀ ਬਹੁਤ ਵੱਡਾ ਅਸਰ ਪਵੇਗਾ। ਉਸ ਦੇ ਵਿਰੋਧ ਵਿੱਚ 17 ਫਰਵਰੀ ਨੂੰ ਡੀ ਸੀ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਪੁਤਲੇ ਫੂਕੇ ਜਾਣਗੇ। ਹੋਰਨਾਂ ਤੋਂ ਇਲਾਵਾ ਮਾਸਟਰ ਬਲਿੰਦਰ ਸਿੰਘ ਡੁਮਛੇੜੀ, ਸਰਬਜੀਤ ਸਿੰਘ ਪਪਰਾਲੀ, ਗੁਰਪ੍ਰੀਤਪਾਲ ਸਿੰਘ ਗੁਣੀਆਂ, ਸੁਰਿੰਦਰ ਸਿੰਘ, ਮਲਕੀਤ ਸਿੰਘ, ਮਨਪ੍ਰੀਤ ਸਿੰਘ ਅਮਰਾਲੀ, ਹਰਿੰਦਰ ਸਿੰਘ, ਹਰਚਰਨ ਸਿੰਘ, ਸੁਖਵਿੰਦਰ ਸਿੰਘ ਚਤਾਮਲਾ, ਕੁਲਵੰਤ ਸਿੰਘ, ਕੁਲਦੀਪ ਸਿੰਘ, ਕੁਲਵੀਰ ਸਿੰਘ ਕਾਲਾ ਓਇੰਦ, ਧਰਮਿੰਦਰ ਸਿੰਘ, ਚਰਨਪ੍ਰੀਤ ਸਿੰਘ ਕਕਰਾਲੀ, ਉੱਦਮ ਸਿੰਘ ਸੇਖੋਂ, ਸਤਨਾਮ ਸਿੰਘ ਸਮਾਣਾ ਕਲਾਂ, ਬਿੱਟੂ ਸਮਾਣਾ ਕਲਾਂ, ਅਮਰੀਕ ਸਿੰਘ ਮੰਡਾਂ, ਕਸ਼ਮੀਰ ਸਿੰਘ ਲੁਠੇੜੀ, ਗੁਰਸੇਵਕ ਸਿੰਘ ਧਿਆਨਪੁਰ ਆਦਿ ਕਿਸਾਨ ਆਗੂ ਹਾਜ਼ਰ ਸਨ।



# ਮੇਅਰ ਵੱਲੋਂ ਪੰਜਾਬ ਪ੍ਰੈੱਸ ਕਲੱਬ ਦਾ ਦੌਰਾ




**ਜਲੰਧਰ (ਇਕਬਾਲ ਸਿੰਘ ਉਭੀ)**- ਸਥਾਨਕ ਨਗਰ ਨਿਗਮ ਦੇ ਮੇਅਰ ਵਿਨੀਤ ਧੀਰ ਨੇ ਪੰਜਾਬ ਪ੍ਰੈੱਸ ਕਲੱਬ ਜਲੰਧਰ ਦਾ ਦੌਰਾ ਕੀਤਾ। ਇਸ ਮੌਕੇ ਕਲੱਬ ਦੇ ਪ੍ਰਧਾਨ ਜਸਪ੍ਰੀਤ ਸਿੰਘ ਸੈਨੀ ਨੇ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾਂ ਦੇ ਨਾਲ ਕਲੱਬ ਦੇ ਉਪ-ਪ੍ਰਧਾਨ ਪਰਮਜੀਤ ਸਿੰਘ ਰੰਗਪੁਰੀ, ਖਜ਼ਾਨਚੀ ਸ਼ਿਵ ਸ਼ਰਮਾ, ਸਕੱਤਰ ਰਾਜੇਸ਼ ਯੋਗੀ, ਸੰਯੁਕਤ ਸਕੱਤਰ ਸੁਕਰਾਂਤ ਸਫ਼ਰੀ, ਜਨਰਲ ਮੈਨੇਜਰ ਜਤਿੰਦਰ ਸਿੰਘ, ਸੀਨੀਅਰ ਪੱਤਰਕਾਰ ਮਦਨ ਭਾਰਦਵਾਜ, ਹਰਵਿੰਦਰ ਸਿੰਘ ਫੁੱਲ ਤੇ ਨਵੀਨ ਸ਼ਰਮਾ ਵੀ ਮੌਜੂਦ ਸਨ। ਇਸ ਮੌਕੇ ਮੇਅਰ ਵਿਨੀਤ ਧੀਰ ਨੇ ਪੱਤਰਕਾਰਾਂ ਨਾਲ ਸ਼ਹਿਰ ਦੀਆਂ ਵੱਖ-ਵੱਖ ਮਹੱਤਵਪੂਰਨ ਸਮੱਸਿਆਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ। ਇਸ ਦੌਰਾਨ ਟ੍ਰੈਫਿਕ ਸਿਗਨਲਾਂ 'ਚ ਸੁਧਾਰ, ਸੜਕਾਂ ਦੀ ਮੁਰੰਮਤ ਅਤੇ ਸ਼ਹਿਰ ਵਿੱਚ ਲੱਗੇ ਕੂੜੇ ਦੇ ਡੰਪਾਂ ਦੀ ਸਮੱਸਿਆ ਮੁੱਖ ਤੌਰ 'ਤੇ ਚਰਚਾ ਦਾ ਵਿਸ਼ਾ ਰਹੀ।ਮੇਅਰ ਨੇ ਭਰੋਸਾ ਦਿਵਾਇਆ ਕਿ ਜਲੰਧਰ ਸ਼ਹਿਰ ਦੇ ਵਿਕਾਸ ਲਈ ਨਗਰ ਨਿਗਮ ਵੱਲੋਂ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ ਅਤੇ ਜਨਤਾ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਨੇ ਪੰਜਾਬ ਪ੍ਰੈੱਸ ਕਲੱਬ ਦੀ ਇਮਾਰਤ ਦੇ ਵਿਕਾਸ ਲਈ ਵੀ ਯਤਨ ਕਰਨ ਦਾ ਭਰੋਸਾ ਦਿੱਤਾ।ਪੰਜਾਬ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਨੇ ਮੇਅਰ ਦੇ ਦੌਰੇ ਨੂੰ ਸਕਾਰਾਤਮਕ ਕਦਮ ਦੱਸਦਿਆਂ ਕਿਹਾ ਕਿ ਪ੍ਰੈੱਸ ਤੇ ਪ੍ਰਸ਼ਾਸਨ ਦੇ ਵਿਚਕਾਰ ਸਹਿਯੋਗ ਨਾਲ ਹੀ ਸ਼ਹਿਰ ਦਾ ਸਮੁੱਚਾ ਵਿਕਾਸ ਸੰਭਵ ਹੈ।

# ਹੋਲਾ ਮਹੱਲਾ ਤੋਂ ਪਹਿਲਾਂ ਸੜਕਾਂ ਦੀ ਮੁਰੰਮਤ ਸ਼ੁਰੂ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹੋਲਾ ਮਹੱਲਾ ਦੌਰਾਨ ਦੇਸ਼ ਤੇ ਵਿਦੇਸ਼ ਤੋਂ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਪਹੁੰਚਣ ਵਾਲੀਆਂ ਲੱਖਾਂ ਸੰਗਤਾਂ ਨੂੰ ਸੁਚਾਰੂ ਆਵਾਜਾਈ ਦੀ ਸਹੂਲਤ ਪ੍ਰਦਾਨ ਕਰਨ ਲਈ ਮੇਲਾ ਖੇਤਰ ਦੀਆਂ ਸੜਕਾਂ ਦੇ ਨਵੀਨੀਕਰਨ ਅਤੇ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਇਹ ਜਾਣਕਾਰੀ ਸੰਦੀਪ ਕੁਮਾਰ ਐਕਸੀਅਨ ਨੈਸ਼ਨਲ ਹਾਈਵੇ ਵੱਲੋਂ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਤੇ ਡਿਪਟੀ ਕਮਿਸ਼ਨਰ ਅਦਿੱਤਿਆ ਡਚਲਵਾਲ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਵਿਭਾਗ ਵੱਲੋਂ ਸਾਰੇ ਲੋੜੀਂਦੇ ਇੰਤਜ਼ਾਮ ਕੀਤੇ ਜਾ ਰਹੇ ਹਨ ਤਾਂ ਜੋ ਹੋਲਾ ਮਹੱਲਾ ਤੋਂ ਪਹਿਲਾਂ ਨੈਸ਼ਨਲ ਹਾਈਵੇ 503 ਐਕਸਟੈਂਸ਼ਨ ਨੂੰ ਪੂਰੀ ਤਰ੍ਹਾਂ ਆਵਾਜਾਈ ਯੋਗ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਸੁਰੱਖਿਆ ਅਤੇ ਆਰਾਮਦਾਇਕ ਆਵਾਜਾਈ ਵਿਭਾਗ ਦੀ ਪ੍ਰਾਥਮਿਕਤਾ ਹੈ। ਐਕਸੀਅਨ ਸੰਦੀਪ ਕੁਮਾਰ ਨੇ ਦੱਸਿਆ ਕਿ ਮੇਲੇ ਤੋਂ ਪਹਿਲਾ ਨੈਸ਼ਨਲ ਹਾਈਵੇ 503 ਐਕਸਟੈਂਸ਼ਨ ਦੀ ਮੁਰੰਮਤ, ਪੈਚ ਵਰਕ ਅਤੇ ਲੋੜ ਅਨੁਸਾਰ ਕੰਮ ਤੇਜ਼ੀ ਨਾਲ ਕੀਤਾ ਜਾ ਰਿਹਾ ਹੈ। ਉਨ੍ਹਾਂ ਖਾਸ ਦੱਸਿਆ ਕਿ ਨਵਜੋਤ ਸਿੰਘ ਐਸ.ਡੀ.ਓ ਤੇ ਹਰਪ੍ਰੀਤ ਸਿੰਘ ਜੇ.ਈ. ਦੀ ਦੇਖ-ਰੇਖ ਹੇਠ ਬੱਢਲ ਗੇਟ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਦੇ ਰਸਤੇ 'ਤੇ ਪੈਚ ਵਰਕ ਜਾਰੀ ਹੈ, ਜਿਸ ਨਾਲ ਯਾਤਰੀਆਂ ਅਤੇ ਵਾਹਨਾਂ ਦੀ ਆਵਾਜਾਈ ਹੋਰ ਸੁਚੱਜੀ ਬਣੇਗੀ।



## ਮਹਾਂ ਸ਼ਿਵਰਾਤਰੀ ਸੰਬੰਧੀ ਸ਼ੋਭਾ ਯਾਤਰਾ ਅੱਜ

**ਮਹਿਤਪੁਰ (ਰਾਜਾ)**- ਸ਼ਿਵ ਮੰਦਿਰ ਪ੍ਰਬੰਧਕ ਕਮੇਟੀ ਨੌਜਵਾਨ ਸਭਾ ਤੇ ਇਸਤਰੀ ਸਤਿਸੰਗ ਸਭਾ ਸ਼ਿਵ ਮੰਦਿਰ ਮਹਿਤਪੁਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂ ਸ਼ਿਵਰਾਤਰੀ ਦਾ ਪਵਿੱਤਰ ਦਿਨ 15 ਫਰਵਰੀ ਨੂੰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ 14 ਫਰਵਰੀ ਦਿਨ ਸ਼ਨੀਵਾਰ ਨੂੰ ਵਿਸ਼ਾਲ ਸ਼ੋਭਾ ਯਾਤਰਾ ਦੁਪਹਿਰ 12 ਵਜੇ ਸ਼ਿਵ ਮੰਦਿਰ ਤੋਂ ਆਰੰਭ ਹੋਵੇਗੀ, ਸ਼ਿਵਰਾਤਰੀ ਵਾਲੀ ਰਾਤ 8 ਵਜੇ ਭਗਵਾਨ ਸ਼ਿਵ ਸ਼ੰਕਰ ਜੀ ਦਾ ਗੁਣਗਾਨ ਦੀਪ ਸਫੀਪੁਰ ਵਾਲੇ ਕਰਨਗੇ। ਇਸ ਮੌਕੇ ਰਾਮਾ ਭੰਡਾਰੀ, ਅਸ਼ੋਕ ਸੂਦ, ਰਮੇਸ਼ ਵਰਮਾ, ਟੋਨੀ ਅਨੇਜਾ, ਸੁਸ਼ੀਲ ਬਾਵਾ, ਵਿਨੋਦ ਸ਼ਰਮਾ, ਵਿਨੋਦ ਵਰਮਾ, ਅਸ਼ਵਨੀ ਸ਼ਰਮਾ, ਹੈਪੀ, ਸਾਹਿਲ ਸ਼ਰਮਾ, ਕਰਨ ਚੋਪੜਾ, ਹਰਸ਼ ਧੀਰ ਤੇ ਵਿਨੋਦ ਬਠਲਾ ਆਦਿ ਹਾਜ਼ਰ ਸਨ।

# ਨੌਜਵਾਨਾਂ ਨੇ ਘਮੌਰ ਬਾਈਪਾਸ ਦਾ ਕੀਤਾ ਸੁੰਦਰੀਕਰਨ

**ਬਲਾਚੌਰ (ਜਸਵਿੰਦਰ ਬੈਂਸ)**- ਸਮਾਜ ਸੇਵੀ ਮਨਦੀਪ ਸਿੰਘ ਕੌਲਗੜ੍ਹ ਤੇ ਉਨਾਂ ਦੇ ਸਾਥੀ ਨੌਜਵਾਨਾਂ ਵੱਲੋਂ ਡੀ ਐਸ ਪੀ ਬਲਾਚੌਰ ਹੇਮੰਤ ਮਲਹੋਤਰਾ ਦੀ ਅਗਵਾਈ ਹੇਠ ਘਮੌਰ ਬਾਈਪਾਸ ਦਾ ਸੁੰਦਰੀਕਰਨ ਕੀਤਾ ਗਿਆ। ਨੌਜਵਾਨਾਂ ਵੱਲੋਂ ਰੰਗ ਲਾਈਟਾਂ ਤੇ ਬੂਟੇ ਲਗਾ ਕੇ ਘਮੌਰ ਬਾਈਪਾਸ ਚੌਕ ਨੂੰ ਨਵਾਂ ਨਵੀਂ ਦਿੱਖ ਪ੍ਰਦਾਨ ਕੀਤੀ ਗਈ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਡੀ ਐੱਸ ਪੀ ਬਲਾਚੌਰ ਹੇਮੰਤ ਮਲਹੋਤਰਾ ਨੇ ਸਮਾਜ ਸੇਵੀ ਨੌਜਵਾਨਾਂ ਵੱਲੋਂ ਕੀਤੇ ਗਏ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਹੋਇਆਂ ਕਿਹਾ ਕਿ ਇਸ ਕਾਰਜ ਨਾਲ ਜਿੱਥੇ ਬਾਈਪਾਸ ਦੇ ਚੌਂਕ ਦੀ ਸੁੰਦਰਤਾ ਨੂੰ ਚਾਰ ਚੰਨ ਲੱਗੇ ਹਨ ਉੱਥੇ ਆਵਾਜਾਈ ਦੌਰਾਨ ਵਾਹਨ ਚਾਲਕਾਂ ਨੂੰ ਇਸ ਦਾ ਭਰਪੂਰ ਲਾਭ ਪ੍ਰਾਪਤ ਹੋਵੇਗਾ। ਉਨ੍ਹਾਂ ਇਲਾਕੇ ਦੇ ਸਮੁੱਚੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਸ ਪਾਸ ਅਜਿਹੇ ਉਪਰਾਲੇ ਕਰਨ ਨੂੰ ਤਰਜੀਹ ਦੇਣ। ਇਸ ਮੌਕੇ ਡਾਕਟਰ ਅਨੁਪਮ ਤਿਆਗੀ, ਸੁਸ਼ੀਲ ਕੁਮਾਰ, ਪਰਸ਼ੋਤਮ ਲਾਲ, ਪਰਮਜੀਤ ਰਾਮ, ਹੈਪੀ ਬ੍ਰਦਰ ਟਾਈਪਿੰਗ ਬਲਾਚੌਰ, ਰਣਜੋਧ ਸਿੰਘ, ਲਖਵੀਰ ਕੁਮਾਰ, ਪ੍ਰਦੀਪ ਕੁਮਾਰ, ਪਾਖਰ, ਮਿੰਦਰ ਬੰਗਾ ਬੇਟ, ਹਰਜੀਤ ਸਿੰਘ, ਬਿੰਨੀ, ਗੁਰਵਿੰਦਰ ਸਿੰਘ, ਅਰਜਨ ਨਰਸਰੀ, ਦਲਜੀਤ ਕੁਮਾਰ, ਮਿੰਟੂ ਭਾਜੀ ਅਤੇ ਹੋਰ ਵੱਖ ਵੱਖ ਸਖਸ਼ੀਅਤਾਂ ਹਾਜ਼ਰ ਸਨ।



## ਜਨਮ ਦਿਨ ਮੁਬਾਰਕ



ਜਸਕੀਰਤ ਸਿੰਘ
ਫੋਰਚੇਚੀ



ਮਾਹੀ ਗਰਗ
ਕੈਨੇਡਾ